ਸੋਮਵਾਰ, 18 ਮਈ, 2026

4 ਜੇਠ { ਨਾਨਕਸ਼ਾਹੀ 558
ਬਿਕਰਮੀ 2083

ਜਿਲਦ/VOL. : 74

ਅੰਕ/NO. : 347

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 18 MAY, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12


## ਦੋ ਅਕਾਲੀ ਦਲਾਂ ਦੀ ਸਿਆਸੀ ਭਾਈਵਾਲੀ ਟੁੱਟੀ



**ਅੰਮ੍ਰਿਤਸਰ** : ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਵਿਰੋਧ ਵਿੱਚ ਇਕੱਠੇ ਹੋਏ ਵੱਖ-ਵੱਖ ਪੰਥਕ ਧੜਿਆਂ ਵਿਚਾਲੇ ਬਣੀ ਪੰਥਕ ਏਕਤਾ ਨੂੰ ਕੁਝ ਮਹੀਨਿਆਂ ਬਾਅਦ ਹੀ ਵੱਡਾ ਝਟਕਾ ਲੱਗਾ ਹੈ। ਅਕਾਲੀ ਦਲ (ਵਾਰਿਸ ਪੰਜਾਬ ਦੇ) ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਆਪਣੇ ਸਿਆਸੀ ਸੰਬੰਧ ਪੂਰੀ ਤਰ੍ਹਾਂ ਖ਼ਤਮ ਕਰ ਲਏ ਹਨ। ਇਸ ਸੰਬੰਧੀ ਫੈਸਲਾ ਅੰਮ੍ਰਿਤਸਰ ਵਿਚ ਹੋਈ ਮੀਟਿੰਗ ਵਿਚ ਲਿਆ ਗਿਆ । ਹਾਲਾਂ ਕਿ ਅਜੇ ਤੱਕ ਦੋਵਾਂ ਧੜਿਆਂ ਵੱਲੋਂ ਆਪਸੀ ਸੰਬੰਧ ਤੋੜਨ ਦੇ ਮੁੱਖ ਕਾਰਨਾਂ ਦਾ ਖੁਲਾਸਾ ਨਹੀਂ ਕੀਤਾ ਗਿਆ, ਪਰ ਇਸ ਫੈਸਲੇ ਨੇ ਪੰਜਾਬ ਦੀ ਪੰਥਕ ਸਿਆਸਤ ਵਿੱਚ ਇੱਕ ਨਵੀਂ ਚਰਚਾ ਛੇੜ ਦਿੱਤੀ ਹੈ।

ਅੰਮ੍ਰਿਤਸਰ ਵਿਖੇ ਐਤਵਾਰ ਹੋਈ ਇਸ ਅਹਿਮ ਬੈਠਕ ਵਿੱਚ ਦੋਵਾਂ ਧਿਰਾਂ ਦੇ ਪ੍ਰਮੁੱਖ ਆਗੂ ਸ਼ਾਮਲ ਹੋਏ, ਜਿੱਥੇ ਆਪਸੀ ਮਤਭੇਦਾਂ ਕਾਰਨ ਗਠਜੋੜ ਨੂੰ ਖ਼ਤਮ ਕਰਨ ਦਾ ਰਸਮੀ ਐਲਾਨ ਕੀਤਾ ਗਿਆ। ਸੂਤਰਾਂ ਅਨੁਸਾਰ ਅਕਾਲੀ ਦਲ (ਵਾਰਿਸ ਪੰਜਾਬ ਦੇ) ਖਡੂਰ ਸਾਹਿਬ ਤੋਂ ਐੱਮ ਪੀ ਅਮ੍ਰਿਤਪਾਲ ਸਿੰਘ ਨੂੰ ਹੀ ਮੁੱਖ ਮੰਤਰੀ ਵਜੋਂ ਮੈਦਾਨ ਵਿਚ ਉਤਾਰਨਾ ਚਾਹੁੰਦਾ ਹੈ, ਜਦ ਕਿ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿਚ ਇਸ ਬਾਰੇ ਇਕ ਰਾਏ ਨਹੀਂ।

## ਦਰਿੰਦਗੀ ਦਾ ਸ਼ਿਕਾਰ ਦੋ ਭੈਣਾਂ ਵੱਲੋਂ ਖ਼ੁਦਕੁਸ਼ੀ

**ਜੈਪੁਰ** : ਰਾਜਸਥਾਨ ਵਿੱਚ ਜੋਧਪੁਰ ਦੇ ਇੱਕ ਪਿੰਡ ਵਿੱਚ ਕਈ ਸਾਲਾਂ ਤੱਕ ਕਥਿਤ ਤੌਰ 'ਤੇ ਹੋਏ ਸਮੂਹਿਕ ਜਬਰ-ਜ਼ਨਾਹ (ਗੈਂਗਰੇਪ) ਕਾਰਨ ਇੱਕ ਔਰਤ ਵੱਲੋਂ ਖ਼ੁਦਕੁਸ਼ੀ ਕੀਤੇ ਜਾਣ ਦੇ ਲੱਗਭੱਗ ਦੋ ਮਹੀਨਿਆਂ ਬਾਅਦ, ਉਸ ਦੀ ਭੈਣ ਨੂੰ ਵੀ ਇਹ ਖ਼ੌਫ਼ਨਾਕ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ। ਉਸ ਦੇ ਪਰਵਾਰਕ ਮੈਂਬਰਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੇ ਪੁਲਸ ਦੀ ਢਿੱਲੀ ਕਾਰਵਾਈ ਕਾਰਨ ਆਪਣੀ ਦੂਜੀ ਧੀ ਨੂੰ ਵੀ ਗੁਆ ਦਿੱਤਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕਈ ਸ਼ਿਕਾਇਤਾਂ ਦੇ ਬਾਵਜੂਦ ਪੁਲਸ ਦੀ ਬੇਰੁਖ਼ੀ ਨੇ ਮੁਲਜ਼ਮਾਂ ਦੇ ਹੌਸਲੇ ਇੰਨੇ ਵਧਾ ਦਿੱਤੇ ਸਨ ਕਿ ਆਖ਼ਰਕਾਰ ਉਨ੍ਹਾਂ ਨੇ ਛੋਟੀ ਭੈਣ ਦਾ ਵੀ ਜਿਨਸੀ ਸ਼ੋਸ਼ਣ ਕਰਨਾ ਸ਼ੁਰੂ ਕਰ ਦਿੱਤਾ, ਜੋ ਆਪਣੀ (ਵੱਡੀ) ਭੈਣ ਲਈ ਇਨਸਾਫ਼ ਮੰਗਣ ਦੀ ਕੋਸ਼ਿਸ਼ ਕਰ ਰਹੀ ਸੀ। 11 ਅਪਰੈਲ ਨੂੰ ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ ਔਰਤ ਨੇ ਦੋਸ਼ ਲਗਾਇਆ ਸੀ ਕਿ ਉਸ ਦੀ ਵੱਡੀ ਭੈਣ ਨਾਲ ਮਹੀਪਾਲ ਨਾਂਅ ਦੇ ਇੱਕ ਸਰਵਿਸ ਸੈਂਟਰ ਆਪਰੇਟਰ ਨੇ ਜਬਰ-ਜ਼ਨਾਹ ਕੀਤਾ ਸੀ, ਜਿਸ ਨੇ ਗੁਪਤ ਤੌਰ 'ਤੇ ਉਸ ਦੀਆਂ ਅਸ਼ਲੀਲ ਵੀਡੀਓਜ਼ ਬਣਾ ਲਈਆਂ ਸਨ। ਐੱਨ ਡੀ ਟੀ ਵੀ ਦੀ ਇੱਕ ਰਿਪੋਰਟ ਅਨੁਸਾਰ, ਸ਼ਿਕਾਇਤ ਵਿੱਚ ਕੁੱਲ ਅੱਠ ਮੁਲਜ਼ਮਾਂ ਦੇ ਨਾਂਅ ਸਨ, ਜਿਨ੍ਹਾਂ ਨੇ ਕਥਿਤ ਤੌਰ 'ਤੇ ਧਮਕੀਆਂ ਦੇ ਕੇ ਕਈ ਸਾਲਾਂ ਤੱਕ ਵੱਡੀ ਭੈਣ ਨਾਲ ਸਮੂਹਿਕ ਜਬਰ-ਜ਼ਨਾਹ ਕੀਤਾ ਸੀ। ਦੂਜੀ ਭੈਣ ਨੇ ਸ਼ਿਕਾਇਤ ਵਿੱਚ ਦੱਸਿਆ ਸੀ ਕਿ ਉਨ੍ਹਾਂ ਨੇ ਨਾ ਸਿਰਫ਼ ਉਸ ਦਾ ਜਿਨਸੀ ਸ਼ੋਸ਼ਣ ਕੀਤਾ, ਬਲਕਿ ਉਸ ਕੋਲੋਂ ਪੈਸੇ ਵੀ ਵਸੂਲ ਕੀਤੇ (ਬਲੈਕਮੇਲ ਕਰਕੇ)। ਪਰੇਸ਼ਾਨ ਹੋ ਕੇ ਉਸ ਨੇ 20 ਮਾਰਚ ਨੂੰ ਖ਼ੁਦਕੁਸ਼ੀ ਕਰ ਲਈ ਸੀ। ਹਾਲਾਂਕਿ ਸ਼ਿਕਾਇਤ ਦੇ ਅਧਾਰ 'ਤੇ ਇੱਕ ਐੱਫ ਆਈ ਆਰ ਦਰਜ ਕੀਤੀ ਗਈ ਸੀ, ਪਰ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਸ ਤੋਂ ਬਾਅਦ ਮੁਲਜ਼ਮਾਂ ਨੇ ਛੋਟੀ ਭੈਣ ਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ। ਪੁਲਸ ਤੋਂ ਸੁਰੱਖਿਆ ਜਾਂ ਕਾਰਵਾਈ ਨਾ ਮਿਲਣ ਕਾਰਨ, ਛੋਟੀ ਭੈਣ ਲੰਘੇ ਸ਼ੁੱਕਰਵਾਰ ਨੂੰ ਇੱਕ ਟੈਂਕੀ ਦੇ ਉੱਪਰ ਚੜ੍ਹ ਗਈ ਅਤੇ ਕੋਈ ਜ਼ਹਿਰੀਲੀ ਚੀਜ਼ ਨਿਗਲ ਲਈ। ਇਸ ਘਟਨਾ ਤੋਂ ਬਾਅਦ ਜੋਧਪੁਰ ਪੁਲਸ ਨੇ ਦੱਸਿਆ ਕਿ ਮਹੀਪਾਲ ਅਤੇ ਇੱਕ ਹੋਰ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

## ਯੂ ਏ ਈ ਦੇ ਐਟਮੀ ਊਰਜਾ ਪਲਾਂਟ ਨੇੜੇ ਡਰੋਨ ਡਿੱਗਿਆ



**ਦੁਬਈ** : ਯੂ ਏ ਈ ਦੇ ਅਲ ਧਫਰਾ ਖੇਤਰ ਵਿੱਚ ਬਰਾਕਾਹ ਪ੍ਰਮਾਣੂੰ ਊਰਜਾ ਪਲਾਂਟ ਦੇ ਬਾਹਰ ਐਤਵਾਰ ਡਰੋਨ ਡਿੱਗਣ ਨਾਲ ਪਾਵਰ ਜਨਰੇਟਰ ਨੂੰ ਅੱਗ ਲੱਗ ਗਈ। ਅਬੂ ਧਾਬੀ ਮੀਡੀਆ ਦਫਤਰ ਮੁਤਾਬਕ ਕੋਈ ਜ਼ਖਮੀ ਨਹੀਂ ਹੋਇਆ ਅਤੇ ਨਾ ਹੀ ਪਲਾਂਟ ਵਿੱਚੋਂ ਰੇਡੀਏਸ਼ਨ ਰਿਸਿਆ। ਪਲਾਂਟ ਵਿੱਚ ਸਾਰੀਆਂ ਮਹੱਤਵਪੂਰਨ ਮਸ਼ੀਨਰੀਆਂ ਅਤੇ ਸਿਸਟਮ ਆਮ ਵਾਂਗ ਕੰਮ ਕਰ ਰਹੇ ਹਨ। ਕਿਸੇ ਵੀ ਸੰਗਠਨ ਜਾਂ ਦੇਸ਼ ਨੇ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ, ਪਰ ਈਰਾਨ 'ਤੇ ਸ਼ੱਕ ਹੈ।

ਸਾਊਦੀ ਸਰਹੱਦ ਦੇ ਨੇੜੇ ਅਬੂ ਧਾਬੀ ਦੇ ਦੂਰ-ਦੁਰਾਡੇ ਪੱਛਮੀ ਮਾਰੂਥਲ ਖੇਤਰ ਵਿੱਚ ਸਥਿਤ ਬਰਾਕਾਹ ਨਿਊਕਲੀਅਰ ਪਾਵਰ ਪਲਾਂਟ ਯੂ ਏ ਈ ਅਤੇ ਪੂਰੇ ਅਰਬ ਖੇਤਰ ਵਿੱਚ ਪਹਿਲਾ ਕਮਰਸ਼ੀਅਲ ਨਿਊਕਲੀਅਰ ਪਾਵਰ ਪਲਾਂਟ ਹੈ। ਇਹ ਦੱਖਣੀ ਕੋਰੀਆ ਦੀ ਸਹਾਇਤਾ ਨਾਲ ਲਗਭਗ 20 ਅਰਬ ਡਾਲਰ ਦੀ ਲਾਗਤ ਨਾਲ ਬਣਾਇਆ ਗਿਆ ਸੀ ਅਤੇ 2020 ਵਿੱਚ ਇਸ ਦਾ ਸੰਚਾਲਨ ਸ਼ੁਰੂ ਹੋਇਆ ਸੀ। ਇਹ ਪਲਾਂਟ ਯੂ ਏ ਈ ਦੀਆਂ ਬਿਜਲੀ ਦੀਆਂ ਲੋੜਾਂ ਦਾ ਲਗਭਗ ਇੱਕ-ਚੌਥਾਈ ਹਿੱਸਾ ਪੂਰਾ ਕਰਦਾ ਹੈ। ਇਹ ਪਹਿਲੀ ਵਾਰ ਹੈ, ਜਦੋਂ ਈਰਾਨ ਉੱਤੇ ਅਮਰੀਕੀ-ਇਜ਼ਰਾਈਲੀ ਹਮਲੇ ਦੌਰਾਨ ਬਰਾਕਾਹ ਨਿਊਕਲੀਅਰ ਪਾਵਰ ਪਲਾਂਟ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਜੰਗ ਦੀ ਸ਼ੁਰੂਆਤ ਵਿੱਚ ਈਰਾਨ ਨੇ ਕਿਹਾ ਸੀ ਕਿ ਉਹ ਉਨ੍ਹਾਂ ਗੁਆਂਢੀ ਦੇਸ਼ਾਂ ਨੂੰ ਨਿਸ਼ਾਨਾ ਬਣਾਏਗਾ, ਜਿੱਥੇ ਅਮਰੀਕੀ ਫੌਜੀ ਅੱਡੇ ਅਤੇ ਇਜ਼ਰਾਈਲੀ ਹਿੱਤ ਹਨ।

## ਵਧਦੇ ਇਬੋਲਾ ਕੇਸਾਂ ਕਾਰਨ ਜਨਤਕ ਸਿਹਤ ਐਮਰਜੈਂਸੀ ਦਾ ਐਲਾਨ





**ਨਵੀਂ ਦਿੱਲੀ** : 300 ਤੋਂ ਵੱਧ ਸ਼ੱਕੀ ਮਾਮਲਿਆਂ ਤੇ 88 ਮੌਤਾਂ ਤੋਂ ਬਾਅਦ ਵਿਸ਼ਵ ਸਿਹਤ ਸੰਗਠਨ ਦੇ ਡਾਇਰੈਕਟਰ ਜਨਰਲ ਤੇਦਰੋਸ ਅਦਾਨੋਮ ਗ਼ੇਬਰੇਅਸਸ ਨੇ ਕਾਂਗੋ ਅਤੇ ਯੂਗਾਂਡਾ ਵਿੱਚ ਇਬੋਲਾ ਵਾਇਰਸ ਨੂੰ ਕੌਮਾਂਤਰੀ ਚਿੰਤਾ ਦੀ ਜਨਤਕ ਸਿਹਤ ਐਮਰਜੈਂਸੀ ਐਲਾਨ ਦਿੱਤਾ ਹੈ। ਤਾਂ ਵੀ ਉਨ੍ਹਾ ਕਿਹਾ ਕਿ ਇਹ ਕੋਵਿਡ-19 ਮਹਾਂਮਾਰੀ ਵਰਗੀ ਮਹਾਂਮਾਰੀ ਐਮਰਜੈਂਸੀ ਦੇ ਮਾਪਦੰਡਾਂ ਨੂੰ ਪੂਰਾ ਨਹੀਂ ਕਰਦਾ ਹੈ, ਜਿਸ ਕਰਕੇ ਕੌਮਾਂਤਰੀ ਸਰਹੱਦਾਂ ਨੂੰ ਬੰਦ ਕਰਨ ਦੀ ਲੋੜ ਨਹੀਂ। ਇਬੋਲਾ ਦੇ ਕਾਂਗੋ ਦੇ ਇਟੂਰੀ ਸੂਬੇ ਵਿੱਚ 246 ਸ਼ੱਕੀ ਮਾਮਲਿਆਂ ਤੇ 80 ਸ਼ੱਕੀ ਮੌਤਾਂ ਦੀ ਰਿਪੋਰਟ ਹੈ। ਯੂਗਾਂਡਾ ਦੇ ਕੰਪਾਲਾ ਵਿੱਚ ਇੱਕ ਮੌਤ ਦੀ ਰਿਪੋਰਟ ਹੈ। ਮੌਜੂਦਾ ਇਬੋਲਾ ਬੁੰਡੀਬੁਗਿਓ ਸਟਰੇਨ ਕਾਰਨ ਹੋ ਰਿਹਾ ਹੈ, ਜੋ ਕਿ ਇਬੋਲਾ ਦਾ ਇੱਕ ਦੁਰਲੱਭ ਰੂਪ ਹੈ। ਇਸ ਦੇ ਲੱਛਣ ਹਨ : ਬੁਖ਼ਾਰ, ਥਕਾਵਟ, ਬੇਚੈਨੀ, ਮਾਸਪੇਸ਼ੀਆਂ ਵਿੱਚ ਦਰਦ, ਸਿਰ ਦਰਦ ਅਤੇ ਗਲੇ ਵਿੱਚ ਖਾਰਸ਼। ਇਨ੍ਹਾਂ ਤੋਂ ਬਾਅਦ ਉਲਟੀਆਂ, ਦਸਤ, ਪੇਟ ਵਿੱਚ ਦਰਦ, ਧੱਫੜ ਅਤੇ ਗੁਰਦੇ ਤੇ ਜਿਗਰ ਦੇ ਕੰਮ ਵਿੱਚ ਵਿਘਨ ਦੇ ਲੱਛਣ ਆਉਂਦੇ ਹਨ। ਇਸ ਲਈ ਦੋ ਟੀਕੇ ਮਨਜ਼ੂਰ ਹਨ : ਏਰਵੇਬੋ (ਮਰਕ ਐਂਡ ਕੰਪਨੀ) ਅਤੇ ਜ਼ਬਡੇਨੋ ਤੇ ਮਵਾਬੀਆ (ਜੈਨਸਨ ਫਾਰਮਾਸੂਟਿਕਾ)।

ਮਾਹਰਾਂ ਮੁਤਾਬਕ ਇਸ ਵਾਰ ਇਬੋਲਾ ਦੇ ਬੁੰਡੀਬੁਗਿਓ ਸਟਰੇਨ ਦਾ ਪਤਾ ਲਗਾਇਆ ਗਿਆ ਹੈ, ਜਦੋਂ ਕਿ ਪਹਿਲਾਂ ਕਾਂਗੋ ਵਿੱਚ ਜ਼ਿਆਦਾਤਰ ਮਾਮਲੇ ਜ਼ੇਅਰ ਸਟਰੇਨ ਦੇ ਸਨ। ਇਬੋਲਾ ਦੇ ਇਲਾਜ ਦੇ ਪਹਿਲੇ ਟੀਕੇ ਜ਼ੇਅਰ ਸਟਰੇਨ ਨੂੰ ਧਿਆਨ ਵਿੱਚ ਰੱਖ ਕੇ ਵਿਕਸਤ ਕੀਤੇ ਗਏ ਸਨ। ਇਬੋਲਾ ਵਾਇਰਸ ਨਾਲ ਮੌਤ ਦਰ ਦੁਨੀਆ ਭਰ ਵਿੱਚ 25 ਤੋਂ 90 ਫੀਸਦੀ ਮਰੀਜ਼ਾਂ ਤੱਕ ਹੈ। ਇਹ ਪਹਿਲੀ ਵਾਰ 1976 ਵਿੱਚ ਅਫਰੀਕਾ ਵਿੱਚ ਪ੍ਰਗਟ ਹੋਇਆ ਸੀ। ਸੂਡਾਨ ਅਤੇ ਜ਼ੇਅਰ (ਹੁਣ ਕਾਂਗੋ ਲੋਕਤੰਤਰੀ ਗਣਰਾਜ) ਵਿੱਚ ਮਾਮਲੇ ਸਾਹਮਣੇ ਆਏ ਸਨ। ਇਬੋਲਾ ਨਾਂਅ ਨਦੀ ਦੇ ਨਾਂਅ ਤੇ ਰੱਖਿਆ ਗਿਆ ਹੈ, ਜੋ ਕਿ ਕਾਂਗੋ ਦੇ ਉਸ ਖੇਤਰ ਦੇ ਨੇੜੇ ਵਗਦੀ ਹੈ, ਜਿੱਥੇ ਵਾਇਰਸ ਦੀ ਖੋਜ ਕੀਤੀ ਗਈ ਸੀ। ਕਾਂਗੋ ਇਬੋਲਾ ਤੋਂ ਸਭ ਤੋਂ ਵੱਧ ਪ੍ਰਭਾਵਤ ਦੇਸ਼ਾਂ ਵਿੱਚੋਂ ਇੱਕ ਹੈ, ਜਿੱਥੇ ਕਈ ਵਾਰ ਮਾਮਲੇ ਸਾਹਮਣੇ ਆਏ ਹਨ। 2014 ਅਤੇ 2016 ਦੇ ਵਿਚਕਾਰ ਪੱਛਮੀ ਅਫਰੀਕਾ ਵਿੱਚ ਇਬੋਲਾ ਦਾ ਪ੍ਰਕੋਪ ਰਿਕਾਰਡ ਕੀਤੇ ਇਤਿਹਾਸ ਵਿੱਚ ਸਭ ਤੋਂ ਵੱਡਾ ਸੀ, ਜਿਸ ਵਿੱਚ 11,000 ਤੋਂ ਵੱਧ ਲੋਕ ਮਾਰੇ ਗਏ ਸਨ। ਬਾਅਦ ਦੇ ਸਾਲਾਂ ਵਿੱਚ ਟੀਕਿਆਂ ਅਤੇ ਇਲਾਜਾਂ ਦੇ ਵਿਕਾਸ ਨੇ ਸਥਿਤੀ ਨੂੰ ਸੰਭਾਲਣ ਵਿੱਚ ਮਦਦ ਕੀਤੀ ਹੈ, ਪਰ ਵੱਖ-ਵੱਖ ਕਿਸਮਾਂ ਦੇ ਉਭਾਰ ਨੇ ਚੁਣੌਤੀ ਨੂੰ ਵਧਾ ਦਿੱਤਾ ਹੈ।

## ਕਿਰਨਾਂ ਰਾਣੀ ਅਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ 'ਚ ਨਿੱਤਰੇ



**ਮਾਨਸਾ (ਆਤਮਾ ਸਿੰਘ ਪਮਾਰ)**-ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੀਆਂ ਹੋ ਰਹੀ ਆਮ ਚੋਣਾਂ ਲਈ ਵੱਖ ਵੱਖ ਰਾਜਨੀਤਕ ਪਾਰਟੀਆਂ ਦੇ ਤੇ ਅਜ਼ਾਦ ਉਮੀਦਵਾਰ ਵੀ ਚੋਣ ਮੈਦਾਨ 'ਚ ਡੱਟ ਗਏ ਹਨ ਅਤੇ ਉਨ੍ਹਾਂ ਵੱਲੋਂ ਆਪਣੇ ਆਪਣੇ ਨਾਮਜ਼ਦਗੀ ਪੱਤਰ ਵੀ ਦਾਖਲ ਕਰਵਾਏ ਜਾ ਚੁੱਕੇ ਹਨ।ਇਸੇ ਦੌਰਾਨ ਪਤਾ ਲੱਗਾ ਹੈ ਕਿ ਸਾਬਕਾ ਨਗਰ ਕੌਂਸਲਰ ਕਿਰਨਾਂ ਰਾਣੀ ਪਤਨੀ ਕ੍ਰਿਸ਼ਨ ਚੌਹਾਨ ਜ਼ਿਲ੍ਹਾ ਸਕੱਤਰ ਸੀ ਪੀ ਆਈ ਮਾਨਸਾ ਵੀ ਅਜ਼ਾਦ ਉਮੀਦਵਾਰ ਵਜੋਂ ਵਾਰਡ ਨੰਬਰ 13 ਤੋਂ ਚੋਣ ਮੈਦਾਨ 'ਚ ਡੱਟ ਗਏ ਹਨ।ਕਿਰਨਾ ਰਾਣੀ ਨੇ ਆਪਣੇ ਵਾਰਡ ਦੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਦੀ ਤਰ੍ਹਾਂ ਵਾਰਡ ਦੀ ਸੇਵਾ 'ਚ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਮੌਜੂਦਾ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਪਿਛਲੀ ਟਰਮ ਦੌਰਾਨ ਮਾਨਸਾ ਸ਼ਹਿਰ ਦਾ ਕਿਸੇ ਪੱਖੋਂ ਵੀ ਵਿਕਾਸ ਨਹੀਂ ਹੋਇਆ। ਲੋਕ ਪੀਣ ਵਾਲੇ ਪਾਣੀ ਤੇ ਸੀਵਰੇਜ ਦੀ ਸਮੱਸਿਆ ਤੋਂ ਅੱਜ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹਨ।ਉਨ੍ਹਾਂ ਆਪਣੇ ਵੋਟਰਾਂ ਨੂੰ ਮੁੜ ਅਪੀਲ ਕੀਤੀ ਕਿ ਉਹ ਵੱਡੇ ਫਰਕ ਨਾਲ ਜਿਤਾ ਕੇ ਵਾਰਡ ਦੀ ਸੇਵਾ ਕਰਨ ਦਾ ਮੈਨੂੰ ਮੌਕਾ ਦੇਣ।

## ਪ੍ਰਧਾਨ ਮੰਤਰੀ ਮੋਦੀ ਦੇ ਜਹਾਜ਼ ਦੀ ਰਾਖੀ



**ਨਵੀਂ ਦਿੱਲੀ** : ਸਵੀਡਨ ਦੇ ਦੋ ਦਿਨਾ ਦੌਰੇ 'ਤੇ ਐਤਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਗੋਟੇਨਬਰਗ ਵਿੱਚ ਉਤਰਨ ਤੋਂ ਪਹਿਲਾਂ ਉਨ੍ਹਾ ਦੇ ਜਹਾਜ਼ ਨੂੰ ਸਵੀਡਿਸ਼ ਖੇਤਰ ਵਿੱਚ ਦਾਖਲ ਹੋਣ 'ਤੇ ਗ੍ਰਿਪੇਨ ਲੜਾਕੂ ਜਹਾਜ਼ਾਂ ਨੇ ਸੁਰੱਖਿਆ ਦਿੱਤੀ।

### ਸੀ ਐੱਨ ਜੀ ਦੀ ਕੀਮਤ ਹੋਰ ਵਧੀ

**ਨਵੀਂ ਦਿੱਲੀ** : ਇੰਦਰਪ੍ਰਸਥ ਗੈਸ ਲਿਮਟਿਡ ਨੇ ਐਤਵਾਰ ਨੂੰ ਆਪਣੇ ਪੂਰੇ ਨੈੱਟਵਰਕ ਵਿੱਚ ਸੀ ਐੱਨ ਜੀ (ਕੰਪਰੈੱਸਡ ਨੈਚੁਰਲ ਗੈਸ) ਦੀ ਕੀਮਤ 1 ਰੁਪਏ ਪ੍ਰਤੀ ਕਿਲੋ ਵਧਾ ਦਿੱਤੀ। 48 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਇਹ ਦੂਜਾ ਵਾਧਾ ਹੈ, ਜਿਸ ਕਾਰਨ ਦਿੱਲੀ-ਐੱਨ ਸੀ ਆਰ ਵਿੱਚ ਆਉਣ-ਜਾਣ ਵਾਲੇ ਲੋਕਾਂ 'ਤੇ ਗੱਡੀਆਂ ਦੇ ਫ਼ਿਊਲ ਦਾ ਖ਼ਰਚਾ ਹੋਰ ਵਧ ਗਿਆ ਹੈ। 15 ਮਈ ਨੂੰ ਸੀ ਐੱਨ ਜੀ ਦੀ ਕੀਮਤ ਵਿੱਚ 2 ਰੁਪਏ ਪ੍ਰਤੀ ਕਿਲੋ ਦਾ ਵਾਧਾ ਕੀਤਾ ਗਿਆ ਸੀ।

### 'ਬਾਜ' ਬਣਿਆ ਫਿਲਮੀ ਸਟਾਰ !



**ਚੰਡੀਗੜ੍ਹ** : ਸੋਸ਼ਲ ਮੀਡੀਆ 'ਤੇ ਆਪਣੇ ਡੈਡੀ ਨਾਲ ਕਿਊਟ ਰੀਲ੍ਹਾਂ ਬਣਾ ਕੇ ਵਾਇਰਲ ਹੋਣ ਵਾਲਾ ਸਾਰਿਆਂ ਦਾ ਚਹੇਤਾ ਨਿੱਕਾ 'ਬਾਜ' ਹੁਣ ਵੱਡੇ ਮੁਕਾਮ ਵੱਲ ਵਧ ਰਿਹਾ ਹੈ। ਹੁਣ ਇਹ ਨਿੱਕਾ ਜਿਹਾ ਬਾਜ ਸਿਰਫ਼ ਮੋਬਾਈਲ ਦੀ ਸਕ੍ਰੀਨ ਤੱਕ ਸੀਮਤ ਨਹੀਂ ਰਿਹਾ, ਬਲਕਿ ਪਾਲੀਵੁੱਡ ਦੇ ਵੱਡੇ ਪਰਦੇ 'ਤੇ ਧਮਾਲ ਮਚਾਉਣ ਆ ਗਿਆ ਹੈ! ਹਾਲ ਹੀ ਵਿੱਚ ਰਿਲੀਜ਼ ਹੋਈ ਫਿਲਮ 'ਹਾਏ ਨੀ ਬੇਬੇ ਮੇਰੀਏ' ਵਿੱਚ ਬਾਜ ਨੇ ਆਪਣੀ ਅਦਾਕਾਰੀ ਦਾ ਅਜਿਹਾ ਜਲਵਾ ਦਿਖਾਇਆ ਹੈ ਕਿ ਹਰ ਕੋਈ ਉਸ ਦਾ ਦੀਵਾਨਾ ਹੋ ਗਿਆ ਹੈ। ਬਾਜ ਦੀ ਉਮਰ ਮਹਿਜ਼ ਸਾਢੇ ਪੰਜ ਸਾਲ ਹੈ ਅਤੇ ਉਹ ਅਜੇ ਪਹਿਲੀ ਕਲਾਸ ਵਿੱਚ ਪੜ੍ਹਦਾ ਹੈ! ਆਪਣੀ ਮੰਮੀ ਅਤੇ ਭਰਾ ਦੇ ਲਾਡਲੇ ਬਾਜ ਨੂੰ ਸੈੱਟ 'ਤੇ ਮਸਤੀ ਕਰਨਾ ਬਹੁਤ ਪਸੰਦ ਹੈ। ਇਸੇ ਮਸਤੀ-ਮਸਤੀ ਵਿੱਚ ਉਹ ਅਜਿਹੇ ਕਮਾਲ ਦੇ ਡਾਇਲਾਗ ਬੋਲਦਾ ਹੈ ਕਿ ਵੱਡੇ-ਵੱਡੇ ਕਲਾਕਾਰ ਵੀ ਦੇਖਦੇ ਰਹਿ ਜਾਂਦੇ ਨੇ!

### ਵੋਟ ਪਾਉਣ ਆ ਰਹੇ ਬਜ਼ੁਰਗ ਦੀ ਮੌਤ

**ਚੰਬਾ** : ਚੰਬਾ ਨਗਰ ਕੌਂਸਲ ਦੀਆਂ ਚੋਣਾਂ ਦੌਰਾਨ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਜਾ ਰਹੇ ਇੱਕ 70 ਸਾਲਾ ਬਜ਼ੁਰਗ ਦੀ ਰਸਤੇ ਵਿੱਚ ਹੀ ਸ਼ੱਕੀ ਹਾਲਾਤ 'ਚ ਮੌਤ ਹੋ ਗਈ। ਮ੍ਰਿਤਕ ਬਜ਼ੁਰਗ ਦੀ ਪਛਾਣ ਅੰਜਨ ਸ਼ਰਮਾ (70) ਵਜੋਂ ਹੋਈ ਹੈ। ਅੰਜਨ ਸ਼ਰਮਾ ਸਵੇਰੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਹਿੱਸਾ ਲੈਣ ਅਤੇ ਆਪਣੀ ਵੋਟ ਪਾਉਣ ਲਈ ਬੜੇ ਚਾਅ ਨਾਲ ਘਰੋਂ ਨਿਕਲੇ ਸਨ ਪਰ ਅਜੇ ਉਹ ਪੋਲਿੰਗ ਬੂਥ 'ਤੇ ਪਹੁੰਚਣ ਹੀ ਵਾਲੇ ਸਨ ਕਿ ਰਸਤੇ ਵਿੱਚ ਅਚਾਨਕ ਉਨ੍ਹਾਂ ਦੀ ਤਬੀਅਤ ਵਿਗੜ ਗਈ ਅਤੇ ਉਹ ਸੜਕ ਕਿਨਾਰੇ ਬੇਹੋਸ਼ ਹੋ ਕੇ ਡਿੱਗ ਪਏ।

## ਰਾਜਧਾਨੀ ਐਕਸਪ੍ਰੈੱਸ ਦੇ 2 ਡੱਬਿਆਂ ਨੂੰ ਲੱਗੀ ਅੱਗ



**ਤ੍ਰਿਵੇਂਦਰਮ** : ਹਜ਼ਰਤ ਨਿਜ਼ਾਮੁਦੀਨ ਰਾਜਧਾਨੀ ਐਕਸਪ੍ਰੈੱਸ ਦੇ ਦੋ ਡੱਬਿਆਂ ਨੂੰ ਕੋਟਾ ਡਵੀਜ਼ਨ ਵਿੱਚ ਅੱਗ ਲੱਗ ਗਈ। ਇਹ ਹਾਦਸਾ ਐਤਵਾਰ ਸਵੇਰੇ 5:15 ਵਜੇ ਦੇ ਕਰੀਬ ਕੋਟਾ ਡਵੀਜ਼ਨ ਦੇ ਲੂਣੀ ਰਿਚਾ ਅਤੇ ਵਿਕਰਮਗੜ੍ਹ ਅਲੋਟ (ਮੱਧ ਪ੍ਰਦੇਸ਼) ਸਟੇਸ਼ਨਾਂ ਵਿਚਕਾਰ ਵਾਪਰਿਆ। ਕੋਚ ਨੰਬਰ ਬੀ-1 ਅਤੇ ਇਸ ਦੇ ਪਿੱਛੇ ਲੱਗੀ ਦੂਜੀ ਸਾਮਾਨ-ਕਮ-ਗਾਰਡ ਵੈਨ ਵਿੱਚ ਅੱਗ ਲੱਗ ਗਈ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਸੌਰਭ ਜੈਨ ਨੇ ਦੱਸਿਆ ਕਿ ਡੱਬੇ ਵਿੱਚ 68 ਯਾਤਰੀ ਸਵਾਰ ਸਨ। ਗਾਰਡ ਨੇ ਪਹਿਲਾਂ ਲੋਕੋ ਪਾਇਲਟ ਨੂੰ ਅੱਗ ਬਾਰੇ ਸੂਚਿਤ ਕੀਤਾ, ਜਿਸ ਕਾਰਨ ਟਰੇਨ ਰੁਕ ਗਈ। ਯਾਤਰੀਆਂ ਨੂੰ ਬਾਹਰ ਕੱਢ ਲਿਆ ਗਿਆ। ਮਿੰਟਾਂ ਵਿਚ ਹੀ ਅੱਗ ਪੂਰੇ ਕੋਚ ਵਿੱਚ ਫੈਲ ਗਈ। ਹਾਲਾਂਕਿ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਰੇਲਵੇ ਅਧਿਕਾਰੀਆਂ ਨੇ ਦੱਸਿਆ ਕਿ ਅੱਗ ਲੱਗਣ ਨਾਲ ਕੁਝ ਯਾਤਰੀਆਂ ਦਾ ਸਾਮਾਨ ਸੜ ਗਿਆ। ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਜੈਤੋ 'ਚ ਪ੍ਰੀਤਮ ਕੌਰ ਨਿਰ-ਵਿਰੋਧ ਜੇਤੂ



**ਜੈਤੋ** : ਨਗਰ ਕੌਂਸਲ ਜੈਤੋ ਦੀਆਂ ਆਮ ਚੋਣਾਂ 'ਚ ਆਮ ਆਦਮੀ ਪਾਰਟੀ (ਆਪ) ਦੀ ਸੋਹਣੀ 'ਬੋਹਣੀ' ਹੋ ਗਈ ਹੈ। ਪਾਰਟੀ ਦੀ ਇੱਕ ਨੰਬਰ ਵਾਰਡ ਤੋਂ ਉਮੀਦਵਾਰ ਪ੍ਰੀਤਮ ਕੌਰ ਨਿਰ-ਵਿਰੋਧ ਕੌਂਸਲਰ ਚੁਣ ਲਏ ਗਏ ਹਨ। ਕੌਂਸਲਰ ਪ੍ਰੀਤਮ ਕੌਰ ਅਤੇ ਉਨ੍ਹਾਂ ਦੇ ਪਤੀ ਜਗਦੀਸ਼ ਸਿੰਘ ਨੂੰ ਵਧਾਈਆਂ ਦੇਣ ਲਈ ਉਨ੍ਹਾਂ ਦੀ ਸਥਾਨਕ ਰਿਹਾਇਸ਼ਗਾਹ 'ਤੇ ਤਾਂਤਾ ਲੱਗ ਗਿਆ ਹੈ। ਜਸ਼ਨ ਦੇ ਉਪਜੇ ਮਾਹੌਲ 'ਚ ਗੁਲਾਲ ਖੇਡਿਆ ਜਾ ਰਿਹਾ ਹੈ ਅਤੇ ਢੋਲ ਦੀ ਥਾਪ 'ਤੇ ਭੰਗੜੇ ਪੈ ਰਹੇ ਹਨ। ਹਲਕਾ ਜੈਤੋ ਦੇ ਵਿਧਾਇਕ ਅਮੋਲਕ ਸਿੰਘ ਜੇਤੂ ਪ੍ਰੀਤਮ ਕੌਰ ਨੂੰ ਮੁਬਾਰਕਬਾਦ ਦੇਣ ਲਈ ਉਨ੍ਹਾਂ ਦੇ ਘਰ ਪੁੱਜੇ ਅਤੇ ਉਮੀਦ ਜਿਤਾਈ ਕਿ ਬੀਬੀ ਪ੍ਰੀਤਮ ਕੌਰ ਆਪਣੇ ਵਾਰਡ ਸਮੇਤ ਸਮੁੱਚੇ ਸ਼ਹਿਰ ਦੀ ਬਿਹਤਰੀ ਲਈ ਨਗਰ ਕੌਂਸਲ ਵਿੱਚ ਕਾਰਜ ਕਰਨਗੇ। ਕਾਂਗਰਸੀ ਉਮੀਦਵਾਰ 16 ਮਈ ਨੂੰ ਨਾਮਜ਼ਦਗੀ ਪੱਤਰ ਦਾਖ਼ਲ ਕਰਾਉਣ ਲਈ ਆਖ਼ਰੀ ਸਮੇਂ 3 ਵਜੇ ਤੋਂ ਵੀ ਕਾਫੀ ਚਿਰ ਬਾਅਦ ਚੋਣ ਅਧਿਕਾਰੀ ਨੂੰ ਆਪਣੇ ਪੇਪਰ ਦੇਣ ਪੁੱਜਾ। ਅਜਿਹੀ ਸਥਿਤੀ 'ਚ ਉਸ ਦੇ ਪੇਪਰ ਸਵੀਕਾਰ ਨਾ ਹੋ ਸਕੇ ਅਤੇ ਉਸ ਨੂੰ ਬੇਰੰਗ ਵਾਪਸ ਪਰਤਣਾ ਪਿਆ।

## ਸਿੱਖਾਂ ਦੀ ਘਟ ਰਹੀ ਆਬਾਦੀ ਨੂੰ ਰੋਕਣ ਲਈ ਮੁੱਖ ਮੰਤਰੀ ਨੂੰ ਪੱਤਰ



**ਅੰਮ੍ਰਿਤਸਰ** : ਪੰਜਾਬ ਵਿੱਚ ਘਟ ਰਹੀ ਸਿੱਖ ਆਬਾਦੀ ਦੇ ਮੱਦੇਨਜ਼ਰ, ਸਿੱਖ ਜਨਸੰਖਿਆ ਨੂੰ ਵਧਾਉਣ ਲਈ ਸਰਕਾਰੀ ਪ੍ਰੋਤਸਾਹਨ ਦੇਣ ਦੀ ਮੰਗ ਉੱਭਰੀ ਹੈ। ਇਸ ਸੰਬੰਧ ਵਿੱਚ ਐਤਵਾਰ ਨੂੰ ਭਾਜਪਾ ਆਗੂ ਅਤੇ ਸਾਬਕਾ ਆਈ ਏ ਐੱਸ ਅਧਿਕਾਰੀ ਡਾ. ਜਗਮੋਹਨ ਸਿੰਘ ਰਾਜੂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇੱਕ ਪੱਤਰ ਭੇਜਿਆ ਗਿਆ ਹੈ। ਇਸ ਪੱਤਰ ਵਿੱਚ ਭਾਜਪਾ ਆਗੂ ਨੇ ਮੁੱਖ ਮੰਤਰੀ ਨੂੰ ਆਂਧਰਾ ਪ੍ਰਦੇਸ਼ ਸਰਕਾਰ ਵੱਲੋਂ ਹਾਲ ਹੀ ਵਿੱਚ ਆਬਾਦੀ ਵਧਾਉਣ ਲਈ ਐਲਾਨੇ ਗਏ ਇੱਕ ਮਾਡਲ ਦਾ ਹਵਾਲਾ ਦਿੱਤਾ ਹੈ, ਜਿਸ ਵਿੱਚ ਤੀਜੇ ਬੱਚੇ ਦੇ ਜਨਮ 'ਤੇ 30 ਹਜ਼ਾਰ ਰੁਪਏ ਅਤੇ ਚੌਥੇ ਬੱਚੇ ਲਈ 40 ਹਜ਼ਾਰ ਰੁਪਏ ਸਰਕਾਰ ਵੱਲੋਂ ਬਤੌਰ ਪ੍ਰੋਤਸਾਹਨ ਦੇਣ ਦੀ ਗੱਲ ਆਖੀ ਗਈ ਹੈ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਪੰਜਾਬ ਵਿੱਚ ਸਿੱਖਾਂ ਦੀ ਘਟ ਰਹੀ ਆਬਾਦੀ ਦਾ ਹਵਾਲਾ ਦਿੰਦਿਆਂ, ਇਸੇ ਤਰ੍ਹਾਂ ਦਾ ਮਾਡਲ ਪੰਜਾਬ ਵਿੱਚ ਵੀ ਲਾਗੂ ਕਰਨ ਦਾ ਸੁਝਾਅ ਦਿੱਤਾ ਹੈ। ਉਨ੍ਹਾਂ ਆਖਿਆ ਕਿ ਸਿੱਖ ਕੌਮ ਭਾਰਤ ਵਿੱਚ ਸੰਵਿਧਾਨਕ ਤੌਰ 'ਤੇ ਮਾਨਤਾ ਪ੍ਰਾਪਤ ਘੱਟ ਗਿਣਤੀ ਕੌਮ ਹੈ। ਐੱਨ ਐੱਫ ਐੱਚ ਐੱਸ ਦੇ ਅੰਕੜਿਆਂ ਅਨੁਸਾਰ, ਸਿੱਖਾਂ ਦੀ ਜਨਮ ਦਰ ਦੇਸ਼ ਦੇ ਮੁੱਖ ਭਾਈਚਾਰਿਆਂ ਵਿੱਚੋਂ ਸਭ ਤੋਂ ਘੱਟ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਕੁੱਲ ਆਬਾਦੀ ਵਿੱਚ ਸਿੱਖਾਂ ਦਾ ਹਿੱਸਾ ਸਾਲ 1991 ਵਿੱਚ 62.95 ਫੀਸਦੀ ਸੀ, ਜੋ ਘਟ ਕੇ ਸਾਲ 2011 ਦੀ ਮਰਦਮਸ਼ੁਮਾਰੀ ਵਿੱਚ 57.69 ਫੀਸਦੀ ਰਹਿ ਗਿਆ ਹੈ। ਉਨ੍ਹਾਂ ਆਖਿਆ ਕਿ ਇਹ ਅੰਕੜੇ ਇਸ ਗੱਲ ਦਾ ਸੰਕੇਤ ਹਨ ਕਿ ਇਹ ਰੁਝਾਨ ਅਜੇ ਵੀ ਜਾਰੀ ਹੈ। ਇਸ ਨੂੰ ਰੋਕਿਆ ਜਾਣਾ ਚਾਹੀਦਾ ਹੈ।

## ਪਾਕਿਸਤਾਨ ਵੱਲੋਂ ਭਾਰਤ ਨੂੰ ਮਿਲ-ਜੁਲ ਕੇ ਰਹਿਣ ਦੀ ਸਲਾਹ

**ਇਸਲਾਮਾਬਾਦ** : ਪਾਕਿਸਤਾਨੀ ਫੌਜ ਨੇ ਐਤਵਾਰ ਨੂੰ ਭਾਰਤੀ ਸੈਨਾ ਦੇ ਮੁਖੀ ਜਨਰਲ ਉਪੇਂਦਰ ਦਿਵੇਦੀ ਦੀਆਂ ਹਾਲੀਆ ਟਿੱਪਣੀਆਂ ਦੀ ਆਲੋਚਨਾ ਕੀਤੀ ਹੈ ਅਤੇ ਨਾਲ ਹੀ ਭਾਰਤ ਨੂੰ ਸ਼ਾਂਤੀ ਨਾਲ ਮਿਲ-ਜੁਲ ਕੇ ਰਹਿਣ ਦੀ ਸਲਾਹ ਦਿੱਤੀ ਹੈ। ਜਨਰਲ ਦਿਵੇਦੀ ਨੇ ਸ਼ਨਿੱਚਰਵਾਰ ਨੂੰ ਕਿਹਾ ਸੀ ਕਿ ਜੇਕਰ ਪਾਕਿਸਤਾਨ ਅੱਤਵਾਦੀਆਂ ਨੂੰ ਪਨਾਹ ਦੇਣਾ ਅਤੇ ਭਾਰਤ ਖ਼ਿਲਾਫ਼ ਕਾਰਵਾਈਆਂ ਕਰਨਾ ਜਾਰੀ ਰੱਖਦਾ ਹੈ, ਤਾਂ ਉਸ ਨੂੰ ਇਹ ਤੈਅ ਕਰਨਾ ਪਵੇਗਾ ਕਿ ਉਹ ਦੁਨੀਆ ਦੇ ਨਕਸ਼ੇ (ਭੂਗੋਲ) 'ਤੇ ਰਹਿਣਾ ਚਾਹੁੰਦਾ ਹੈ ਜਾਂ ਸਿਰਫ਼ ਇਤਿਹਾਸ ਦੇ ਪੰਨਿਆਂ ਵਿੱਚ। ਜਨਰਲ ਦਿਵੇਦੀ ਦੇ ਇਸ ਬਿਆਨ ਨੂੰ ਉਕਸਾਉਣ ਵਾਲਾ ਦੱਸਦਿਆਂ ਪਾਕਿਸਤਾਨੀ ਫੌਜ ਨੇ ਕਿਹਾ ਹੈ ਕਿ "ਜ਼ਿੰਮੇਵਾਰ ਪਰਮਾਣੂ ਦੇਸ਼ਾਂ ਨੂੰ ਸੰਜਮ, ਸਮਝਦਾਰੀ ਅਤੇ ਗੰਭੀਰਤਾ ਦਿਖਾਉਣੀ ਚਾਹੀਦੀ ਹੈ। ਇੱਕ ਆਜ਼ਾਦ ਅਤੇ ਪਰਮਾਣੂ ਹਥਿਆਰਾਂ ਨਾਲ ਲੈਸ ਗੁਆਂਢੀ ਦੇਸ਼ ਨੂੰ ਦੁਨੀਆ ਦੇ ਨਕਸ਼ੇ (ਭੂਗੋਲ) ਤੋਂ ਮਿਟਾਉਣ ਦੀ ਧਮਕੀ ਦੇਣਾ ਕੋਈ ਰਣਨੀਤਕ ਸੰਕੇਤ ਜਾਂ ਚਿਤਾਵਨੀ ਨਹੀਂ ਹੈ, ਬਲਕਿ ਇਹ ਸੋਚਣ-ਸਮਝਣ ਦੀ ਸਮਰੱਥਾ ਦਾ ਪੂਰੀ ਤਰ੍ਹਾਂ ਖ਼ਤਮ (ਦੀਵਾਲੀਆ) ਹੋਣਾ ਹੈ।" ਪਾਕਿਸਤਾਨੀ ਫੌਜ ਨੇ ਅੱਗੇ ਕਿਹਾ ਹੈ ਕਿ ਭਾਰਤ ਨੂੰ ਪਾਕਿਸਤਾਨ ਦੀ ਅਹਿਮੀਅਤ ਨੂੰ ਸਮਝਣ ਦੀ ਲੋੜ ਹੈ ਅਤੇ ਉਸ ਨੂੰ ਸਾਡੇ ਨਾਲ ਸ਼ਾਂਤੀ ਨਾਲ ਮਿਲ-ਜੁਲ ਕੇ ਰਹਿਣਾ ਸਿੱਖਣਾ ਚਾਹੀਦਾ ਹੈ। ਪਾਕਿਸਤਾਨੀ ਫੌਜ ਨੇ ਕਿਹਾ ਹੈ ਕਿ ਪਾਕਿਸਤਾਨ ਨੂੰ ਨਿਸ਼ਾਨਾ ਬਣਾਉਣ ਦੀ ਕੋਈ ਵੀ ਕੋਸ਼ਿਸ਼ ਅਜਿਹੇ ਨਤੀਜੇ ਸਾਹਮਣੇ ਲਿਆ ਸਕਦੀ ਹੈ, ਜੋ ਨਾ ਤਾਂ ਸਿਰਫ਼ ਇੱਕ ਇਲਾਕੇ (ਭੂਗੋਲਿਕ ਖੇਤਰ) ਤੱਕ ਸੀਮਤ ਰਹਿਣਗੇ ਅਤੇ ਨਾ ਹੀ ਭਾਰਤ ਲਈ ਰਣਨੀਤਕ ਜਾਂ ਸਿਆਸੀ ਤੌਰ 'ਤੇ ਬਰਦਾਸ਼ਤ ਕਰਨਯੋਗ ਹੋਣਗੇ।

## ਕਤੂਰੇ ਨੂੰ ਬਲਦੇ ਤੰਦੂਰ 'ਚ ਸੁੱਟ'ਤਾ !

**ਚੰਡੀਗੜ੍ਹ** : ਇੱਥੋਂ ਦੇ ਸੈਕਟਰ 26 ਸਥਿਤ ਬਾਪੂ ਧਾਮ ਕਲੋਨੀ ਵਿੱਚ ਇੱਕ ਢਾਬੇ ਦੇ ਬਾਹਰ ਕਤੂਰੇ ਨੂੰ ਕਥਿਤ ਤੌਰ 'ਤੇ ਬਲਦੇ ਤੰਦੂਰ ਵਿੱਚ ਜ਼ਿੰਦਾ ਸੁੱਟ ਦਿੱਤਾ ਗਿਆ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਇਹ ਘਟਨਾ 16 ਮਈ ਨੂੰ ਰਾਤ 1.40 ਵਜੇ ਦੇ ਕਰੀਬ ਕਲੋਨੀ ਦੇ ਫੇਜ਼ 2 ਵਿੱਚ ਨੂਰਾਨੀ ਢਾਬੇ ਨੇੜੇ ਵਾਪਰੀ। ਸਥਾਨਕ ਨਿਵਾਸੀ ਸੰਜੇ ਕੁਮਾਰ ਦੀ ਸ਼ਿਕਾਇਤ ਤੋਂ ਬਾਅਦ ਸੈਕਟਰ 26 ਦੇ ਥਾਣੇ ਵਿੱਚ ਜਾਨਵਰਾਂ ਪ੍ਰਤੀ ਬੇਰਹਿਮੀ ਰੋਕਥਾਮ ਐਕਟ ਤਹਿਤ ਅਣਪਛਾਤੇ ਵਿਅਕਤੀਆਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ ਹੈ। ਸੰਜੇ ਕੁਮਾਰ, ਜੋ ਕਿ ਸੈਕਟਰ 26 ਸਬਜ਼ੀ ਮੰਡੀ ਵਿੱਚ ਮਜ਼ਦੂਰ ਵਜੋਂ ਕੰਮ ਕਰਦਾ ਹੈ, ਨੇ ਦੱਸਿਆ ਕਿ ਉਹ ਕੰਮ ਤੋਂ ਬਾਅਦ ਘਰ ਵਾਪਸ ਆ ਰਿਹਾ ਸੀ ਤਾਂ ਉਸ ਨੇ ਅਣਪਛਾਤੇ ਵਿਅਕਤੀ ਨੂੰ ਇੱਕ ਕਤੂਰੇ ਨੂੰ ਲਿਜਾਂਦੇ ਦੇਖਿਆ। ਜਿਵੇਂ ਹੀ ਉਹ ਵਿਅਕਤੀ ਨੂਰਾਨੀ ਢਾਬੇ ਦੇ ਬਾਹਰ ਪਹੁੰਚਿਆ, ਉਸ ਨੇ ਕਤੂਰੇ ਨੂੰ ਤੰਦੂਰ ਵਿੱਚ ਸੁੱਟ ਦਿੱਤਾ ਅਤੇ ਭੱਜ ਗਿਆ। ਉਹ ਤੁਰੰਤ ਤੰਦੂਰ ਵੱਲ ਭੱਜਿਆ ਅਤੇ ਬਹੁਤ ਮੁਸ਼ਕਲ ਨਾਲ ਕਤੂਰੇ ਨੂੰ ਬਾਹਰ ਕੱਢਿਆ। ਹਾਲਾਂਕਿ, ਉਦੋਂ ਤੱਕ ਉਹ ਸਾਹ ਲੈਣਾ ਬੰਦ ਕਰ ਚੁੱਕਾ ਸੀ ਅਤੇ ਮਰ ਗਿਆ ਸੀ। ਬਾਅਦ ਵਿੱਚ ਉਸ ਨੇ ਬਾਪੂ ਧਾਮ ਕਲੋਨੀ ਵਿੱਚ ਸੁਖਨਾ ਚੋਅ ਦੇ ਨੇੜੇ ਕਤੂਰੇ ਨੂੰ ਦਫਨਾ ਦਿੱਤਾ। ਉਸ ਨੇ ਪੁਲਸ ਨੂੰ ਇਹ ਵੀ ਦੱਸਿਆ ਕਿ ਜੇ ਕਤੂਰੇ ਨੂੰ ਤੰਦੂਰ ਵਿੱਚ ਸੁੱਟਣ ਵਾਲੇ ਨੂੰ ਉਸ ਦੇ ਸਾਹਮਣੇ ਪੇਸ਼ ਕੀਤਾ ਜਾਵੇ ਤਾਂ ਉਹ ਉਸ ਦੀ ਪਛਾਣ ਕਰ ਸਕਦਾ ਹੈ।

## ਵਾਰਿਸ ਸ਼ਾਹ ਨਾ ਮੁੜਾਂਗੀ ਰਾਂਝਣੇ ਤੋਂ...

ਸ਼ਾਹਕੋਟ, (ਗਿਆਨ ਸੈਦਪੁਰੀ)-ਅੱਲੜ੍ਹ ਉਮਰ ਵਿੱਚ ਭਾਵੁਕਤਾ ਵੱਸ ਕੀਤੀ ਮੁਹੱਬਤ ਕਾਰਨ ਦੋ ਜ਼ਿੰਦੜੀਆਂ ਦੇ ਦੁੱਖਾਂ ਵਿੱਚ ਪੈਣ, ਜਾਤੀ ਹਉਮੈ ਦਾ ਯੱਭ, ਪੈਸੇ-ਧੇਲੇ ਦੀ ਥੁੜ ਕਾਰਨ ਹਨੇਰਾ ਦਿਸਦਾ ਭਵਿੱਖ, ਫਿਰ ਵੀ ਇਕੱਠੇ ਜੀਊਣ-ਮਰਨ ਦੀ ਦ੍ਰਿੜ੍ਹਤਾ ਜਾਂ ਜ਼ਿੱਦ ਦਾ ਮਾਮਲਾ ਸਾਹਮਣਾ ਆਇਆ ਹੈ। ਜਲੰਧਰ ਨੇੜਲੇ ਇੱਕ ਪਿੰਡ ਦੇ ਮੁੰਡਾ ਤੇ ਕੁੜੀ ਨਾਲ ਦੇ ਸਕੂਲ ਵਿੱਚ ਇਕੱਠੇ ਪੜ੍ਹਦੇ ਸਨ। ਜਮਾਤ ਦੋਵਾਂ ਦੀ ਬਾਰ੍ਹਵੀਂ, ਪਰ ਜਾਤ ਵੱਖਰੀ-ਵੱਖਰੀ। ਸਕੂਲ ਵਿੱਚ ਪੜ੍ਹਦਿਆਂ ਹੀ ਉਨ੍ਹਾਂ ਨੇ ਇੱਕ-ਦੂਸਰੇ ਦੇ ਹੋ ਜਾਣ ਦਾ ਫੈਸਲਾ ਕਰ ਲਿਆ। ਅਗਲਾ ਕਦਮ ਉਨ੍ਹਾਂ ਨੇ ਪਿੰਡੋਂ ਦੂਰ ਜਾਣ ਦਾ ਚੁੱਕ ਲਿਆ। ਦੋਵਾਂ ਦੇ ਮਾਪਿਆਂ ਨੇ ਕਾਫ਼ੀ ਭਾਲ ਕੀਤੀ, ਪਰ ਉਹ ਕਿਧਰੇ ਨਾ ਲੱਭੇ। ਉਹ ਫਿਰਦੇ-ਤੁਰਦੇ ਚੰਡੀਗੜ੍ਹ ਚਲੇ ਗਏ। ਇੱਧਰ ਦੋਵਾਂ ਦੇ ਮਾਪੇ ਪ੍ਰੇਸ਼ਾਨ, ਮੁੰਡੇ ਦੇ ਮਾਂ-ਬਾਪ ਨੂੰ ਪਿੰਡ ਛੱਡਣਾ ਪਿਆ। ਕੁੜੀ ਦੇ ਮਾਂ-ਬਾਪ ਦਾ ਆਪਸੀ ਕਲੇਸ਼ 'ਮਰਨ ਮਰਾਉਣ' ਤੱਕ ਪਹੁੰਚ ਗਿਆ। ਛੇ ਮਹੀਨੇ ਇਸੇ ਤਰ੍ਹਾਂ ਗੁਜ਼ਰ ਗਏ। ਮੁੰਡੇ ਵਾਲਿਆਂ ਨੇ 'ਉਧੜ' ਗਿਆਂ ਨਾਲ ਸੰਪਰਕ ਸਾਧਣ ਦੀ ਬੜੀ ਕੋਸ਼ਿਸ਼ ਕੀਤੀ, ਪਰ ਸਫ਼ਲ ਨਾ ਹੋਏ। ਇਸ ਦੌਰਾਨ ਮਾਂ ਆਪਣੀ ਧੀ ਨਾਲ ਫੋਨੀਕਲੀ ਸੰਪਰਕ ਬਣਾਉਣ ਵਿੱਚ ਕਾਮਯਾਬ ਹੋ ਗਈ।

• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਮੁੜ-ਮੁੜ ਉੱਠਦੀ ਮੰਗ ਹੈ ਦੇਸ਼ ਅੰਦਰ,
ਬਦਲੋ ਇਹਦਾ ਜਾਂ ਓਸ ਦਾ ਨਾਮ ਮੀਆਂ।
ਪਵੇ ਸੁਬਹਾ ਕੁਝ ਖੱਪ ਜਿਹੀ ਇੱਕ ਪਾਸੇ,
ਦੂਸਰੇ ਪਾਸੇ ਧਮੱਚੜ ਫਿਰ ਸ਼ਾਮ ਮੀਆਂ।
ਧਰਨਾ ਏਧਰ, ਜਲੂਸ ਕੁਝ ਫਿਰੇ ਓਧਰ,
ਗਲੀ-ਸੜਕ ਸਭ ਹੋ ਗਈ ਜਾਮ ਮੀਆਂ।
ਜਾਵਣਾ ਮੰਡੀ-ਬਾਜ਼ਾਰ ਵੀ ਬਹੁਤ ਔਖਾ,
ਹੁੰਦੇ ਈ ਵਧੇ ਹਰ ਚੀਜ਼ ਦੇ ਦਾਮ ਮੀਆਂ।
ਕਿਹੜੇ ਰਾਜ ਦੇ ਆਖੀਏ ਹਾਲ ਇਹ ਆ,
ਹਰ ਇੱਕ ਰਾਜ ਦੇ ਦੁਖੀ ਨੇ ਲੋਕ ਮੀਆਂ।
ਬਦਮਾਸ਼ੀ ਹੋਈ ਹੈ ਭਾਰੂ ਸਮਾਜ ਉੱਪਰ,
ਸਕਦਾ ਕਦੇ ਕੋਈ ਗੈਂਗ ਨਾ ਰੋਕ ਮੀਆਂ।

-ਤੀਸ ਮਾਰ ਖਾਂ

## ਲਾਹੌਰ 'ਚ ਚੌਕਾਂ ਦੇ ਪੁਰਾਣੇ ਹਿੰਦੂ ਨਾਂਅ ਬਹਾਲ

**ਲਾਹੌਰ** : ਇੱਥੋਂ ਦਾ ਇਸਲਾਮਪੁਰਾ ਹੁਣ ਪੁਰਾਣੇ ਨਾਂਅ ਕ੍ਰਿਸ਼ਨਾ ਨਗਰ ਅਤੇ ਬਾਬਰੀ ਮਸਜਿਦ ਚੌਕ ਜੈਨ ਮੰਦਰ ਚੌਕ ਵਜੋਂ ਜਾਣਿਆ ਜਾਵੇਗਾ। ਇਨ੍ਹਾਂ ਤੋਂ ਇਲਾਵਾ ਸੁੰਨਤ ਨਗਰ ਦਾ ਨਾਂਅ ਮੁੜ ਸੰਤ ਨਗਰ, ਮੌਲਾਨਾ ਜ਼ਫਰ ਚੌਕ ਦਾ ਲਕਸ਼ਮੀ ਚੌਕ, ਮੁਸਤਫਾਬਾਦ ਦਾ ਧਰਮਪੁਰਾ, ਸਰ ਆਗਾ ਖਾਨ ਚੌਕ ਦਾ ਡੇਵਿਸ ਰੋਡ, ਅਲਾਮਾ ਇਕਬਾਲ ਰੋਡ ਦਾ ਜੇਲ੍ਹ ਰੋਡ, ਫਾਤਿਮਾ ਜਿਨਾਹ ਦਾ ਕੁਈਨਜ਼ ਰੋਡ ਤੇ ਬਾਗ-ਇ-ਜਿਨਾਹ ਦਾ ਲਾਰੈਂਸ ਰੋਡ ਕਰ ਦਿੱਤਾ ਗਿਆ ਹੈ। ਇਨ੍ਹਾਂ ਤਬਦੀਲੀਆਂ ਲਈ ਸਾਈਨ ਵੀ ਲਗਾਏ ਗਏ ਹਨ। ਇਹ ਵੀ ਕਮਾਲ ਦੀ ਗੱਲ ਹੈ ਕਿ ਕਿਸੇ ਵੀ ਕੱਟੜਪੰਥੀ ਸਮੂਹ ਨੇ ਇਸ ਤਬਦੀਲੀ ਵਿਰੁੱਧ ਕੋਈ ਵਿਰੋਧ ਪ੍ਰਦਰਸ਼ਨ ਨਹੀਂ ਕੀਤਾ।

ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਮੁਤਾਬਕ ਦਿੱਲੀ ਗੇਟ ਸਮੇਤ ਅੰਦਰੂਨੀ ਸ਼ਹਿਰ ਲਾਹੌਰ ਦੇ ਸਾਰੇ ਅੱਠ ਦਰਵਾਜ਼ਿਆਂ ਦਾ ਨਵੀਨੀਕਰਨ ਕੀਤਾ ਜਾਵੇਗਾ। ਸੂਤਰ ਦੱਸਦੇ ਹਨ ਕਿ ਨਾਂਅ ਤਬਦੀਲੀ ਦੇ ਦੂਜੇ ਪੜਾਅ ਵਿੱਚ ਪਾਕਿਸਤਾਨ ਦੇ ਸਿੰਧ ਅਤੇ ਖੈਬਰ ਪਖਤੂਨਖਵਾ ਪ੍ਰਾਂਤਾਂ ਦੇ ਅਸਲ ਨਾਂਅ ਵੀ ਵਾਪਸ ਆ ਸਕਦੇ ਹਨ। ਲਾਹੌਰ ਦੀ ਬੀਕਨ ਹਾਊਸ ਯੂਨੀਵਰਸਿਟੀ ਦੇ ਲੈਕਚਰਾਰ ਸਾਦ ਮਲਿਕ ਨੇ ਕਿਹਾ ਕਿ ਇਹ ਸੁਹਾਉਣਾ ਬਦਲਾਅ ਹਨ। 'ਮੈਂ ਮੌਲਾਨਾ ਜਫਰ ਚੌਕ ਨੂੰ ਹਮੇਸ਼ਾ ਲਕਸ਼ਮੀ ਚੌਕ ਕਹਿੰਦਾ ਸੀ, ਕਿਉਂਕਿ ਮੇਰੇ ਪਿਤਾ ਜੀ ਇਸ ਨੂੰ ਇਹੀ ਕਹਿੰਦੇ ਸਨ। ਮੇਰੇ ਅਤੇ ਮੇਰੇ ਵਰਗੇ ਬਹੁਤ ਸਾਰੇ ਲੋਕਾਂ ਲਈ ਲਕਸ਼ਮੀ ਚੌਕ ਇੱਕ ਵਿਰਾਸਤ ਦਾ ਹਿੱਸਾ ਹੈ, ਜਿਸ ਦਾ ਜ਼ਫਰ ਅਲੀ ਖਾਨ ਨਾਲ ਕੋਈ ਲੈਣਾ-ਦੇਣਾ ਨਹੀਂ। ਲਕਸ਼ਮੀ ਚੌਕ ਇੱਕ ਅਜਿਹਾ ਨਾਂਅ ਹੈ, ਜੋ ਪੀੜ੍ਹੀਆਂ ਨਾਲ ਜੁੜਿਆ ਹੋਇਆ ਹੈ।'

ਜੈਨ ਮੰਦਰ ਦੇ ਨੇੜੇ ਅਨਾਰਕਲੀ ਇਲਾਕੇ ਦੇ ਮੌਲਾਨਾ ਵਾਜਿਦ ਕਾਦਰੀ ਦਾ ਮੰਨਣਾ ਹੈ ਕਿ ਇਸਲਾਮ ਨੂੰ ਕਿਸੇ ਵੀ ਮੰਦਰ ਜਾਂ ਗੁਰਦੁਆਰੇ ਨਾਲ ਕੋਈ ਸਮੱਸਿਆ ਨਹੀਂ। 1990 ਦੇ ਦਹਾਕੇ ਵਿੱਚ ਜੈਨ ਮੰਦਰ ਚੌਕ ਦਾ ਨਾਂਅ ਬਦਲ ਕੇ ਬਾਬਰੀ ਮਸਜਿਦ ਚੌਕ ਰੱਖਿਆ ਗਿਆ ਸੀ। ਇਹ ਇੱਕ ਸਿਆਸੀ ਫੈਸਲਾ ਸੀ। ਲੋਕਾਂ ਨੇ ਇਸ ਨੂੰ ਕਦੇ ਵੀ ਬਾਬਰੀ ਮਸਜਿਦ ਚੌਕ ਨਹੀਂ ਕਿਹਾ। ਇਹ ਸਮਝਣਾ ਚਾਹੀਦਾ ਹੈ ਕਿ ਜਿਨ੍ਹਾਂ ਪੁਰਖਿਆਂ ਨੇ ਇਹ ਹਿੰਦੂ ਨਾਂਅ ਦਿੱਤੇ ਸਨ, ਉਹ ਵੀ ਮੁਸਲਮਾਨ ਸਨ ਅਤੇ ਉਨ੍ਹਾਂ ਦੀ ਆਸਥਾ ਇਸ ਨਾਲ ਪ੍ਰਭਾਵਤ ਨਹੀਂ ਹੋਈ।




ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਅਤੇ ਉਨ੍ਹਾ ਦੀ ਬੇਟੀ ਮਰੀਅਮ ਨਵਾਜ਼ ਨੇ 19 ਮਾਰਚ ਨੂੰ ਲਾਹੌਰ ਹੈਰੀਟੇਜ ਏਰੀਆ ਰੀਵਾਈਵਲ ਪ੍ਰੋਜੈਕਟ 'ਤੇ ਚਰਚਾ ਕਰਨ ਲਈ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਵਿੱਚ ਲਾਹੌਰ ਦੇ ਸਾਬਕਾ ਹਿੰਦੂ ਜਾਂ ਬ੍ਰਿਟਿਸ਼ ਵਿਰਾਸਤੀ ਇਲਾਕਿਆਂ ਦਾ ਨਾਂਅ ਬਦਲਣ ਦਾ ਫੈਸਲਾ ਕੀਤਾ ਗਿਆ। ਨਵਾਜ਼ ਸ਼ਰੀਫ਼ ਨੇ ਕਿਹਾ, 'ਸਾਨੂੰ ਯੂਰਪ ਤੋਂ ਸਿੱਖਣਾ ਚਾਹੀਦਾ ਹੈ। ਉਹ ਇਤਿਹਾਸਕ ਨਾਵਾਂ ਨਾਲ ਛੇੜਛਾੜ ਨਹੀਂ ਕਰਦੇ। ਲਾਹੌਰ ਦੇ ਪੁਰਾਣੇ ਨਾਂਅ ਸਾਡਾ ਇਤਿਹਾਸ ਹਨ ਅਤੇ ਸਾਨੂੰ ਉਨ੍ਹਾਂ ਨੂੰ ਸੰਭਾਲਣਾ ਚਾਹੀਦਾ ਹੈ, ਉਨ੍ਹਾਂ ਨੂੰ ਬਦਲਣਾ ਨਹੀਂ ਚਾਹੀਦਾ।' ਮਰੀਅਮ ਨੇ ਕਿਹਾ ਕਿ ਲਾਹੌਰ ਦਾ ਇਤਿਹਾਸ ਇਸ ਦੀ ਪਛਾਣ ਹੈ। ਪੁਰਾਣੇ ਨਾਂਅ ਅਤੇ ਇਮਾਰਤਾਂ ਇਸ ਦਾ ਸਬੂਤ ਹਨ।

ਕੱਟੜਤਾ ਦੇ ਨਾਂਅ 'ਤੇ ਸੜਕਾਂ 'ਤੇ ਹਿੰਸਾ ਭੜਕਾਉਣ ਲਈ ਬਦਨਾਮ ਤਹਿਰੀਕ-ਏ-ਲਬੈਕ ਪਾਕਿਸਤਾਨ (ਟੀ ਐੱਲ ਪੀ) 'ਤੇ ਮਰੀਅਮ ਸਰਕਾਰ ਨੇ ਪਾਬੰਦੀ ਲਾਈ ਹੋਈ ਹੈ। ਇਸ ਲਈ ਕੋਈ ਵਿਰੋਧ ਨਹੀਂ ਹੋਇਆ। ਲਸ਼ਕਰ-ਏ-ਤਈਬਾ ਨੇ ਵੀ ਅਸਲ ਨਾਂਅ 'ਤੇ ਇਤਰਾਜ਼ ਨਹੀਂ ਕੀਤਾ।

ਲਾਹੌਰ ਵਿੱਚ ਨਾਂਅ ਬਦਲਣ ਦੀ ਸ਼ੁਰੂਆਤ 1990 ਦੇ ਦਹਾਕੇ ਵਿੱਚ ਬਾਬਰੀ ਮਸਜਿਦ ਢਾਹੁਣ ਤੋਂ ਬਾਅਦ ਹੋਈ ਸੀ। ਉਸ ਸਮੇਂ ਦੌਰਾਨ ਕੇਂਦਰੀ ਸਰਕਾਰਾਂ ਦੀ ਅਗਵਾਈ ਨਵਾਜ਼ ਸ਼ਰੀਫ, ਫਿਰ ਬੇਨਜ਼ੀਰ ਭੁੱਟੋ ਅਤੇ ਫਿਰ ਪਰਵੇਜ਼ ਮੁਸ਼ੱਰਫ ਨੇ ਕੀਤੀ। 2018 ਤੋਂ 2022 ਤੱਕ ਪ੍ਰਧਾਨ ਮੰਤਰੀ ਰਹੇ ਇਮਰਾਨ ਖਾਨ ਦੇ ਕਾਰਜਕਾਲ ਦੌਰਾਨ ਕੋਈ ਨਾਂਅ ਬਦਲਣ ਦੀ ਕਾਰਵਾਈ ਨਹੀਂ ਹੋਈ।

# ਹੈਰੋਇਨ ਸਮੇਤ ਤਿੰਨ ਗ੍ਰਿਫਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਕੈਂਟ ਫਿਰੋਜ਼ਪੁਰ, ਥਾਣਾ ਸਦਰ ਫਿਰੋਜ਼ਪੁਰ ਤੇ ਥਾਣਾ ਕੁੱਲਗੜ੍ਹੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 24 ਗ੍ਰਾਮ ਹੈਰੋਇਨ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਕੁਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੁੰਗੀ ਨੰਬਰ 7 ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਸਾਹਿਲ ਉਰਫ ਮੱਠੀ ਪੁੱਤਰ ਪ੍ਰੇਮ ਵਾਸੀ ਖਲਾਸੀ ਲਾਇਨ ਫਿਰੋਜ਼ਪੁਰ ਕੈਂਟ ਜੋ ਹੈਰੋਇਨ ਵੇਚਣ ਦਾ ਆਦੀ ਹੈ ਤੇ ਇਸ ਵਕਤ ਸ਼ਮਸ਼ਾਨਘਾਟ ਰੋਡ 'ਤੇ ਝਾੜੀਆਂ ਪਾਸ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਐੱਚਸੀ ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਪਿੰਡ ਪੱਲਾ ਮੇਘਾ ਮਜਜੂਦ ਸੀ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਸੀਆਰਪੀਐੱਫ ਗਰਾਊਂਡ ਵਿੱਚ ਦੋਸ਼ੀ ਸਲੀਮ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਪੱਲਾ ਮੇਘਾ ਹੈਰੋਇਨ ਲੈ ਕੇ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਸਾਹਿਲ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਤਲਾਸ਼ੀ ਲੈਣ ਤੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਮੋਗਾ ਫਿਰੋਜ਼ਪੁਰ ਰੋਡ 'ਤੇ ਸਥਿਤ ਭੁੱਲਰ ਕਾਲੋਨੀ ਦੀ ਗਲੀ ਗਿਚ ਪੁੱਜੀ ਤਾਂ ਪੂਰਬ ਵਾਲੀ ਸਾਇਡ ਕਲੌਨੀ ਦੇ ਪਲਾਟਾਂ ਨੂੰ ਜਾਂਦੀ ਗਲੀ ਵਿੱਚ ਇਕ ਸ਼ੱਕੀ ਨੌਜਵਾਨ ਗੁਰਭੇਜ ਸਿੰਘ ਉਰਫ ਭੇਜੀ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਸੋਢੀ ਨਗਰ ਖੜਾ ਵਿਖਾਈ ਦਿੱਤਾ, ਜਿਸ ਦੀ ਤਲਾਸ਼ੀ ਲੈਣ ਤੇ ਉਸ ਕੋਲੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਦੀ ਸੂਬਾ ਪੱਧਰੀ ਮੀਟਿੰਗ

**ਮੋਗਾ (ਇਕਬਾਲ ਸਿੰਘ ਖਹਿਰਾ)**- ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਮਈ ਮਹੀਨੇ ਦੀ ਅਹਿਮ ਮੀਟਿੰਗ ਮੋਗਾ ਦੇ ਚੋਖਾ ਅੰਪਾਇਰ ਵਿਖੇ ਸਫ਼ਲਤਾਪੂਰਵਕ ਹੋਈ।ਇਸ ਮੀਟਿੰਗ ਵਿੱਚ ਪੰਜਾਬ ਤੇ ਹਰਿਆਣਾ ਤੋਂ ਲਗਭਗ 120 ਤੋਂ ਵੱਧ ਡਾਕਟਰਾਂ ਨੇ ਸ਼ਮੂਲੀਅਤ ਕੀਤੀ ਅਤੇ ਮਨੁੱਖੀ ਬਿਹਤਰ ਇਲਾਜ ਨਾਲ ਸਬੰਧਤ ਵਿਚਾਰ ਸਾਂਝੇ ਕੀਤੇ।ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਵੱਲੋਂ ਕੀਤੀ ਗਈ।ਉਨ੍ਹਾਂ ਦੱਸਿਆ ਕਿ ਅਗਲੇ ਮਹੀਨੇ ਤੋਂ ਐਸੋਸੀਏਸ਼ਨ ਵੱਲੋਂ ਮੁਫਤ ਕੈਂਪ ਸ਼ੁਰੂ ਕੀਤੇ ਜਾ ਰਹੇ ਹਨ।ਮੀਟਿੰਗ ਦੌਰਾਨ ਵੱਖ-ਵੱਖ ਮਾਹਰ ਡਾਕਟਰਾਂ ਨੇ ਇਲੈਕਟਰੋ ਹੋਮਿਓਪੈਥੀ ਤੇ ਹੋਰ ਗੰਭੀਰ ਬਿਮਾਰੀਆਂ ਦੇ ਇਲਾਜ ਸਬੰਧੀ ਜਾਣਕਾਰੀ ਸਾਂਝੀ ਕੀਤੀ।ਡਾ. ਜਗਤਾਰ ਸਿੰਘ ਸੇਖੋਂ ਨੇ ਸੈੱਲਾਂ ਦਾ ਘਟ ਜਾਣਾ (ਆਈ ਟੀ ਪੀ) ਦੇ ਕਾਰਨ ਤੇ ਇਲਾਜ ਬਾਰੇ ਚਾਨਣਾ ਪਾਇਆ। ਡਾ. ਪ੍ਰਮਿੰਦਰ ਪਾਠਕ ਨੇ ਦਵਾਈਆਂ ਦੀ ਬਾਹਰੀ ਵਰਤੋਂ ਦੇ ਤਰੀਕਿਆਂ ਬਾਰੇ ਵਿਸਥਾਰ ਵਿੱਚ ਦੱਸਿਆ।ਡਾ. ਕਮਲਜੀਤ ਕੌਰ ਸੇਖੋਂ ਨੇ ਇਲੈਕਟਰੋ ਹੋਮਿਓਪੈਥੀ ਵਿੱਚ ਵਰਤੇ ਜਾਣ ਵਾਲੇ ਮਹੱਤਵਪੂਰਨ ਪੌਦਿਆਂ ਬਾਰੇ ਤਕਨੀਕੀ ਜਾਣਕਾਰੀ ਦਿੱਤੀ।ਡਾ. ਅਵਤਾਰ ਸਿੰਘ ਦੇਵਗਨ ਨੇ ਸੀ.ਬੀ.ਸੀ. ਟੈਸਟ ਰਿਪੋਰਟ ਦੀਆਂ ਬਰੀਕੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਡਾ. ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ ਨੇ ਸਰੀਰ ਵਿੱਚ ਪਾਣੀ ਦੀ ਘਾਟ ਦੇ ਕਾਰਨ ਤੇ ਇਲਾਜ ਬਾਰੇ ਦੱਸਿਆ, ਡਾ. ਜਗਪ੍ਰੀਤ ਸਿੰਘ ਖੋਖਰ ਨੇ ਮੈਟਾਬਲੋਜਿਮ ਦੇ ਸਬੰਧੀ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਦੇ ਦੂਜੇ ਪੜਾਅ ਵਿੱਚ ਡਾਕਟਰਾਂ ਨੇ ਆਪਣੇ ਕਲੀਨੀਕਲ ਤਜਰਬੇ ਸਾਂਝੇ ਕੀਤੇ।ਮੀਟਿੰਗ ਦੌਰਾਨ ਡਾ. ਮਨਦੀਪ ਸਿੰਘ ਤੇ ਡਾ. ਅਮਰਜੀਤ ਸਿੰਘ ਵੱਲੋਂ ਗੁਰਦੇ ਦੇ ਰੋਗ, ਡਾ. ਸੁਨੀਲ ਸਹਿਗਲ ਵੱਲੋਂ ਚਮੜੀ ਦੇ ਵੱਖ ਵੱਖ ਰੋਗ, ਡਾ. ਜਸਵਿੰਦਰ ਸਿੰਘ ਖਾਣੇ ਵਾਲੀ ਨਾਲੀ ਦਾ ਕੈਂਸਰ, ਡਾ. ਕਿਸ਼ੋਰ ਚੰਦ ਦਿਲ ਦੇ ਰੋਗਾਂ, ਡਾ. ਮੋਹਨ ਮਿਹਰਾ ਮਾਸ ਦੀਆਂ ਗੰਢਾਂ, ਡਾ. ਵੀਰਪਾਲ ਕੌਰ ਵੱਲੋਂ ਬਾਂਝਪਨ ਦੇ ਇਲਾਜ ਸਬੰਧੀ ਆਪਣੇ ਕਲੀਨੀਕਲ ਤਜਰਬੇ ਸਾਂਝੇ ਕੀਤੇ। ਅੰਤ ਪ੍ਰਧਾਨ ਡਾ. ਸੰਤੋਖ ਸਿੰਘ ਜੋਸਨ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਅਗਲੇ ਮਹੀਨੇ ਦੀ ਮੀਟਿੰਗ ਵਿੱਚ ਆਉਣ ਦਾ ਸੱਦਾ ਦਿੱਤਾ।ਇਸ ਸਮੇਂ ਮੀਟਿੰਗ ਵਿੱਚ ਡਾ. ਜਸਵਿੰਦਰ ਸਿੰਘ ਸਮਾਧ ਭਾਈ, ਡਾ. ਸ਼ਿੰਦਰ ਸਿੰਘ ਕਲੇਰ, ਡਾ. ਜਗਮੋਹਣ ਸਿੰਘ ਧੂੜਕੋਟ, ਡਾ. ਸ਼ਮਸ਼ੇਰ ਸਿੰਘ ਸਿੱਧੂ, ਡਾ. ਸੁਰੇਸ਼ ਸ਼ਰਮਾ, ਡਾ. ਵਰਿੰਦਰ ਸਿੰਘ ਮੋਗਾ, ਡਾ. ਜਸਵੀਰ ਸ਼ਰਮਾ ਭਗਤਾ, ਡਾ. ਅਰਚਨਾ ਸ਼ਰਮਾ, ਡਾ ਰੋਬਿਨ ਅਰੋੜਾ, ਡਾ. ਐੱਸ ਕੇ ਕਟਾਰੀਆ, ਡਾ. ਹਰਦੇਵ ਸਿੰਘ ਸੈਨੀ ਆਦਿ ਹਾਜ਼ਰ ਸਨ।



# ਜੀ ਬੀ ਸਕੂਲ ਨੂੰ ਇੰਗਲਿਸ਼ ਡੈਕਲਾਮੇਸ਼ਨ ਮੁਕਾਬਲੇ 'ਚ ਮਿਲਿਆ ਬੈਸਟ ਖਿਤਾਬ

**ਇਹ ਸਫਲਤਾ ਵਿਦਿਆਰਥੀਆਂ ਦੀ ਮਿਹਨਤ, ਸਮਰਪਣ ਤੇ ਵਿਲੱਖਣ ਪ੍ਰਤਿਭਾ ਦਾ ਨਤੀਜਾ : ਚੇਅਰਮੈਨ ਬਾਂਸਲ**

**ਨਾਭਾ (ਵਰਿੰਦਰ ਵਰਮਾ)**- ਨਾਭਾ ਸਥਿਤ ਜੀ ਬੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ ਸੁਸ਼ੀਲਾ ਦੇਵੀ ਪਬਲਿਕ ਸਕੂਲ ਵਿੱਚ ਰੋਟਰੀ ਕਲੱਬ ਵੱਲੋਂ ਕਰਵਾਏ ਗਏ ਇੰਗਲਿਸ਼ ਡੈਕਲਾਮੇਸ਼ਨ ਮੁਕਾਬਲੇ ਵਿੱਚ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੁਕਾਬਲੇ ਵਿੱਚ 13 ਪ੍ਰਸਿੱਧ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਸਕੂਲ ਚੇਅਰਮੈਨ ਸੰਦੀਪ ਬਾਂਸਲ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਾਪਤੀਆਂ ਹਾਸਲ ਕੀਤੀਆਂ।ਚੇਅਰਮੈਨ ਸੰਦੀਪ ਬਾਂਸਲ ਨੇ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਮਿਹਨਤ, ਸਮਰਪਣ ਤੇ ਵਿਲੱਖਣ ਪ੍ਰਤਿਭਾ ਦਾ ਨਤੀਜਾ ਹੈ, ਜਿਸ ਨੇ ਪੂਰੇ ਜੀ ਬੀ ਪਰਿਵਾਰ ਨੂੰ ਮਾਣ ਦੁਆਇਆ। ਜਮਾਤ ਤੀਜੀ ਤੋਂ ਪੰਜਵੀਂ ਸ਼੍ਰੇਣੀ ਵਿੱਚ ਜਮਾਤ ਚੌਥੀ ਦੀ ਵਿਦਿਆਰਥਣ ਮੰਨਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਜਮਾਤ ਛੇਵੀਂ ਤੋਂ ਨੌਵੀਂ ਸ਼੍ਰੇਣੀ ਵਿੱਚ ਜਮਾਤ ਨੌਵੀਂ ਦੀ ਵਿਦਿਆਰਥਣ ਗੁਰਕਿਰਨ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਜਮਾਤ ਨੌਵੀਂ ਤੋਂ ਬਾਰਵੀਂ ਸ਼੍ਰੇਣੀ ਵਿੱਚ ਜਮਾਤ ਨੌਵੀਂ ਦੀ ਹੀ ਵਿਦਿਆਰਥਣ ਗੁਰਸ਼ਬਦ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ।ਵਿਸ਼ੇਸ਼ ਮਾਣ ਦੀ ਗੱਲ ਇਹ ਰਹੀ ਕਿ ਭਾਗ ਲੈਣ ਵਾਲੇ 13 ਸਕੂਲਾਂ ਵਿੱਚੋਂ ਜੀ ਬੀ ਇੰਟਰਨੈਸ਼ਨਲ ਸਕੂਲ ਇਕੱਲਾ ਐਸਾ ਸਕੂਲ ਰਿਹਾ, ਜਿਸ ਨੇ ਤਿੰਨਾਂ ਹੀ ਸ਼੍ਰੇਣੀਆਂ ਵਿੱਚ ਇਨਾਮ ਜਿੱਤ ਕੇ ਬੈਸਟ ਪ੍ਰਫਾਰਮਿੰਗ ਸਕੂਲ ਦਾ ਖ਼ਿਤਾਬ ਆਪਣੇ ਨਾਮ ਕੀਤਾ। ਵਿਦਿਆਰਥੀਆਂ ਦੇ ਆਤਮ ਵਿਸ਼ਵਾਸ ਤੇ ਪ੍ਰਭਾਵਸ਼ਾਲੀ ਪ੍ਰਸਤੁਤੀ ਦੀ ਜੱਜਾਂ ਵੱਲੋਂ ਭਰਪੂਰ ਸਰਾਹਨਾ ਕੀਤੀ ਗਈ।ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਸਾਰੇ ਜੇਤੂ ਵਿਦਿਆਰਥੀਆਂ, ਮਾਰਗਦਰਸ਼ਕ ਅਧਿਆਪਕਾਂ ਤੇ ਮਾਪਿਆਂ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ।




# ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਡਾਇਰੈਕਟਰ ਪੈਨਸ਼ਨ ਵੰਡ ਤੇ ਵਿੱਤ ਨਾਲ ਮੀਟਿੰਗ

**ਈਕੇਵਾਈਸੀ ਕਰਕੇ ਪੈਨਸ਼ਨਾਂ ਨਹੀਂ ਰੋਕੀਆਂ ਜਾਣਗੀਆਂ : ਡਾਇਰੈਕਟਰ**

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਮੀਟਿੰਗ ਡਾਇਰੈਕਟਰ ਪੈਨਸ਼ਨ ਵੰਡ ਤੇ ਖਜ਼ਾਨਾ ਅਰਵਿੰਦ ਕੁਮਾਰ ਐੱਮ ਕੇ ਆਈ ਏ ਐੱਸ ਨਾਲ ਚੰਡੀਗੜ੍ਹ ਵਿਖੇ ਹੋਈ, ਜਿਸ ਵਿੱਚ ਪੈਨਸ਼ਨਰਜ਼ ਕਨਫੈਡਰੇਸ਼ਨ, ਪੀ ਐੱਸ ਪੀ ਸੀ ਐੱਲ ਪੈਨਸ਼ਨਰਜ਼ ਐਸੋਸੀਏਸ਼ਨ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਪੰਜਾਬ ਤੇ ਪੰਜਾਬ ਪੁਲਸ ਵੈੱਲਫੇਅਰ ਪੈਨਸ਼ਨ ਐਸੋਸੀਏਸ਼ਨ ਦੇ ਆਗੂ ਸਰਬਸ਼੍ਰੀ ਕਰਮ ਸਿੰਘ ਧਨੋਆ, ਕੁਲਵਰਨ ਸਿੰਘ, ਰਾਮ ਕ੍ਰਿਸ਼ਨ ਧੁਨਕੀਆ, ਧਨਵੰਤ ਸਿੰਘ ਭੱਠਲ, ਕਰਨੈਲ ਸਿੰਘ, ਭਜਨ ਸਿੰਘ ਗਿੱਲ, ਸੁਰਿੰਦਰ ਰਾਮ ਕੁੱਸਾ, ਲੈਕਚਰਾਰ ਸੁਖਮੰਦਰ ਸਿੰਘ, ਸੁਖਵਿੰਦਰ ਸਿੰਘ ਸੈਣੀ, ਪ੍ਰੇਮ ਚੰਦ ਪੰਜੋਲਾ, ਨਾਹਰ ਸਿੰਘ ਸ਼ਾਮਲ ਹੋਏ। ਜਾਇੰਟ ਫਰੰਟ ਦੇ ਆਗੂਆਂ ਨੇ ਡਾਇਰੈਕਟਰ ਦੇ ਧਿਆਨ 'ਚ ਲਿਆਂਦਾ ਕਿ ਪੰਜਾਬ ਦੇ ਬਹੁਤ ਸਾਰੇ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਅਜੇ ਤੱਕ ਨਹੀਂ ਪਾਈਆਂ, ਖਾਸ ਕਰਕੇ ਪੰਜਾਬ ਨੈਸ਼ਨਲ ਬੈਂਕ ਦੇ ਪੈਨਸ਼ਨਰਾਂ ਦੀਆਂ, ਜਦੋਂਕਿ ਪੈਨਸ਼ਨਰਾਂ ਨੇ ਵਾਰ ਵਾਰ ਆਪਣੇ ਲਾਈਵ ਸਾਰਟੀਫਿਕੇਟ ਆਨਲਾਈਨ ਕਰਵਾ ਦਿੱਤੇ ਹਨ।ਡਾਇਰੈਕਟਰ ਨੇ ਵਿਸ਼ਵਾਸ ਦਿਵਾਇਆ ਕਿ ਜਿਨ੍ਹਾਂ ਦੇ ਲਾਈਵ ਸਾਰਟੀਫਿਕੇਟ ਡਿਜੀਟਲ ਹੋ ਗਏ ਹਨ, ਉਨ੍ਹਾਂ ਦੀਆਂ ਪੈਨਸ਼ਨਾਂ ਜਲਦੀ ਪਾ ਦਿੱਤੀਆਂ ਜਾਣਗੀਆਂ।ਜੁਆਇੰਟ ਫਰੰਟ ਦੇ ਆਗੂਆਂ ਨੇ ਪੈਨਸ਼ਨ ਸੇਵਾ ਪੋਰਟਲ ਨੂੰ ਰੱਦ ਕਰਨ ਦੀ ਮੰਗ ਕੀਤੀ ਜਾਂ ਫਿਰ ਇਸ ਨੂੰ ਆਪਸ਼ਨਲ ਕਰਨ ਦੀ ਮੰਗ ਕੀਤੀ ਤਾਂ ਕਿ ਪੈਨਸ਼ਨਾਂ ਲਗਾਤਾਰ ਹਰ ਮਹੀਨੇ ਦੇ ਅਖੀਰ ਵਿੱਚ ਬੈਂਕ ਖਾਤਿਆਂ ਵਿੱਚ ਪੈ ਜਾਣ।ਡਾਇਰੈਕਟਰ ਨੇ ਕਿਹਾ ਕਿ ਡੀ ਐੱਲ ਸੀ ਦਾ ਪੈਨਸ਼ਨ ਪੋਰਟਲ ਨਾਲ ਕੋਈ ਸਬੰਧ ਨਹੀਂ ਡੀ ਐੱਲ ਸੀ ਦਾ ਸਬੰਧ ਕੇਂਦਰ ਨਾਲ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਦੀਆਂ ਪੈਨਸ਼ਨਾਂ ਅਜੇ ਤੱਕ ਨਹੀਂ ਪਈਆਂ, ਉਹ ਜ਼ਿਲ੍ਹਾ ਵਾਈਜ਼ ਲਿਸਟਾਂ ਬਣਾ ਕੇ ਡਾਇਰੈਕਟਰ ਦੇ ਦਫ਼ਤਰ ਪਹੁੰਚਦੀਆਂ ਕੀਤੀਆਂ ਜਾਣ ।ਆਗੂਆਂ ਨੇ ਮੰਗ ਕੀਤੀ ਐਲ. ਟੀ ਸੀ ਸਮੇਂ ਸਿਰ ਪਵੇ ਇਸ ਨੂੰ ਪੈਨਸ਼ਨ ਸੇਵਾ ਪੋਰਟਲ 'ਤੇ ਅੱਪਲੋਡ ਕਰਨ ਲਈ ਬੈਂਕਾਂ ਦੀ ਡਿਊਟੀ ਲਗਾਈ ਜਾਵੇ ਤੇ ਇਸ ਨੂੰ ਆਟੋਮੈਟਿਕ ਹਰ ਦੋ ਸਾਲ ਬਾਅਦ ਪਾਉਣ ਲਈ ਸਮਰੱਥ ਬਣਾਇਆ ਜਾਵੇ।



# ਨਜਾਇਜ਼ ਕਬਜ਼ਾ ਰੁਕਵਾਉਣ ਲਈ ਪੰਚਾਇਤ ਨੂੰ ਲਗਾਉਣੇ ਪੈ ਰਹੇ ਦਫ਼ਤਰਾਂ ਦੇ ਚੱਕਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਨੇੜਲੇ ਪਿੰਡ ਲੱਖੋਵਾਲ ਕਲਾਂ ਵਿਖੇ ਪੰਚਾਇਤੀ ਜ਼ਮੀਨ 'ਤੇ ਨਜਾਇਜ਼ ਕਬਜ਼ਾ ਹੋਣਾ ਲਗਾਤਾਰ ਜਾਰੀ ਹੈ ਅਤੇ ਸਰਪੰਚ ਤੇ ਪੰਚਾਇਤ ਮੈਂਬਰ ਇਸ ਨੂੰ ਰੋਕਣ ਲਈ ਦਫ਼ਤਰਾਂ ਦੇ ਚੱਕਰ ਲਗਾ ਰਹੇ ਹਨ, ਜਿਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪਿੰਡ ਦੀ ਸਰਪੰਚ ਪ੍ਰੀਤ ਕੌਰ, ਮੋਹਣ ਸਿੰਘ, ਗੁਰਮੀਤ ਸਿੰਘ, ਗੁਰਦੀਪ ਸਿੰਘ (ਸਾਰੇ ਪੰਚ) ਨੇ ਦੱਸਿਆ ਕਿ ਪਿੰਡ ਦੇ ਇੱਕ ਵਿਅਕਤੀ ਵੱਲੋਂ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਕੇ ਜਾਲ਼ੀ ਵਾਲੀ ਚਾਰਦੀਵਾਰੀ ਕਰ ਗੇਟ ਲਗਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਜ਼ਮੀਨ ਸਬੰਧੀ ਪਹਿਲਾਂ ਅਦਾਲਤ ਵਿਚ ਕੇਸ ਚੱਲਦਾ ਸੀ, ਜੋ ਕਿ ਗ੍ਰਾਮ ਪੰਚਾਇਤ ਲੱਖੋਵਾਲ ਕਲਾਂ ਦੇ ਹੱਕ ਵਿੱਚ ਹੋ ਚੁੱਕਾ ਹੈ। ਪੰਚਾਇਤ ਨੇ ਦੱਸਿਆ ਕਿ ਉਕਤ ਵਿਅਕਤੀ ਨੂੰ ਨਾਜਾਇਜ਼ ਕਬਜ਼ਾ ਕਰਨ ਤੋਂ ਰੋਕਿਆ, ਪਰ ਉਸ ਨੇ ਰੋਕਣ ਦੇ ਬਾਵਜੂਦ ਨਜਾਇਜ਼ ਕਬਜ਼ਾ ਕਰਕੇ ਗੇਟ ਲਗਾ ਦਿੱਤਾ। ਇੱਥੋਂ ਤੱਕ ਕਬਜ਼ੇ ਵਾਲੀ ਪੰਚਾਇਤੀ ਜ਼ਮੀਨ ਵਿੱਚ ਪਾਣੀ ਦਾ ਬੋਰ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ, ਜਿਸ ਨੂੰ ਵੀ ਪੰਚਾਇਤ ਵੱਲੋਂ ਰੋਕਿਆ ਗਿਆ, ਪਰ ਉਹ ਲਗਾਤਾਰ ਕੰਮ ਕਰਦਾ ਰਿਹਾ। ਪੰਚਾਇਤ ਨੇ ਦੱਸਿਆ ਕਿ ਇਸ ਸਬੰਧੀ ਉਨ੍ਹਾਂ ਵੱਲੋਂ ਪੰਚਾਇਤ ਵਿਭਾਗ ਦੇ ਦਫ਼ਤਰ ਵਿਖੇ ਜਾ ਕੇ ਵੀ ਲਿਖਤੀ ਰੂਪ ਵਿੱਚ ਸ਼ਿਕਾਇਤ ਦਿੱਤੀ ਕਿ ਪਿੰਡ ਦੀ ਪੰਚਾਇਤੀ ਜ਼ਮੀਨ 'ਤੇ ਲਗਾਤਾਰ ਨਜਾਇਜ਼ ਕਬਜ਼ਾ ਕੀਤਾ ਜਾ ਰਿਹਾ ਹੈ, ਪਰ ਇਸ ਦੇ ਬਾਵਜੂਦ ਕੋਈ ਕਾਰਵਾਈ ਨਾ ਹੋਈ। ਉਨ੍ਹਾਂ ਵੱਲੋਂ ਪੁਲਸ ਨੂੰ ਵੀ ਸੂਚਿਤ ਕੀਤਾ ਗਿਆ ਤੇ ਪੁਲਸ ਕਰਮਚਾਰੀ ਆ ਕੇ ਕੰਮ ਰੁਕਵਾ ਗਏ, ਪਰ ਜਦੋਂ ਪੁਲਸ ਕਰਮਚਾਰੀ ਚਲੇ ਗਏ ਤਾਂ ਨਜਾਇਜ਼ ਕਾਬਜ਼ਕਾਰ ਨੇ ਫਿਰ ਕੰਮ ਲਗਾਤਾਰ ਜਾਰੀ ਰੱਖਿਆ ਤੇ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰ ਲਿਆ। ਸਰਪੰਚ ਤੇ ਪੰਚਾਇਤ ਨੇ ਦੱਸਿਆ ਕਿ ਉਨ੍ਹਾਂ ਨੇ ਨਜਾਇਜ਼ ਕਬਜ਼ਾ ਰੋਕਣ ਲਈ ਐੱਸ.ਡੀ.ਐੱਮ. ਸਮਰਾਲਾ ਤੇ ਸਬੰਧਤ ਦਫ਼ਤਰਾਂ ਨੂੰ ਵੀ ਲਿਖਤੀ ਸ਼ਿਕਾਇਤਾਂ ਭੇਜੀਆਂ, ਪਰ ਇਸ ਉੱਪਰ ਕੋਈ ਵੀ ਠੋਸ ਕਾਰਵਾਈ ਅਮਲ ਵਿਚ ਨਾ ਲਿਆਂਦੀ ਗਈ। ਸਰਪੰਚ ਪ੍ਰੀਤ ਕੌਰ ਨੇ ਦੱਸਿਆ ਕਿ ਪੰਚਾਇਤੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਰੋਕਣ ਲਈ ਉਨ੍ਹਾਂ ਵੱਲੋਂ ਪੂਰੀ ਵਾਹ ਲਗਾਈ ਗਈ, ਪਰ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਇਹ ਨਜਾਇਜ਼ ਕਬਜ਼ਾ ਹੋ ਗਿਆ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਪੰਚਾਇਤ ਮਾਛੀਵਾੜਾ ਥਾਣਾ ਵਿਖੇ ਪੁਲਸ ਅਧਿਕਾਰੀਆਂ ਨੂੰ ਮਿਲੀ, ਜਿਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਮੌਕਾ ਦੇਖ ਕੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਣਗੇ।



**● ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਹੋਇਆ ਨਾਜਾਇਜ਼ ਕਬਜ਼ਾ : ਸਰਪੰਚ**

## ਕੁੱਲ ਹਿੰਦ ਕਿਸਾਨ ਸਭਾ ਨੇ ਭਾਜਪਾ ਤੇ ਗਵਰਨਰ ਦਾ ਫੂਕਿਆ ਪੁਤਲਾ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਕੀਤੇ ਗਏ ਐਕਸ਼ਨ ਦੌਰਾਨ ਗਵਰਨਰ ਦੀ ਰਹਾਇਸ਼ ਵੱਲ ਕੀਤੇ ਮਾਰਚ ਉੱਪਰ ਅੰਨ੍ਹੇਵਾਹ ਤਸ਼ੱਦਦ ਤੇ ਗ੍ਰਿਫਤਾਰੀਆਂ ਦੇ ਵਿਰੋਧ ਵਿੱਚ ਨਿਹਾਲ ਸਿੰਘ ਵਾਲਾ ਵਿੱਚ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਬੀਜੇਪੀ ਤੇ ਗਵਰਨਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਨੇ ਬੋਲਦਿਆਂ ਕਿਹਾ ਕਿ ਚੰਡੀਗੜ੍ਹ ਵਿਖੇ ਕਿਸਾਨਾਂ ਵੱਲੋਂ ਸ਼ਾਂਤਮਈ ਪ੍ਰਦਰਸ਼ਨ ਦੌਰਾਨ ਗਵਰਨਰ ਦਾ ਰਵੱਈਆ ਅਣਮਨੁੱਖੀ ਰਿਹਾ।ਪਾਣੀ ਦੀਆਂ ਵਛਾੜਾਂ, ਅੱਥਰੂ ਗੈਸ ਦੇ ਗੋਲੇ ਦਾਗਣਾ ਤੇ ਲਾਠੀਚਾਰਜ ਕਰਨਾ ਕੋਈ ਬਹਾਦਰੀ ਨਹੀਂ।ਪ੍ਰਦਰਸ਼ਨ ਕਰਦੇ ਕਿਸਾਨਾਂ ਦੀ ਗ੍ਰਿਫਤਾਰੀ ਦੀ ਕਾਰਵਾਈ ਦੀ ਕੁੱਲ ਹਿੰਦ ਕਿਸਾਨ ਸਭਾ ਨਾਖੇਧੀ ਕਰਦੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਨੂੰ ਇਹ ਧਿਆਨ ਵਿੱਚ ਰੱਖਣਾ ਚਾਹੀਦਾ ਹੈ ਕਿ ਪੰਜਾਬ ਵੀ ਇੱਕ ਸੂਬਾ ਹੈ, ਇਸ ਦੇ ਸਾਧਨਾਂ ਤੇ ਪੰਜਾਬ ਦਾ ਪਹਿਲਾ ਹੱਕ ਹੈ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਨੂੰ ਉਸ ਦੇ ਬਣਦੇ ਹੱਕ ਨਾ ਦਿੱਤੇ ਗਏ ਤਾਂ ਸੰਯੁਕਤ ਕਿਸਾਨ ਮੋਰਚਾ ਹੋਰ ਵੀ ਸੰਘਰਸ਼ ਤੇਜ਼ ਕਰੇਗਾ।ਇਸ ਮੌਕੇ ਸੁਖਦੇਵ ਭੋਲਾ, ਗੁਰਦਿੱਤ ਦੀਨਾ, ਸਿਕੰਦਰ ਮਧੇਕੇ, ਜਗਸੀਰ ਧੂੜਕੋਟ, ਫ਼ਕੀਰ ਮੁਹੰਮਦ, ਰਾਜਾ ਘੋਲੀਆ, ਰਾਮ ਨਿਹਾਲ ਸਿੰਘ ਵਾਲਾ, ਹਰਬੰਸ ਸਿੰਘ ਆਦਿ ਆਗੂ ਸ਼ਾਮਲ ਹੋਏ।



## ਵਿਧਾਇਕ ਪੰਡੋਰੀ ਨੇ 33 ਪਿੰਡਾਂ ਨੂੰ 2.04 ਕਰੋੜ ਦੀ ਗ੍ਰਾਂਟ ਵੰਡੀ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੱਲੋਂ 'ਰੰਗਲਾ ਪੰਜਾਬ' ਸਕੀਮ ਤਹਿਤ ਹਲਕੇ ਦੇ 33 ਪਿੰਡਾਂ ਦੀਆਂ ਪੰਚਾਇਤਾਂ ਨੂੰ ਕੁੱਲ 2 ਕਰੋੜ 4 ਲੱਖ ਰੁਪਏ ਦੀ ਗ੍ਰਾਂਟ ਦੇ ਸ਼ੈਕਸ਼ਨ ਲੈਟਰ ਵੰਡੇ ਗਏ।ਵਿਧਾਇਕ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾ ਰਹੀ ਹੈ ਤੇ ਕੋਈ ਵੀ ਪਿੰਡ ਸਰਕਾਰੀ ਗ੍ਰਾਂਟ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਚਾਇਤਾਂ ਵੱਲੋਂ ਪਿੰਡਾਂ ਦੇ ਅਧੂਰੇ ਵਿਕਾਸ ਕਾਰਜ ਮੁਕੰਮਲ ਕਰਾਉਣ ਲਈ ਇਹ ਗਰਾਂਟ ਮਹੱਤਵਪੂਰਨ ਸਾਬਤ ਹੋਵੇਗੀ।ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਲਿੰਕ ਸੜਕਾਂ ਦੀ ਮਰੰਮਤ, ਕੱਚੇ ਰਸਤੇ ਪੱਕੇ ਕਰਨ, ਨਵੀਆਂ ਸੜਕਾਂ ਬਣਾਉਣ ਅਤੇ 18 ਫੁੱਟ ਚੌੜੀਆਂ ਸੜਕਾਂ ਤਿਆਰ ਕਰਨ ਦੇ ਕੰਮ ਤੇਜ਼ੀ ਨਾਲ ਜਾਰੀ ਹਨ, ਤਾਂ ਜੋ ਹਲਕੇ ਨੂੰ ਇੱਕ ਨਮੂਨੇ ਦੇ ਹਲਕੇ ਵਜੋਂ ਵਿਕਸਤ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਆਪਣੇ ਕਾਰਜਕਾਲ ਵਿੱਚ ਉਹ ਕੰਮ ਕੀਤੇ ਹਨ, ਜੋ ਪਹਿਲਾਂ ਨਹੀਂ ਹੋ ਸਕੇ।



# ਮੁਫ਼ਤ ਫਾਈਬ੍ਰੋ ਸਕੈਨ ਜਾਂਚ ਕੈਂਪ 22 ਨੂੰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈੱਲਥਕੇਅਰ ਸਰਵਿਸਜ਼ ਤੇ ਐਂਟੀ ਕ੍ਰਾਈਮ ਐਂਡ ਐਂਟੀ ਨਾਰਕੋਟਿਕਸ (ਇੰਡੀਆ) ਵਿੰਗ ਦੇ ਸਹਿਯੋਗ ਨਾਲ 22 ਮਈ ਨੂੰ ਮੁਫ਼ਤ ਫਾਈਬ੍ਰੋ ਸਕੈਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਮੋਗਾ ਰੋਡ ਸਥਿਤ ਹਸਪਤਾਲ ਪ੍ਰਾਂਗਣ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲੱਗੇਗਾ। ਕੈਂਪ ਦੌਰਾਨ ਗੈਸਟਰੋਐਂਟਰੋਲੋਜੀ ਤੇ ਹੈਪੇਟੋਲੋਜੀ ਵਿਭਾਗ ਦੇ ਸੀਨੀਅਰ ਮਾਹਿਰ ਡਾ. ਨਦੀਮ ਅਹਿਮਦ ਮਰੀਜ਼ਾਂ ਦੀ ਜਾਂਚ ਕਰਨਗੇ। ਉਹ ਲਿਵਰ ਤੇ ਪੇਟ ਨਾਲ ਸੰਬੰਧਤ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਮਾਹਰ ਸਲਾਹ ਤੇ ਜ਼ਰੂਰੀ ਸਿਹਤ ਸਬੰਧੀ ਜਾਣਕਾਰੀ ਵੀ ਦੇਣਗੇ। ਹਸਪਤਾਲ ਪ੍ਰਬੰਧਕਾਂ ਅਨੁਸਾਰ ਆਮ ਤੌਰ 'ਤੇ ਕਰੀਬ 4000 ਰੁਪਏ ਦੀ ਲਾਗਤ ਵਾਲਾ ਫਾਈਬ੍ਰੋ ਸਕੈਨ ਟੈਸਟ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾਵੇਗਾ। ਜਾਂਚ ਅਧੁਨਿਕ ਏਆਈ ਅਧਾਰਤ ਈਕੋਸੈਂਸ ਮਿਨੀ ਪਲੱਸ 430 ਮਸ਼ੀਨ ਰਾਹੀਂ ਕੀਤੀ ਜਾਵੇਗੀ, ਜੋ ਬਿਨਾਂ ਕਿਸੇ ਚੀਰ-ਫਾੜ ਦੇ ਫੈਟੀ ਲੀਵਰ ਤੇ ਲੀਵਰ ਦੀ ਕਠੋਰਤਾ ਵਰਗੀਆਂ ਸਮੱਸਿਆਵਾਂ ਦਾ ਸ਼ੁਰੂਆਤੀ ਪੱਧਰ 'ਤੇ ਸਹੀ ਪਤਾ ਲਗਾਉਣ ਦੇ ਸਮਰੱਥ ਹੈ। ਕੈਂਪ ਦਾ ਉਦਘਾਟਨ ਫੈਸਿਲਿਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਤੇ ਐਂਟੀ ਕਰਾਈਮ ਐਂਡ ਐਂਟੀ ਨਾਰਕੋਟਿਕਸ (ਇੰਡੀਆ) ਵਿੰਗ ਦੇ ਚੇਅਰਮੈਨ ਸੰਦੀਪ ਗੁਲਾਟੀ ਵੱਲੋਂ ਸਾਂਝੇ ਤੌਰ 'ਤੇ ਕੀਤਾ ਜਾਵੇਗਾ।

# ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ।ਲੋਕ ਮਿਲਣੀ ਦੌਰਾਨ ਸ੍ਰ. ਬਰਸਟ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਤੇ ਪਾਰਟੀ ਵਲੰਟੀਅਰਾਂ ਨਾਲ ਮੁਲਾਕਾਤ ਕੀਤੀ ਗਈ।ਇਸ ਮੌਕੇ ਲੋਕਾਂ ਵੱਲੋਂ ਸ੍ਰ. ਬਰਸਟ ਨੂੰ ਆਪਣੀਆਂ ਸਮੱਸਿਆਵਾਂ ਤੇ ਮੁੱਦਿਆਂ ਤੋਂ ਜਾਣੂ ਕਰਵਾਇਆ ਗਿਆ, ਜਿਸ ਨੂੰ ਸ੍ਰ. ਬਰਸਟ ਵੱਲੋਂ ਬੜੇ ਹੀ ਧਿਆਨ ਨਾਲ ਸੁਣਿਆ ਗਿਆ ਤੇ ਮੌਕੇ 'ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ। ਇਸ ਦੌਰਾਨ ਹਾਜ਼ਰ ਲੋਕਾਂ ਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ੍ਰ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਮੁੱਖ ਮਨੋਰਥ ਆਮ ਲੋਕਾਂ ਨੂੰ ਖੱਜਲ-ਖੁਆਰੀ ਤੋਂ ਮੁਕਤ ਕਰਨਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਹੈ, ਜਿਸ ਦੇ ਲਈ ਸਰਕਾਰ ਖੁਦ ਲੋਕਾਂ ਤੱਕ ਪਹੁੰਚ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦਾ ਚਹੁੰਪਖੀ ਵਿਕਾਸ ਕੀਤਾ ਜਾ ਰਿਹਾ ਹੈ।ਆਪ ਵੱਲੋਂ ਚਾਰ ਸਾਲਾਂ ਦੌਰਾਨ ਸਾਰਿਆਂ ਗਰੰਟੀਆਂ ਪੂਰੀਆਂ ਕੀਤੀ ਗਈਆਂ ਹਨ। ਸਿਹਤ, ਸਿੱਖਿਆ, ਰੁਜ਼ਗਾਰ, ਕਿਸਾਨੀ ਸਮੇਤ ਹਰ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ। ਇਸ ਮੌਕੇ ਦਰਬਾਰਾ ਸਿੰਘ ਤੁੱਲੇਵਾਲ ਬਲਾਕ ਸੰਮਤੀ ਮੈਂਬਰ, ਸੋਮ ਚੰਦ ਸੋਮੀ ਸਰਪੰਚ ਤਰਖਾਣ ਮਾਜਰਾ, ਮਲਕੀਤ ਸਿੰਘ ਸ਼ੇਰਮਾਜਰਾ ਸਰਪੰਚ, ਸ਼ਾਮ ਲਾਲ ਦੱਤ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲਲੋਛੀ, ਕੁਲਦੀਪ ਸਿੰਘ ਫਤਿਹਗੜ੍ਹ ਛੰਨਾ, ਪਰਮਜੀਤ ਸਿੰਘ ਜੇਪੀ, ਸੁਖਦੇਵ ਸਿੰਘ ਰਾਜਲਾ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।



# ਸ਼ਹੀਦ ਊਧਮ ਸਿੰਘ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ

**ਗੁਰੂ ਹਰਸਹਾਏ (ਸੀਕਰੀ)**- ਇਲਾਕੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਸ਼ਹੀਦ ਊਧਮ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਗੋਲੂ ਕਾ ਮੋੜ ਦੇ ਵਿਦਿਆਰਥੀਆਂ ਸ਼ਾਨਦਾਰ ਨੰਬਰ ਲੈ ਕੇ ਦਸਵੀਂ ਜਮਾਤ ਦੀ ਪ੍ਰੀਖਿਆ ਪਾਸ ਕੀਤੀ।ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਏ ਨਤੀਜੇ ਵਿੱਚ ਸਾਰੇ ਪ੍ਰੀਖਿਆਰਥੀ ਪਾਸ ਹੋਏ।ਸਾਇੰਸ ਗਰੁੱਪ ਵਿੱਚ ਵਿਦਿਆਰਥਣ ਬਾਣੀ ਨੇ 459 ਅੰਕ ਲੈ ਕੇ ਪਹਿਲਾ, ਸ੍ਰਿਸ਼ਟੀ ਨੇ 455 ਅੰਕ ਲੈ ਕੇ ਦੂਜਾ ਤੇ ਪ੍ਰਿਅਲ ਨੇ 452 ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਮਾਨਿਕ ਨੇ 91 ਫੀਸਦੀ, ਜਿਯਾ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਚਮਕਾਇਆ।ਰੁਚਿਤ ਬਾਗਲਾ ਨੇ 88 ਪ੍ਰਤੀਸ਼ਤ, ਹਰਗੁਨ ਨੇ 89 ਪ੍ਰਤੀਸ਼ਤ, ਆਈਨਾ ਨੇ 88 ਪ੍ਰਤੀਸ਼ਤ, ਅਰਸ਼ਦੀਪ ਨੇ 87 ਪ੍ਰਤੀਸ਼ਤ, ਸ਼ਬਦ ਗੱਖੜ ਨੇ 85 ਪ੍ਰਤੀਸ਼ਤ, ਪਰਮਵੀਰ ਪੁੱਗਲ ਨੇ 83 ਪ੍ਰਤੀਸ਼ਤ, ਗੇਵਿਸ਼ ਨੇ 84 ਪ੍ਰਤੀਸ਼ਤ, ਕਾਵਿਸ਼ ਨੇ 84 ਫੀਸਦੀ, ਕਵਿਸ਼ ਕੰਬੋਜ ਨੇ 83 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ।ਸਕੂਲ ਪ੍ਰਿੰਸੀਪਲ ਮੈਡਮ ਨੀਲਮ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਬੱਚਿਆਂ ਤੇ ਸਕੂਲ ਸਟਾਫ ਨੂੰ ਮੁਬਾਰਕਬਾਦ ਦਿੱਤੀ।ਸਕੂਲ ਮੈਨੇਜਰ ਬਲਦੇਵ ਰਾਜ ਬਿੰਦ ਨੇ ਕਿਹਾ ਕਿ ਇਕੱਲੇ ਵਿੱਦਿਅਕ ਖੇਤਰ ਹੀ ਨਹੀਂ ਬਲਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਵਧੇਰੇ ਧਿਆਨ ਦਿੱਤਾ ਜਾਂਦਾ ਹੈ।ਇਸ ਮੌਕੇ ਨੰਬਰਦਾਰ ਜਗਦੀਸ਼ ਬਿੰਦ ਦਾ ਕਹਿਣਾ ਹੈ ਕਿ ਸਰਹੱਦੀ ਖੇਤਰ ਦੇ ਚਾਨਣ ਮੁਨਾਰੇ ਸ਼ਹੀਦ ਊਧਮ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ ਜੱਜ, ਡਾਕਟਰ, ਤਹਿਸੀਲਦਾਰ, ਵੱਡੇ ਪੁਲਸ ਅਧਿਕਾਰੀ ਪੈਦਾ ਕੀਤੇ ਹਨ। ਇਸ ਸਕੂਲ ਦੇ ਪੜ੍ਹੇ ਬੱਚੇ ਵਿਦੇਸ਼ਾਂ ਵਿੱਚ ਨਰਸਿੰਗ ਖੇਤਰ ਵਿੱਚ ਵੱਡੀ ਸੇਵਾ ਦੇ ਰਹੇ ਹਨ।







## ਅਕਾਲੀ ਤੇ ਭਾਜਪਾਈ ਆਪਣੀ ਹਾਰ ਨੂੰ ਵੇਖਦਿਆਂ ਬੁਖਲਾਏ : ਸੁਖਵੀਰ ਸਿੰਘ

**ਧੂਰੀ, (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿਨੀ ਗਰਗ)** ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਿਰੋਧੀ ਧਿਰਾਂ 'ਤੇ ਤਿੱਖਾ ਸਿਆਸੀ ਹਮਲਾ ਬੋਲਦਿਆਂ ਭਾਜਪਾ ਤੇ ਕਾਂਗਰਸ ਦੇ ਆਗੂਆਂ ਵੱਲੋਂ ਲਾਏ ਜਾ ਰਹੇ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ।ਉਨ੍ਹਾਂ ਆਖਿਆ ਕਿ ਚੋਣ ਮੈਦਾਨ ਵਿੱਚ ਆਪਣੀ ਨਿਸ਼ਚਿਤ ਹਾਰ ਨੂੰ ਅੱਖਾਂ ਸਾਹਮਣੇ ਵੇਖ ਕੇ ਵਿਰੋਧੀ ਖੇਮੇ ਵਿੱਚ ਪੂਰੀ ਤਰ੍ਹਾਂ ਬੌਖਲਾਹਟ ਤੇ ਹੜਕੰਪ ਮੱਚਿਆ ਹੋਇਆ ਹੈ, ਜਿਸ ਕਾਰਨ ਉਹ ਆਪਣਾ ਮਾਨਸਿਕ ਸੰਤੁਲਨ ਗੁਆ ਰਹੇ ਹਨ। ਸੁਖਵੀਰ ਸਿੰਘ ਨੇ ਹਲਕੇ ਦੀ ਸਿਆਸੀ ਹਕੀਕਤ ਬਿਆਨ ਕਰਦਿਆਂ ਕਿਹਾ ਕਿ ਸਥਿਤੀ ਇਹ ਬਣ ਚੁੱਕੀ ਹੈ ਕਿ ਭਾਜਪਾ ਤੇ ਕਾਂਗਰਸ ਨੂੰ ਧੂਰੀ ਦੇ 21 ਵਾਰਡਾਂ ਵਿੱਚ ਖੜ੍ਹੇ ਕਰਨ ਲਈ ਪੂਰੇ ਉਮੀਦਵਾਰ ਤੱਕ ਨਸੀਬ ਨਹੀਂ ਹੋਏ। ਜਿਹੜੀਆਂ ਪਾਰਟੀਆਂ ਕੋਲ ਚੋਣ ਮੈਦਾਨ ਵਿੱਚ ਉਤਾਰਨ ਲਈ ਚਿਹਰੇ ਹੀ ਨਾ ਹੋਣ, ਉਨ੍ਹਾਂ ਦੀ ਸ਼ਰਮਨਾਕ ਹਾਰ ਬਿਲਕੁਲ ਪ੍ਰਤੱਖ ਹੈ।ਇਸੇ ਨਾਮੋਸ਼ੀ ਅਤੇ ਸਿਆਸੀ ਦਿਵਾਲੀਏਪਨ ਨੂੰ ਛੁਪਾਉਣ ਲਈ ਭਾਜਪਾ ਆਗੂ ਝੂਠੇ ਤੇ ਬੇਬੁਨਿਆਦ ਦੋਸ਼ ਲਾ ਕੇ ਜਨਤਾ ਨੂੰ ਗੁਮਰਾਹ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਆਮ ਆਦਮੀ ਪਾਰਟੀ ਰਵਾਇਤੀ ਪਾਰਟੀਆਂ ਵਾਂਗ ਧਰਮ, ਜਾਤ ਜਾਂ ਧੜੇਬੰਦੀ ਦੀ ਨਕਾਰਾਤਮਕ ਸਿਆਸਤ ਨਹੀਂ ਕਰਦੀ, ਬਲਕਿ ਆਪਣੇ ਕੀਤੇ ਇਤਿਹਾਸਕ ਤੇ ਰਿਕਾਰਡਤੋੜ ਵਿਕਾਸ ਕਾਰਜਾਂ ਦੇ ਦਮ 'ਤੇ ਜਨਤਾ ਦੀ ਕਚਿਹਰੀ ਵਿੱਚ ਜਾ ਰਹੀ ਹੈ।ਪੰਜਾਬ ਦੀ ਮੌਜੂਦਾ ਸਰਕਾਰ ਨੇ ਜਨਤਾ ਨਾਲ ਕੀਤੇ ਹਰ ਇੱਕ ਵਾਅਦੇ ਨੂੰ ਹਕੀਕਤ ਦਾ ਰੂਪ ਦਿੱਤਾ ਹੈ, ਜਿਸ ਕਾਰਨ ਲੋਕ ਖ਼ੁਸ਼ਹਾਲੀ ਮਹਿਸੂਸ ਕਰ ਰਹੇ ਹਨ। ਸੁਖਵੀਰ ਸਿੰਘ ਨੇ ਸਰਕਾਰ ਦੀਆਂ ਪ੍ਰਮੁੱਖ ਪ੍ਰਾਪਤੀਆਂ ਦਾ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ 'ਆਪ' ਸਰਕਾਰ ਨੇ ਸੂਬੇ ਦੇ ਲੋਕਾਂ ਨੂੰ ਮੁਫ਼ਤ ਬਿਜਲੀ, ਵਿਸ਼ਵ-ਪੱਧਰੀ ਮੁਫ਼ਤ ਸਿਹਤ ਸੇਵਾਵਾਂ ਅਤੇ ਪਿੰਡ-ਪਿੰਡ 'ਆਮ ਆਦਮੀ ਕਲੀਨਿਕ' ਵਰਗੀਆਂ ਵੱਡੀਆਂ ਸਹੂਲਤਾਂ ਦਿੱਤੀਆਂ ਹਨ।



# ਠਾਠ ਨਾਨਕਸਰ ਵਿਖੇ ਸੰਤ ਮਹਾਂਪੁਰਖਾਂ ਦੀ ਯਾਦ 'ਚ ਸਮਾਗਮ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਨਾਨਕਸਰ ਸੰਪਰਦਾਇ ਦੇ ਤੇਰਵੇਂ ਠਾਠ ਨਾਨਕਸਰ ਠਾਠ ਮਹਿਲ ਕਲਾਂ (ਬਰਨਾਲਾ) ਵਿਖੇ ਸੱਚਖੰਡ ਵਾਸੀ ਸੰਤ ਬਾਬਾ ਹਰਨਾਮ ਸਿੰਘ, ਬਾਬਾ ਜੰਗ ਸਿੰਘ, ਬਾਬਾ ਬਿੱਕਰ ਸਿੰਘ ਤੇ ਹਜ਼ੂਰੀ ਰਾਗੀ ਭਾਈ ਹਰੀ ਸਿੰਘ ਦੀ ਯਾਦ ਨੂੰ ਸਮਰਪਤ ਸਾਲਾਨਾ ਧਾਰਮਿਕ ਸਮਾਗਮ ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ ਦੀ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੰਪਟ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ ਨੇ ਸਮੂਹ ਸੰਗਤਾਂ ਨੂੰ ਜੀ ਆਇਆਂ ਨੂੰ ਆਖਦਿਆਂ ਸੱਚਖੰਡ ਵਾਸੀ ਸੰਤ ਬਾਬਾ ਹਰਨਾਮ ਸਿੰਘ ਵੱਲੋਂ ਲੰਮਾ ਸਮਾਂ ਧਰਮ ਪ੍ਰਚਾਰ ਤੇ ਸਮਾਜ ਸੇਵਾ ਨੂੰ ਸਮਰਪਤ ਹੋ ਕੇ ਨਿਭਾਈਆਂ ਸੇਵਾਵਾਂ ਦੀ ਚਰਚਾ ਕੀਤੀ।ਉਨ੍ਹਾਂ ਵੱਖ-ਵੱਖ ਸ਼ਖ਼ਸੀਅਤਾਂ, ਮਹਾਂਪੁਰਖਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਕੱਟੂ, ਬਾਬਾ ਬਲਦੇਵ ਸਿੰਘ ਜੋਧੇਵਾਲ, ਬਾਬਾ ਇਕਬਾਲ ਸਿੰਘ ਝੋਰੜਾਂ, ਬਾਬਾ ਸਤਵੀਰ ਸਿੰਘ ਗੁਰਦੁਆਰਾ ਸ਼ਹੀਦਾਂ ਅਮਲਾ ਸਿੰਘ ਵਾਲਾ, ਭਾਈ ਜਸਵੀਰ ਸਿੰਘ ਧਨੇਰ, ਮਹੰਤ ਗੁਰਪ੍ਰੀਤ ਸਿੰਘ, ਬਾਬਾ ਗੁਰਦੀਪ ਸਿੰਘ ਨਾਨਕਸਰ, ਭਾਈ ਅੰਮ੍ਰਿਤਪਾਲ ਸਿੰਘ, ਗਿਆਨੀ ਕੁਲਵੰਤ ਸਿੰਘ ਪ੍ਰਚਾਰ ਸਕੱਤਰ ਦਮਦਮਾ ਸਾਹਿਬ, ਰਾਗੀ ਮਲਕੀਤ ਸਿੰਘ, ਗੁਰਦੀਪ ਸਿੰਘ, ਹਜ਼ੂਰੀ ਰਾਗੀ ਭਾਈ ਰਾਜਵਿੰਦਰ ਸਿੰਘ ਨਾਨਕਸਰ ਨੇ ਕਥਾ ਕੀਰਤਨ ਦੁਆਰਾ ਸੰਤ ਮਹਾਂਪੁਰਖਾਂ ਦੇ ਦਰਸਾਏ ਮਾਰਗ ਉੱਪਰ ਚੱਲਣ ਦੀ ਅਪੀਲ ਕੀਤੀ।

ਇਸ ਮੌਕੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਦੀਪ ਕੌਰ ਖੜਕੇ ਕੇ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਪ੍ਰਧਾਨ ਬਾਬਾ ਸ਼ੇਰ ਸਿੰਘ, ਕਰਨੈਲ ਸਿੰਘ ਜੱਗੀ, ਰਤਨ ਸਿੰਘ ਸੋਨੀਪਤ, ਭਾਈ ਹਰਬੰਸ ਸਿੰਘ ਮਹਿਲਵੀ, ਭਾਈ ਬੱਗਾ ਸਿੰਘ ਸਹੌਰ, ਅਰਸ਼ਪ੍ਰੀਤ ਸਿੰਘ ਆਦਿ ਹਾਜ਼ਰ ਸਨ।



# ਪੰਜਾਬ ਪਬਲਿਕ ਸਕੂਲ ਦਾ ਆਈਪੀਐੱਸਸੀ ਹਾਕੀ ਚੈਂਪੀਅਨਸ਼ਿਪ 'ਤੇ ਕਬਜ਼ਾ

**ਨਾਭਾ (ਵਰਿੰਦਰ ਵਰਮਾ)**- ਪੰਜਾਬ ਪਬਲਿਕ ਸਕੂਲ ਨਾਭਾ ਨੇ ਆਲ ਇੰਡੀਆ ਆਈਪੀਐੱਸਸੀ ਹਾਕੀ ਲੜਕੇ (ਅੰਡਰ-14) ਚੈਂਪੀਅਨਸ਼ਿਪ-2026 ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ, ਜਿਸ ਵਿੱਚ ਦੇਸ਼ ਭਰ ਦੇ ਅੱਠ ਪ੍ਰਮੁੱਖ ਪਬਲਿਕ ਸਕੂਲ ਸ਼ਾਮਲ ਸਨ।ਇਸ ਸਮਾਗਮ ਦਾ ਉਦਘਾਟਨ ਹੈੱਡਮਾਸਟਰ ਡਾ. ਡੀ ਸੀ ਸ਼ਰਮਾ ਨੇ ਕੀਤਾ, ਜਿਨ੍ਹਾਂ ਨੇ ਟੀਮਾਂ ਨੂੰ ਖੇਡ ਦੀ ਅਸਲ ਭਾਵਨਾ ਨਾਲ ਮੁਕਾਬਲਾ ਕਰਨ ਲਈ ਉਤਸ਼ਾਹਤ ਕੀਤਾ।

ਪਹਿਲੇ ਦੋ ਦਿਨਾਂ ਵਿੱਚ ਲੀਗ ਪੜਾਅ ਵਿੱਚ ਮੁਕਾਬਲੇ ਵਾਲੇ ਮੈਚ ਤੇ ਸ਼ਾਨਦਾਰ ਪ੍ਰਦਰਸ਼ਨ ਦੇਖਣ ਨੂੰ ਮਿਲੇ। ਪੰਜਾਬ ਪਬਲਿਕ ਸਕੂਲ ਨਾਭਾ ਨੇ ਆਪਣੇ ਪੂਲ ਵਿੱਚ ਸ਼ਾਨਦਾਰ ਜਿੱਤਾਂ ਨਾਲ ਦਬਦਬਾ ਬਣਾਇਆ ਤੇ ਸੈਮੀਫਾਈਨਲ ਵਿੱਚ ਦੂਨ ਸਕੂਲ ਦੇਹਰਾਦੂਨ ਨੇ ਹੈਦਰਾਬਾਦ ਪਬਲਿਕ ਸਕੂਲ ਬੇਗਮਪੇਟ ਨੂੰ 3-0 ਨਾਲ ਹਰਾਇਆ, ਜਦੋਂ ਕਿ ਪੀਪੀਐੱਸ ਨਾਭਾ ਨੇ ਸੈਨਿਕ ਸਕੂਲ ਚਿਤੌੜਗੜ੍ਹ ਨੂੰ ਇੱਕ ਰੋਮਾਂਚਕ ਮੁਕਾਬਲੇ ਵਿੱਚ 5-3 ਨਾਲ ਹਰਾਇਆ।ਸੈਨਿਕ ਸਕੂਲ ਚਿਤੌੜਗੜ੍ਹ ਨੇ ਹਾਰਡਲਾਈਨ ਮੈਚ ਵਿੱਚ 3-0 ਦੀ ਜਿੱਤ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਫਾਈਨਲ ਵਿੱਚ ਪੰਜਾਬ ਪਬਲਿਕ ਸਕੂਲ ਨਾਭਾ ਨੇ ਦੂਨ ਸਕੂਲ ਦੇਹਰਾਦੂਨ ਨੂੰ 4-3 ਨਾਲ ਹਰਾ ਕੇ ਚੈਂਪੀਅਨਸ਼ਿਪ ਦਾ ਖਿਤਾਬ ਜਿੱਤਿਆ। ਵਿਅਕਤੀਗਤ ਪੁਰਸਕਾਰ ਗੁਰਫਤਿਹ ਸਿੰਘ (ਸਰਬੋਤਮ ਗੋਲਕੀਪਰ), ਰੋਹੀਹਾਨ (ਸਰਬੋਤਮ ਪਡਿਫੈਂਡਰ), ਦੇਵਾਂਸ਼ ਰਾਜ (ਮੋਸਟ ਪਰੋਮੈਸਿੰਗ ਖਿਡਾਰੀ) ਤੇ ਸੁਖਮਨਵੀਰ ਸਿੰਘ (ਸਰਬੋਤਮ ਖਿਡਾਰੀ) ਨੂੰ ਦਿੱਤੇ ਗਏ।ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਸਰਪ੍ਰਸਤ ਤੇ ਮੁੱਖ ਮਹਿਮਾਨ ਸ੍ਰ. ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਪੰਜਾਬ ਨੇ ਕੀਤੀ।



# ਸੜਕ ਹਾਦਸੇ 'ਚ ਕਾਰ ਚਾਲਕ ਦੀ ਮੌਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਨੇੜਲੇ ਪਿੰਡ ਉਧੋਵਾਲ ਕਲਾਂ ਵਿਖੇ ਸੜਕ ਹਾਦਸੇ ਵਿੱਚ ਕਾਰ ਚਾਲਕ ਗੁਰਦੀਪ ਸਿੰਘ (55) ਵਾਸੀ ਕ੍ਰਿਸ਼ਨਾ ਨਗਰ ਖੰਨਾ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਗੁਰਦੀਪ ਸਿੰਘ, ਜੋ ਵਾਲ ਪੇਂਟਿੰਗ ਦਾ ਕੰਮ ਕਰਦਾ ਸੀ, ਕੰਮ ਦੇ ਪੈਸੇ ਲੈਣ ਲਈ ਆਪਣੀ ਕਾਰ ਰਾਹੀਂ ਖੰਨਾ ਤੋਂ ਨਵਾਂਸ਼ਹਿਰ ਵੱਲ ਜਾ ਰਿਹਾ ਸੀ। ਰਸਤੇ ਵਿੱਚ ਪਿੰਡ ਉਧੋਵਾਲ ਨੇੜੇ ਅਚਾਨਕ ਸਾਹਮਣੇ ਤੋਂ ਆ ਰਹੇ ਟ੍ਰੈਕਟਰ-ਟਰਾਲੀ ਨਾਲ ਉਸ ਦੀ ਸਿੱਧੀ ਟੱਕਰ ਹੋ ਗਈ। ਇਸ ਹਾਦਸੇ ਵਿੱਚ ਕਾਰ ਦੇ ਪਰਖੱਚੇ ਉੱਡ ਗਏ ਤੇ ਚਾਲਕ ਗੁਰਦੀਪ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਦੌਰਾਨ ਟ੍ਰੈਕਟਰ ਚਾਲਕ ਵੀ ਜ਼ਖ਼ਮੀ ਹੋਇਆ ਦੱਸਿਆ ਜਾ ਰਿਹਾ ਹੈ ਜੋ ਕਿ ਮੌਕੇ ਤੋਂ ਫ਼ਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਸਹਾਇਕ ਥਾਣੇਦਾਰ ਹਾਕਮ ਸਿੰਘ ਵੀ ਮੌਕੇ 'ਤੇ ਪਹੁੰਚ ਗਏ, ਜਿਨ੍ਹਾਂ ਵੱਲੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ ਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਟ੍ਰੈਕਟਰ ਚਾਲਕ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



## ਚੰਡੀਗੜ੍ਹ 'ਚ ਕਿਸਾਨਾਂ 'ਤੇ ਜਬਰ ਵਿਰੁੱਧ ਪੁਤਲੇ ਸਾੜ ਕੇ ਰੋਸ ਪ੍ਰਦਰਸ਼ਨ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਮੈਂਬਰਸ਼ਿਪ ਖਤਮ ਕਰਨ ਦੇ ਨੋਟੀਫਿਕੇਸ਼ਨ ਨੂੰ ਰੱਦ ਕਰਾਉਣ, ਪੰਜਾਬ ਯੂਨੀਵਰਸਿਟੀ ਪੰਜਾਬ ਨੂੰ ਦੇਣ ਅਤੇ ਰਿਪੇਰੀਅਨ ਕਾਨੂੰਨ ਅਨੁਸਾਰ ਪਾਣੀ ਦੀ ਵੰਡ ਆਦਿ ਮੰਗਾਂ ਨੂੰ ਲੈ ਕੇ ਪੰਜਾਬ ਦੇ ਗਵਰਨਰ ਭਵਨ ਵੱਲ ਹਜ਼ਾਰਾਂ ਕਿਸਾਨਾਂ ਤੇ ਔਰਤਾਂ ਦੇ ਮੁਜ਼ਾਹਰੇ ਨੂੰ ਰੋਕ ਕੇ ਕਮਾਂਡੋ ਫੋਰਸ ਵਲੋਂ ਕੀਤੇ ਅੰਨ੍ਹੇਵਾਹ ਜਬਰ ਜ਼ੁਲਮ ਖ਼ਿਲਾਫ਼ ਵੱਖ-ਵੱਖ ਪਿੰਡਾਂ 'ਚ ਰੋਸ ਪ੍ਰਦਰਸ਼ਨ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਪੁਤਲੇ ਸਾੜੇ ਗਏ। ਪਿੰਡ ਵਜੀਦਕੇ ਕਲਾਂ, ਠੁੱਲੀਵਾਲ, ਗੁਰਮ, ਚੁਹਾਣਕੇ ਕਲਾਂ, ਮਹਿਲ ਕਲਾਂ ਸਮੇਤ ਹੋਰ ਪਿੰਡਾਂ ਵਿੱਚ ਕਿਸਾਨ ਵਰਕਰਾਂ ਨੇ ਇਕੱਠੇ ਹੋ ਕੇ ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਜਥੇਬੰਦੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ, ਜੱਜ ਸਿੰਘ ਗਹਿਲ, ਰਾਮ ਸਿੰਘ ਸੰਘੇੜਾ, ਕੁਲਜੀਤ ਸਿੰਘ ਵਜੀਦਕੇ, ਮਾਨ ਸਿੰਘ ਗੁਰਮ, ਮੇਵਾ ਸਿੰਘ ਭੱਟੀ, ਕੁਲਦੀਪ ਸਿੰਘ ਚੁਹਾਣਕੇ ਨੇ ਕਿਹਾ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਮੈਂਬਰਸ਼ਿਪ ਖਤਮ ਕਰਨ ਦਾ ਫੈਸਲਾ ਪੰਜਾਬ ਦੇ ਹੱਕਾਂ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਿਸਾਨਾਂ ਨੇ ਨਾਅਰੇਬਾਜ਼ੀ ਕਰਦਿਆਂ ਚੰਡੀਗੜ੍ਹ 'ਚ ਕਿਸਾਨਾਂ 'ਤੇ ਕੀਤੇ ਜਬਰ ਦੀ ਕੜੀ ਨਿੰਦਾ ਕੀਤੀ।



...ਸ.ਫ਼ਾ 1 ਦੇ ਬਾਕੀ

## ਵਾਰਿਸ ਸ਼ਾਹ ਨਾ ਮੁੜਾਂਗੀ ਰਾਂਝਣੇ ਤੋਂ......

ਲੰਘੀ 13 ਮਈ ਨੂੰ ਮੁੰਡੇ ਨੇ ਇੱਕ ਨੇੜਲੇ ਰਿਸ਼ਤੇਦਾਰ ਨੂੰ ਫੋਨ 'ਤੇ ਦੱਸਿਆ ਕਿ ਉਹ (ਦੋਵੇਂ) ਨਕੋਦਰ ਦੇ ਬੱਸ ਅੱਡੇ ਵਿੱਚ ਹਨ। ਰਿਸ਼ਤੇਦਾਰ ਨਕੋਦਰ ਪਹੁੰਚੇ ਤਾਂ ਉਹ ਕੁੜੀ ਨੂੰ ਹਵਾਲੇ ਕਰਕੇ ਆਪ ਖਿਸਕ ਗਿਆ। ਮੁੰਡੇ ਦੇ ਮਾਪਿਆਂ ਨੇ ਕੁੜੀ ਦੇ ਮਾਪਿਆਂ ਨਾਲ ਗੱਲ ਕੀਤੀ। ਸਹਿਮਤੀ ਬਣੀ ਕਿ ਪਰ੍ਹਿਆ ਪੰਚਾਇਤਾਂ ਦੇ ਗੇੜ ਵਿੱਚ ਨਾ ਪਿਆ ਜਾਵੇ, ਸਗੋਂ ਉਹ ਚੁੱਪ-ਚੁਪੀਤੇ ਕੁੜੀ ਨੂੰ ਮਾਂ-ਬਾਪ ਕੋਲ ਛੱਡ ਜਾਣ। ਇਸੇ ਤਰ੍ਹਾਂ ਕੀਤਾ ਗਿਆ। ਜਵਾਨ ਧੀ ਨੂੰ ਮਾਪਿਆਂ ਨੇ ਸਮਝਾਇਆ ਵੀ ਤੇ ਡਰਾਵਾ ਵੀ ਦਿੱਤਾ। ਮੁੰਡੇ ਦੀ ਕਥਿਤ ਨੀਵੀਂ ਜਾਤ ਦਾ ਵੀ ਵਾਸਤਾ ਪਾਇਆ ਤੇ ਡਰਾਵਾ ਵੀ ਦਿੱਤਾ। ਕੁੜੀ ਟੱਸ ਤੋਂ ਮੱਸ ਨਾ ਹੋਈ। ਕੁੜੀ ਦੀਆਂ ਗੱਲਾਂ ਤੋਂ ਪਤਾ ਲੱਗਾ ਕਿ ਉਸ ਦੀ ਮਾਂ ਨੇ 'ਤਰਲਾ' ਮਾਰਿਆ ਸੀ ਕਿ ਉਹ ਇੱਕ ਵਾਰ ਆ ਕੇ ਮਿਲ ਜਾਵੇ। ਕੁੜੀ ਨੇ ਬਿਨਾਂ ਕਿਸੇ ਭੈਅ ਦੇ ਸਪੱਸ਼ਟ ਆਖ ਦਿੱਤਾ ਕਿ ਉਹ ਮਾਰੀ ਤਾਂ ਜਾ ਸਕਦੀ ਹੈ, ਪਰ ਜਾਵੇਗੀ ਆਪਣੇ ਆਪੇ ਲੱਭੇ 'ਵਰ' ਕੋਲ ਹੀ। ਇੱਥੇ 'ਹੀਰ ਵਾਰਿਸ ਸ਼ਾਹ' ਵਿਚਲੀਆਂ ਉਹ ਸਤਰਾਂ ਜ਼ਿਹਨ 'ਚ 'ਖੌਰੂ' ਪਾਉਂਦੀਆਂ ਹਨ, ਜਿਨ੍ਹਾਂ ਵਿੱਚ ਕਵੀ ਹੀਰ ਕੋਲੋਂ ਅਖਵਾਉਂਦਾ ਹੈ, 'ਵਾਰਿਸ ਸ਼ਾਹ ਨਾ ਮੁੜਾਂਗੀ ਰਾਂਝਣੇ ਤੋਂ ਭਾਵੇਂ ਚੱਲ ਕੇ ਬਾਪ ਦਾ ਬਾਪ ਆਵੇ...।'

# ਕੈਬਨਿਟ ਮੰਤਰੀ ਨੇ ਪਿੰਡ ਬਾਸ 'ਚ ਕਰਵਾਈ ਡੰਗੇ ਦੇ ਨਿਰਮਾਣ ਕੰਮ ਦੀ ਸ਼ੁਰੂਆਤ

**ਨੰਗਲ, ਭਲਾਣ (ਹਰਭਜਨ ਸਿੰਘ ਢਿੱਲੋਂ)**

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਹਲਕੇ ਦੇ ਪਿੰਡਾਂ ਵਿੱਚ ਵਿਕਾਸੀ ਕੰਮ ਲਗਾਤਾਰ ਤੀਵਰ ਗਤੀ ਨਾਲ ਅੱਗੇ ਵੱਧ ਰਹੇ ਹਨ। ਇਸੇ ਤਹਿਤ ਪਿੰਡ ਬਾਸ ਵਿੱਚ ਲਗਭਗ 5.50 ਲੱਖ ਰੁਪਏ ਦੀ ਲਾਗਤ ਨਾਲ 50 ਮੀਟਰ ਲੰਬੇ ਡੰਗੇ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਹ ਪ੍ਰੋਜੈਕਟ ਪਿੰਡ ਲਈ ਕਾਫੀ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ, ਕਿਉਂਕਿ ਇਸ ਨਾਲ ਮੀਂਹ ਦੇ ਦਿਨਾਂ ਵਿੱਚ ਪਾਣੀ ਦੇ ਬਹਾਅ ਨੂੰ ਨਿਯੰਤਰਿਤ ਕਰਨ ਦੇ ਨਾਲ ਨਾਲ ਕਟਾਅ ਤੋਂ ਵੀ ਬਚਾਅ ਹੋਵੇਗਾ। ਪਿੰਡ ਵਾਸੀਆਂ ਨੇ ਇਸ ਉਪਰਾਲੇ ਲਈ ਕੈਬਨਿਟ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ ਹੈ।

ਪਿੰਡ ਬਾਸ ਦੀ ਪੰਚਾਇਤ ਦੇ ਪ੍ਰਤੀਨਿਧੀਆਂ ਜਿਨ੍ਹਾਂ ਵਿੱਚ ਹਿਤੇਸ਼ ਸ਼ਰਮਾ (ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ), ਸਰਪੰਚ ਰਾਜ ਦੁਲਾਰੀ ਅਤੇ ਮੈਂਬਰ ਸ਼ਿਵ ਕੁਮਾਰ, ਰਾਜੀਵ ਕੁਮਾਰ, ਆਸ਼ੂ, ਅਮਨ, ਗਣੇਸ਼, ਸਤੀਸ਼ ਅਤੇ ਬੁੱਧ ਦੇਵ ਮਾਸਟਰ ਸ਼ਾਮਲ ਹਨ, ਨੇ ਕਿਹਾ ਕਿ ਇਹ ਡੰਗਾ ਪਿੰਡ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਸੀ। ਉਨ੍ਹਾਂ ਦੱਸਿਆ ਕਿ ਹਰ ਸਾਲ ਮੀਂਹ ਦੇ ਮੌਸਮ ਦੌਰਾਨ ਪਾਣੀ ਦੇ ਤੇਜ਼ ਬਹਾਅ ਕਾਰਨ ਸੜਕ ਨੂੰ ਨੁਕਸਾਨ ਪਹੁੰਚਦਾ ਸੀ। ਹੁਣ ਇਸ ਡੰਗੇ ਦੇ ਬਣਨ ਨਾਲ ਪਾਣੀ ਦੇ ਬਹਾਅ 'ਤੇ ਕੰਟਰੋਲ ਹੋਵੇਗਾ ਅਤੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

ਪੰਚਾਇਤ ਮੈਂਬਰਾਂ ਨੇ ਹੋਰ ਦੱਸਿਆ ਕਿ ਪਹਿਲਾਂ ਡੰਗਾ ਟੁੱਟ ਜਾਣ ਕਾਰਨ ਇਸ ਸੜਕ ਦੀ ਕਨੈਕਟੀਵਿਟੀ ਪ੍ਰਭਾਵਿਤ ਹੋ ਜਾਂਦੀ ਸੀ, ਜਿਸ ਨਾਲ ਆਵਾਜਾਈ ਬਹੁਤ ਮੁਸ਼ਕਲ ਹੋ ਜਾਂਦੀ ਸੀ। ਖਾਸ ਕਰਕੇ ਵਿਦਿਆਰਥੀਆਂ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਇਹ ਸਮੱਸਿਆ ਹੱਲ ਹੋਣ ਜਾ ਰਹੀ ਹੈ।



# ਨਗਰ ਕੌਂਸਲ ਮੋਰਿੰਡਾ ਲਈ 63 ਉਮੀਦਵਾਰ ਮੈਦਾਨ 'ਚ ਨਿੱਤਰੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਨਗਰ ਕੌਂਸਲ ਮੋਰਿੰਡਾ ਲਈ 26 ਮਈ ਨੂੰ ਹੋਣ ਜਾ ਰਹੀਆਂ ਚੋਣਾਂ ਲਈ ਕੁਲ 63 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੇਪਰ ਸ਼ਾਮਲ ਕੀਤੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਿਟਰਨਿੰਗ ਅਫ਼ਸਰ ਸਿੰਘ ਨੇ ਦੱਸਿਆ ਕਿ ਨਗਰ ਕੌਂਸਲ ਮੋਰਿੰਡਾ ਲਈ ਕੁਲ 63 ਉਮੀਦਵਾਰਾਂ ਨੇ ਅਪਣੇ ਕਾਗਜ਼ ਦਾਖਲ ਕੀਤੇ। ਇਹਨਾਂ ਵਿੱਚ ਕਾਂਗਰਸ ਪਾਰਟੀ ਵੱਲੋਂ 16, ਆਪ ਵੱਲੋਂ 9, ਭਾਜਪਾ ਵੱਲੋਂ 9, ਅਕਾਲੀ ਦਲ ਵੱਲੋਂ 3 ਤੇ 26 ਅਜ਼ਾਦ ਉਮੀਦਵਾਰ ਸ਼ਾਮਲ ਹਨ। ਜਾਣਕਾਰੀ ਅਨੁਸਾਰ ਨਾਮਜ਼ਦਗੀ ਦਾਖਲ ਕਰਨ ਵਾਲਿਆਂ ਵਿੱਚ ਕਾਂਗਰਸ ਪਾਰਟੀ ਵਲੋਂ ਕਾਗਜ਼ ਦਾਖਲ ਕਰਨ ਵਾਲਿਆਂ ਵਿੱਚ ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਛਿੱਬਰ, ਸਾਬਕਾ ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਹਰਜੀਤ ਸਿੰਘ ਸੋਢੀ, ਰਜੇਸ਼ ਕੁਮਾਰ, ਪਿੰਕੀ ਕੌਰ, ਹਰੀਪਾਲ, ਬਾਲਾ, ਤਰਸੇਮ ਲਾਲ, ਸੰਦੀਪ ਕੁਮਾਰ, ਸੰਗਤ ਸਿੰਘ ਭਾਮੀਆਂ, ਸਿਕੰਦਰ ਕੌਰ, ਦਲਜੀਤ ਕੌਰ, ਕਮਲਜੀਤ ਕੌਰ, ਨੇਹਾ ਸ਼ਰਮਾ, ਬਬੀਤਾ ਰਾਣੀ ਤੇ ਗੂੰਜਣ ਸੂਦ ਆਦਿ ਸ਼ਾਮਲ ਹਨ। ਇਸੇ ਤਰ੍ਹਾਂ 'ਆਪ' ਵਲੋਂ ਕਾਗਜ਼ ਦਾਖਲ ਕਰਨ ਵਾਲਿਆਂ ਵਿੱਚ ਗੁਰਪ੍ਰੀਤ ਕੌਰ, ਸਰਬਜੀਤ ਕੌਰ, ਮਨਜੀਤ ਕੌਰ, ਹਰਪ੍ਰੀਤ ਕੌਰ, ਪਰਮਜੀਤ ਸਿੰਘ, ਨਵਦੀਪ ਸਿੰਘ ਆਦਿ ਨੇ ਅਪਣੇ ਨਾਮਜ਼ਦਗੀ ਪੇਪਰ ਦਾਖਲ ਕੀਤੇ। ਭਾਜਪਾ ਵੱਲੋਂ ਗੁਰਪ੍ਰੀਤ ਕੌਰ, ਸੁਖਵਿੰਦਰ ਸਿੰਘ, ਰਾਜਵਿੰਦਰ ਸਿੰਘ,ਕਾਜਲ, ਗੁਰਜੰਟ ਸਿੰਘ, ਕੁਸਮ ਮੱਟੂ, ਦਲਜੀਤ ਸਿੰਘ, ਊਸ਼ਾ, ਜਸਕਰਨ ਸਿੰਘ, ਪਰਮਦੀਪ ਸਿੰਘ ਆਦਿ ਨੇ ਅਪਣੇ ਨਾਮਜ਼ਦਗੀ ਪੇਪਰ ਦਾਖਲ ਕੀਤੇ। ਅਕਾਲੀ ਦਲ ਵੱਲੋਂ ਸਾਬਕਾ ਕੌਂਸਲਰ ਜਗਪਾਲ ਸਿੰਘ ਤੇ ਰਮਨਦੀਪ ਕੌਰ ਆਦਿ ਨੇ ਆਪਣੇ ਨਾਮਜ਼ਦਗੀ ਪੇਪਰ ਦਾਖਲ ਕੀਤੇ ਹਨ।



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸਰਪੰਚ ਦੇ ਘਰ ਪੈਟਰੋਲ ਬੰਬ ਸੁੱਟਣ ਦੇ ਮਾਮਲੇ 'ਚ ਚਾਰ ਗ੍ਰਿਫ਼ਤਾਰ



**ਛੇਹਰਟਾ, (ਮਨੋਜ ਕੁਮਾਰ)**

ਫਿਰੌਤੀ ਨਾ ਦੇਣ 'ਤੇ ਥਾਣਾ ਰਮਦਾਸ ਅਧੀਨ ਆਉਂਦੇ ਪਿੰਡ ਸੁਧਾਰ ਦੇ ਸਰਪੰਚ ਘਰ ਪੈਟਰੋਲ ਬੰਬ ਸੁੱਟਣ ਤੇ ਇਸੇ ਪਿੰਡ ਦੇ ਇਕ ਹੋਰ ਘਰ 'ਤੇ ਫਾਇਰਿੰਗ ਕਰਨ ਦੇ ਮਾਮਲੇ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਜੀਵਨ ਫੌਜੀ ਗੈਂਗ ਦੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਕੁਲਵਿੰਦਰ ਸਿੰਘ ਉਰਫ਼ ਭੁੱਲਰ, ਅਕਾਸ਼ਦੀਪ ਸਿੰਘ ਉਰਫ਼ ਕੌਡਾ ਤੇ ਅਕਾਸ਼ਦੀਪ ਸਿੰਘ ਉਰਫ਼ ਬਾਬਾ ਤਿੰਨੇਂ ਵਾਸੀ ਪਿੰਡ ਜੱਸਲ; ਥਾਣਾ ਰਮਦਾਸ ਅਤੇ ਜਗਤਾਰ ਸਿੰਘ ਵਾਸੀ ਪਿੰਡ ਮੱਲੂ ਨੰਗਲ, ਥਾਣਾ ਰਾਜਾਸਾਂਸੀ ਵਜੋਂ ਹੋਈ ਹੈ। ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਜਸਬੀਰ ਸਿੰਘ ਵਾਸੀ ਪਿੰਡ ਸੁਧਾਰ ਨੂੰ ਵਿਦੇਸ਼ੀ ਨੰਬਰ ਤੋਂ ਗੈਂਗਸਟਰ ਜੀਵਨ ਫੌਜੀ ਵੱਲੋਂ ਫੋਨ ਕਰਕੇ 30 ਲੱਖ ਰੁਪਏ ਦੀ ਫਿਰੌਤੀ ਮੰਗੀ ਗਈ ਸੀ। 5 ਮਈ 26 ਦੀ ਰਾਤ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਉਨ੍ਹਾਂ ਦੇ ਘਰ ਉਪਰ ਗੋਲੀ ਚਲਾਈ ਗਈ। ਇਸੇ ਤਰ੍ਹਾਂ ਪਿੰਡ ਸੁਧਾਰ ਦੇ ਸਰਪੰਚ ਨਿਸ਼ਾਨ ਸਿੰਘ ਕੋਲੋਂ ਵੀ ਵਿਦੇਸ਼ ਤੋਂ ਗੈਂਗਸਟਰ ਜੀਵਨ ਫੌਜੀ ਵੱਲੋਂ ਫੋਨ ਕਰਕੇ 50 ਲੱਖ ਰੁਪਏ ਦੀ ਮੰਗ ਕੀਤੀ ਗਈ ਸੀ। ਬੀਤੀ 9 ਮਈ ਦੀ ਰਾਤ ਉਨ੍ਹਾਂ ਦੇ ਘਰ 'ਤੇ ਪੈਟਰੋਲ ਬੰਬ ਸੁੱਟਿਆ ਗਿਆ, ਜਿਸ ਕਾਰਨ ਉਨ੍ਹਾਂ ਦੇ ਘਰ ਬਹੁਤ ਨੁਕਸਾਨ ਹੋਇਆ ਸੀ। ਇਨ੍ਹਾਂ ਦੋਹਾਂ ਵਾਰਦਾਤਾਂ ਦੇ ਸਬੰਧ ਵਿਚ ਕੇਸ ਥਾਣਾ ਰਮਦਾਸ ਵਿਚ ਦਰਜ਼ ਹਨ। ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਐੱਸਐੱਸਪੀ ਸੁਹੇਲ ਮੀਰ ਦੀ ਅਗਵਾਈ ਵਿਚ ਵੱਖ-ਵੱਖ ਟੀਮਾਂ ਬਣਾ ਕੇ ਮਾਮਲੇ ਦੀ ਤਫ਼ਤੀਸ਼ ਦੌਰਾਨ ਪੰਜ ਦਿਨਾਂ ਦੇ ਅੰਦਰ-ਅੰਦਰ ਕੁਲਵਿੰਦਰ ਸਿੰਘ ਉਰਫ਼ ਭੁੱਲਰ, ਅਕਾਸ਼ਦੀਪ ਸਿੰਘ ਉਰਫ਼ ਕੌਡਾ, ਅਕਾਸ਼ਦੀਪ ਸਿੰਘ ਉਰਫ਼ ਬਾਬਾ ਤੇ ਜਗਤਾਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਮੰਨਿਆ ਕਿ ਉਹ ਸਿੱਧੇ ਤੌਰ 'ਤੇ ਜੀਵਨ ਫੌਜੀ ਵਾਸੀ ਪਿੰਡ ਸ਼ਹਿਜ਼ਾਦਾ, ਥਾਣਾ ਡੇਰਾ ਬਾਬਾ ਨਾਨਕ ਤੇ ਉਸ ਦੇ ਸਾਥੀ ਸੁਖਵਿੰਦਰ ਸਿੰਘ ਉਰਫ਼ ਪ੍ਰੀਤ ਵਾਸੀ ਨੰਗਲ ਸੋਹਲ ਥਾਣਾ ਰਾਜਾਸਾਂਸੀ ਦੇ ਸੰਪਰਕ ਵਿਚ ਸਨ। ਮੁਲਜ਼ਮਾਂ ਨੇ ਇਹ ਵੀ ਦੱਸਿਆ ਕਿ ਪੈਟਰੋਲ ਬੰਬ ਬਣਾਉਣ ਤੇ ਅੱਗ ਲਗਾ ਕੇ ਸੁੱਟਣ ਦਾ ਤਰੀਕਾ ਵਿਦੇਸ਼ ਵਿਚ ਬੈਠੇ ਜੀਵਨ ਫੌਜੀ ਨੇ ਵੀਡਿਓ ਕਾਲ ਰਾਹੀਂ ਉਨ੍ਹਾਂ ਨੂੰ ਦੱਸਿਆ ਸੀ।

# ਫਾਰਮ ਸਲਾਹਕਾਰ ਸੇਵਾ ਕੇਂਦਰ ਗੁਰਦਾਸਪੁਰ ਨੇ ਲਾਇਆ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਜਾਗਰੂਕਤਾ ਕੈਂਪ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾਕਟਰ ਮੱਖਣ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਨੂੰ ਮੁੱਖ ਰੱਖਦਿਆਂ ਹੋਇਆ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦੇਣ ਲਈ ਪਿੰਡ ਝਬਕਰਾ ਵਿਖੇ ਕਿਸਾਨ ਵੀਰਾਂ ਨੂੰ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਡਾਕਟਰ ਨਰਿੰਦਰਦੀਪ ਸਿੰਘ ਜ਼ਿਲ੍ਹਾ ਪਸਾਰ ਮਾਹਿਰ ਨੇ ਕਿਸਾਨ ਵੀਰਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਦੱਸਿਆ ਕਿ ਕਿਸਾਨ ਵੀਰ ਸਹਾਇਕ ਧੰਦੇ ਅਪਨਾ ਕੇ ਆਪਣੇ ਜੀਵਨ ਵਿੱਚ ਖੁਸ਼ਹਾਲੀ ਲਿਆ ਸਕਦੇ ਹਨ। ਡਾਕਟਰ ਆਰ ਐਸ ਬੱਲ (ਸੀਨੀਅਰ ਪਸਾਰ ਵਿਗਿਆਨੀ, ਪੌਦਾ ਰੋਗ) ਨੇ ਝੋਨੇ ਦੀ ਬੀਜ ਸੋਧ ਅਤੇ ਬਾਉਣੇ ਵਾਇਰਸ ਬਾਰੇ ਦੱਸਿਆ ਅਤੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਰਸਰੀ ਦਾ ਸਰਵੇਖਣ ਕਰਦੇ ਰਹਿਣ ਅਤੇ ਧਿਆਨ ਰੱਖਣ ਕਿ ਚਿੱਟੀ ਪਿੱਠ ਵਾਲਾ ਟਿੱਡਾ ਦੇਖੇ ਤਾਂ ਯੂਨੀਵਰਸਿਟੀ ਦੁਆਰਾ ਸਿਫਾਰਸ਼ ਕੀਤੀਆਂ ਗਈਆਂ ਕੀਟਨਾਸ਼ਕਾਂ ਦੀ ਸਪਰੇ ਕੀਤੀ ਜਾਵੇ। ਇਸ ਦੌਰਾਨ ਡਾਕਟਰ ਸਰਵ ਪ੍ਰੀਆ ਸਿੰਘ, ਜ਼ਿਲ੍ਹਾ ਪਸਾਰ ਵਿਗਿਆਨੀ (ਫ਼ਲ ਵਿਗਿਆਨ) ਨੇ ਕਿਸਾਨ ਵੀਰਾਂ ਨੂੰ ਘਰੇਲੂ ਬਗੀਚੀ ਅਤੇ ਫਲਾਂ ਤੇ ਬਗੀਚੀ ਵਿਚ ਆਉਣ ਵਾਲੀਆਂ ਸਮੱਸਿਆ ਬਾਰੇ ਜਾਣੂ ਕਰਵਾਇਆ। ਆਖਰ ਵਿਚ ਆਏ ਹੋਏ ਸਾਰੇ ਕਿਸਾਨ ਵੀਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਮੌਕੇ 'ਤੇ ਹੱਲ ਕੀਤਾ ਗਿਆ।

# ਲੋਕ ਭਲਾਈ ਮੰਚ ਦੇ ਤਰੱਦਦ ਨਾਲ ਸੜਕ ਦਾ ਹੋਇਆ ਨਿਰਮਾਣ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**



ਲੋਕ ਭਲਾਈ ਮੰਚ ਪੰਜਾਬ ਦੀ ਜ਼ਰੂਰੀ ਮੀਟਿੰਗ ਅਮਰੀਕ ਸਿੰਘ ਦੀ ਪ੍ਰਧਾਨਗੀ ਹੇਠ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਹੋਈ।ਮੀਟਿੰਗ ਵਿੱਚ ਕੌਮਾਂਤਰੀ ਮਜ਼ਦੂਰ ਦਿਵਸ ਮਨਾਉਣ 'ਤੇ ਤਸੱਲੀ ਪ੍ਰਗਟ ਕੀਤੀ ਗਈ ਤੇ ਇਸ ਲਈ ਵਰਕਰਾਂ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ ਗਈ।ਢਪੱਈ ਫਾਟਕ ਤੋਂ ਲੈ ਕੇ ਗੁਰਦੁਆਰਾ ਬੋਹੜੀ ਸਾਹਿਬ ਤੱਕ ਬੇਹੱਦ ਖਸਤਾ ਹੋ ਚੁੱਕੀ ਸੜਕ ਦਾ ਮੁੱਦਾ ਲਗਾਤਾਰ ਤੇ ਸ਼ਿੱਦਤ ਨਾਲ ਸਰਕਾਰ ਤੇ ਪ੍ਰਸ਼ਾਸਨ ਕੋਲ ਉਠਾਉਣ ਤੇ ਸੰਘਰਸ਼ ਕਰਨ ਲਈ ਵਰਕਰਾਂ ਦਾ ਧੰਨਵਾਦ ਕੀਤਾ ਗਿਆ ਜਿਸ ਸਦਕਾ ਸੜਕ ਦਾ ਨਿਰਮਾਣ ਸ਼ੁਰੂ ਹੋ ਚੁੱਕਾ ਹੈ।ਇਸ ਲਈ ਪ੍ਰੈੱਸ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਸਰਕਾਰ ਤੇ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਇਹ ਆਸ ਕੀਤੀ ਗਈ ਕਿ ਸੜਕ ਵਧੀਆ ਢੰਗ ਨਾਲ ਬਣਾਈ ਜਾਵੇਗੀ ਕਿਉਂਕਿ ਇਹ ਸੜਕ ਕਾਫੀ ਲੰਬੀ ਹੈ, ਸੰਗਤ ਗੁਰਦੁਆਰਾ ਬੋਹੜੀ ਸਾਹਿਬ ਵਿਖੇ ਸ਼ਹਿਰ, ਗੁਰੂ ਕੀ ਵਡਾਲੀ, ਥਾਂਦੇ ਅਤੇ ਕੋਟ ਖਾਲਸਾ ਆਦਿ ਤੋਂ ਲਗਾਤਾਰ ਆਉਂਦੀ ਹੈ।ਮੀਟਿੰਗ ਵਿੱਚ ਇਹ ਫੈਸਲਾ ਵੀ ਹੋਇਆ ਕਿ ਮੰਚ ਦੇ ਆਗੂ ਸੜਕ ਨਿਰਮਾਣ ਸਮੇਂ ਹਰ ਤਰ੍ਹਾਂ ਦਾ ਸਹਿਯੋਗ ਦੇਣਗੇ।ਇਹ ਵੀ ਫੈਸਲਾ ਹੋਇਆ ਕਿ ਮੰਚ ਦੇ ਆਗੂ ਸੰਦੀਪ ਸਿੰਘ ਐੱਸ ਸੀ ਨਗਰ ਨਿਗਮ ਅੰਮ੍ਰਿਤਸਰ ਨੂੰ ਵੀ ਮਿਲਣਗੇ।ਮੀਟਿੰਗ ਵਿੱਚ ਬਲਬੀਰ ਸਿੰਘ ਝਾਮਕਾ, ਸਤਪਾਲ ਸਿੰਘ ਗਿੱਲ, ਸਰਦੂਲ ਸਿੰਘ ਢਪੱਈ, ਬਾਜ ਸਿੰਘ ਤੇ ਕੁਲਦੀਪ ਸਿੰਘ ਨੇ ਆਪਣੇ ਵਿਚਾਰ ਪੇਸ਼ ਕੀਤੇ।ਉਪਰੋਕਤ ਤੋਂ ਇਲਾਵਾ ਤੀਰਥ ਰਾਮ, ਜੀਤ ਲਾਲ, ਕਿਰਪਾਲ ਸਿੰਘ, ਸੁਖਬੀਰ ਸਿੰਘ ਸੋਨੂੰ, ਅਸ਼ੋਕ ਕੁਮਾਰ, ਲਾਲ ਸਿੰਘ ਢਪੱਈ, ਪ੍ਰਦੀਪ ਸਿੰਘ, ਬਲਦੇਵ ਸਿੰਘ ਅਤੇ ਸੁਨੀਲ ਕੁਮਾਰ ਆਦਿ ਵੀ ਹਾਜ਼ਰ ਸਨ।

# ਕਿਸਾਨ ਆਗੂਆਂ ਮੋਦੀ ਦਾ ਪੁਤਲਾ ਫੂਕਿਆ

**ਬਿਆਸ (ਪਰਮਜੀਤ ਸਿੰਘ ਰੱਖੜਾ)**-ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਬਾਬਾ ਬਕਾਲਾ ਸਾਹਿਬ-1 ਅਤੇ 2 ਵੱਲੋਂ ਕੇਂਦਰ ਸਰਕਾਰ ਵੱਲੋਂ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਦੇ ਵਿਰੋਧ ਵਿੱਚ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਹੇਠ ਬਾਬਾ ਬਕਾਲਾ ਸਾਹਿਬ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਡਾ. ਕੰਵਰ ਦਲੀਪ ਸਿੰਘ ਜ਼ੋਨ ਪ੍ਰਧਾਨ ਬਾਬਾ ਬਕਾਲਾ ਸਾਹਿਬ-2, ਪ੍ਰਧਾਨ ਮਲਵਿੰਦਰ ਸਿੰਘ ਮੱਧ, ਜ਼ੋਨ ਇੱਕ ਦੇ ਪ੍ਰਧਾਨ ਨਿਰਮਲ ਸਿੰਘ ਖ਼ਾਨਪੁਰ, ਅਜੀਤ ਸਿੰਘ ਠੱਠੀਆਂ, ਜੋਗਿੰਦਰ ਸਿੰਘ ਬੇਦਾਦਪੁਰ, ਸੂਬਾ ਸਿੰਘ, ਸੁਰਜੀਤ ਸਿੰਘ, ਪ੍ਰਮਜੀਤ ਸਿੰਘ ਡਾਂਗਾ ਸਠਿਆਲਾ, ਦਵਿੰਦਰ ਸਿੰਘ ਖ਼ਾਨਪੁਰ, ਤਰਸੇਮ ਸਿੰਘ ਬੁਤਾਲਾ, ਮਿੱਠੂ ਬੁਤਾਲਾ ਤੇ ਬਲਵਿੰਦਰ ਸਿੰਘ ਸੇਰੋਂ ਆਦਿ ਆਗੂ ਹਾਜ਼ਰ ਸਨ।



# ਜਨਗਣਨਾ 'ਚ ਅਧਿਆਪਕਾਂ ਦੀਆਂ ਦੂਰ-ਦੁਰਾਡੇ ਲੱਗੀਆਂ ਡਿਊਟੀਆਂ ਨੂੰ ਨੇੜੇ ਕਰਨ ਦਾ ਮਿਲਿਆ ਭਰੋਸਾ

**ਧਾਰੀਵਾਲ, (ਮਨਦੀਪ ਵਿੱਕੀ)**-ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦਾ ਵਫਦ ਏ ਡੀ ਸੀ ਜਨਰਲ ਗੁਰਸਿਮਰਨ ਸਿੰਘ ਢਿੱਲੋਂ ਨੂੰ ਜਨਗਣਨਾ ਵਿੱਚ ਅਧਿਆਪਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਮਿਲਿਆ।ਸੁਖਾਵੇਂ ਮਾਹੌਲ ਵਿੱਚ ਹੋਈ। ਇਸ ਮੀਟਿੰਗ ਦੌਰਾਨ ਏ ਡੀ ਸੀ ਜਨਰਲ ਗੁਰਸਿਮਰਨ ਸਿੰਘ ਢਿੱਲੋਂ ਨੇ ਮੌਕੇ 'ਤੇ ਅਧਿਕਾਰੀਆਂ ਨੂੰ ਅਧਿਆਪਕ ਜਥੇਬੰਦੀਆਂ ਵੱਲੋਂ ਦਿੱਤੇ ਗਏ ਮੰਗ ਪੱਤਰ ਅਨੁਸਾਰ ਸਮੂਹ ਚਾਰਜ ਅਫ਼ਸਰਾਂ ਨੂੰ ਪੱਤਰ ਜਾਰੀ ਕਰਨ ਦੀ ਹਦਾਇਤ ਦਿੰਦਿਆਂ ਕਿਹਾ ਕਿ ਅਧਿਆਪਕਾਂ ਦੀਆਂ ਡਿਊਟੀਆਂ ਉਨ੍ਹਾਂ ਦੇ ਡਿਊਟੀ ਸਥਾਨ ਜਾਂ ਰਿਹਾਇਸ਼ ਨੇੜੇ ਲਗਾਉਣ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਅਤੇ ਬਲਾਕ ਨੋਡਲ ਅਫ਼ਸਰ ਦੀ ਸਹਾਇਤਾ ਨਾਲ 2 ਦਿਨਾਂ ਵਿੱਚ ਨੇੜੇ ਕੀਤੀਆਂ ਜਾਣ। ਅੰਗਹੀਣ, ਵਿਧਵਾ, ਕਪਲ ਕੇਸਾਂ ਵਿੱਚ ਛੋਟ ਦਿੱਤੀ ਜਾਵੇਗੀ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਸਿੱਖਿਆ ਵਿਭਾਗ ਤੋਂ ਇਲਾਵਾ ਬਾਕੀ ਵਿਭਾਗਾਂ ਦੀਆਂ ਡਿਊਟੀਆਂ ਵੀ ਲਗਾਈਆਂ ਜਾਣਗੀਆਂ।ਸੀਨੀਅਰ ਕੇਡਰ ਦੇ ਅਧਿਆਪਕਾਂ ਨੂੰ ਅਹੁਦੇ ਮੁਤਾਬਿਕ ਕੰਮ ਦਿੱਤਾ ਜਾਵੇਗਾ। ਏ ਡੀ ਸੀ ਜਨਰਲ ਵੱਲੋਂ ਮੰਗ ਪੱਤਰ ਵਿੱਚ ਸ਼ਾਮਿਲ ਹਰੇਕ ਮੰਗ ਅਨੁਸਾਰ ਮਸਲੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਕਿ ਅਧਿਆਪਕ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਸਹਾਇਤਾ ਲੈਣ ਉਪਰੰਤ ਡਿਊਟੀਆਂ ਨੇੜੇ ਕੀਤੀਆਂ ਜਾਣਗੀਆਂ।ਇਸ ਵਫਦ ਵਿੱਚ ਕੁਲਦੀਪ ਸਿੰਘ ਪੁਰੇਵਾਲ, ਸੋਮ ਸਿੰਘ, ਰਵਿੰਦਰਜੀਤ ਸਿੰਘ ਪੰਨੂ, ਗੁਰਿੰਦਰ ਸਿੰਘ ਸਿੱਧੂ, ਬਲਵਿੰਦਰ ਕੌਰ, ਤੇਜਿੰਦਰ ਸਿੰਘ, ਪਰਮਜੀਤ ਕੌਰ, ਸੁਖਪ੍ਰੀਤ ਕੌਰ ਆਦਿ ਅਧਿਆਪਕ ਆਗੂ ਹਾਜ਼ਰ ਸਨ।



# ਹੈਰੋਇਨ, ਡਰੋਨ ਤੇ 500 ਗ੍ਰਾਮ ਆਈਸ ਬਰਾਮਦ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਡੇਰਾ ਬਾਬਾ ਨਾਨਕ ਪੁਲਸ ਵੱਲੋਂ ਪਿੰਡ ਚੰਦੂ ਨੰਗਲ ਦੇ ਖੇਤਾਂ 'ਚ 500 ਗ੍ਰਾਮ ਹੈਰੋਇਨ ਅਤੇ ਬੀ ਐੱਸ ਐੱਫ ਦੀ ਬਸੰਤਰ ਚੌਕੀ ਨੇੜੇ ਡੇਰਾ ਬਾਬਾ ਨਾਨਕ ਪੁਲਸ ਅਤੇ ਬੀਐੱਸਐੱਫ ਦੀ 113 ਬਟਾਲੀਅਨ ਦੇ ਜਵਾਨਾਂ ਵੱਲੋਂ ਸਾਂਝੇ ਸਰਚ ਅਭਿਆਨ ਦੌਰਾਨ 1 ਡਰੋਨ ਅਤੇ 500 ਗ੍ਰਾਮ ਆਈਸ ਬਰਾਮਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਪੱਤਰਕਾਰਾਂ ਨੂੰ ਵਧੇਰੇ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਚੰਦੂ ਨੰਗਲ ਦੇ ਰਹਿਣ ਵਾਲੇ ਜੋਧ ਸਿੰਘ ਪੁੱਤਰ ਹਰਬੰਸ ਸਿੰਘ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਉਸ ਦੇ ਖੇਤਾਂ ਵਿੱਚ ਇੱਕ ਬੰਦ ਪੈਕੇਟ ਪਿਆ ਹੈ ਤਾਂ ਪੁਲਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਉਸ ਪੈਕੇਟ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਪੈਕੇਟ ਵਿੱਚੋਂ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ, ਡੇਰਾ ਬਾਬਾ ਨਾਨਕ ਪੁਲਸ ਵੱਲੋਂ ਅਣਪਛਾਤੇ ਵਿਅਕਤੀ ਖਿਲਾਫ 21 ਸੀ ਐੱਨਡੀਪੀਐੱਸ 26,25,29 ਭਾਰਤੀ ਵਾਯੂ ਯਾਨ ਐਕਟ ਅਧੀਨ ਪਰਚਾ ਦਰਜ ਕਰ ਲਿਆ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਬੀ ਐੱਸ ਐੱਫ ਦੀ ਬਸੰਤਰ ਚੌਕੀ ਨੇੜੇ ਡੇਰਾ ਬਾਬਾ ਨਾਨਕ ਪੁਲਸ ਅਤੇ ਬੀ ਐੱਸ ਐੱਫ ਦੀ 113 ਬਟਾਲੀਅਨ ਦੇ ਜਵਾਨਾਂ ਵੱਲੋਂ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ 1 ਡਰੋਨ ਅਤੇ 500 ਗ੍ਰਾਮ ਆਈਸ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।ਉਨ੍ਹ ਕਿਹਾ ਕਿ ਡੇਰਾ ਬਾਬਾ ਨਾਨਕ ਪੁਲਸ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਇਸੇ ਤਰ੍ਹਾਂ ਅਪਰੇਸ਼ਨ ਜਾਰੀ ਰਹਿਣਗੇ।

# ਪੰਜਾਬ ਦੇ ਭੂ-ਜਲ ਦੀ ਸੰਭਾਲ ਲਈ ਸਰਕਾਰਾਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ : ਨਰੇਸ਼ ਮਹਾਜਨ

**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਪਠਾਨਕੋਟ ਵਿੱਚ ਲਗਾਤਾਰ ਘੱਟ ਰਹੇ ਭੂ-ਜਲ ਪੱਧਰ 'ਤੇ ਚਿੰਤਾ ਜਤਾਉਂਦੇ ਹੋਏ ਜਲ ਸਰੋਤ ਵਿਭਾਗ ਦੇ ਸੇਵਾਮੁਕਤ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ ਨਰੇਸ਼ ਮਹਾਜਨ ਨਿਰਗੁਣ ਨੇ ਕਿਹਾ ਕਿ ਪੰਜਾਬ ਦੇ ਭੂ-ਜਲ ਦੀ ਸੰਭਾਲ ਲਈ ਕੇਂਦਰ ਸਰਕਾਰ, ਰਾਜ ਸਰਕਾਰ ਅਤੇ ਆਮ ਲੋਕਾਂ ਨੂੰ ਮਿਲਜੁਲ ਕੇ ਕੰਮ ਕਰਨਾ ਹੋਵੇਗਾ।ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਭੂ-ਜਲ ਬਚਾਉਣ ਲਈ ਸਹਿਯੋਗ ਦੇਣ ਦੇ ਕੇਂਦਰ ਸਰਕਾਰ ਦੇ ਭਰੋਸੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਝੋਨੇ ਦੀ ਖੇਤੀ 'ਤੇ ਨਿਰਭਰਤਾ ਘਟਾਈ ਜਾਵੇ।ਉਨ੍ਹਾਂ ਕਿਹਾ ਕਿ ਜੇ ਝੋਨੇ ਦੀ ਥਾਂ ਮੱਕੀ, ਦਾਲਾਂ, ਤਿਲਹਨ, ਸੂਰਜਮੁਖੀ ਅਤੇ ਬਾਜਰੇ ਵਰਗੀਆਂ ਫਸਲਾਂ ਨੂੰ ਪ੍ਰੋਤਸਾਹਿਤ ਕੀਤਾ ਜਾਵੇ ਤਾਂ ਵੱਡੀ ਮਾਤਰਾ ਵਿੱਚ ਭੂ-ਜਲ ਬਚਾਇਆ ਜਾ ਸਕਦਾ ਹੈ।ਇਸ ਲਈ ਕਿਸਾਨਾਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭੂ-ਜਲ ਦਾ ਸਭ ਤੋਂ ਵੱਡਾ ਹਿੱਸਾ ਝੋਨੇ ਦੀ ਬਿਜਾਈ ਅਤੇ ਸਿੰਚਾਈ ਵਿੱਚ ਖਰਚ ਹੁੰਦਾ ਹੈ, ਜਿਸ ਕਾਰਨ ਭੂ-ਜਲ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ।ਉਨ੍ਹਾਂ ਸੁਝਾਅ ਦਿੱਤਾ ਕਿ ਜ਼ਿਲ੍ਹਾ ਪਠਾਨਕੋਟ ਦੇ ਸਾਰੇ ਤਲਾਬਾਂ ਦੀ ਮਾਨਸੂਨ ਤੋਂ ਪਹਿਲਾਂ ਡੀ-ਸਿਲਟਿੰਗ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਵਰਖਾ ਦਾ ਪਾਣੀ ਉਨ੍ਹਾਂ ਵਿੱਚ ਇਕੱਠਾ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਜੇ ਮਾਨਸੂਨ ਤੋਂ ਪਹਿਲਾਂ ਇਹ ਕੰਮ ਪੂਰੇ ਕਰ ਲਏ ਜਾਣ ਤਾਂ ਵੱਡੀ ਮਾਤਰਾ ਵਿੱਚ ਮੀਂਹ ਦੇ ਪਾਣੀ ਨੂੰ ਸੰਭਾਲ ਕੇ ਭੂ-ਜਲ ਪੱਧਰ ਨੂੰ ਸੁਧਾਰਨ ਵਿੱਚ ਕਾਮਯਾਬੀ ਮਿਲ ਸਕਦੀ ਹੈ।

# ਚੰਡੀਗੜ੍ਹ ਵਿਖੇ ਕਿਸਾਨਾਂ 'ਤੇ ਕੀਤੇ ਅੰਨ੍ਹੇ ਤਸ਼ੱਦਦ ਦੀ ਘੋਰ ਨਿਖੇਧੀ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਮੋਦੀ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਮੈਂਬਰਸ਼ਿਪ ਖਤਮ ਕਰਨ ਦੇ ਨੋਟੀਫਿਕੇਸ਼ਨ ਨੂੰ ਰੱਦ ਕਰਵਾਉਣ, ਹਰ ਖੇਤ ਨੂੰ ਲੋੜੀਂਦਾ ਨਹਿਰੀ ਪਾਣੀ ਤੇ ਹਰ ਘਰ ਵਿੱਚ ਪੀਣ ਯੋਗ ਪਾਣੀ ਮੁਹੱਈਆ ਕਰਵਾਉਣ ਅਤੇ ਹੋਰ ਵਾਜਿਬ ਮੰਗਾਂ ਨੂੰ ਲੈ ਕੇ ਸ਼ੁੱਕਰਵਾਰ ਨੂੰ ਜਿਹੜਾ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਗਵਰਨਰ ਪੰਜਾਬ ਦੇ ਭਵਨ ਵੱਲ ਪੁਰ ਅਮਨ ਮੁਜ਼ਾਹਰਾ ਕਰਦੇ ਜਾ ਰਹੇ ਹਜ਼ਾਰਾਂ ਕਿਸਾਨਾਂ ਨੂੰ ਰੋਕਣ ਲਈ ਕੇਂਦਰ ਦੇ ਇਸ਼ਾਰੇ 'ਤੇ ਗਵਰਨਰ ਪੰਜਾਬ ਵੱਲੋਂ ਪੁਲਸ ਕੋਲੋਂ ਲਾਠੀ ਚਾਰਜ ਕਰਵਾਇਆ ਗਿਆ, ਹੰਝੂ ਗੈਸ ਛੱਡੀ ਗਈ ਜਿਸ ਕਾਰਨ ਕਈ ਕਿਸਾਨਾਂ ਦੀਆਂ ਪੱਗਾਂ ਵੀ ਲੱਥ ਗਈਆਂ, ਕਈ ਜ਼ਖ਼ਮੀ ਹੋ ਗਏ ਅਤੇ ਅੱਥਰੂ ਗੈਸ ਦੇ ਗੋਲੇ ਵੱਜਣ ਕਾਰਨ ਕਈਆਂ ਦੀਆਂ ਅੱਖਾਂ 'ਤੇ ਮਾੜਾ ਅਸਰ ਪਿਆ, 24 ਕਿਸਾਨਾਂ ਤੇ ਕਿਸਾਨ ਔਰਤਾਂ ਨੂੰ ਹਿਰਾਸਤ ਵਿੱਚ ਲੈ ਲਿਆ, ਦੇ ਰੋਸ ਵਜੋਂ ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਅਤੇ ਬੀਜੇਪੀ ਦੇ ਪ੍ਰੀਤਕ ਪੁਤਲੇ ਚੁੱਕ ਕੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਦੀ ਅਗਵਾਈ 'ਚ ਅਜਨਾਲਾ ਦੇ ਮੁੱਖ ਬਾਜ਼ਾਰਾਂ 'ਚ ਡਾਫਾ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਪੁਤਲਿਆਂ ਨੂੰ ਅਗਨੀ ਭੇਟ ਕੀਤਾ ਗਿਆ! ਡਾ. ਅਜਨਾਲਾ ਨੇ ਦੱਸਿਆ ਕਿ ਇਸ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ 21 ਮਈ ਨੂੰ ਐੱਸ. ਕੇ. ਐੱਮ. ਪੰਜਾਬ ਦੀ ਮੀਟਿੰਗ ਸੱਦ ਲਈ ਹੈ ਜਿੱਥੇ ਅਗਲੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ। ਇਸ ਸਮੇਂ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਧਨਵੰਤ ਸਿੰਘ ਖਤਰਾਏ ਕਲਾਂ ਨੇ ਆਏ ਲੋਕਾਂ ਦਾ ਧੰਨਵਾਦ ਕੀਤਾ ਜਿੱਥੇ ਰਜਿੰਦਰ ਸਿੰਘ ਭੱਲਾ ਪਿੰਡ, ਪ੍ਰੋ: ਮਾਲਕ ਸਿੰਘ ਗੁਰਾਲਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਜੱਗਾ ਸਿੰਘ ਡੱਲਾ, ਗਾਇਕ ਗੁਰਪਾਲ ਗਿੱਲ, ਸ਼ਮਸ਼ੇਰ ਸਿੰਘ ਡੱਲਾ, ਔਰਤ ਮੁਕਤੀ ਮੋਰਚਾ ਦੀਆਂ ਆਗੂਆਂ ਬੀਬੀ ਅਜੀਤ ਕੌਰ ਕੋਟ ਰਜ਼ਾਦਾ, ਸਰਬਜੀਤ ਕੌਰ ਜਸਰਾਊਰ; ਦਿਹਾਤੀ ਮਜ਼ਦੂਰ ਸਭਾ ਦੇ ਆਗੂ ਅਮਰਜੀਤ ਸਿੰਘ ਭਿੰਡੀ ਸੈਦਾਂ, ਜਤਿੰਦਰ ਸਿੰਘ ਮਾਨਾਂਵਾਲਾ, ਪ੍ਰਧਾਨ ਜਤਿੰਦਰ ਸਿੰਘ ਜਾਫਰਕੋਟ, ਸੰਦੀਪ ਸਿੰਘ ਜਾਫਰਕੋਟ, ਹਰਦਿਆਲ ਸਿੰਘ ਮੱਟੀਆਂ, ਸੂਰਤਾ ਸਿੰਘ ਚੱਕ ਔਲ, ਸੰਤੋਖ ਸਿੰਘ ਅਜਨਾਲਾ, ਹਰਨੇਕ ਸਿੰਘ ਨੇਪਾਲ, ਜਗਤਾਰ ਸਿੰਘ ਜਸਤਰਵਾਲ, ਰਜਿੰਦਰ ਸਿੰਘ ਜਾਫਰਕੋਟ ਆਦਿ ਨੇ ਵੀ ਤਸ਼ੱਦਦ ਦੀ ਘੋਰ ਨਿੰਦਾ ਕੀਤੀ।



# ਕੰਵਲਜੀਤ ਸਿੰਘ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਵਾਰਡ ਨੰਬਰ 14 ਵਿੱਚ ਉਸ ਵਕਤ ਭਾਰਤੀ ਜਨਤਾ ਪਾਰਟੀ ਨੂੰ ਬਹੁਤ ਭਾਰੀ ਬਲ ਮਿਲਿਆ ਜਦੋਂ ਕਵਲਜੀਤ ਸਿੰਘ ਆਪਣੇ ਸਾਥੀਆਂ ਸਮੇਤ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਅਜਨਾਲੇ ਤੋਂ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਪਾਰਟੀ ਦਾ ਮਫਲਰ ਪਾ ਕੇ ਸ਼ਾਮਲ ਹੋਣ ਵਾਲਿਆਂ ਨੂੰ ਜੀ ਆਇਆਂ ਨੂੰ ਕਿਹਾ। ਇਸ ਮੌਕੇ ਕਵਲਜੀਤ ਨੇ ਧੰਨਵਾਦ ਕਰਦਿਆਂ ਕਿਹਾ ਕਿ ਜੋ ਪਾਰਟੀ ਨੇ ਮੈਨੂੰ ਮਾਣ ਸਤਿਕਾਰ ਦਿੱਤਾ ਹੈ ਮੈਂ ਪਾਰਟੀ ਦਾ ਸਦਾ ਰਿਣੀ ਰਹਾਂਗਾ। ਇਸ ਮੌਕੇ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਲਗਾਉਂਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਜੋ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਨਾਲ ਧੱਕਾ ਕਰ ਰਹੀ ਹੈ ਉਹ ਧੱਕਾ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ ਬਾਜਵਾ, ਬੰਟੀ ਸ਼ਾਹ ਭਿੰਡੀਆਂ ਵਾਲੇ, ਸੁਰਜੀਤ ਸਿੰਘ ਖੰਡ ਮਿੱਲ ਵਾਲੇ, ਵਿਕਰਮ ਬੇਦੀ, ਰਜੇਸ਼ ਚੌਹਾਨ, ਨਵਦੀਪ ਕੌਰ ਅਤੇ ਰਣਜੀਤ ਕੌਰ ਹਾਜ਼ਰ ਸਨ।



# ਸ਼ਰੀਫਪੁਰਾ ਇਲਾਕੇ 'ਚ ਹੋਏ ਕਤਲ ਕੇਸ 'ਚ ਚਾਰ ਮੁਲਜ਼ਮ ਗ੍ਰਿਫ਼ਤਾਰ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**

ਸ਼ਰੀਫਪੁਰਾ ਵਿਚ ਹੋਏ ਬਹੁ-ਚਰਚਿਤ ਕਤਲਕਾਂਡ ਦੇ ਸਬੰਧ ਵਿਚ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਮੁੱਖ ਮੁਲਜ਼ਮ ਸਮੇਤ ਚਾਰ ਮੁਲਜ਼ਮਾਂ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕਰ ਲਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਰਾਣੀ ਬਾਜ਼ਾਰ ਸ਼ਰੀਫਪੁਰਾ, ਅੰਮ੍ਰਿਤਸਰ ਦੇ ਰਹਿਣ ਵਾਲੇ ਵੰਸ਼, ਰੋਹਨ ਕਪੂਰ ਉਰਫ਼ ਗੋਲੂ ਵਾਸੀ ਤਹਿਸੀਲਪੁਰਾ, ਸੋਨੀਆ ਰਾਣੀ ਵਾਸੀ ਬਾਜ਼ਾਰ ਸ਼ਰੀਫਪੁਰਾ ਤੇ ਇਕ ਨਾਬਾਲਗ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਅਪਰਾਧ ਦੌਰਾਨ ਵਰਤੀ ਗਈ ਐਕਟਿਵਾ ਵੀ ਬਰਾਮਦ ਕਰ ਲਈ ਹੈ। ਪੁਲਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਮਾਮਲਾ ਅੰਮ੍ਰਿਤਸਰ ਦੇ ਮਜੀਠਾ ਰੋਡ ਇਲਾਕੇ ਦੇ ਰਹਿਣ ਵਾਲੇ ਕੁਨਾਲ ਉਰਫ਼ ਲੋਟਸ ਦੇ ਕਤਲ ਨਾਲ ਸਬੰਧਤ ਹੈ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਪੀੜਤ 13 ਮਈ ਦੀ ਰਾਤ ਨੂੰ ਆਪਣੇ ਦੋਸਤਾਂ ਨਾਲ ਰਾਣੀ ਬਾਜ਼ਾਰ ਸ਼ਰੀਫਪੁਰਾ ਇਲਾਕੇ ਵਿਚ ਗਿਆ ਸੀ, ਜਿੱਥੇ ਵੰਸ਼ ਤੇ ਉਸ ਦੇ ਸਾਥੀਆਂ ਨਾਲ ਝਗੜਾ ਹੋਇਆ। ਸੀ. ਪੀ. ਨੇ ਦੱਸਿਆ ਕਿ ਪੀੜਤ ਦੇ ਪਿਤਾ ਪਵਨ ਕੁਮਾਰ ਉਰਫ਼ ਪੰਮਾ ਵੱਲੋਂ ਦਰਜ਼ ਕਰਵਾਈ ਗਈ ਸ਼ਿਕਾਇਤ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਪੁਲਿਸ ਸਟੇਸ਼ਨ ਏ-ਡਿਵੀਜ਼ਨ ਨੇ ਮਾਮਲਾ ਦਰਜ਼ ਕਰ ਲਿਆ ਸੀ। ਵੇਰਵੇ ਸਾਂਝੇ ਕਰਦੇ ਹੋਏ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਸ ਟੀਮਾਂ ਨੇ ਕੇਸ ਦਰਜ ਹੋਣ ਤੋਂ ਤੁਰੰਤ ਬਾਅਦ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਦੇ ਹੋਏ ਮੁਲਜ਼ਮਾਂ ਵੰਸ਼, ਰੋਹਨ ਕਪੂਰ ਉਰਫ਼ ਗੋਲੂ, ਸੋਨੀਆ ਤੇ ਇਕ ਨਾਬਾਲਗ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸੀ. ਪੀ. ਨੇ ਦੱਸਿਆ ਕਿ ਮੁਲਜ਼ਮ ਰੋਹਨ ਕਪੂਰ ਉਰਫ਼ ਗੋਲੂ ਇਕ ਪੇਸ਼ਾਵਰਾਨਾ ਅਪਰਾਧੀ ਹੈ ਤੇ ਪਹਿਲਾਂ ਵੀ ਉਸ ਦੇ ਖਿਲਾਫ਼ ਛੇ ਅਪਰਾਧਿਕ ਮਾਮਲੇ ਕਮਿਸ਼ਨਰੇਟ ਦੇ ਵੱਖ-ਵੱਖ ਥਾਣਿਆਂ ਵਿਚ ਖੋਹ ਤੇ ਡਕੈਤੀ ਦੇ ਦਰਜ ਹਨ। ਜ਼ਿਕਰਯੋਗ ਹੈ ਕਿ ਮੁਲਜ਼ਮ ਕੁਨਾਲ ਉਰਫ਼ ਲੋਟਸ ਦਾ ਬੇਰਹਿਮੀ ਨਾਲ ਕਤਲ ਕਰਨ ਤੋਂ ਬਾਅਦ ਉਸ ਦੀ ਲਾਸ਼ ਨੂੰ ਐਕਟਿਵਾ 'ਤੇ ਰੱਖ ਕੇ ਰਾਤ ਗਲੀਆਂ ਵਿਚ ਘੁੰਮਦੇ ਰਹੇ। ਇਸ ਗੁੰਡਾਗਰਦੀ ਦੀਆਂ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈਆਂ।

# ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਬਹੁਜਨ ਸਮਾਜ ਪਾਰਟੀ ਵੱਲੋਂ ਨਗਰ ਕੌਂਸਲ ਚੋਣਾਂ ਲਈ ਜ਼ਿਲ੍ਹਾ ਪ੍ਰਧਾਨ ਬੀ. ਐੱਸ.ਪੀ. ਗੁਰਦਾਸਪੁਰ ਐਡਵੋਕੇਟ ਸੁਰਿੰਦਰ ਚੌਧਰੀ ਦੀ ਪ੍ਰਧਾਨਗੀ ਵਿੱਚ ਧਾਰੀਵਾਲ ਹਲਕੇ ਦੇ ਪਾਰਟੀ ਉਮੀਦਵਾਰਾ ਵੱਲੋਂ ਆਪਣੇ ਕਾਗਜ਼ ਦਾਖਿਲ ਕੀਤੇ ਗਏ।ਇਸ ਮੌਕੇ ਹਲਕਾ ਪ੍ਰਧਾਨ ਕਸਤੂਰੀ ਲਾਲ, ਸਿਟੀ ਪ੍ਰਧਾਨ ਬਿਸ਼ਨ ਸਿੰਘ, ਸੀਨੀਅਰ ਆਗੂ ਮੇਜਰ ਸੋਮ ਨਾਥ, ਹਲਕਾ ਕਾਦੀਆ ਸਕੱਤਰ ਜਤਿੰਦਰ ਭਗਤ, ਬਸਪਾ ਸਾਥੀ ਐੱਸ. ਡੀ. ਓ. ਚਮਨ ਲਾਲ, ਸੁੱਚਾ ਸਿੰਘ ਪਸਨਾਵਾਲ, ਰਵੀ ਕੁਮਾਰ, ਚਰਨਜੀਤ ਘਾਂਗਲਾ ਆਦਿ ਵੀ ਹਾਜ਼ਰ ਸਨ। ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸੁਰਿੰਦਰ ਚੌਧਰੀ ਨੇ ਦੱਸਿਆ ਕਿ ਧਾਰੀਵਾਲ ਦੇ ਵਾਰਡ ਨੰਬਰ 1 ਤੋਂ ਵੰਦਨਾ ਖੋਸਲਾ ਤੇ ਵਾਰਡ ਨੰਬਰ 13 ਤੋਂ ਰਾਜ ਕੁਮਾਰ ਨੇ ਨਾਮਜ਼ਦਗੀ ਕਾਗਜ਼ ਦਾਖਿਲ ਕੀਤੇ।ਇਸ ਮੌਕੇ ਪਾਰਟੀ ਆਗੂਆਂ ਨੇ ਬਸਪਾ ਵਰਕਰਾਂ ਨੂੰ ਦਿਨ-ਰਾਤ ਇਕ ਕਰਕੇ ਪਾਰਟੀ ਉਮੀਦਵਾਰ ਨੂੰ ਜਿਤਾਉਣ ਲਈ ਇਕਜੁਟ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ।ਜ਼ਿਲ੍ਹਾ ਪ੍ਰਧਾਨ ਸੁਰਿੰਦਰ ਚੌਧਰੀ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਆਪਣੀਆਂ ਨਾਕਾਮੀਆਂ ਲੁਕੋ ਕੇ ਅਤੇ ਝੂਠੇ ਵਾਅਦੇ ਕਰਕੇ ਦੁਬਾਰਾ ਲੋਕਾਂ ਨੂੰ ਧੋਖਾ ਦੇਣ ਦੀ ਤਿਆਰੀ ਕਰ ਰਹੀਆਂ ਹਨ ਪਰ ਇਸ ਵਾਰ ਵੋਟਰ ਅਜਿਹੀਆਂ ਪਾਰਟੀਆਂ ਨੂੰ ਮੂੰਹ ਨਹੀਂ ਲਗਾਉਣਗੇ।

# ਜ਼ਿਲ੍ਹਾ ਪ੍ਰਸ਼ਾਸਨ ਦੀ ਅਣਦੇਖੀ ਕਾਰਨ ਘਰੇਲੂ ਗੈਸ ਸਿਲੰਡਰਾਂ ਦੀ ਬਲੈਕ ਤੇ ਦੁਰਵਰਤੋਂ ਜ਼ੋਰਾਂ 'ਤੇ

**ਗੁਰਦਾਸਪੁਰ, (ਜਨਕ ਮਹਾਜਨ)**

ਅਮਰੀਕਾ-ਈਰਾਨ ਦੀ ਲੜਾਈ ਨੂੰ ਲੈ ਕੇ ਗੈਸ ਆਦਿ ਦੀ ਕਿੱਲਤ ਕੁਝ ਮਹੀਨਿਆਂ ਤੋਂ ਆਈ ਪਈ ਹੈ ਉਸ ਨੂੰ ਲੈ ਕੇ ਕੇਂਦਰ ਸਰਕਾਰ ਨੇ ਘਰੇਲੂ ਗੈਸ ਸਿਲੰਡਰ ਦੇ ਰੇਟ ਵੀ 60 ਰੁਪਏ ਪ੍ਰਤੀ ਸਿਲੰਡਰ ਵਧਾ ਦਿੱਤੇ ਹਨ। ਇਸ ਦੇ ਨਾਲ ਹੀ ਕਮਰਸ਼ੀਅਲ ਗੈਸ ਸਿਲੰਡਰਾਂ ਦੇ ਰੇਟ ਵੀ ਕੁਝ ਦਿਨ ਪਹਿਲਾਂ 993 ਰੁਪਏ ਪ੍ਰਤੀ ਸਿਲੰਡਰ ਵਧਾ ਦਿੱਤੇ ਗਏ ਹਨ ਜਿਸ ਨਾਲ ਮਹਿੰਗਾਈ ਹੋਰ ਜ਼ਿਆਦਾ ਹੋ ਗਈ ਹੈ ਪਰ ਖਾਣ ਪੀਣ ਦਾ ਸਾਮਾਨ ਵੇਚਣ ਵਾਲੇ ਜ਼ਿਆਦਾਤਰ ਰੇਹੜੀਆਂ ਵਾਲੇ ਅਜੇ ਵੀ ਘਰੇਲੂ ਗੈਸ ਸਿਲੰਡਰ ਸ਼ਰੇਆਮ ਵਰਤ ਰਹੇ ਹਨ। ਘਰੇਲੂ ਗੈਸ ਸਿਲੰਡਰ ਵਰਤਣ ਵਾਲੇ ਗੁਰਦਾਸਪੁਰ ਦੇ ਬਾਜ਼ਾਰਾਂ, ਹੋਟਲਾਂ, ਹਲਵਾਈ, ਫਾਸਟ ਫੂਡ, ਨਿਊਡਲ, ਚਾਂਪਾਂ ਆਦਿ ਵੇਚਣ ਵਾਲੇ ਖੁੱਲੇਆਮ ਪ੍ਰਸ਼ਾਸਨ ਦੀ ਅਣਦੇਖੀ ਕਾਰਨ ਅੱਖਾਂ ਦੇ ਸਾਹਮਣੇ ਵੇਚ ਰਹੇ ਹਨ ਜਿਨਾਂ ਨੂੰ ਰੋਕਣ ਵਾਲਾ ਕੋਈ ਵੀ ਨਹੀਂ ਅਤੇ ਨਾ ਹੀ ਕੋਈ ਚੈਕਿੰਗ ਕਰਨ ਵਾਲਾ ਹੈ। ਇਸੇ ਤਰ੍ਹਾਂ ਦਿਹਾਤੀ ਖੇਤਰ ਵਿਚ ਵੀ ਘਰੇਲੂ ਗੈਸ ਸਿਲੰਡਰ ਦੀ ਵੀ ਵੱਡੇ ਪੱਧਰ 'ਤੇ ਦੁਰਵਰਤੋਂ ਹੋ ਰਹੀ ਹੈ। ਖਾਸ ਕਰ ਗੁਰਦਾਸਪੁਰ ਸ਼ਹਿਰ ਦੀ ਲਾਈਬ੍ਰੇਰੀ ਰੋਡ 'ਤੇ ਹਨੂੰਮਾਨ ਚੌਕ ਤੱਕ ਸ਼ਾਮ ਵੇਲੇ ਫਾਸਟ ਫੂਡ, ਨਿਊਡਲ, ਡੋਸਾ ਆਦਿ ਦੀਆਂ ਰੇਹੜੀਆਂ ਵਾਲੇ ਬੇਖੌਫ ਹੋ ਕੇ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਕਰ ਰਹੇ ਹਨ ਜਿਨ੍ਹਾਂ ਨੂੰ ਵੇਖਣ 'ਤੇ ਇੰਜ ਜਾਪਦਾ ਹੈ ਕਿ ਜਿਵੇਂ ਸਰਕਾਰ ਅਤੇ ਲੋਕਲ ਪ੍ਰਸ਼ਾਸਨ ਵੱਲੋਂ ਇਨ੍ਹਾਂ ਨੂੰ ਘਰੇਲੂ ਸਿਲੰਡਰ ਵਰਤਣ ਦੀ ਖੁੱਲੀ ਛੁੱਟੀ ਦਿੱਤੀ ਗਈ ਹੋਵੇ। ਲੋਕਾਂ ਦੀ ਮੰਗ ਹੈ ਕਿ ਬਲੈਕ ਵਿਚ ਵਿਕਣ ਵਾਲੇ ਸਿਲੰਡਰਾਂ ਨੂੰ ਰੋਕਣ ਲਈ ਸਖਤੀ ਨਾਲ ਨਜਿੱਠਣਾ ਚਾਹੀਦਾ ਹੈ ਤਾਂ ਜੋ ਇਹ ਰੇਹੜੀਆਂ ਵਾਲੇ ਕਮਰਸ਼ੀਅਲ ਗੈਸ ਸਿਲੰਡਰ ਖ਼ਰੀਦ ਕੇ ਆਪਣਾ ਕਾਰੋਬਾਰ ਕਰ ਸਕਣ। ਇਸ ਸਬੰਧੀ ਜਦੋਂ ਜ਼ਿਲ੍ਹਾ ਸਹਾਇਕ ਫੂਡ ਸਪਲਾਈ ਅਫ਼ਸਰ ਕਮਲਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਉਹ ਜਲਦੀ ਹੀ ਕਾਰਵਾਈ ਕਰਦੇ ਹੋਏ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋ ਕਰਨ ਵਾਲੇ ਹੋਟਲ ਅਤੇ ਰੇਹੜੀਆਂ ਵਾਲਿਆਂ ਖ਼ਿਲਾਫ਼ ਛਾਪੇਮਾਰੀ ਕਰਕੇ ਦੋਸ਼ੀ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# 282 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ

**ਬਟਾਲਾ, (ਤਰਲੋਕ ਬੱਗਾ)**-ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਚੋਣ ਪ੍ਰੋਗਰਾਮ ਅਨੁਸਾਰ ਬਟਾਲਾ ਨਗਰ ਨਿਗਮ ਦੀ ਚੋਣਾਂ 26 ਮਈ ਨੂੰ ਹੋਣਗੀਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ-ਕਮ-ਰਿਟਰਨਿੰਗ ਅਫਸਰ ਬਟਾਲਾ ਨੇ ਦੱਸਿਆ ਕਿ ਨਗਰ ਨਿਗਮ ਦੀਆਂ 50 ਵਾਰਡਾਂ ਦੀਆਂ ਚੋਣਾਂ ਲਈ 282 ਉਮੀਦਵਾਰਾਂ ਵਲੋਂ ਨਾਮਜ਼ਦਗੀ ਪੱਤਰ ਭਰੇ ਗਏ।ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀਆਂ ਪੱਤਰਾਂ ਦੀ ਜਾਂਚ 18 ਮਈ ਦਿਨ ਸੋਮਵਾਰ ਨੂੰ ਹੋਵੇਗੀ।ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19 ਮਈ ਦਿਨ ਮੰਗਲਵਾਰ ਨੂੰ ਦੁਪਹਿਰ 3 ਵਜੇ ਤੱਕ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪੋਲਿੰਗ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗੀ ਤੇ ਵੋਟਾਂ ਦੀ ਗਿਣਤੀ 29 ਮਈ ਦਿਨ ਸ਼ੁੱਕਰਵਾਰ ਨੂੰ ਸਥਾਪਿਤ ਗਿਣਤੀ ਕੇਂਦਰ 'ਤੇ ਕੀਤੀ ਜਾਵੇਗੀ।

# ਕਿਸਾਨ ਸਭਾ ਨੇ ਭਾਜਪਾ ਦਾ ਪੁਤਲਾ ਫੂਕਿਆ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਤਰਨ ਤਾਰਨ ਨੇੜਲੇ ਪਿੰਡ ਮਾਨੋਚਾਹਲ ਵਿਖੇ ਕੁੱਲ ਹਿੰਦ ਕਿਸਾਨ ਸਭਾ ਦੇ ਵਰਕਰਾਂ ਨੇ ਜੋਗਾ ਸਿੰਘ ਤੇ ਗੁਰਭੇਜ ਸਿੰਘ ਦੀ ਅਗਵਾਈ ਵਿੱਚ ਇਕੱਠੇ ਹੋ ਕੇ ਗਵਰਨਰ ਪੰਜਾਬ ਅਤੇ ਕੇਂਦਰ ਬੀਜੇਪੀ ਸਰਕਾਰ ਦਾ ਪੁਤਲਾ ਫੂਕਿਆ।ਯਾਦ ਰਹੇ ਕਿ ਕੱਲ ਚੰਡੀਗੜ੍ਹ ਵਿੱਚ ਕਿਸਾਨ ਮਾਰਚ ਤੇ ਕੀਤੇ ਤਸ਼ੱਦਦ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਲੋਂ ਥਾਂ-ਥਾਂ ਤੇ ਪੁਤਲੇ ਫੂਕੇ ਜਾਣੇ ਹਨ।



# ਪ੍ਰਤਾਪ ਵਰਲਡ ਸਕੂਲ ਨੇ ਮਨਾਇਆ 12ਵੀਂ ਦੀ ਪ੍ਰੀਖਿਆ 'ਚ ਸਫਲਤਾ ਦਾ ਜਸ਼ਨ



**ਪਠਾਨਕੋਟ (ਦਵਿੰਦਰ ਸਿੰਘ)**

ਪ੍ਰਤਾਪ ਵਰਲਡ ਸਕੂਲ ਪਠਾਨਕੋਟ ਨੇ ਕਲਾਸ 12ਵੀਂ ਸੀਬੀਐੱਸਈ ਬੋਰਡ ਪ੍ਰੀਖਿਆ ਵਿੱਚ ਵਿਦਿਆਰਥੀਆਂ ਦੀ ਸ਼ਾਨਦਾਰ ਸਫਲਤਾ ਦਾ ਜਸ਼ਨ ਮਨਾਇਆ।41 ਵਿਦਿਆਰਥੀਆਂ ਨੇ 90% ਤੋਂ ਵੱਧ, 111 ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ।ਇਸ ਮੌਕੇ ਭਾਰਤੀ ਵਿਦੇਸ਼ ਸੇਵਾ ਦੀ ਮਾਣਯੋਗ ਅਧਿਕਾਰੀ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੀ।ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਦੇ ਗਰਮਜੋਸ਼ੀ ਭਰੇ ਸਵਾਗਤ ਨਾਲ ਹੋਈ। ਸਭਾ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਡਾਇਰੈਕਟਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਸਾਡੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦਾ ਪ੍ਰਤੀਕ ਹਨ। ਸਾਨੂੰ ਉਨ੍ਹਾਂ ਸਾਰੇ ਵਿਦਿਆਰਥੀਆਂ 'ਤੇ ਮਾਣ ਹੈ ਜਿਨ੍ਹਾਂ ਨੇ ਇਮਾਨਦਾਰੀ ਅਤੇ ਮਿਹਨਤ ਨਾਲ ਆਪਣੇ ਲਕਸ਼ ਵੱਲ ਕਦਮ ਵਧਾਏ।ਸਕੂਲ ਦੀ ਪ੍ਰਿੰਸੀਪਲ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਨਿਰੰਤਰ ਯਤਨਾਂ, ਕੇਂਦ੍ਰਿਤ ਮਾਰਗਦਰਸ਼ਨ ਅਤੇ ਸਕੂਲ ਦੇ ਮਜ਼ਬੂਤ ਵਿੱਦਿਅਕ ਮਾਹੌਲ ਦਾ ਨਤੀਜਾ ਹੈ। ਸਾਨੂੰ ਆਪਣੇ ਵਿਦਿਆਰਥੀਆਂ ਨੂੰ ਸਕੂਲ ਅਤੇ ਆਪਣੇ ਪਰਿਵਾਰ ਦਾ ਨਾਮ ਰੌਸ਼ਨ ਕਰਦਿਆਂ ਦੇਖ ਕੇ ਬਹੁਤ ਖੁਸ਼ੀ ਹੋ ਰਹੀ ਹੈ।ਮੁੱਖ ਮਹਿਮਾਨ ਆਈਐੱਫਐੱਸ ਰੋਮਾ ਬਰਨਾ ਨੇ ਵਿਦਿਆਰਥੀਆਂ ਨੂੰ ਸਕਾਰਾਤਮਕ ਵਿੱਦਿਅਕ ਮਾਹੌਲ ਤਿਆਰ ਕਰਨ ਲਈ ਸਕੂਲ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਅਨੁਸ਼ਾਸਨ, ਕਠੋਰ ਮਿਹਨਤ ਅਤੇ ਇਮਾਨਦਾਰੀ ਜੀਵਨ ਵਿੱਚ ਸਫਲਤਾ ਦੀ ਅਸਲੀ ਕੁੰਜੀ ਹਨ।

# ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਦੀ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ ਰਿਹਾ

**ਧਾਰੀਵਾਲ, (ਮਨਦੀਪ ਵਿੱਕੀ)**-ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਦੀ ਬਾਰ੍ਹਵੀਂ ਜਮਾਤ (ਸਾਇੰਸ, ਆਰਟਸ, ਕਾਮਰਸ) ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਵਿੱਚ ਹਿੰਦੂ ਕੰਨਿਆ ਮਹਾਂ ਵਿਦਿਆਲਾ ਦੀ ਬਾਰ੍ਹਵੀਂ ਜਮਾਤ ਵਿੱਚੋਂ ਸਾਇੰਸ ਗਰੁੱਪ ਦੀ ਵਿਦਿਆਰਥਣ ਹਿਮਾਂਸ਼ੀ ਨੇ 413 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਮਹਿਕਪ੍ਰੀਤ ਨੇ 409 ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਸ਼ਵੇਤਾ ਨੇ 402 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਕਾਮਰਸ ਵਿੱਚੋਂ ਟੀਨਾ ਅੱਤਰੀ ਨੇ 416 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਰਿਤਿਕਾ ਨੇ 406 ਅੰਕ ਪ੍ਰਾਪਤ ਕਰਕੇ ਦੂਸਰਾ, ਲਛਮੀ ਨੇ 405 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਵਿੱਚੋਂ ਬਲਪ੍ਰੀਤ ਕੌਰ ਨੇ 406 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਕ੍ਰਿਸਟੀ ਨੇ 397 ਅੰਕ ਪ੍ਰਾਪਤ ਕਰਕੇ ਦੂਸਰਾ, ਕ੍ਰਿਸਟੀ ਨੇ 373 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਡਾਕਟਰ ਰਜਵਿੰਦਰ ਕੌਰ ਦੁਆਰਾ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਉਹਨਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।



# ਈ ਓ ਮਜੀਠਾ ਦਾ ਤਬਾਦਲਾ ਕਰਨਾ ਕੋਈ ਸਜ਼ਾ ਨਹੀਂ : ਸੱਚਰ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**-ਪੰਜਾਬ ਵਿੱਚ ਹੋ ਰਹੀਆਂ ਨਗਰ ਪੰਚਾਇਤਾਂ ਤੇ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਸਰਕਾਰ ਦੀਆਂ ਮੁਲਾਜ਼ਮਾ ਰਾਹੀਆਂ ਧੱਕੇਸ਼ਾਹੀਆਂ ਜੱਗ ਜ਼ਾਹਿਰ ਹੋ ਗਈਆਂ ਤੇ ਮੀਡੀਆ ਵਿੱਚ ਵੀਡੀਓ ਰਿਕਾਰਡਿੰਗ ਰਾਹੀਂ ਸਾਰੇ ਲੋਕਾਂ ਨੇ ਆਪਣੀਆਂ ਅੱਖਾਂ ਤੇ ਕੰਨਾਂ ਨਾਲ ਸੁਣੀਆਂ ਕਿ ਮਜੀਠਾ ਤੇ ਜੰਡਿਆਲਾ ਦਾ ਈ ਓ ਕਿਵੇਂ ਆਪਣੇ ਰਾਜਸੀ ਆਕਾਵਾਂ ਕੋਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਦੇਣ ਦੀ ਇਜਾਜ਼ਤ ਲੈ ਰਿਹਾ। ਇਸ ਸਾਰੇ ਵਰਤਾਰੇ 'ਤੇ ਪਹਿਲਕਦਮੀ ਕਰਦਿਆਂ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਇਸ ਨੂੰ ਨਸ਼ਰ ਕੀਤਾ ਜਿਸ ਉਪਰੰਤ ਸਾਰੀ ਸੱਚਾਈ ਲੋਕਾਂ ਦੇ ਤੇ ਚੋਣ ਕਮਿਸ਼ਨ ਦੇ ਧਿਆਨ ਵਿੱਚ ਆਈ ਪਰ ਅਫ਼ਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਈ ਓ ਵੱਲੋਂ ਕੀਤੀ ਗਈ ਭਾਰੀ ਗਲਤੀ ਜਿਸਦੇ ਸਬੂਤ ਮੌਜੂਦ ਹਨ, ਪਰ ਚੋਣ ਕਮਿਸ਼ਨ ਨੇ ਸਿਰਫ ਇਸਦੇ ਤਬਾਦਲਾ ਕਰਨ ਨੂੰ ਹੀ ਸਜ਼ਾ ਸਮਝਿਆ ਜਿਸ ਨਾਲ ਚੋਣ ਕਮਿਸ਼ਨ ਵੀ ਸ਼ੱਕ ਦੇ ਘੇਰੇ ਵਿੱਚ ਆ ਜਾਂਦਾ ਹੈ ਕਿਉਂਕਿ ਇਸ ਨਿਗੂਣੀ ਜਿਹੀ ਤਬਦੀਲੀ ਨਾਲ ਹੋਰਨਾਂ ਭਰਿਸ਼ਟ ਤੇ ਸਰਕਾਰੀ ਦਬਾਅ ਹੇਠ ਕੰਮ ਕਰਨ ਵਾਲਿਆਂ ਨੂੰ ਹੌਸਲਾ ਮਿਲੇਗਾ ਕਿ ਕਿੰਨੀ ਵੀ ਵੱਡੀ ਗਲਤੀ ਕਰਕੇ ਲੋਕਤੰਤਰ ਦੀਆਂ ਧੱਜੀਆਂ ਉਡਾ ਦਿਓ ਕੋਈ ਫਰਕ ਨਹੀਂ ਪੈਣਾ ਕਿਉਂਕਿ ਵੱਧ ਤੋਂ ਵੱਧ ਸਜ਼ਾ ਸਿਰਫ ਤਬਾਦਲਾ ਹੀ ਹੈ। ਕੁਝ ਸਮੇਂ ਬਾਅਦ ਉਹ ਵੀ ਵਾਪਸ ਹੋ ਜਾਵੇਗਾ। ਸੋ ਲੋਕਾਂ ਦੀਆਂ ਭਾਵਨਾਵਾਂ ਤੇ ਲੋਕਤੰਤਰ ਦੀ ਰਾਖੀ ਕਰਦਿਆਂ ਇਸ ਅਧਿਕਾਰੀ ਨੂੰ ਬਰਖ਼ਾਸਤ ਕੀਤਾ ਜਾਵੇ। ਇਸ ਮੌਕੇ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਵੀ ਨਾਲ ਸਨ।



# ਪੈਟਰੋਲ-ਡੀਜ਼ਲ ਦੀਆਂ ਵਧੀਆਂ ਕੀਮਤਾਂ ਨੇ ਲੋਕਾਂ ਦੇ ਸਾਹ ਸੂਤੇ; ਆਮ ਜਨਤਾ ਤੇ ਕਾਰੋਬਾਰੀ ਪ੍ਰੇਸ਼ਾਨ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**-ਪੰਜਾਬ ਭਰ ਵਿੱਚ ਪਿਛਲੇ ਕੁਝ ਦਿਨਾਂ ਤੋਂ ਬੈਂਕਾਂ ਅਤੇ ਏਟੀਐੱਮ ਵਿੱਚ ਨਕਦੀ ਦੀ ਭਾਰੀ ਕਿੱਲਤ ਦੇਖਣ ਨੂੰ ਮਿਲ ਰਹੀ ਹੈ।ਫਤਿਹਗੜ੍ਹ ਚੂੜੀਆਂ ਸਮੇਤ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲੋਕ ਪੈਸਿਆਂ ਲਈ ਦਰ-ਬ-ਦਰ ਭਟਕ ਰਹੇ ਹਨ।ਸੂਤਰਾਂ ਦੀ ਮੰਨੀਏ ਤਾਂ ਲੋਕਾਂ ਨੇ ਆਪੋ ਆਪਣੇ ਪੈਸ ਕਢਵਾ ਕੇ ਕੋਲ ਰੱਖ ਲਏ ਹਨ। ਬੈਂਕਾਂ ਵਿੱਚ ਚੱਲ ਰਹੀ ਇਸ ਹਫੜਾ-ਦਫੜੀ ਦੌਰਾਨ ਕੁਝ ਬੈਂਕ ਮੈਨੇਜਰਾਂ ਵੱਲੋਂ ਲੌਕਡਾਊਨ ਲੱਗਣ ਦੀਆਂ ਅਫ਼ਵਾਹਾਂ ਜਾਂ ਖ਼ਦਸ਼ੇ ਪ੍ਰਗਟਾਏ ਜਾ ਰਹੇ ਹਨ। ਕਾਰੋਬਾਰੀ ਅਤੇ ਪ੍ਰਾਪਰਟੀ ਖਰੀਦਦਾਰ ਔਖੇ ਹਨ। ਸਭ ਤੋਂ ਵੱਧ ਮਾਰ ਉਨ੍ਹਾਂ ਲੋਕਾਂ ਤੇ ਪੈ ਰਹੀ ਹੈ ਜਿਨ੍ਹਾਂ ਦੇ ਕਾਰੋਬਾਰ ਪੂਰੀ ਤਰ੍ਹਾਂ ਕੈਸ਼ 'ਤੇ ਚਲਦੇ ਹਨ।ਖ਼ਾਸ ਕਰਕੇ ਉਹ ਲੋਕ ਜਿਨ੍ਹਾਂ ਨੇ ਪ੍ਰਾਪਰਟੀ ਦੀ ਖਰੀਦ-ਫਰੋਖਤ ਕੀਤੀ ਹੋਈ ਹੈ ਅਤੇ ਜਿਨ੍ਹਾਂ ਦੀ ਰਜਿਸਟਰੀ ਦਾ ਸਮਾਂ ਨੇੜੇ ਆ ਚੁੱਕਾ ਹੈ, ਉਹ ਲੋਕ ਬਹੁਤ ਪ੍ਰੇਸ਼ਾਨ ਹਨ।ਕੈਸ਼ ਨਾ ਮਿਲਣ ਕਾਰਨ ਉਨ੍ਹਾਂ ਨੂੰ ਸਾਈ (ਬਿਆਨਾ) ਡੁੱਬਣ ਦਾ ਡਰ ਸਤਾ ਰਿਹਾ ਹੈ।ਚੜ੍ਹੇ ਜੇਠ ਮਹੀਨੇ ਮੋਦੀ ਵੱਲੋਂ ਦੇਸ਼ ਵਾਸੀਆਂ ਨੂੰ ਮਹਿੰਗਾਈ ਦਾ ਵੱਡਾ ਤੋਹਫਾ ਦਿੱਤਾ ਗਿਆ ਹੈ।ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇਕਦਮ 3 ਰੁਪਏ ਦੇ ਵਾਧੇ ਨੇ ਲੋਕਾਂ ਦਾ ਲੱਕ ਤੋੜ ਦਿੱਤਾ।ਪੈਟਰੋਲ, ਡੀਜ਼ਲ ਦੀਆਂ ਕੀਮਤਾਂ ਵਧਣ ਨਾਲ ਦੁੱਧ ਅਤੇ ਹੋਰ ਵਸਤਾਂ ਮਹਿੰਗੀਆਂ ਹੋ ਗਈਆਂ ਹਨ।ਚਾਹ ਦਾ ਕੱਪ 10 ਤੋਂ ਵਧ ਕੇ 15 ਰੁਪਏ ਦਾ ਹੋ ਗਿਆ ਹੈ। ਲੋਕਾਂ ਨੇ ਮੰਗ ਕੀਤੀ ਹੈ ਕਿ ਸਰਕਾਰ ਤੁਰੰਤ ਇਸ ਸਥਿਤੀ ਨੂੰ ਸਪੱਸ਼ਟ ਕਰੇ ਅਤੇ ਬੈਂਕਾਂ ਵਿੱਚ ਨਕਦੀ ਦੀ ਸਪਲਾਈ ਬਹਾਲ ਕੀਤੀ ਜਾਵੇ ਤਾਂ ਜੋ ਆਰਥਿਕ ਗਤੀਵਿਧੀਆਂ ਪ੍ਰਭਾਵਿਤ ਨਾ ਹੋਣ। ਜੇਕਰ ਕੁੱਝ ਦਿਨਾਂ ਤੱਕ ਅਜਿਹਾ ਨਹੀਂ ਹੁੰਦਾ ਤਾਂ ਸਮਝ ਲਿਆ ਜਾਵੇਗਾ ਕਿ ਦੇਸ਼ ਵਿੱਚ ਆਰਥਿਕ ਐਮਰਜੈਂਸੀ ਦਾ ਮਾਹੌਲ ਪੈਦਾ ਹੋ ਗਿਆ ਹੈ।

# ਮੈਰਿਟ 'ਚ ਆਏ ਵਿਦਿਆਰਥੀਆਂ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਕੀਤਾ ਸਨਮਾਨਿਤ

**ਬਟਾਲਾ (ਡਾ. ਮਲਵਿੰਦਰ ਸਿੰਘ)**-ਬੀਤੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਦੇ ਸਾਲਾਨਾ ਨਤੀਜੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਗ੍ਰੰਥੀਆਂ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ।ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪਰਮਜੀਤ ਵੱਲੋਂ ਸਕੂਲ ਵਿਜ਼ਟ ਕਰਕੇ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਜਾਣਕਾਰੀ ਦਿੰਦਿਆਂ ਪ੍ਰਿੰ. ਕਮ-ਬੀਐੱਨਓ ਬਲਾਕ ਬਟਾਲਾ-2 ਰਾਮ ਲਾਲ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਵੱਲੋਂ ਉਚੇਚੇ ਤੌਰ 'ਤੇ ਸਸਸਸ ਵਡਾਲਾ ਗ੍ਰੰਥੀਆਂ ਦੀ ਵਿਦਿਆਰਥਣ ਮੁਕਤਪ੍ਰੀਤ ਕੌਰ, ਸਰਕਾਰੀ ਹਾਈ ਸਕੂਲ ਭਾਮ ਦੀ ਨਵਨੀਤ ਕੌਰ ਨੂੰ ਮੈਰਿਟ ਵਿੱਚ ਆਉਣ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡੀਈਓ ਪਰਮਜੀਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਅਧਿਆਪਕਾਂ ਵੱਲੋਂ ਕਰਵਾਈ ਮਿਹਨਤ ਦਾ ਨਤੀਜਾ ਹੈ ਅਤੇ ਮੈਰਿਟ ਵਿੱਚ ਆਏ ਵਿਦਿਆਰਥੀ ਬਾਕੀ ਬੱਚਿਆਂ ਲਈ ਪ੍ਰੇਰਨਾ ਸਰੋਤ ਹਨ।ਉਨ੍ਹਾਂ ਮਾਪਿਆ ਨੂੰ ਅਪੀਲ ਕੀਤੀ ਕਿ ਬਿਹਤਰ ਅਤੇ ਗੁਣਾਤਮਕ ਸਿੱਖਿਆ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ। ਉਨ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਗ੍ਰੰਥੀਆਂ ਦੇ ਪ੍ਰਬੰਧ ਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਡੀਆਰਪੀ ਅਸ਼ੋਕ ਕੁਮਾਰ, ਮੈਡਮ ਅਨੂੰ, ਅਰੁਣ, ਬੀਆਰਪੀ ਰਜਿੰਦਰ ਸਿੰਘ ਸਮੇਤ ਸਕੂਲ ਸਟਾਫ਼ ਹਾਜ਼ਰ ਸੀ।



# ਛੇਵੇਂ ਪਾਤਸ਼ਾਹ ਦੀ ਚਰਨਛੋਹ ਪ੍ਰਾਪਤ ਨਗਰ ਸੁਰਸਿੰਘ ਵਿਖੇ ਸਾਲਾਨਾ ਜੋੜ ਮੇਲਾ 23-24 ਨੂੰ

**ਝਬਾਲ, (ਹਰਜਿੰਦਰ ਸਿੰਘ ਸੋਨੀ)**

ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਨਗਰ ਸੁਰਸਿੰਘ ਵਿਖੇ ਪਵਿੱਤਰ ਚਰਨ ਪਾਉਣ ਦੀ ਖੁਸ਼ੀ ਵਿੱਚ ਦੋ ਰੋਜ਼ਾ ਸਾਲਾਨਾ ਜੋੜ ਮੇਲਾ 23-24 ਮਈ (ਮੁਤਾਬਕ 9-10 ਜੇਠ ) ਦਿਨ ਸ਼ਨੀਵਾਰ ਤੇ ਐਤਵਾਰ ਨੂੰ ਮਹਾਨ ਸੂਰਬੀਰ ਬਹਾਦਰ ਯੋਧੇ ਬਾਬਾ ਬਿਧੀ ਚੰਦ ਦੇ ਅੰਸ਼ਵੰਸ਼ ਅਤੇ ਸੰਪ੍ਰਦਾਇ ਦਲ ਬਾਬਾ ਬਿਧੀ ਚੰਦ ਜੀ ਨਿਹੰਗ ਸਿੰਘ ਛਾਉਣੀ ਹੈੱਡ ਕੁਆਰਟਰ ਸੁਰਸਿੰਘ ਦੇ ਮੌਜੂਦਾ 12ਵੇਂ ਮੁਖੀ ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਤੇ ਨਗਰ ਸੁਰਸਿੰਘ ਦੀਆਂ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।21 ਮਈ ਦਿਨ ਸ਼ੁੱਕਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ।22 ਮਈ ਦਿਨ ਸ਼ਨੀਵਾਰ ਨੂੰ ਪਾਲਕੀ ਸਾਹਿਬ ਨਗਰ ਕੀਰਤਨ ਸਜਾਇਆ ਜਾਵੇਗਾ।23 ਨੂੰ ਭੋਗ ਪਾਏ ਜਾਣਗੇ। 24 ਮਈ ਦਿਨ ਐਤਵਾਰ ਨੂੰ ਢਾਡੀ ਦਰਬਾਰ ਮੌਕੇ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਜਿੱਥੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਗੁਰੂ ਜੱਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ, ਉੱਥੇ ਹੀ ਜਥੇਦਾਰ ਸਿੰਘ ਸਹਿਬਾਨ, ਸੰਤ ਮਹਾਂਪੁਰਸ਼, ਨਿਰਮਲੇ ਸੰਤ, ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਤੋਂ ਇਲਾਵਾ ਧਾਰਮਿਕ ਤੇ ਰਾਜਸੀ ਸ਼ਖ਼ਸੀਅਤਾਂ ਵੀ ਹਾਜ਼ਰੀਆਂ ਭਰਨ ਲਈ ਪੁੱਜਣਗੀ।ਦੋਵੇਂ ਦਿਨ ਖੰਡੇ ਬਾਟੇ ਦਾ ਅੰਮ੍ਰਿਤ ਸੰਚਾਰ ਹੋਵੇਗਾ।ਸ਼ਾਮ 4 ਵਜੇ ਨਾਮਵਰ ਕਬੱਡੀ ਟੀਮਾਂ ਵਿਚਕਾਰ ਸ਼ੋਅ ਮੈਚ ਹੋਵੇਗਾ। ਉਪਰੰਤ ਨਿਸ਼ਾਨ ਧੌਂਸਿਆਂ ਤਾਬਿਆ ਮਹੱਲਾ ਖੇਡਿਆ ਜਾਵੇਗਾ।ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਗੁਰੂ ਦੇ ਲੰਗਰ ਅਤੁੱਟ ਵਰਤਣਗੇ।ਬਾਬਾ ਅਵਤਾਰ ਸਿੰਘ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਮੌਕੇ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।

# ਪ੍ਰੋ. ਬਣਨ ਦੀ ਇੱਛਾ ਰੱਖਦੀ ਹੈ ਅਸ਼ਮੀਤ ਕੌਰ ਮਲਹੋਤਰਾ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**: ਮਨੋਹਰ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਅਸ਼ਮੀਤ ਕੌਰ ਮਲਹੋਤਰਾ ਪੁੱਤਰੀ ਗੁਰਚਰਨ ਸਿੰਘ ਮਲਹੋਤਰਾ ਨੇ ਬਾਰ੍ਹਵੀਂ ਕਲਾਸ (ਪੰਜਾਬ ਸਕੂਲ ਸਿੱਖਿਆ ਬੋਰਡ) ਕਾਮਰਸ ਗਰੁੱਪ ਵਿੱਚੋਂ 500 'ਚੋਂ 477 ਨੰਬਰ (95.4 ਪ੍ਰਤੀਸ਼ਤ) ਹਾਸਲ ਕਰਕੇ ਮਲਹੋਤਰਾ ਪਰਿਵਾਰ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਦੌਰਾਨ ਸਕੂਲ ਦੇ ਡਾਇਰੈਕਟਰ ਸੁਰੇਸ਼ ਕੁਮਾਰ ਵੱਲੋਂ ਅਸ਼ਮੀਤ ਕੌਰ ਨੂੰ ਵਧਾਈ ਦਿੱਤੀ ਗਈ ਅਤੇ ਕਿਹਾ ਕਿ ਬੱਚੀ ਦੀ ਉੱਚ ਸਿੱਖਿਆ ਲਈ ਉਸਦਾ ਮਾਰਗ ਦਰਸ਼ਕ ਬਣਿਆ ਰਹਾਂਗਾ।ਉਨ੍ਹਾਂ ਕਿਹਾ ਕਿ ਇਹ ਹੋਣਹਾਰ ਬੱਚੀ ਉੱਚ ਸਿੱਖਿਆ ਵਿੱਚ ਵੀ ਚੰਗਾ ਮੁਕਾਮ ਹਾਸਿਲ ਕਰੇਗੀ।ਅਸ਼ਮੀਤ ਕੌਰ ਦੇ ਪਿਤਾ ਗੁਰਚਰਨ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਵੱਡੀ ਬੇਟੀ ਵੀ ਚੰਗੀ ਵਿੱਦਿਆ ਹਾਸਲ ਕਰਕੇ ਹੁਣ ਕੈਨੇਡਾ 'ਚ ਉੱਚ ਸਿੱਖਿਆ ਪ੍ਰਾਪਤ ਕਰ ਰਹੀ ਹੈ।ਅਸ਼ਮੀਤ ਕੌਰ ਨੇ ਕਿਹਾ ਕਿ ਉਹ ਉੱਚ ਸਿੱਖਿਆ ਪ੍ਰਾਪਤ ਕਰਕੇ ਪ੍ਰੋਫੈਸਰ ਬਣਨਾ ਚਾਹੁੰਦੀ ਹੈ ਤਾਂ ਜੋ ਉਹ ਹੋਰ ਵਿਦਿਆਰਥੀਆਂ ਨੂੰ ਵੀ ਵਿੱਦਿਆ ਪ੍ਰਦਾਨ ਕਰ ਸਕੇ।

# ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਦੇ ਬੱਚਿਆਂ ਦਾ ਬਾਰ੍ਹਵੀਂ ਕਲਾਸ ਦਾ ਰਿਜ਼ਲਟ 100 ਫੀਸਦੀ ਰਿਹਾ।ਮਨਰੂਪ ਕੌਰ ਕਾਮਰਸ ਗਰੁੱਪ ਵਿੱਚੋਂ 99 ਨੰਬਰ ਲੈ ਕੇ ਪਹਿਲੇ ਸਥਾਨ 'ਤੇ ਰਹੀ। ਪਲਕਪ੍ਰੀਤ ਕੌਰ 92% ਨੰਬਰ ਲੈ ਕੇ ਦੂਜੇ ਅਤੇ ਕੋਮਲਦੀਪ ਕੌਰ 90% ਨੰਬਰ ਅਤੇ ਕਾਜਲਪ੍ਰੀਤ ਕੌਰ 90% ਨੰਬਰ ਲੈ ਕੇ ਤੀਸਰੇ ਸਥਾਨ 'ਤੇ ਰਹੀਆਂ।ਮੈਡੀਕਲ ਗਰੁੱਪ ਵਿੱਚੋਂ ਹਰਲੀਨ ਕੌਰ 89% ਨੰਬਰ ਲੈ ਕੇ ਪਹਿਲੇ, ਹਰਪ੍ਰੀਤ ਕੌਰ 88% ਅੰਕ ਪ੍ਰਾਪਤ ਕਰਕੇ ਦੂਜੇ ਅਤੇ ਤਨਵੀਰ ਕੌਰ 87% ਨੰਬਰ ਅਤੇ ਪ੍ਰਵੀਨ ਕੌਰ 87% ਅੰਕ ਪ੍ਰਾਪਤ ਕਰਕੇ ਤੀਜੇ ਸਥਾਨ ਉਪਰ ਰਹੀਆਂ।ਚੇਅਰਮੈਨ ਜਸਵੰਤ ਸਿੰਘ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਬੱਚੇ ਦਾ ਰਿਜ਼ਲਟ ਸਹੀ ਲਿਆਉਣਾ ਹੈ ਤਾਂ ਸ਼ੁਰੂ ਤੋਂ ਹੀ ਚੰਗੇ ਸਕੂਲ ਦੀ ਪਰਖ ਕਰਕੇ ਬੱਚੇ ਨੂੰ ਉਸੇ ਹੀ ਸਕੂਲ ਵਿੱਚ ਪੜ੍ਹਾਈ ਕਰਵਾਉਣੀ ਚਾਹੀਦੀ ਹੈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਰੁਪਿੰਦਰ ਕੌਰ ਨੇ ਵੀ ਸਾਰੇ ਬੱਚਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਮਨਰੂਪ ਕੌਰ ਨੂੰ ਅਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੱਤੀ।ਡਾਇਰੈਕਟਰ ਮੈਡਮ ਨੇ ਕਿਹਾ ਕਿ ਇਹ ਜਿੱਤ ਬੱਚਿਆਂ ਅਤੇ ਇਨ੍ਹਾਂ ਦੇ ਮਾਤਾ ਪਿਤਾ ਅਤੇ ਸਕੂਲ ਦੀ ਮਿਹਨਤ ਦਾ ਨਤੀਜਾ ਹੈ।ਇਨ੍ਹਾਂ ਬੱਚਿਆਂ ਦਾ ਸਕੂਲ ਵੱਲੋਂ ਸਨਮਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।ਸਕੂਲ ਵਿੱਚ ਫੁੱਟਬਾਲ, ਵਾਲੀਬਾਲ, ਬੈਡਮਿੰਟਨ, ਕ੍ਰਿਕਟ, ਕਬੱਡੀ, ਖੋ ਖੋ ਆਦਿ ਦੇ ਤਜਰਬੇਕਾਰ ਕੋਚਾਂ ਵੱਲੋਂ ਸਿਖਲਾਈ ਦਿੱਤੀ ਜਾ ਰਹੀ ਹੈ।ਇਸ ਮੌਕੇ ਆਏ ਹੋਏ ਬੱਚਿਆਂ ਦੇ ਮਾਪਿਆਂ ਲਈ ਵਿਸ਼ੇਸ਼ ਤੌਰ 'ਤੇ ਖਾਣ ਪੀਣ ਦਾ ਪ੍ਰਬੰਧ ਕੀਤਾ ਗਿਆ।




# ਮੋਡੀਫਾਈਡ ਵਾਹਨਾਂ 'ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਰਾਹੁਲ ਨੇ ਜਨਤਕ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਤਰਨ ਤਾਰਨ ਦੀ ਹਦੂਦ ਅੰਦਰ ਕਿਸੇ ਵਹੀਕਲ ਦੇ ਮੂਲ ਰੂਪ ਵਿਚ ਤਬਦੀਲੀ, ਸੋਧ, ਨਿਰਮਾਣ ਕਰਨ ਅਤੇ ਅਜਿਹੇ ਗੈਰ-ਵਰਗੀਕ੍ਰਿਤ ਅਤੇ ਗੈਰ-ਕਾਨੂੰਨੀ ਤੌਰ ਤੇ ਸੋਧੇ ਵਾਹਨ (ਮੋਡੀਫਾਈਡ ਵਾਹਨ) ਨੂੰ ਤਰਨ ਤਾਰਨ ਦੀਆਂ ਸੜਕਾਂ/ਜਨਤਕ ਥਾਵਾਂ ਤੇ ਚਲਾਉਣ ਦੀ ਮੁਕੰਮਲ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸੈਕਟਰੀ, ਟਰਾਂਸਪੋਰਟ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਪੱਤਰ ਅਨੁਸਾਰ ਰਾਜ ਵਿੱਚ ਗੈਰ-ਵਰਗੀਕ੍ਰਿਤ ਅਤੇ ਗੈਰ-ਕਾਨੂੰਨੀ ਤੌਰ ਤੇ ਸੋਧੇ ਹੋਏ ਵਾਹਨ, ਜਿਵੇਂ ਕਿ ਜੁਗਾੜੂ ਰੇਹੜੀਆਂ/ਪੀਟਰ ਰੇਹੜੀਆਂ ਆਦਿ, ਜਨਤਕ ਸੜਕਾਂ ਉਤੇ ਚੱਲ ਰਹੇ ਹਨ, ਜੋ ਮੋਟਰ ਵਾਹਨ ਐਕਟ, 1988 ਅਤੇ ਸੜਕ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਹੈ।ਇਸੇ ਤਰ੍ਹਾਂ ਸੀਨੀਅਰ ਪੁਲਸ ਕਪਤਾਨ, ਤਰਨ ਤਾਰਨ ਵੱਲੋਂ ਵੀ ਪੱਤਰ ਪ੍ਰਾਪਤ ਹੋਇਆ ਹੈ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਕੁਝ ਥਾਵਾਂ 'ਤੇ ਗੈਰ-ਕਾਨੂੰਨੀ ਤਰੀਕੇ ਨਾਲ ਮੋਡੀਫਾਈ ਕੀਤੇ ਗਏ ਵਾਹਨਾਂ ਦੀ ਗਿਣਤੀ ਵਿੱਚ ਦਿਨੋ-ਦਿਨ ਵਾਧਾ ਹੋ ਰਿਹਾ ਹੈ, ਜਿਸ ਨਾਲ ਜਨਤਕ ਸੁਰੱਖਿਆ, ਟ੍ਰੈਫਿਕ ਸਮੱਸਿਆ ਸਮੇਤ ਰੋਡ ਐਕਸੀਡੈਂਟ ਵੱਧ ਗਏ ਹਨ। ਇਸ ਲਈ ਉਨ੍ਹਾਂ ਵੱਲੋਂ ਅਜਿਹੇ ਵਹੀਕਲਾਂ ਨੂੰ ਮੋਡੀਫਾਈਡ/ਨਿਰਮਾਣ ਕਰਨ ਤੇ ਰੋਕ ਲਗਾਉਣ ਲਈ ਬੇਨਤੀ ਕੀਤੀ ਗਈ ਹੈ। ਇਹ ਹੁਕਮ ਮਿਤੀ ਮਿਤੀ 14-07-2026 ਤੱਕ ਲਾਗੂ ਰਹਿਣਗੇ।

ਨਵਾਂ ਜ਼ਮਾਨਾ
ਸੋਮਵਾਰ, 18 ਮਈ 2026

# ਚੀਫ ਜਸਟਿਸ ਦੀਆਂ ਚਿੰਤਾਜਨਕ ਟਿੱਪਣੀਆਂ

*15 ਮਈ 2026 ਨੂੰ ਭਾਰਤ ਦੇ ਚੀਫ ਜਸਟਿਸ ਸੂਰਿਆ ਕਾਂਤ ਨੇ ਸੁਪਰੀਮ ਕੋਰਟ ਦੀ ਬੈਂਚ ਦੀ ਪ੍ਰਧਾਨਗੀ ਕਰਦਿਆਂ ਬੇਰੁਜ਼ਗਾਰ ਨੌਜਵਾਨ ਭਾਰਤੀਆਂ ਨੂੰ 'ਕਾਕਰੋਚਾਂ ਵਰਗੇ' ਦੱਸਿਆ, ਜਿਹੜੇ ਨੌਕਰੀਆਂ ਨਾ ਮਿਲਣ 'ਤੇ 'ਸਿਸਟਮ ਉੱਤੇ ਹਮਲਾ ਕਰਨ' ਲਈ ਸੋਸ਼ਲ ਮੀਡੀਆ, ਪੱਤਰਕਾਰੀ ਅਤੇ ਆਰ ਟੀ ਆਈ ਸਰਗਰਮੀ ਵੱਲ ਮੁੜਦੇ ਹਨ। ਉਨ੍ਹਾ ਅਜਿਹੇ ਵਿਅਕਤੀਆਂ ਨੂੰ 'ਸਮਾਜ ਦੇ ਪਰਜੀਵੀ' ਕਿਹਾ। ਇਹ ਸ਼ਬਦ ਕਿਸੇ ਸਿਆਸਤਦਾਨ ਵੱਲੋਂ ਕਿਸੇ ਚੋਣ ਰੈਲੀ ਵਿੱਚ ਜਾਂ ਕਿਸੇ ਟੈਲੀਵਿਜ਼ਨ ਐਂਕਰ ਵੱਲੋਂ ਪ੍ਰਾਈਮ-ਟਾਈਮ ਦੌਰਾਨ ਨਹੀਂ ਕਹੇ ਗਏ। ਇਹ ਸ਼ਬਦ ਭਾਰਤੀ ਗਣਰਾਜ ਦੇ ਸਭ ਤੋਂ ਉੱਚੇ ਨਿਆਂਇਕ ਅਹੁਦੇ 'ਤੇ ਕਾਬਜ਼ ਵਿਅਕਤੀ ਵੱਲੋਂ ਕਹੇ ਗਏ ਹਨ, ਜਿਹੜਾ ਸੰਵਿਧਾਨਕ ਤੌਰ 'ਤੇ ਹਰੇਕ ਨਾਗਰਿਕ ਦੀ ਸ਼ਾਨ ਦਾ ਅੰਤਮ ਰਖਵਾਲਾ ਹੈ।*

*ਵਿਰੋਧ ਦਾ ਸਾਹਮਣਾ ਕਰਨ ਤੋਂ ਬਾਅਦ ਚੀਫ ਜਸਟਿਸ ਨੇ ਸ਼ਨੀਵਾਰ (16 ਮਈ) ਸਪੱਸ਼ਟੀਕਰਨ ਜਾਰੀ ਕਰਦਿਆਂ ਕਿਹਾ ਕਿ ਮੀਡੀਆ ਦੇ ਇੱਕ ਹਿੱਸੇ ਨੇ ਉਨ੍ਹਾ ਦਾ ਗਲਤ ਹਵਾਲਾ ਦਿੱਤਾ ਅਤੇ ਉਹ ਤਾਂ ਭਾਰਤੀ ਨੌਜਵਾਨਾਂ ਨੂੰ ਵਿਕਸਤ ਭਾਰਤ ਦੇ ਥੰਮ੍ਹ ਮੰਨਦੇ ਹਨ। ਆਪਣੇ ਸਪੱਸ਼ਟੀਕਰਨ ਵਿੱਚ ਉਨ੍ਹਾ ਕਿਹਾ, "ਮੈਂ ਖਾਸ ਤੌਰ 'ਤੇ ਉਨ੍ਹਾਂ ਲੋਕਾਂ ਦੀ ਆਲੋਚਨਾ ਕੀਤੀ ਸੀ, ਜੋ ਜਾਅਲੀ ਡਿਗਰੀਆਂ ਦੀ ਮਦਦ ਨਾਲ ਬਾਰ (ਕਾਨੂੰਨੀ ਪੇਸ਼ੇ) ਵਰਗੇ ਪੇਸ਼ਿਆਂ ਵਿੱਚ ਦਾਖਲ ਹੋਏ ਹਨ। ਇਸੇ ਤਰ੍ਹਾਂ ਦੇ ਵਿਅਕਤੀ ਮੀਡੀਆ, ਸੋਸ਼ਲ ਮੀਡੀਆ ਅਤੇ ਹੋਰ ਉੱਤਮ ਪੇਸ਼ਿਆਂ ਵਿੱਚ ਵੀ ਘੁਸਪੈਠ ਕਰ ਚੁੱਕੇ ਹਨ, ਅਤੇ ਇਸ ਲਈ ਉਹ ਪਰਜੀਵੀਆਂ ਵਰਗੇ ਹਨ। ਭਾਰਤੀ ਨੌਜਵਾਨ ਮੇਰੇ ਲਈ ਬਹੁਤ ਸਤਿਕਾਰ ਰੱਖਦੇ ਹਨ ਅਤੇ ਮੈਂ ਵੀ ਉਨ੍ਹਾਂ ਨੂੰ ਵਿਕਸਤ ਭਾਰਤ ਦੇ ਥੰਮ੍ਹਾਂ ਵਜੋਂ ਦੇਖਦਾ ਹਾਂ।"*

*ਸ਼ਬਦਾਂ ਦਾ ਇਤਿਹਾਸ ਹੁੰਦਾ ਹੈ। ਚੀਫ ਜਸਟਿਸ ਵੱਲੋਂ ਵਰਤੇ ਗਏ ਖਾਸ ਸ਼ਬਦਾਂ ਦਾ ਇਤਿਹਾਸ ਮਨੁੱਖੀ ਸਭਿਅਤਾ ਦੇ ਸਭ ਤੋਂ ਹਨੇਰੇ ਇਤਿਹਾਸਾਂ ਵਿੱਚੋਂ ਇੱਕ ਹੈ। ਰਵਾਂਡਾ ਵਿੱਚ ਅਪ੍ਰੈਲ ਅਤੇ ਜੁਲਾਈ 1994 ਦੇ ਵਿਚਕਾਰ, 100 ਦਿਨਾਂ ਵਿੱਚ 800,000 ਤੋਂ ਵੱਧ ਲੋਕ ਮਾਰੇ ਗਏ ਸਨ। ਇਸ ਕਤਲੇਆਮ ਤੋਂ ਪਹਿਲਾਂ ਕਈ ਸਾਲ ਸਰਕਾਰਪ੍ਰਸਤ ਰੇਡੀਓ ਸਟੇਸ਼ਨਾਂ ਨੇ ਯੋਜਨਾਬੱਧ ਢੰਗ ਨਾਲ ਤੂਤਸੀ ਕਬੀਲੇ ਦੇ ਲੋਕਾਂ ਨੂੰ 'ਇਨਯੇਨਜ਼ੀ', ਯਾਨੀ ਕਾਕਰੋਚ ਕਿਹਾ। ਅਧਿਆਪਕਾਂ ਨੇ ਤੂਤਸੀ ਬੱਚਿਆਂ ਨੂੰ ਜਮਾਤਾਂ ਵਿੱਚ ਖੜ੍ਹਾ ਕੀਤਾ ਅਤੇ ਉਨ੍ਹਾਂ ਨੂੰ ਆਪਣੇ ਸਾਥੀਆਂ ਦੇ ਸਾਹਮਣੇ ਕਾਕਰੋਚ ਕਿਹਾ। ਜਦੋਂ ਤੱਕ ਹਥਿਆਰ ਬਾਹਰ ਆਏ, ਇੱਕ ਪੂਰੀ ਆਬਾਦੀ ਪਹਿਲਾਂ ਹੀ ਆਪਣੀ ਮਨੁੱਖਤਾ ਤੋਂ ਵਾਂਝੀ ਹੋ ਚੁੱਕੀ ਸੀ। ਰਵਾਂਡਾ ਲਈ ਅੰਤਰਰਾਸ਼ਟਰੀ ਅਪਰਾਧਕ ਟ੍ਰਿਬਿਊਨਲ ਨੇ ਬਾਅਦ ਵਿੱਚ ਰੇਡੀਓ, ਟੈਲੀਵਿਜ਼ਨ ਲਿਬਰੇ ਡੇਸ ਮਿੱਲ ਕੋਲੀਨਜ਼ (ਆਰ ਟੀ ਐੱਲ ਐੱਮ) ਦੀ ਲੀਡਰਸ਼ਿਪ ਨੂੰ ਇਸ ਭਾਸ਼ਾ ਰਾਹੀਂ ਨਸਲਕੁਸ਼ੀ ਲਈ ਉਕਸਾਉਣ ਦਾ ਦੋਸ਼ੀ ਠਹਿਰਾਇਆ। ਨਾਜ਼ੀ ਜਰਮਨੀ ਵਿੱਚ ਯਹੂਦੀਆਂ ਨੂੰ 'ਪਰਜੀਵੀ' ਅਤੇ 'ਚੂਹੇ' ਕਿਹਾ ਜਾਂਦਾ ਸੀ। ਇਹ ਸ਼ਬਦ ਹੋਲੋਕਾਸਟ (ਸਰਬਨਾਸ) ਤੋਂ ਪਹਿਲਾਂ ਸਰਕਾਰੀ ਪੈਂਫਲਟਾਂ, ਸਕੂਲੀ ਕਿਤਾਬਾਂ ਅਤੇ ਭਾਸ਼ਣਾਂ ਵਿੱਚ ਆਮ ਹੋ ਗਏ ਸਨ ਅਤੇ ਆਮ ਜਰਮਨ ਇਨ੍ਹਾਂ ਦੀ ਜਾਣਬੁੱਝ ਕੇ ਜਾਂ ਅਚੇਤ ਤੌਰ 'ਤੇ ਵਰਤੋਂ ਕਰਨ ਲੱਗ ਪਿਆ ਸੀ। ਇਹ ਵਿਡੰਬਨਾ ਹੀ ਹੈ ਕਿ ਨਾਜ਼ੀਆਂ ਦੇ ਜ਼ੁਲਮਾਂ ਦੇ ਸ਼ਿਕਾਰ ਹੋਣ ਵਾਲੇ ਯਹੂਦੀਆਂ ਨੇ ਆਪਣਾ ਰਾਜ ਕਾਇਮ ਹੋਣ ਤੋਂ ਬਾਅਦ ਫਲਸਤੀਨੀ ਲੋਕਾਂ ਨੂੰ 'ਕੀੜੇ' ਕਿਹਾ, ਜਿਸ ਨਾਲ ਪੂਰੀ ਆਬਾਦੀ ਦਾ ਅਮਾਨਵੀਕਰਨ ਹੋ ਗਿਆ। ਇਜ਼ਰਾਈਲ ਵੱਲੋਂ ਗਾਜ਼ਾ ਦੇ ਫਲਸਤੀਨੀਆਂ ਦਾ ਨਸਲਘਾਤ ਲੋਕਾਂ ਨੇ ਤਾਜ਼ਾ-ਤਾਜ਼ਾ ਦੇਖਿਆ ਹੈ।*

*ਕਾਕਰੋਚ, ਪਰਜੀਵੀ, ਕੀੜੇ, ਸਿਉਂਕ ਵਰਗੇ ਸ਼ਬਦਾਂ ਦੇ ਬੜੇ ਮਾੜੇ ਪ੍ਰਭਾਵ ਹਨ। ਇਨ੍ਹਾਂ ਨੂੰ ਇੱਕ ਸਿਹਤਮੰਦ ਸਰੀਰ 'ਤੇ ਹਮਲਾ ਕਰਕੇ ਉਸ ਸਰੀਰ (ਰਾਸ਼ਟਰ/ਸਮਾਜ) ਨੂੰ ਕਮਜ਼ੋਰ ਅਤੇ ਸੰਕਰਮਤ ਕਰਨ ਵਾਲੇ ਮੰਨਿਆ ਜਾਂਦਾ ਹੈ। ਦੂਜਾ ਮੰਨਣਾ ਇਹ ਹੈ ਕਿ ਪਰਜੀਵੀ ਨੂੰ ਹਟਾ ਕੇ ਇੱਕ ਸਿਹਤਮੰਦ 'ਮੇਜ਼ਬਾਨ' ਨੂੰ ਹਰ ਕੀਮਤ 'ਤੇ ਸੁਰੱਖਿਅਤ ਰੱਖਿਆ ਜਾਣਾ ਚਾਹੀਦਾ ਹੈ। ਤੀਜਾ, ਇਸ ਵਿੱਚ ਪਰਜੀਵੀਆਂ ਦੇ ਖਾਤਮੇ ਨੂੰ ਇੱਕ ਥੈਰੇਪੀ ਜਾਂ ਇਲਾਜ ਵਜੋਂ ਦੇਖਿਆ ਜਾਂਦਾ ਹੈ। ਪਰਜੀਵੀਆਂ ਵਿਰੁੱਧ ਹਿੰਸਾ ਨੂੰ ਅਕਸਰ ਅਪਰਾਧ ਦੀ ਬਜਾਏ ਇਲਾਜ ਮੰਨਿਆ ਜਾਂਦਾ ਹੈ। ਪਰਜੀਵੀਆਂ ਨੂੰ ਖਤਮ ਕਰਨ ਵਿੱਚ ਕੋਈ ਦੋਸ਼ ਨਹੀਂ ਮੰਨਿਆ ਜਾਂਦਾ।*

*ਕਿਸੇ ਦੇਸ਼ ਦੇ ਚੀਫ ਜਸਟਿਸ ਦੀ ਭਾਸ਼ਾ ਉਨ੍ਹਾਂ ਥਾਵਾਂ 'ਤੇ ਪਹੁੰਚਦੀ ਹੈ, ਜਿੱਥੇ ਕਿਸੇ ਸਿਆਸਤਦਾਨ ਦਾ ਭਾਸ਼ਣ ਨਹੀਂ ਪਹੁੰਚ ਸਕਦਾ। ਜਦੋਂ ਸੁਪਰੀਮ ਕੋਰਟ ਆਰ ਟੀ ਆਈ ਕਾਰਕੁਨਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਕਾਕਰੋਚ ਦੱਸਦੀ ਹੈ, ਤਾਂ ਭਾਰਤ ਦੀ ਹਰ ਅਧੀਨ ਅਦਾਲਤ ਨੂੰ ਇੱਕ ਸੰਕੇਤ ਮਿਲਦਾ ਹੈ ਕਿ ਕਿਸ ਦੀਆਂ ਸ਼ਿਕਾਇਤਾਂ ਜਾਇਜ਼ ਹਨ ਅਤੇ ਕਿਸ ਦੀਆਂ ਨਹੀਂ। ਹਰ ਸਰਕਾਰੀ ਅਧਿਕਾਰੀ, ਜਿਸ ਨੂੰ ਆਰ ਟੀ ਆਈ ਪੁੱਛਗਿੱਛ ਦਾ ਸਾਹਮਣਾ ਕਰਨਾ ਪੈਂਦਾ ਹੈ, ਨੂੰ ਇੱਕ ਸੰਕੇਤ ਮਿਲਦਾ ਹੈ ਕਿ ਇਸ ਨੂੰ ਦਾਇਰ ਕਰਨ ਵਾਲੇ ਵਿਅਕਤੀ ਨਾਲ ਕੀ ਸਲੂਕ ਕੀਤਾ ਜਾਵੇ। ਸੂਚਨਾ ਦਾ ਅਧਿਕਾਰ ਕਾਨੂੰਨ ਨਾਗਰਿਕਾਂ, ਜਿਨ੍ਹਾਂ ਵਿੱਚ ਬੇਰੁਜ਼ਗਾਰ ਵੀ ਹਨ, ਨੂੰ ਸੱਤਾ ਨੂੰ ਜਵਾਬਦੇਹ ਬਣਾਉਣ ਦੇ ਯੋਗ ਬਣਾਉਣ ਲਈ ਹੈ। ਸੰਵਿਧਾਨ ਦਾ ਆਰਟੀਕਲ 19 ਬੋਲਣ ਦੀ ਆਜ਼ਾਦੀ ਅਤੇ ਪ੍ਰੈੱਸ ਦੀ ਰੱਖਿਆ ਕਰਦਾ ਹੈ। ਆਰਟੀਕਲ 21, ਜਿਸ ਦੀ ਸੁਪਰੀਮ ਕੋਰਟ ਵੱਲੋਂ ਦਹਾਕਿਆਂ ਤੋਂ ਵਿਆਪਕ ਵਿਆਖਿਆ ਕੀਤੀ ਗਈ ਹੈ, ਸਨਮਾਨ ਨਾਲ ਜੀਉਣ ਦੇ ਅਧਿਕਾਰ ਦੀ ਰੱਖਿਆ ਕਰਦਾ ਹੈ। ਭਾਰਤ ਦੇ ਚੀਫ ਜਸਟਿਸ ਨੇ ਸੰਵਿਧਾਨਕ ਤੌਰ 'ਤੇ ਸੁਰੱਖਿਅਤ ਇਨ੍ਹਾਂ ਅਧਿਕਾਰਾਂ ਦੀ ਵਰਤੋਂ ਕਰਨ ਵਾਲਿਆਂ ਦੀ ਤੁਲਨਾ ਕਾਕਰੋਚਾਂ ਨਾਲ ਕੀਤੀ। ਇਹ ਟਿੱਪਣੀਆਂ ਉਸ ਸੁਪਰੀਮ ਕੋਰਟ ਤੋਂ ਆਈਆਂ ਹਨ, ਜਿਹੜੀ ਸੰਵਿਧਾਨ ਲਾਗੂ ਕਰਨ ਵਾਲੀ ਸਿਖਰਲੀ ਕੋਰਟ ਹੈ। ਇਨ੍ਹਾਂ ਟਿੱਪਣੀਆਂ ਨੂੰ ਕਿਸੇ ਜੱਜ ਵੱਲੋਂ ਖਿਝ ਕੇ ਕੀਤੀਆਂ ਮੰਨ ਕੇ ਟਾਲਣਾ ਠੀਕ ਨਹੀਂ ਹੋਵੇਗਾ, ਜਦੋਂ ਵਰਤਮਾਨ ਭਾਰਤੀ ਸਮਾਜ ਵਿੱਚ ਫਿਰਕੂ ਧਰੁਵੀਕਰਨ ਡੂੰਘਾ ਧਸ ਚੁੱਕਾ ਹੈ। ਨਫਰਤੀ ਭਾਸ਼ਣਾਂ ਨੂੰ ਆਮ ਬਣਾ ਦਿੱਤਾ ਗਿਆ ਹੈ। ਸਮਾਜੀ ਕਲੇਸ਼ ਅਤੇ ਤਣਾਅ ਆਮ ਹਨ। ਹੁਣ ਤੱਕ ਇਹ ਘੱਟ ਗਿਣਤੀਆਂ, ਆਦਿਵਾਸੀਆਂ, ਦਲਿਤਾਂ, ਸ਼ਹਿਰੀ ਨਕਸਲ ਵਜੋਂ ਲੇਬਲ ਕੀਤੇ ਗਏ ਕਾਰਕੁਨਾਂ ਆਦਿ ਤੱਕ ਸੀਮਤ ਸਨ, ਪਰ ਹੁਣ ਚੀਫ ਜਸਟਿਸ ਦੇ ਬਿਆਨ ਨੂੰ ਬੇਰੁਜ਼ਗਾਰਾਂ ਨੂੰ ਉਸੇ ਬੁਰਸ਼ ਨਾਲ ਪੇਂਟ ਕਰਨ ਲਈ ਵਰਤਿਆ ਜਾਵੇਗਾ। ਭਾਰਤ ਦਾ ਬੇਰੁਜ਼ਗਾਰ ਨੌਜਵਾਨ ਨਫਰਤ ਦੇ ਬਿਰਤਾਂਤ ਦਾ ਇੱਕ ਨਵਾਂ ਨਿਸ਼ਾਨਾ ਬਣ ਜਾਵੇਗਾ। ਚੀਫ ਜਸਟਿਸ ਦਾ ਬਿਆਨ ਭਾਵੇਂ ਉਨ੍ਹਾਂ ਬੇਰੁਜ਼ਗਾਰਾਂ ਨੂੰ ਨਿਸ਼ਾਨਾ ਬਣਾਉਂਦਾ ਹੋਵੇ, ਜੋ ਸਵਾਲ ਪੁੱਛਦੇ ਹਨ, ਪਰ ਰੂਪਕ ਦੀ ਚੋਣ ਨੂੰ ਕੋਈ ਵੀ ਨਹੀਂ ਛੱਡੇਗਾ। ਬਿਆਨ ਇਹ ਦਰਸਾਉਂਦਾ ਹੈ ਕਿ ਬੇਰੁਜ਼ਗਾਰੀ ਹੁਣ ਸਮਾਜੀ ਅਤੇ ਆਰਥਿਕ ਨੀਤੀਆਂ ਦਾ ਨਤੀਜਾ ਨਹੀਂ ਹੈ, ਜਿਸ ਬਾਰੇ ਸੱਤਾ ਨੂੰ ਸਵਾਲ ਕੀਤਾ ਜਾਵੇ। ਇਸ ਦੀ ਬਜਾਏ ਇਹ ਬੇਰੁਜ਼ਗਾਰੀ ਨੂੰ ਇੱਕ ਲੁੱਟ-ਖੋਹ ਵਰਗੇ ਅਪਰਾਧ ਵਜੋਂ ਪੇਂਟ ਕਰਦਾ ਹੈ, ਜਿਸ ਨੂੰ ਖਤਮ ਕਰਨ ਦੀ ਲੋੜ ਹੈ। ਇਹ ਬੇਰੁਜ਼ਗਾਰੀ ਨਹੀਂ ਹੈ, ਜੋ ਇੱਕ ਸਮੱਸਿਆ ਹੈ, ਇਹ ਬੇਰੁਜ਼ਗਾਰ ਹਨ, ਜੋ ਹੁਣ ਇੱਕ ਸਮੱਸਿਆ ਬਣ ਗਏ ਹਨ।*

*ਇੰਡੀਆ ਹੇਟ ਲੈਬ ਦੀ 2025 ਦੀ ਸਾਲਾਨਾ ਰਿਪੋਰਟ ਵਿੱਚ ਇੱਕ ਸਾਲ ਵਿੱਚ 141 ਸਿਆਸੀ ਭਾਸ਼ਣਾਂ ਦਾ ਦਸਤਾਵੇਜ਼ੀਕਰਨ ਕੀਤਾ ਗਿਆ ਸੀ, ਜਿਸ ਵਿੱਚ ਘੱਟ ਗਿਣਤੀਆਂ ਨੂੰ 'ਸਿਉਂਕ', 'ਪਰਜੀਵੀ', 'ਕੀੜੇ', 'ਸੂਰ' ਅਤੇ 'ਖੂਨ ਦੇ ਪਿਆਸੇ ਜ਼ੋਂਬੀ' ਕਿਹਾ ਗਿਆ ਸੀ। ਮਈ 2026 ਵਿੱਚ ਚੀਫ ਜਸਟਿਸ ਦੀ ਭਾਸ਼ਾ ਉਸ ਵਾਤਾਵਰਣ ਪ੍ਰਣਾਲੀ (ਈਕੋ ਸਿਸਟਮ) ਤੋਂ ਵੱਖ ਨਹੀਂ ਹੈ। ਇਸ ਨੇ ਸਗੋਂ ਇਸ ਨੂੰ ਵਧਾਇਆ ਹੀ ਹੈ। ਚੀਫ ਜਸਟਿਸ ਦੇ ਸ਼ਬਦ ਸੰਵਿਧਾਨ ਦੀ ਪ੍ਰਸਤਾਵਨਾ ਦੀ ਉਲੰਘਣਾ ਕਰਦੇ ਹਨ, ਜੋ ਹਰੇਕ ਨਾਗਰਿਕ ਨੂੰ ਨਿਆਂ ਅਤੇ ਮਾਣ-ਸਨਮਾਨ ਦਾ ਵਾਅਦਾ ਕਰਦੀ ਹੈ। ਜਦੋਂ ਉਹ ਆਰ ਟੀ ਆਈ ਦਾਇਰ ਕਰਨ ਵਾਲਿਆਂ ਅਤੇ ਸੰਸਥਾਵਾਂ ਦੀ ਆਲੋਚਨਾ ਕਰਨ ਵਾਲਿਆਂ ਨੂੰ ਪਰਜੀਵੀ ਦੱਸਦੇ ਹਨ, ਤਾਂ ਉਹ ਲੋਕਤੰਤਰ ਦੇ ਸਭ ਤੋਂ ਸੰਵਿਧਾਨਕ ਤੌਰ 'ਤੇ ਸਰਗਰਮ ਨਾਗਰਿਕਾਂ ਨੂੰ ਦੱਸ ਰਹੇ ਹੁੰਦੇ ਹਨ ਕਿ ਉਨ੍ਹਾਂ ਦੀ ਭਾਗੀਦਾਰੀ ਕੀੜੇ ਵਰਗੀ ਹੈ। ਸ਼ਬਦਾਂ ਦੇ ਨਤੀਜੇ ਹੁੰਦੇ ਹਨ। ਖਾਸ ਕਰਕੇ ਇਨ੍ਹਾਂ ਸ਼ਬਦਾਂ ਦੇ ਨਤੀਜਿਆਂ ਦਾ ਇੱਕ ਦਸਤਾਵੇਜ਼ੀ ਇਤਿਹਾਸ ਹੈ। ਚੀਫ ਜਸਟਿਸ ਨੂੰ ਉਸ ਇਤਿਹਾਸ ਨੂੰ ਜਾਨਣਾ ਚਾਹੀਦਾ ਹੈ। ਰਾਸ਼ਟਰ ਨੂੰ ਇਸ ਨੂੰ ਦੁਹਰਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਹ ਢੁੱਕਵਾਂ ਹੋਵੇਗਾ ਕਿ ਉਹ ਆਪਣੇ ਉੱਚ ਅਹੁਦੇ ਦੇ ਸਨਮਾਨ ਵਿੱਚ ਹਵਾਲਿਆਂ ਨੂੰ ਵਾਪਸ ਲੈਣ ਅਤੇ ਉਦਾਹਰਣਾਂ ਨੂੰ ਸਹੀ ਕਰਨ।*

# ਦੇਸ਼ ਦੀ ਵਿਗੜ ਰਹੀ ਆਰਥਿਕ ਸਥਿਤੀ ਦਾ ਜ਼ੁੰਮੇਵਾਰ ਪੂੰਜੀਵਾਦੀ ਪ੍ਰਬੰਧ



ਐੱਮ ਐੱਸ ਭਾਟੀਆ

ਪੂੰਜੀਵਾਦੀ ਪ੍ਰਬੰਧ ਵਿੱਚ ਧਨਾਢ ਲੋਕ ਮਜ਼ਦੂਰਾਂ ਦੀ ਮਿਹਨਤ ਤੋਂ ਮੁਨਾਫ਼ਾ ਕਮਾਉਂਦੇ ਹਨ, ਬਿਲਕੁਲ ਉਸੇ ਤਰ੍ਹਾਂ ਜਿਵੇਂ ਲੋਕ-ਕਹਾਣੀਆਂ ਵਿੱਚ ਵੈਂਪਾਇਰ ਲੋਕਾਂ ਦਾ ਖ਼ੂਨ ਚੂਸਦਾ ਹੈ — ਕਾਰਲ ਮਾਰਕਸ

ਅੱਜ ਭਾਰਤ ਦੀ ਆਰਥਿਕ ਹਕੀਕਤ ਉਸ ਮੋੜ 'ਤੇ ਖੜੀ ਹੈ, ਜਿੱਥੇ ਇੱਕ ਪਾਸੇ ਕੁਝ ਗਿਣਤੀ ਦੇ ਕਾਰਪੋਰੇਟ ਘਰਾਣੇ ਦੌਲਤ ਦੇ ਪਹਾੜ ਖੜੇ ਕਰ ਰਹੇ ਹਨ, ਦੂਜੇ ਪਾਸੇ ਕਰੋੜਾਂ ਮਜ਼ਦੂਰ, ਕਿਸਾਨ, ਬੇਰੁਜ਼ਗਾਰ ਨੌਜਵਾਨ ਅਤੇ ਮੱਧ ਵਰਗ ਆਪਣੀਆਂ ਬੁਨਿਆਦੀ ਲੋੜਾਂ ਲਈ ਸੰਘਰਸ਼ ਕਰ ਰਹੇ ਹਨ। ਸਰਕਾਰ ਵਿਕਾਸ ਦੇ ਵੱਡੇ ਦਾਅਵੇ ਕਰਦੀ ਹੈ, ਜੀ ਡੀ ਪੀ ਦੇ ਅੰਕੜੇ ਦਿਖਾਏ ਜਾਂਦੇ ਹਨ, ਪਰ ਜ਼ਮੀਨ 'ਤੇ ਆਮ ਲੋਕਾਂ ਦੀ ਜ਼ਿੰਦਗੀ ਮਹਿੰਗਾਈ, ਕਰਜ਼ੇ, ਬੇਰੁਜ਼ਗਾਰੀ ਅਤੇ ਅਸੁਰੱਖਿਆ ਦੇ ਹਨੇਰੇ ਵਿੱਚ ਡੁੱਬਦੀ ਜਾ ਰਹੀ ਹੈ।

ਇਹ ਸਿਰਫ਼ ਸਰਕਾਰ ਦੀ ਨਾਕਾਮੀ ਨਹੀਂ, ਸਗੋਂ ਪੂਰੇ ਪੂੰਜੀਵਾਦੀ ਪ੍ਰਬੰਧ ਦੀ ਨਾਕਾਮੀ ਹੈ। ਪੂੰਜੀਵਾਦ ਦਾ ਅਸਲੀ ਚਿਹਰਾ ਅੱਜ ਖੁੱਲ੍ਹ ਕੇ ਸਾਹਮਣੇ ਆ ਚੁੱਕਾ ਹੈ, ਜਿੱਥੇ ਮਨੁੱਖ ਦੀ ਮਿਹਨਤ ਨੂੰ ਸਿਰਫ਼ ਮੁਨਾਫ਼ੇ ਦਾ ਸਾਧਨ ਬਣਾਇਆ ਜਾਂਦਾ ਹੈ। ਮਜ਼ਦੂਰ ਦਿਨ-ਰਾਤ ਮਿਹਨਤ ਕਰਦਾ ਹੈ, ਪਰ ਉਸ ਦੀ ਜ਼ਿੰਦਗੀ ਵਿੱਚ ਸੁੱਖ ਨਹੀਂ ਆਉਂਦਾ; ਕਿਸਾਨ ਅੰਨ ਪੈਦਾ ਕਰਦਾ ਹੈ, ਪਰ ਖੁਦ ਕਰਜ਼ੇ ਅਤੇ ਖੁਦਕੁਸ਼ੀਆਂ ਦਾ ਸ਼ਿਕਾਰ ਹੁੰਦਾ ਹੈ; ਨੌਜਵਾਨ ਡਿਗਰੀਆਂ ਲੈ ਕੇ ਵੀ ਰੋਜ਼ਗਾਰ ਲਈ ਦਰ-ਦਰ ਭਟਕਦਾ ਹੈ।

**ਆਰਥਿਕ ਅਸਮਾਨਤਾ ਸਭ ਤੋਂ ਵੱਡੀ ਸਮੱਸਿਆ**

ਆਕਸਫੈਮ ਦੀ ਇੱਕ ਰਿਪੋਰਟ ਮੁਤਾਬਕ ਭਾਰਤ ਦੇ ਸਭ ਤੋਂ ਅਮੀਰ 1 ਫੀਸਦੀ ਲੋਕਾਂ ਕੋਲ ਦੇਸ਼ ਦੀ ਲਗਭਗ 40 ਫੀਸਦੀ ਤੋਂ ਵੱਧ ਦੌਲਤ ਹੈ।

ਹੇਠਲੇ 50 ਫੀਸਦੀ ਲੋਕਾਂ ਕੋਲ ਦੇਸ਼ ਦੀ ਕੁੱਲ ਦੌਲਤ ਦਾ ਲਗਭਗ ਸਿਰਫ 3 ਫੀਸਦੀ ਹੀ ਹਿੱਸਾ ਹੈ।

ਕੋਵਿਡ ਮਹਾਂਮਾਰੀ ਤੋਂ ਬਾਅਦ ਭਾਰਤ ਵਿੱਚ ਅਰਬਪਤੀਆਂ ਦੀ ਗਿਣਤੀ ਅਤੇ ਦੌਲਤ ਦੋਵੇਂ ਤੇਜ਼ੀ ਨਾਲ ਵਧੇ, ਜਦਕਿ ਕਰੋੜਾਂ ਲੋਕ ਬੇਰੁਜ਼ਗਾਰੀ ਅਤੇ ਮਹਿੰਗਾਈ ਨਾਲ ਜੂਝਦੇ ਰਹੇ।

ਮਹਿਲਾਵਾਂ ਅਤੇ ਦਲਿਤ/ਆਦਿਵਾਸੀ ਵਰਗਾਂ ਨੂੰ ਆਮਦਨੀ ਅਤੇ ਰੋਜ਼ਗਾਰ ਵਿੱਚ ਹੋਰ ਵੱਧ ਅਸਮਾਨਤਾ ਦਾ ਸਾਹਮਣਾ ਕਰਨਾ ਪੈਂਦਾ ਹੈ।

ਦੇਸ਼ ਦੇ ਕਰੋੜਾਂ ਮਜ਼ਦੂਰ ਅਣਸੰਗਠਿਤ ਖੇਤਰ ਵਿੱਚ ਕੰਮ ਕਰਦੇ ਹਨ, ਜਿੱਥੇ ਪੱਕੀ ਨੌਕਰੀ, ਪੈਨਸ਼ਨ ਜਾਂ ਸਮਾਜਿਕ ਸੁਰੱਖਿਆ ਨਹੀਂ ਹੁੰਦੀ।

ਸਿੱਖਿਆ ਅਤੇ ਸਿਹਤ 'ਤੇ ਲੋਕਾਂ ਦੀ ਜੇਬ ਤੋਂ ਹੋਣ ਵਾਲਾ ਖਰਚ ਗਰੀਬ ਪਰਵਾਰਾਂ ਲਈ ਵੱਡਾ ਬੋਝ ਬਣਦਾ ਜਾ ਰਿਹਾ ਹੈ।

ਇਹ ਅਸਮਾਨਤਾ ਕੋਈ ਕੁਦਰਤੀ ਗੱਲ ਨਹੀਂ, ਸਗੋਂ ਪੂੰਜੀਵਾਦੀ ਪ੍ਰਬੰਧ ਦਾ ਨਤੀਜਾ ਹੈ, ਜਿੱਥੇ ਮਿਹਨਤ ਕਰਨ ਵਾਲਾ ਵਰਗ ਘੱਟ ਕਮਾਉਂਦਾ ਹੈ ਅਤੇ ਪੂੰਜੀ ਰੱਖਣ ਵਾਲਾ ਵਰਗ ਬੇਹਿਸਾਬ ਮੁਨਾਫ਼ਾ ਕਮਾਉਂਦਾ ਹੈ।

**ਬੇਰੁਜ਼ਗਾਰੀ-ਨੌਜਵਾਨਾਂ ਦਾ ਸਭ ਤੋਂ ਵੱਡਾ ਸੰਕਟ**

ਭਾਰਤ ਵਿੱਚ ਨੌਜਵਾਨਾਂ ਦੀ ਵੱਡੀ ਗਿਣਤੀ ਡਿਗਰੀਆਂ ਹਾਸਲ ਕਰਨ ਤੋਂ ਬਾਅਦ ਵੀ ਬੇਰੁਜ਼ਗਾਰ ਘੁੰਮ ਰਹੀ ਹੈ। ਵੱਖ-ਵੱਖ ਸਰਵੇਖਣਾਂ ਅਤੇ ਰਿਪੋਰਟਾਂ ਮੁਤਾਬਕ ਦੇਸ਼ ਵਿੱਚ ਨੌਜਵਾਨ ਬੇਰੁਜ਼ਗਾਰੀ ਦੀ ਦਰ ਕਾਫ਼ੀ ਉੱਚੀ ਰਹੀ ਹੈ। ਸਰਕਾਰੀ ਨੌਕਰੀਆਂ ਘਟ ਰਹੀਆਂ ਹਨ ਅਤੇ ਨਿੱਜੀ ਖੇਤਰ ਵਿੱਚ ਵੀ ਨੌਕਰੀਆਂ ਅਸਥਿਰ ਅਤੇ ਘੱਟ ਤਨਖ਼ਾਹ ਵਾਲੀਆਂ ਹਨ।

ਕਈ ਨੌਜਵਾਨ 10-15 ਹਜ਼ਾਰ ਰੁਪਏ ਮਹੀਨੇ ਦੀ ਨੌਕਰੀ ਲਈ ਵੀ ਸੈਂਕੜੇ ਕਿਲੋਮੀਟਰ ਦੂਰ ਜਾਣ ਲਈ ਮਜਬੂਰ ਹਨ। ਦੂਜੇ ਪਾਸੇ ਵੱਡੀਆਂ ਕੰਪਨੀਆਂ ਆਪਣੇ ਮੁਨਾਫ਼ੇ ਵਧਾਉਣ ਲਈ ਠੇਕੇਦਾਰੀ ਪ੍ਰਣਾਲੀ ਅਤੇ ਘੱਟ ਤਨਖ਼ਾਹ ਵਾਲੀ ਮਜ਼ਦੂਰੀ ਨੂੰ ਤਰਜੀਹ ਦਿੰਦੀਆਂ ਹਨ। ਇਸ ਨਾਲ ਮਜ਼ਦੂਰਾਂ ਨੂੰ ਪੱਕੀ ਨੌਕਰੀ, ਪੈਨਸ਼ਨ ਅਤੇ ਹੋਰ ਸਹੂਲਤਾਂ ਨਹੀਂ ਮਿਲਦੀਆਂ।

ਮਜ਼ਦੂਰ ਅਤੇ ਮੁਲਾਜ਼ਮ ਯੂਨੀਅਨਾਂ ਲਗਾਤਾਰ ਮੰਗ ਕਰਦੀਆਂ ਆ ਰਹੀਆਂ ਹਨ ਕਿ ਸਰਕਾਰੀ ਖੇਤਰ ਵਿੱਚ ਭਰਤੀਆਂ ਵਧਾਈਆਂ ਜਾਣ ਅਤੇ ਮਜ਼ਦੂਰਾਂ ਨੂੰ ਪੱਕਾ ਰੋਜ਼ਗਾਰ ਦਿੱਤਾ ਜਾਵੇ।

**ਕਿਸਾਨਾਂ ਦੀ ਮਾੜੀ ਹਾਲਤ**

ਭਾਰਤ ਨੂੰ ਖੇਤੀ ਪ੍ਰਧਾਨ ਦੇਸ਼ ਕਿਹਾ ਜਾਂਦਾ ਹੈ, ਪਰ ਸਭ ਤੋਂ ਮਾੜੀ ਹਾਲਤ ਅੱਜ ਕਿਸਾਨਾਂ ਦੀ ਹੈ। ਖੇਤੀ ਦੀ ਲਾਗਤ ਲਗਾਤਾਰ ਵਧ ਰਹੀ ਹੈ। ਖਾਦਾਂ, ਬੀਜਾਂ, ਡੀਜ਼ਲ ਅਤੇ ਮਸ਼ੀਨਰੀ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ ਛੋਟਾ ਕਿਸਾਨ ਕਰਜ਼ੇ ਹੇਠ ਦਬਦਾ ਜਾ ਰਿਹਾ ਹੈ।

ਕਈ ਰਿਪੋਰਟਾਂ ਅਨੁਸਾਰ ਹਜ਼ਾਰਾਂ ਕਿਸਾਨ ਕਰਜ਼ੇ ਅਤੇ ਆਰਥਿਕ ਤੰਗੀ ਕਾਰਨ ਆਤਮਹੱਤਿਆ ਕਰ ਚੁੱਕੇ ਹਨ । ਐੱਮ ਐੱਸ ਪੀ (ਘੱਟੋ-ਘੱਟ ਸਮਰਥਨ ਮੁੱਲ) ਹਰ ਫਸਲ 'ਤੇ ਕਾਨੂੰਨੀ ਤੌਰ 'ਤੇ ਲਾਗੂ ਨਾ ਹੋਣ ਕਰਕੇ ਕਿਸਾਨਾਂ ਨੂੰ ਆਪਣੀ ਫਸਲ ਦਾ ਠੀਕ ਭਾਅ ਨਹੀਂ ਮਿਲਦਾ।

**ਨਿੱਜੀਕਰਨ ਲੋਕਾਂ ਦੇ ਹੱਕਾਂ 'ਤੇ ਹਮਲਾ**

ਪਿਛਲੇ ਕੁਝ ਸਾਲਾਂ ਵਿੱਚ ਸਰਕਾਰੀ ਸੰਸਥਾਵਾਂ ਦਾ ਨਿੱਜੀਕਰਨ ਤੇਜ਼ੀ ਨਾਲ ਵਧਿਆ ਹੈ। ਬੈਂਕ, ਰੇਲਵੇ, ਬਿਜਲੀ, ਟੈਲੀਕਾਮ ਅਤੇ ਹਵਾਈ ਅੱਡਿਆਂ ਵਰਗੇ ਖੇਤਰਾਂ ਵਿੱਚ ਪ੍ਰਾਈਵੇਟ ਕੰਪਨੀਆਂ ਦੀ ਭੂਮਿਕਾ ਵਧਾਈ ਗਈ ਹੈ।

ਸਰਕਾਰ ਦਾ ਕਹਿਣਾ ਹੈ ਕਿ ਨਿੱਜੀਕਰਨ ਨਾਲ ਕਾਰਗੁਜ਼ਾਰੀ ਵਧਦੀ ਹੈ, ਪਰ ਹਕੀਕਤ ਵਿੱਚ ਇਸ ਨਾਲ ਆਮ ਲੋਕਾਂ ਲਈ ਸੇਵਾਵਾਂ ਮਹਿੰਗੀਆਂ ਹੋ ਜਾਂਦੀਆਂ ਹਨ। ਨਿੱਜੀ ਕੰਪਨੀਆਂ ਦਾ ਮਕਸਦ ਲੋਕ ਸੇਵਾ ਨਹੀਂ, ਸਗੋਂ ਮੁਨਾਫ਼ਾ ਕਮਾਉਣਾ ਹੁੰਦਾ ਹੈ।

ਉਦਾਹਰਨ ਲਈ, ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਦੀ ਲਾਗਤ ਏਨੀ ਵਧ ਚੁੱਕੀ ਹੈ ਕਿ ਗਰੀਬ ਅਤੇ ਮੱਧ ਵਰਗ ਲਈ ਇਲਾਜ ਕਰਵਾਉਣਾ ਮੁਸ਼ਕਲ ਹੋ ਜਾਂਦਾ ਹੈ। ਸਿੱਖਿਆ ਖੇਤਰ ਵਿੱਚ ਵੀ ਪ੍ਰਾਈਵੇਟ ਸਕੂਲਾਂ ਅਤੇ ਕਾਲਜਾਂ ਦੀਆਂ ਉੱਚੀਆਂ ਫੀਸਾਂ ਨੇ ਆਮ ਪਰਵਾਰਾਂ 'ਤੇ ਵੱਡਾ ਬੋਝ ਪਾਇਆ ਹੈ।

ਸਿੱਖਿਆ, ਸਿਹਤ, ਬਿਜਲੀ ਅਤੇ ਪਾਣੀ ਵਰਗੀਆਂ ਬੁਨਿਆਦੀ ਸੇਵਾਵਾਂ ਲੋਕਾਂ ਦਾ ਅਧਿਕਾਰ ਹਨ, ਨਾ ਕਿ ਮੁਨਾਫ਼ਾ ਕਮਾਉਣ ਦਾ ਸਾਧਨ।

**ਮਹਿੰਗਾਈ ਅਤੇ ਆਮ ਲੋਕਾਂ ਦੀ ਜ਼ਿੰਦਗੀ**

ਮਹਿੰਗਾਈ ਨੇ ਆਮ ਲੋਕਾਂ ਦੀ ਜ਼ਿੰਦਗੀ ਬਹੁਤ ਮੁਸ਼ਕਲ ਕਰ ਦਿੱਤੀ ਹੈ। ਰਸੋਈ ਗੈਸ ਸਿਲੰਡਰ, ਪੈਟਰੋਲ ਅਤੇ ਖਾਣ-ਪੀਣ ਦੀਆਂ ਚੀਜ਼ਾਂ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋਇਆ ਹੈ, ਪਰ ਤਨਖ਼ਾਹਾਂ ਅਤੇ ਮਜ਼ਦੂਰੀ ਉਸੇ ਰਫ਼ਤਾਰ ਨਾਲ ਨਹੀਂ ਵਧ ਰਹੀਆਂ।

ਇਸ ਕਰਕੇ ਆਮ ਪਰਵਾਰਾਂ ਨੂੰ ਆਪਣੀਆਂ ਜ਼ਰੂਰਤਾਂ ਘਟਾਉਣੀਆਂ ਪੈਂਦੀਆਂ ਹਨ। ਕਈ ਘਰਾਂ ਵਿੱਚ ਬੱਚਿਆਂ ਦੀ ਪੜ੍ਹਾਈ, ਸਿਹਤ ਅਤੇ ਪੋਸ਼ਣ 'ਤੇ ਵੀ ਅਸਰ ਪੈ ਰਿਹਾ ਹੈ।

ਸਰਕਾਰ ਨੂੰ ਜ਼ਰੂਰੀ ਚੀਜ਼ਾਂ 'ਤੇ ਸਬਸਿਡੀ ਵਧਾਉਣੀ ਚਾਹੀਦੀ ਹੈ ਅਤੇ ਵੱਡੀਆਂ ਕੰਪਨੀਆਂ ਨੂੰ ਦਿੱਤੀਆਂ ਜਾ ਰਹੀਆਂ ਟੈਕਸ ਛੋਟਾਂ ਘਟਾਉਣੀਆਂ ਚਾਹੀਦੀਆਂ ਹਨ ।

**ਮਜ਼ਦੂਰ ਵਰਗ ਦਾ ਸ਼ੋਸ਼ਣ**

ਪੂੰਜੀਵਾਦੀ ਪ੍ਰਬੰਧ ਵਿੱਚ ਮਜ਼ਦੂਰ ਸਿਰਫ਼ ਉਤਪਾਦਨ ਦਾ ਸਾਧਨ ਬਣ ਕੇ ਰਹਿ ਜਾਂਦਾ ਹੈ। ਵੱਡੀਆਂ ਫੈਕਟਰੀਆਂ ਅਤੇ ਕੰਪਨੀਆਂ ਘੱਟ ਤਨਖ਼ਾਹ 'ਤੇ ਵੱਧ ਤੋਂ ਵੱਧ ਕੰਮ ਲੈਂਦੀਆਂ ਹਨ। ਕਈ ਥਾਵਾਂ 'ਤੇ ਮਜ਼ਦੂਰਾਂ ਨੂੰ ਨਾ ਪੱਕੀ ਨੌਕਰੀ ਮਿਲਦੀ ਹੈ, ਨਾ ਸਮਾਜਿਕ ਸੁਰੱਖਿਆ।

ਕੋਰੋਨਾ ਮਹਾਂਮਾਰੀ ਦੌਰਾਨ ਲੱਖਾਂ ਮਜ਼ਦੂਰਾਂ ਨੂੰ ਆਪਣੇ ਘਰਾਂ ਵੱਲ ਪੈਦਲ ਜਾਣ ਲਈ ਮਜਬੂਰ ਹੋਣਾ ਪਿਆ। ਇਹ ਦ੍ਰਿਸ਼ ਸਾਬਤ ਕਰਦਾ ਹੈ ਕਿ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਮੰਨੇ ਜਾਣ ਵਾਲੇ ਮਜ਼ਦੂਰਾਂ ਲਈ ਪ੍ਰਣਾਲੀ ਵਿੱਚ ਕਿੰਨੀ ਘੱਟ ਸੁਰੱਖਿਆ ਹੈ।

ਟਰੇਡ ਯੂਨੀਅਨਾਂ ਹਮੇਸ਼ਾ ਮਜ਼ਦੂਰ ਹੱਕਾਂ, ਘੱਟੋ-ਘੱਟ ਮਜ਼ਦੂਰੀ ਅਤੇ ਯੂਨੀਅਨਾਂ ਦੀ ਆਜ਼ਾਦੀ ਲਈ ਸੰਘਰਸ਼ ਕਰਦੀਆਂ ਆਈਆਂ ਹਨ ।

ਅੱਜ ਦੇਸ਼ ਦੀ ਆਰਥਿਕ ਹਾਲਤ ਇਹ ਸਾਬਤ ਕਰ ਰਹੀ ਹੈ ਕਿ ਪੂੰਜੀਵਾਦੀ ਪ੍ਰਬੰਧ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਦੇ ਸਕਦਾ। ਇਹ ਪ੍ਰਬੰਧ ਸਿਰਫ਼ ਅਮੀਰ ਨੂੰ ਹੋਰ ਅਮੀਰ ਅਤੇ ਗਰੀਬ ਨੂੰ ਹੋਰ ਗਰੀਬ ਬਣਾਉਂਦਾ ਹੈ। ਜਦੋਂ ਦੇਸ਼ ਦਾ ਕਿਸਾਨ ਕਰਜ਼ੇ ਹੇਠ ਦਬਿਆ ਹੋਵੇ, ਮਜ਼ਦੂਰ ਆਪਣੀ ਮਿਹਨਤ ਦਾ ਪੂਰਾ ਹੱਕ ਨਾ ਲੈ ਸਕੇ, ਨੌਜਵਾਨ ਬੇਰੁਜ਼ਗਾਰੀ ਕਾਰਨ ਨਿਰਾਸ਼ ਹੋਣ ਅਤੇ ਆਮ ਆਦਮੀ ਮਹਿੰਗਾਈ ਨਾਲ ਟੁੱਟ ਰਿਹਾ ਹੋਵੇ, ਤਾਂ ਇਹ ਸਾਫ਼ ਹੈ ਕਿ ਵਿਕਾਸ ਦੇ ਮੌਜੂਦਾ ਦਾਅਵੇ ਸਿਰਫ਼ ਦਿਖਾਵਾ ਹਨ।

ਇਤਿਹਾਸ ਗਵਾਹ ਹੈ ਕਿ ਜਦੋਂ ਵੀ ਸ਼ੋਸ਼ਣ ਆਪਣੀ ਹੱਦ ਪਾਰ ਕਰਦਾ ਹੈ ਤਾਂ ਲੋਕ ਬਦਲਾਅ ਲਈ ਖੜ੍ਹਦੇ ਹਨ। ਅੱਜ ਲੋੜ ਹੈ ਕਿ ਮਜ਼ਦੂਰ, ਕਿਸਾਨ, ਵਿਦਿਆਰਥੀ ਅਤੇ ਮੱਧ ਵਰਗ ਇਕੱਠੇ ਹੋ ਕੇ ਉਸ ਪ੍ਰਣਾਲੀ ਦੇ ਖ਼ਿਲਾਫ਼ ਆਵਾਜ਼ ਬੁਲੰਦ ਕਰਨ, ਜੋ ਮਨੁੱਖ ਨੂੰ ਮਿਹਨਤ ਦੀ ਮਸ਼ੀਨ ਸਮਝਦੀ ਹੈ। ਦੇਸ਼ ਦੀ ਦੌਲਤ 'ਤੇ ਕੁਝ ਗਿਣਤੀ ਦੇ ਕਾਰਪੋਰੇਟ ਘਰਾਣਿਆਂ ਦਾ ਨਹੀਂ, ਸਗੋਂ ਦੇਸ਼ ਦੇ ਕਰੋੜਾਂ ਮਿਹਨਤਕਸ਼ ਲੋਕਾਂ ਦਾ ਹੱਕ ਹੋਣਾ ਚਾਹੀਦਾ ਹੈ।

ਸਮਾਜਵਾਦੀ ਪ੍ਰਬੰਧ ਹੀ ਉਹ ਰਸਤਾ ਹੈ, ਜਿੱਥੇ ਸਿੱਖਿਆ, ਸਿਹਤ, ਰੋਜ਼ਗਾਰ ਅਤੇ ਇੱਜ਼ਤ ਨੂੰ ਵਪਾਰ ਨਹੀਂ, ਸਗੋਂ ਹਰ ਨਾਗਰਿਕ ਦਾ ਅਧਿਕਾਰ ਮੰਨਿਆ ਜਾਂਦਾ ਹੈ। ਇਸ ਲਈ ਲੜਾਈ ਸਿਰਫ਼ ਆਰਥਿਕ ਨੀਤੀਆਂ ਦੀ ਨਹੀਂ, ਸਗੋਂ ਇੱਕ ਨਿਆਂਪੂਰਨ ਅਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਦੀ ਲੜਾਈ ਹੈ।

ਜਦੋਂ ਤੱਕ ਦੇਸ਼ ਦੀ ਆਰਥਿਕਤਾ 'ਤੇ ਕਾਰਪੋਰੇਟ ਘਰਾਣਿਆਂ ਅਤੇ ਧਨਾਢ ਵਰਗ ਦਾ ਕਬਜ਼ਾ ਰਹੇਗਾ, ਤਦ ਤੱਕ ਆਮ ਲੋਕਾਂ ਦੇ ਮਸਲੇ ਹੱਲ ਨਹੀਂ ਹੋ ਸਕਦੇ। ਲੋਕਾਂ ਦੀ ਮੁਕਤੀ ਉਸ ਵੇਲੇ ਹੀ ਸੰਭਵ ਹੈ, ਜਦੋਂ ਆਰਥਿਕ ਪ੍ਰਬੰਧ ਦਾ ਕੇਂਦਰ ਮੁਨਾਫ਼ਾ ਨਹੀਂ, ਸਗੋਂ ਮਨੁੱਖ ਅਤੇ ਉਸ ਦੀ ਜ਼ਰੂਰਤ ਬਣੇ। ਇਸ ਲਈ ਸਮਾਜਵਾਦੀ ਪ੍ਰਬੰਧ ਸਿਰਫ਼ ਇੱਕ ਵਿਚਾਰ ਨਹੀਂ, ਸਗੋਂ ਸ਼ੋਸ਼ਣ ਦੇ ਖ਼ਿਲਾਫ਼ ਲੜ ਰਹੇ ਲੋਕਾਂ ਦੀ ਇਤਿਹਾਸਕ ਲੋੜ ਹੈ।

**# ਸੰਪਰਕ** : +91 99884-91002

# ਪੋਸ਼ਣ ਬਦਲੇ ਸ਼ੋਸ਼ਣ ਦੀ ਦਾਸਤਾਨ



ਗੁਰਦੀਪ ਸਿੰਘ ਕੌਰੇਆਣਾ

ਮਿਡ-ਡੇ-ਮੀਲ ਯੋਜਨਾ, ਜਿਸ ਨੂੰ ਹੁਣ 'ਪ੍ਰਧਾਨ ਮੰਤਰੀ ਪੋਸ਼ਣ ਸ਼ਕਤੀ ਨਿਰਮਾਣ' ਵਜੋਂ ਜਾਣਿਆ ਜਾਂਦਾ ਹੈ, ਭਾਰਤ ਸਰਕਾਰ ਦੀ ਇੱਕ ਵੱਡੀ ਯੋਜਨਾ ਹੈ, ਜਿਸ ਤਹਿਤ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਗਰਮ ਅਤੇ ਪੌਸ਼ਟਿਕ ਖਾਣਾ ਮੁਫ਼ਤ ਮੁਹੱਈਆ ਕਰਵਾਇਆ ਜਾਂਦਾ ਹੈ। ਇਸ ਦਾ ਉਦੇਸ਼ ਬੱਚਿਆਂ ਦੀ ਪੋਸ਼ਣ ਸਥਿਤੀ ਸੁਧਾਰਨਾ, ਸਕੂਲੀ ਡਰਾਪਆਉਟ ਘਟਾਉਣਾ ਅਤੇ ਹਾਜ਼ਰੀ ਵਧਾਉਣਾ ਹੈ।

ਮੈਂ ਗੱਲ ਕਰਨਾ ਚਾਹੁੰਦਾ ਹਾਂ ਉਹਨਾਂ ਲੱਗਭੱਗ 45000 ਮਿਡ ਡੇ ਮੀਲ ਵਰਕਰਾਂ ਦੀ, ਜੋ ਪੰਜਾਬ ਦੇ ਲੱਗਭਗ 1900000 ( ਉੱਨੀ ਲੱਖ) ਬੱਚਿਆਂ ਮਾਸੂਮ ਬੱਚਿਆਂ ਨੂੰ ਦੁਪਿਹਰ ਦਾ ਖਾਣਾ ਬਣਾਉਂਦੀਆਂ ਹਨ, ਪਰੋਸਦੀਆਂ ਹਨ, ਭਾਂਡੇ ਸਾਫ ਕਰਦੀਆਂ ਹਨ, ਕੁਝ ਹੋਰ ਸਕੂਲ ਦੇ ਏਧਰ-ਓਧਰ ਦੇ ਕੰਮ ਵੀ ਕਰਦੀਆਂ ਹਨ ਅਤੇ ਇਹ ਸਭ ਕੰਮ ਮਾਤਰ ਇੱਕ ਸੌ ਰੁਪਏ ਦਿਹਾੜੀ ਬਦਲੇ ਕਰਦੀਆਂ ਹਨ। ਇਹ ਵਰਕਰ ਸਾਰੇ ਦੇ ਸਾਰੇ ਬੇਹੱਦ ਗਰੀਬ ਅਤੇ ਪੱਛੜੇ ਹੋਏ ਘਰਾਂ ਤੋਂ ਹਨ ਅਤੇ ਬਹੁਤ ਸਾਰੀਆਂ ਤਾਂ ਵਿਧਵਾ ਅਤੇ ਬੇਸਹਾਰਾ ਵੀ, ਕਿਉਂਕਿ ਸੂਬੇ ਦੀ ਮਾਣਮੱਤੀ ਸਰਕਾਰ ਨੇ ਇਹ ਨੌਕਰੀ ਇਹਨਾਂ ਲਈ ਰਾਖਵੇਂਕਰਨ ਅਧੀਨ ਰੱਖੀ ਹੋਈ ਹੈ। ਇਹਨਾਂ ਨੂੰ ਤਨਖਾਹ ਨਹੀਂ ਮਿਲਦੀ, ਮਾਣ ਭੱਤਾ ਮਿਲਦਾ ਹੈ, ਤਿੰਨ ਹਜ਼ਾਰ ਰੁਪਏ ਮਹੀਨਾ।

ਪੰਜਾਬ ਭਰ ਵਿਚ ਹਜ਼ਾਰਾਂ ਇਸ ਤਰ੍ਹਾਂ ਦੀਆਂ ਔਰਤਾਂ ਰੋਜ਼ਾਨਾ ਸਕੂਲੀ ਰਸੋਈਆਂ ਵਿਚ ਆਪਣੀਆਂ ਜ਼ਿੰਦਗੀਆਂ ਸਾੜ ਰਹੀਆਂ ਹਨ। ਉਹ ਲੱਖਾਂ ਮਾਸੂਮ ਬੱਚਿਆਂ ਨੂੰ ਸੁਆਦੀ ਖਾਣਾ ਖਿਲਾਉਂਦੀਆਂ ਹਨ ਤਾਂ ਜੋ ਉਨ੍ਹਾਂ ਦਾ ਭਵਿੱਖ ਉੱਜਵਲ ਬਣ ਸਕੇ, ਪਰ ਖੁਦ ਉਨ੍ਹਾਂ ਦੀ ਜ਼ਿੰਦਗੀ ਆਰਥਿਕ ਤੰਗੀ, ਤਣਾਅ ਅਤੇ ਮਜਬੂਰੀਆਂ ਵਿੱਚ ਗੁਜ਼ਰ ਰਹੀ ਹੈ। ਇਹ ਔਰਤਾਂ ਸਕੂਲੀ ਚੁੱਲ੍ਹਿਆਂ ਦੀਆਂ ਅਣਗੌਲੀ ਅੱਗਾਂ ਹਨ, ਜਿਨ੍ਹਾਂ ਬਿਨਾਂ ਪੰਜਾਬ ਦੀ ਸਿੱਖਿਆ ਪ੍ਰਣਾਲੀ ਅਧੂਰੀ ਹੈ।

ਜਦੋਂ ਇੱਕ ਪੰਜ ਸਾਲ ਲਈ ਚੁਣੇ ਹੋਇਆ ਨੁਮਾਇੰਦਾ ਸਿਰਫ ਟੈਲੀਫੋਨ ਭੱਤਾ ਡੇਢ ਲੱਖ ਰੁਪਏ ਸਲਾਨਾ ਲੈਂਦਾ ਹੈ। ਤਨਖਾਹ, ਰਿਹਾਇਸ਼, ਸਫਰ ਅਤੇ ਮੈਡੀਕਲ ਭੱਤੇ ਵੱਖਰੇ ਹਨ। ਓਥੇ ਇਨ੍ਹਾਂ ਵਰਕਰਾਂ ਨੂੰ ਮਹੀਨੇ ਵਿਚ ਸਿਰਫ਼ 3,000 ਰੁਪਏ ਮਿਲਦੇ ਹਨ। ਇਹ ਰਾਸ਼ੀ ਏਨੀ ਨਿਗੂਣੀ ਹੈ ਕਿ ਇਸ ਨਾਲ ਇੱਕ ਵਿਅਕਤੀ ਦਾ ਗੁਜ਼ਾਰਾ ਵੀ ਮੁਸ਼ਕਲ ਨਾਲ ਚੱਲਦਾ ਹੈ, ਘਰ ਪਰਵਾਰ ਦਾ ਖਰਚਾ ਤਾਂ ਬੜਾ ਦੂਰ ਰਿਹਾ। ਤਨਖਾਹਾਂ ਵਿਚ ਮਹੀਨਿਆਂ ਤੱਕ ਦੀ ਦੇਰੀ ਆਮ ਗੱਲ ਹੈ। ਇਸ ਕਾਰਨ ਇਨ੍ਹਾਂ ਵਰਕਰਾਂ ਦੇ ਆਪਣੇ ਘਰਾਂ ਵਿੱਚ ਵੀ ਆਰਥਿਕ ਤਣਾਅ ਵਧ ਜਾਂਦਾ ਹੈ। ਆਪਣੇ ਬੱਚਿਆਂ ਦੀ ਫੀਸ, ਦਵਾਈਆਂ ਅਤੇ ਰੋਜ਼ਾਨਾ ਖਰਚੇ ਵੀ ਪੂਰੇ ਨਹੀਂ ਹੁੰਦੇ । ਹੱਦ ਤਾਂ ਇਸ ਗੱਲ ਦੀ ਹੈ ਕਿ ਇਹਨਾਂ ਵਿੱਚੋਂ ਬਹੁਤੀਆਂ ਔਰਤਾਂ ਆਪਣੇ ਪਰਿਵਾਰ ਵਿੱਚ ਇਕੱਲੀਆਂ ਕਮਾਉਣ ਵਾਲੀਆਂ ਹਨ। ਇਸ ਲਈ ਇਹ ਦੇਰੀ ਪੂਰੇ ਪਰਵਾਰ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦੀ ਹੈ।ਇਹਨਾਂ ਵਰਕਰਾਂ ਨੂੰ 'ਵਲੰਟੀਅਰ' ਦਾ ਲੇਬਲ ਲਗਾ ਕੇ ਘੱਟੋ-ਘੱਟ ਉਜਰਤਾਂ ਅਤੇ ਲੇਬਰ ਕਾਨੂੰਨ ਤੋਂ ਦਰਕਿਨਾਰ ਕੀਤਾ ਹੋਇਆ ਹੈ। ਇਹ ਇੱਕ ਤਰ੍ਹਾਂ ਦੀ ਲੂੰਬੜ ਚਾਲ ਹੈ, ਜਿਸ ਨਾਲ ਇਨ੍ਹਾਂ ਔਰਤਾਂ ਨੂੰ ਵਰਕਰ ਵਜੋਂ ਮਾਨਤਾ ਤੋਂ ਵਾਂਝਾ ਰੱਖਿਆ ਜਾਂਦਾ ਹੈ । ਉਨ੍ਹਾਂ ਉੱਤੇ ਰਸੋਈ ਤੋਂ ਇਲਾਵਾ ਹੋਰ ਡਿਊਟੀਆਂ ਵੀ ਲਾਈਆਂ ਜਾਂਦੀਆਂ ਹਨ, ਪਰ ਇਸ ਲਈ ਕੋਈ ਵਾਧੂ ਤਨਖਾਹ ਨਹੀਂ ਮਿਲਦੀ ।

ਸਮੇਂ-ਸਮੇਂ ਇਹ ਵਰਕਰ ਰੋਸ ਪ੍ਰਦਰਸ਼ਨ ਅਤੇ ਧਰਨੇ ਕਰਦੀਆਂ ਰਹੀਆਂ ਹਨ। ਉਨ੍ਹਾਂ ਦੀਆਂ ਮੁੱਖ ਮੰਗਾਂ ਵਿਚ ਤਨਖਾਹ ਵਧਾਉਣਾ, ਘੱਟੋ-ਘੱਟ ਉਜਰਤਾਂ ਲਾਗੂ ਕਰਨਾ, ਸਮੇਂ ਸਿਰ ਭੁਗਤਾਨ ਅਤੇ ਹੋਰ ਸੁਵਿਧਾਵਾਂ ਸ਼ਾਮਲ ਹੁੰਦੀਆਂ ਹਨ ਹਨ। ਮਾਰਚ 2026 ਵਿਚ ਲੁਧਿਆਣਾ ਵਿਚ ਵੀ ਇਸ ਤਰ੍ਹਾਂ ਦਾ ਪ੍ਰਦਰਸ਼ਨ ਹੋਇਆ ਸੀ।

ਮਈ 2026 ਵਿਚ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੀਆਂ ਉਜਰਤਾਂ ਵਿਚ 15 ਫੀਸਦੀ ਵਾਧਾ ਕੀਤਾ, ਜਿਸ ਨਾਲ ਅਣ-ਸਿੱਖਿਅਤ ਮਜ਼ਦੂਰਾਂ ਲਈ ਮਹੀਨਾਵਾਰ ਤਨਖਾਹ ਲਗਭਗ 13,486 ਰੁਪਏ ਹੋ ਗਈ ਹੈ। ਇਸ ਨਾਲ ਵਰਕਰਾਂ ਵਿੱਚ ਵੀ ਉਮੀਦ ਜਾਗੀ, ਪਰ ਉਨ੍ਹਾਂ ਲਈ ਇਹ ਵਾਧਾ ਅਜੇ ਵੀ ਲਾਗੂ ਨਹੀਂ ਹੋਇਆ।

ਹੁਣ ਸਵਾਲ ਇਹ ਖੜ੍ਹਾ ਹੁੰਦਾ ਹੈ ਕਿ ਆਪਣੇ ਆਪ ਨੂੰ ਇੱਕ ਕਲਿਆਣਕਾਰੀ ਸਰਕਾਰ ਅਖਵਾਉਣ ਵਾਲੇ ਲੋਕਾਂ ਲਈ ਇੰਨੀ ਘੱਟ ਮਜ਼ਦੂਰੀ ਉੱਤੇ ਇਸ ਤਰ੍ਹਾਂ ਦਾ ਮਹੱਤਵਪੂਰਨ ਕੰਮ ਕਰਵਾਉਣਾ ਕੀ ਨੈਤਿਕ ਅਪਰਾਧ ਨਹੀਂ ਹੈ । ਬੱਚਿਆਂ ਨੂੰ ਤੰਦਰੁਸਤ ਰੱਖਣ ਵਾਲੀਆਂ ਔਰਤਾਂ ਖੁਦ ਭੁੱਖਮਰੀ ਅਤੇ ਤਣਾਅ ਨਾਲ ਜੂਝ ਰਹੀਆਂ ਹਨ।

ਸੋਚਣ ਵਾਲੀ ਗੱਲ ਹੈ ਕਿ ਜੇਕਰ ਦੇਸ਼ ਦੇ ਭਵਿੱਖ ਨੂੰ ਪਾਲਣ ਵਾਲੇ ਇਨ੍ਹਾਂ ਹੱਥਾਂ ਨੂੰ ਖੁਦ ਢੰਗ ਦੀ ਰੋਟੀ ਨਸੀਬ ਨਾ ਹੋਵੇ, ਤਾਂ ਵਿਕਾਸ ਅਤੇ ਸਿੱਖਿਆ ਦੇ ਸਾਰੇ ਦਾਅਵੇ ਖੋਖਲੇ ਹਨ। ਪੰਜਾਬ ਸਰਕਾਰ ਅਤੇ ਸਮਾਜ ਨੂੰ ਇਨ੍ਹਾਂ ਸਾਇਲੈਂਟ ਪਿਲਰਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਲਈ ਤਨਖਾਹ ਵਧਾਉਣਾ, ਸਮੇਂ ਸਿਰ ਭੁਗਤਾਨ ਅਤੇ ਉਨ੍ਹਾਂ ਨੂੰ ਉਚਿਤ ਮਾਨਤਾ ਦੇਣਾ ਲਾਜ਼ਮੀ ਹੈ। ਜਦੋਂ ਤੱਕ ਇਨ੍ਹਾਂ ਚੁੱਲ੍ਹਿਆਂ ਦੀ ਅੱਗ ਨੂੰ ਇੱਜ਼ਤ ਅਤੇ ਇਨਸਾਫ਼ ਨਹੀਂ ਮਿਲਦਾ, ਅਸੀਂ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਯਕੀਨੀ ਬਣਾਉਣ ਵਿਚ ਖੁਦ ਅਣਗਹਿਲੀ ਕਰ ਰਹੇ ਹਾਂ। ਇਨ੍ਹਾਂ ਔਰਤਾਂ ਦਾ ਸੰਘਰਸ਼ ਸਾਡਾ ਆਪਣਾ ਸੰਘਰਸ਼ ਹੋਣਾ ਚਾਹੀਦਾ ਹੈ। ਖਾਸ ਕਰਕੇ ਉਹਨਾਂ ਸਕੂਲਾਂ ਦੇ ਅਧਿਆਪਕਾਂ ਨੂੰ ਵੀ ਸਮੂਹਿਕ ਤੌਰ 'ਤੇ ਇਹਨਾ ਗਰੀਬ ਔਰਤਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਉਨ੍ਹਾਂ ਵਰਕਰਾਂ ਨੂੰ ਉਨ੍ਹਾਂ ਦਾ ਹੱਕ ਮਿਲਣਾ ਹੀ ਇੱਕ ਨਿਆਂਪੂਰਣ ਸਮਾਜ ਦੀ ਪਹਿਲੀ ਸ਼ਰਤ ਹੈ।

**# ਸੰਪਰਕ** : 99150-13953

# ਕੱਖਾਂ ਥੱਲੇ ਨਹੀਂ ਲੁਕਦੇ, ਸੱਜਣਾ ਵੇ ਅੰਗਿਆਰੇ !



ਹਰਜਿੰਦਰ ਸਿੰਘ ਗੁਲਪੁਰ

ਪ੍ਰਧਾਨ ਮੰਤਰੀ ਨੇ ਦੇਸ਼ ਦੀ ਜਨਤਾ ਨੂੰ ਸਲਾਹ ਦਿੱਤੀ ਹੈ ਕਿ ਉਹ ਨਿੱਜੀ ਵਾਹਨਾਂ ਦੀ ਥਾਂ ਪਬਲਿਕ ਟਰਾਂਸਪੋਰਟ ਦਾ ਇਸਤੇਮਾਲ ਕਰਨ , ਸੋਨਾ ਖਰੀਦਣਾ ਬੰਦ ਕਰ ਦੇਣ, ਕਿਸਾਨ ਰਸਾਇਣਕਾਂ ਖਾਦਾਂ ਦੀ 50 ਫੀਸਦੀ ਵਰਤੋਂ ਘਟਾ ਦੇਣ । ਵਿਦੇਸ਼ ਯਾਤਰਾਵਾਂ ਨਾ ਕਰਨ । ਹੋ ਸਕੇ ਤਾਂ ਘਰ ਬੈਠ ਕੇ ਆਪਣੇ ਕੰਮ ਚਲਾਉਣ (work from home) । ਇਹਨਾਂ ਨਸੀਹਤਾਂ ਦਾ ਅਸਰ ਤਾਂ ਹੁੰਦਾ ਹੈ ਅਗਰ ਦੇਸ਼ ਦਾ ਮੁਖੀਆ ਇਹਨਾਂ ਉੱਤੇ ਅਮਲ ਕਰੇ । ਲੋਕਾਂ ਨੂੰ ਵਿਦੇਸ਼ ਯਾਤਰਾਵਾਂ ਨਾ ਕਰਨ ਲਈ ਆਖ ਕੇ ਪ੍ਰਧਾਨ ਮੰਤਰੀ ਖੁਦ ਪੰਜ ਰੋਜ਼ਾ ਵਿਦੇਸ਼ ਦੌਰੇ 'ਤੇ ਹਨ । ਮਨਮੋਹਨ ਸਿੰਘ ਵੱਡੇ ਅਰਥ ਸ਼ਾਸਤਰੀ ਸਨ । ਉਸ ਸਮੇਂ ਡਾਲਰ ਦੀ ਕੀਮਤ ਸੱਤਰ ਰੁਪਏ ਸੀ । ਭਾਜਪਾ ਵੱਲੋਂ ਇਸ ਦਾ ਮਖੌਲ ਉਡਾਇਆ ਜਾਂਦਾ ਸੀ । ਇਸ ਸਮੇ ਡਾਲਰ ਦੀ ਕੀਮਤ 95 ਰੁਪਏ ਹੋ ਗਈ ਹੈ, ਪਰ ਸਰਕਾਰ ਮੂਕ ਦਰਸ਼ਕ ਬਣੀ ਹੋਈ ਹੈ । ਦੇਸ਼ ਦੀ ਆਰਥਿਕਤਾ ਅੰਦਰੋਂ ਖੋਖਲੀ ਹੋ ਚੁੱਕੀ ਹੈ । ਅੱਗ ਨੂੰ ਕੱਖਾਂ ਥੱਲੇ ਲੁਕਾਉਣ ਦੇ ਯਤਨ ਕੀਤੇ ਜਾ ਰਹੇ ਹਨ, ਜੋ ਲੰਮੇ ਸਮੇਂ ਲਈ ਨਾ ਮੁਮਕਿਨ ਹਨ । ਬਹੁਤ ਵੱਡਾ ਆਰਥਿਕ ਸੰਕਟ ਸਾਡੀਆਂ ਬਰੂਹਾਂ ਤੇ ਦਸਤਕ ਦੇ ਰਿਹਾ ਹੈ । ਪ੍ਰਧਾਨ ਮੰਤਰੀ ਨੇ ਕੋਵਿਡ ਵਾਲੇ ਦਿਨਾਂ ਦਾ ਸਾਹਮਣਾ ਕਰਨ ਦਾ ਸੰਕੇਤ ਦੇ ਦਿੱਤਾ ਹੈ । ਉਸ ਨੇ ਜਨਤਾ ਨੂੰ ਤਾਂ ਹੋਮ ਵਰਕ ਦੇ ਦਿੱਤਾ ਹੈ, ਪਰ ਇਹ ਨਹੀ ਦੱਸਿਆ ਕਿ ਸਰਕਾਰ ਨੂੰ ਇਸ ਸਥਿਤੀ ਵਿੱਚ ਕੀ ਕਰਨਾ ਚਾਹੀਦਾ ਹੈ ? ਜਦੋਂ ਈਰਾਨ ਯੁੱਧ ਕਾਰਨ ਦੁਨੀਆ ਸੰਕਟ ਦਾ ਸਾਹਮਣਾ ਕਰ ਰਹੀ ਸੀ, ਉਦੋਂ ਪੀ ਐੱਮ ਸਾਹਿਬ ਪੰਜ ਰਾਜਾਂ ਦੀਆਂ ਚੋਣਾਂ ਜਿੱਤਣ ਵਿੱਚ ਵਿਅਸਥ ਸਨ । ਚੋਣਾਂ ਖਤਮ ਹੋਣ ਤੱਕ ਉਹਨਾ ਕਿਸੇ ਨਾ ਕਿਸੇ ਤਰਾਂ ਤੇਲ, ਗੈਸ ਅਤੇ ਹੋਰ ਪਦਾਰਥਾਂ ਦੀਆਂ ਕੀਮਤਾਂ ਨੂੰ ਹੋਲਡ ਕਰ ਕੇ ਰੱਖਿਆ ਸੀ । ਆਰਥਿਕ ਆਭਾ ਨੂੰ ਬਚਾਉਣ ਲਈ ਘਰੋਗੀ ਰਾਜਨੀਤੀ ਦੀ ਮੱਲ੍ਹਮ-ਪੱਟੀ ਕੀਤੀ ਜਾ ਰਹੀ ਸੀ । ਇਹ ਕਿਹਾ ਜਾ ਰਿਹਾ ਸੀ ਕਿ ਈਰਾਨ ਜੰਗ ਦਾ ਅਸਰ ਭਾਰਤ ਉੱਤੇ ਨਹੀਂ ਪਵੇਗਾ, ਪਰ ਜਦੋਂ ਨੱਕ ਦੀ ਚੋ ਕੇ ਮੂੰਹ ਵਿੱਚ ਪੈਣ ਲੱਗ ਪਈ ਤਾਂ ਉਸ ਨੂੰ ਯਾਦ ਆਇਆ ਕਿ ਬੁਰੇ ਦਿਨ ਆਉਣ ਵਾਲੇ ਹਨ । ਚੋਣਾਂ ਦੀ ਨੈਅ ਲੰਘੀ ਅਤੇ ਝੂਠ ਦਾ ਖ਼ਵਾਜਾ ਵਿਸਰ ਗਿਆ ।

ਸਾਰਾ ਭਾਂਡਾ ਈਰਾਨ ਜੰਗ ਉੱਤੇ ਭੰਨ ਦਿੱਤਾ ਕਿ ਜੰਗ ਕਰਕੇ ਤੇਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਇਜ਼ਾਫਾ ਕਰਨਾ ਪਿਆ ਹੈ । ਪੁੱਛਿਆ ਜਾ ਸਕਦਾ ਹੈ ਕਿ ਇਹ ਜੰਗ ਢਾਈ ਮਹੀਨੇ ਤੋਂ ਲੱਗੀ ਹੋਈ ਹੈ, ਇਸ ਦੀ ਯਾਦ ਹੁਣ ਹੀ ਕਿਉਂ ਆਈ ? ਉਦੋਂ ਹੀ ਕੀਮਤਾਂ ਵਧਾ ਦੇਣੀਆਂ ਚਾਹੀਦੀਆਂ ਸਨ, ਜਿਵੇਂ ਹੋਰ ਦੇਸ਼ਾਂ ਨੇ ਵਧਾਈਆਂ ਸਨ ।ਪ੍ਰਧਾਨ ਸੇਵਕ ਅੰਤਰਰਾਸ਼ਟਰੀ ਅਰਥਚਾਰੇ ਨੂੰ ਪਾਸੇ ਕਰਕੇ ਚੋਣਾਂ ਦੀ ਜੰਗ ਜਿੱਤਣੀ ਚਾਹੁੰਦਾ ਸੀ, ਜੋ ਉਸ ਨੇ ਜਿੱਤ ਲਈ ਹੈ ।ਹੁਣ ਜਾ ਕੇ ਈਰਾਨ ਜੰਗ ਦਾ ਖਿਆਲ ਆਇਆ ਹੈ । ਅਸਲ ਵਿੱਚ ਦੇਸ਼ ਦੀ ਆਰਥਿਕਤਾ ਨੂੰ ਸੱਟ ਵੱਜਣ ਦਾ ਮੁੱਖ ਕਾਰਨ ਈਰਾਨ ਜੰਗ ਨਹੀ ਹੈ ਸਗੋਂ ਭਾਰਤ ਸਰਕਾਰ ਦੀਆਂ ਗਲਤ ਨੀਤੀਆਂ ਹਨ । ਅੰਕੜਿਆਂ ਦੀ ਜਾਦੂਗਿਰੀ ਨਾਲ ਜੋ ਦਿਖਾਇਆ ਜਾਂਦਾ ਹੈ, ਅਸਲ ਵਿੱਚ ਉਹ ਨਹੀ ਹੁੰਦਾ । ਇਸ ਤਰਾਂ ਕਰਕੇ ਆਮ ਲੋਕਾਂ ਨੂੰ ਤਾਂ ਗੁੰਮਰਾਹ ਕੀਤਾ ਜਾ ਸਕਦਾ ਹੈ, ਪਰ ਆਰਥਿਕ ਮਾਹਰਾਂ ਨੂੰ ਨਹੀਂ ।

ਭਾਰਤ ਸਰਕਾਰ ਨੇ ਡੰਕੇ ਦੀ ਚੋਟ 'ਤੇ ਦਾਅਵਾ ਕੀਤਾ ਸੀ ਕਿ ਭਾਰਤ ਦੁਨੀਆਂ ਦੀ ਚੌਥੀ ਅਰਥ ਵਿਵਸਥਾ ਬਣ ਗਿਆ ਹੈ । ਹੁਣ ਜੋ ਤਸਵੀਰ ਸਾਹਮਣੇ ਆਈ ਹੈ, ਉਸ ਮੁਤਾਬਕ ਭਾਰਤ ਛੇਵੇਂ ਨੰਬਰ 'ਤੇ ਖਿਸਕ ਗਿਆ ਹੈ । 5 ਲੱਖ ਕਰੋੜ ਰੁਪਏ ਪਿਛਲੇ ਪੰਜ ਮਹੀਨਿਆਂ ਵਿੱਚ ਭਾਰਤੀ ਬਜ਼ਾਰ ਵਿਚੋਂ ਕੱਢ ਕੇ ਵਿਦੇਸ਼ਾਂ ਵਿੱਚ ਨਿਵੇਸ਼ ਕਰ ਦਿੱਤੇ ਹਨ । ਇਸ ਦਾ ਮੋਟਾ ਜਿਹਾ ਮਤਲਬ ਇਹ ਹੈ ਕਿ 140 ਕਰੋੜ ਆਬਾਦੀ ਵਾਲੇ ਖਪਤਕਾਰੀ ਦੇਸ਼ ਤੋਂ ਨਿਵੇਸ਼ਕਾਂ ਦਾ ਮੋਹ ਭੰਗ ਹੋ ਗਿਆ ਹੈ । ਇਸ ਸਥਿਤੀ ਵਿੱਚ ਕੋਈ ਵੀ ਦੇਸੀ ਅਤੇ ਵਿਦੇਸ਼ੀ ਕੰਪਨੀ ਭਾਰਤ ਅੰਦਰ ਨਿਵੇਸ਼ ਕਰਨ ਲਈ ਤਿਆਰ ਨਹੀ । ਦੇਸ਼ ਦੀ ਮਾੜੀ ਆਰਥਿਕਤਾ ਦਾ ਸਭ ਤੋਂ ਵੱਡਾ ਸੰਕੇਤ ਮਹਿੰਗਾਈ ਦਾ ਵਧਣਾ ਹੁੰਦਾ ਹੈ, ਜੋ ਵਧਦੀ ਜਾ ਰਹੀ ਹੈ । ਇਸ ਤੋਂ ਬਾਅਦ ਵਾਲਾ ਸੰਕੇਤ ਹੁੰਦਾ ਹੈ ਬੇਰੁਜ਼ਗਾਰੀ ਦਾ ਵਧਣਾ । ਇਹ ਵੀ ਵਧ ਰਹੀ ਹੈ । ਭਾਰਤੀ ਅਰਥ ਵਿਵਸਥਾ ਦਾ ਲੱਕ ਉਦੋਂ ਟੁੱਟਣਾ ਸ਼ੁਰੂ ਹੋ ਗਿਆ, ਜਦੋਂ ਪੀ ਐੱਮ ਨੇ 2017 ਵਿੱਚ ਬਿਨਾਂ ਕਿਸੇ ਦੀ ਸਲਾਹ ਲਏ ਨੋਟਬੰਦੀ ਲਾਗੂ ਕਰ ਦਿੱਤੀ ਸੀ । ਨਾ ਕਾਲਾ ਧਨ ਬਾਹਰ ਆਇਆ ਨਾ ਦੇਸ਼ ਵਿਚੋਂ ਅੱਤਵਾਦ ਖਤਮ ਹੋਇਆ । ਉਲਟਾ ਲੱਖਾਂ ਛੋਟੇ ਉਦਯੋਗ ਇੱਕੋ ਝਟਕੇ ਨਾਲ ਬੰਦ ਹੋ ਗਏ । ਇਸ ਦੇ ਨਾਲ ਰਹਿੰਦੀ-ਖੂੰਹਦੀ ਕਸਰ ਕੋਰੋਨਾ ਨੇ ਕੱਢ ਦਿੱਤੀ । ਦੇਸ਼ ਦੀ ਆਰਥਿਕਤਾ ਚਮਚੇ-ਕੌਲੀਆਂ ਦੇ ਖੜ ਕੇ ਹੇਠ ਦਮ ਤੋੜਦੀ ਚਲੇ ਗਈ । ਮੇਨ ਸਟਰੀਮ ਮੀਡੀਆ ਦੀ ਬਦੌਲਤ ਸਰਕਾਰ ਲੀਪਾ-ਪੋਚੀ ਕਰ ਕੇ ਵਕਤ ਲੰਘਾਉਂਦੀ ਰਹੀ ।ਪੀ ਐੱਮ ਸਾਹਿਬ ਆਰਥਿਕਤਾ ਦੀ ਬਿੱਲੀ ਦਾ ਸਾਹਮਣਾ ਕਰਨ ਦੀ ਥਾਂ ਕਬੂਤਰ ਵਾਂਗ ਅੱਖਾਂ ਮੀਚ ਕੇ ਬੈਠੇ ਰਹੇ । ਜਦੋਂ ਸੱਪ ਲੰਘ ਗਿਆ ਤਾਂ ਲਕੀਰਾਂ ਕੁੱਟਣ ਦੀ ਕਵਾਇਦ ਕੀਤੀ ਜਾ ਰਹੀ ਹੈ । ਇਸ ਸਮੇਂ ਭਾਰਤ ਸਭ ਤੋਂ ਵੱਡੇ ਆਰਥਿਕ ਸੰਕਟ ਵੱਲ ਵਧ ਰਿਹਾ ਹੈ । ਉਹ ਦੇਸ਼ ਵਾਸੀਆਂ ਤੋਂ ਤਿਆਗ ਦੀ ਮੰਗ ਕਰ ਰਹੇ ਹਨ ।

ਪ੍ਰਸਿੱਧ ਅਰਥ ਸ਼ਾਸਤਰੀ ਪ੍ਰੋ. ਅਰੁਣ ਕੁਮਾਰ ਦਾ ਕਹਿਣਾ ਹੈ ਕਿ ਈਰਾਨ ਜੰਗ ਲੱਗੀ ਨੂੰ 80 ਦਿਨ ਹੋ ਗਏ ਹਨ । ਸਟਰੇਟ ਆਫ ਹੋਰਮੁਜ਼ ਪੂਰੀ ਤਰਾਂ ਬੰਦ ਹੈ । ਇਸ ਰਸਤੇ ਤੋਂ ਭਾਰਤ ਨੂੰ ਵੀਹ ਫੀਸਦੀ ਐਨਰਜੀ ਦਾ ਆਯਾਤ ਹੁੰਦਾ ਸੀ । ਐਨਰਜੀ ਦਾ ਆਯਾਤ ਬੰਦ ਹੋਣ ਦਾ ਮਤਲਬ ਹੈ ਦੇਸ਼ ਅੰਦਰ ਕਿਸੇ ਵੀ ਉਤਪਾਦ ਦਾ ਬੰਦ ਹੋ ਜਾਣਾ । ਇਸ ਜੰਗ ਨਾਲ ਆਯਾਤ ਹੀ ਬੰਦ ਨਹੀ ਹੋਇਆ, ਨਿਰਯਾਤ ਵੀ ਬੰਦ ਹੋ ਗਿਆ ਹੈ । ਜਦੋਂ ਇਹ ਜੰਗ ਸ਼ੁਰੂ ਹੋਈ ਸੀ, ਉਸ ਸਮੇਂ ਤੋਂ ਹੀ ਭਾਰਤ ਸਰਕਾਰ ਨੂੰ ਇਸ ਦੇ ਬਦਲਾਂ ਦੀ ਤਲਾਸ਼ ਵਿਚ ਲੱਗ ਜਾਣਾ ਸੀ । ਇਹ ਸਮਾਂ ਸਾਡੇ ਪੀ ਐੱਮ ਨੇ ਚੋਣਾਂ ਜਿੱਤਣ ਵਿਚ ਗੁਆ ਦਿੱਤਾ । ਤੇਲ, ਗੈਸ ਅਤੇ ਵਿਦੇਸ਼ੀ ਮੁਦਰਾ ਦੇ ਭੰਡਾਰ ਦਿਨ-ਬ-ਦਿਨ ਖਤਮ ਹੁੰਦੇ ਜਾ ਰਹੇ ਹਨ । ਹੁਣ ਹਾਲਾਤ 'ਵਿਹੜੇ ਆਈ ਜੰਞ ਵਿੰਨ੍ਹੋ ਕੁੜੀ ਦੇ ਕੰਨ' ਵਾਲੀ ਬਣੀ ਹੋਈ ਹੈ । ਉਹਨਾਂ ਦਾ ਸਾਰਾ ਧਿਆਨ ਵਿਦੇਸ਼ ਨੀਤੀ ਨੂੰ ਦਾਅ 'ਤੇ ਲਗਾ ਕੇ ਅੰਦਰੂਨੀ ਰਾਜਨੀਤੀ ਨੂੰ ਆਪਣੇ ਅਨੁਕੂਲ ਬਣਾਉਣ 'ਤੇ ਲੱਗਾ ਰਿਹਾ ।

ਸੱਤਿਆ ਹਿੰਦੀ ਚੈਨਲ ਦੇ ਸੰਪਾਦਕ ਆਸ਼ੂਤੋਸ਼ ਨੇ ਇੰਟਰਨੈਸ਼ਨਲ ਐਨਰਜੀ ਐਸੋਸੀਏਸ਼ਨ ਦੇ ਹਵਾਲੇ ਨਾਲ ਦੱਸਿਆ ਹੈ ਕਿ 82 ਦੇਸ਼ਾਂ ਨੇ ਜੰਗ ਦੀ ਸਥਿਤੀ ਨਾਲ ਨਿਪਟਣ ਲਈ 78 ਦਿਨ ਪਹਿਲਾਂ ਹੀ ਕਦਮ ਉਠਾ ਲਏ ਸਨ, ਤਾਂ ਕਿ ਭਾਵੀ ਸਮੱਸਿਆ ਨੂੰ ਹੈਂਡਲ ਕੀਤਾ ਜਾ ਸਕੇ । ਇਹਨਾਂ ਵਿਚੋਂ 25 ਦੇਸ਼ਾਂ ਨੇ ਫੌਰੀ ਤੌਰ 'ਤੇ ਤੇਲ ਦੀ ਰਾਸ਼ਨਿੰਗ ਸ਼ੁਰੂ ਕਰ ਦਿੱਤੀ ਸੀ ਅਤੇ ਧੀਮੀ ਗਤੀ ਦੇ ਸਟਿੱਕਰ ਗੱਡੀਆਂ ਉੱਤੇ ਲਗਾ ਦਿੱਤੇ ਸਨ । ਇਸ ਤੋਂ ਇਲਾਵਾ ਕੁਝ ਦੇਸ਼ਾਂ ਨੇ ਵੱਡੇ-ਵੱਡੇ ਅਦਾਰਿਆਂ ਵਿੱਚ ਏ ਸੀ ਵਰਤਣ ਵਿੱਚ ਕਟੌਤੀ ਲਾਗੂ ਕਰ ਦਿੱਤੀ ਸੀ । ਉਹਨਾ ਕਿਹਾ ਕਿ ਕੇਵਲ ਦੇਸ਼ ਦੀ ਆਰਥਿਕਤਾ ਈਰਾਨ ਜੰਗ ਨਾਲ ਹੀ ਪ੍ਰਭਾਵਤ ਨਹੀ ਹੋ ਰਹੀ, ਇਸ ਦਾ ਕਾਰਨ ਦੇਸ਼ ਦੀ ਬੇ ਸਿਰ -ਪੈਰ ਆਰਥਿਕ ਅਤੇ ਰਾਜਨੀਤਕ ਨੀਤੀਆਂ ਵੀ ਹਨ । ਪੀ ਐੱਮ ਵੱਲੋਂ ਇਹ ਸਾਰੀਆਂ ਮਤਾਂ ਦੇਸ਼ ਦੇ ਸਧਾਰਨ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹਨ, ਜਦੋਂ ਕਿ ਫਾਈਵ ਸਟਾਰ ਕਲਚਰ ਉੱਤੇ ਰੋਕ ਲਗਾਉਣ ਦੀ ਕੋਈ ਗੱਲ ਨਹੀ ਕੀਤੀ ਜਾ ਰਹੀ । ਬੜਾ ਪੁਰਾਣਾ ਸ਼ੇਅਰ ਹੈ : 'ਵਤਨ ਕੀ ਫਿਕਰ ਕਰ ਐ ਨਾਦਾਂ, ਤੇਰੀ ਬਰਬਾਦੀਓਂ ਕੇ ਚਰਚੇ ਹੈਂ ਅਸਮਾਨੋਂ ਮੇਂ।'

**# ਸੰਪਰਕ** : 79735-01892

## ਪਾਠਕ-ਸੱਥ

### ਇਹ ਹੀ ਸਕੂਨ ਭਰ ਸਕਦੀ ਹੈ

ਸਮੇਂ ਦੇ ਚੱਲਦਿਆਂ ਅੱਜ ਰਿਸ਼ਤਿਆਂ ਵਿੱਚ ਓਨਾ ਲਗਾਵ ਨਹੀਂ ਰਿਹਾ । ਰਿਸ਼ਤਿਆਂ ਨਾਲੋਂ ਪੈਸਾ ਤੇ ਕੰਮ-ਕਾਜ ਜ਼ਿਆਦਾ ਅਹਿਮ ਹੋ ਗਏ ਹਨ । ਇੱਕ-ਦੂਜੇ ਨੂੰ ਮਿਲਣ ਦਾ ਸਮਾਂ ਸਿਮਟ ਕੇ ਸਿਰਫ਼ ਫੋਨ ਤੱਕ ਰਹਿ ਗਿਆ ਹੈ । ਆਦਮੀ ਨੇ ਆਪਣੇ-ਆਪ ਨੂੰ ਇੱਕ ਅਜਿਹੇ ਦਾਇਰੇ ਵਿੱਚ ਕੈਦ ਕਰ ਲਿਆ ਹੈ, ਜਿੱਥੋਂ ਉਹ ਚਾਹੁੰਦਾ ਹੋਇਆ ਵੀ ਨਹੀਂ ਨਿਕਲ ਪਾ ਰਿਹਾ । ਖ਼ੂਨ ਦੇ ਰਿਸ਼ਤਿਆਂ ਵਿੱਚ ਸਾਂਝ ਦੀ ਤੰਦ ਕਮਜ਼ੋਰ ਪੈਂਦੀ ਨਜ਼ਰ ਆ ਰਹੀ ਹੈ। ਰਿਸ਼ਤੇ ਅੱਜ ਮਹਿਜ਼ ਇੱਕ ਫੌਰਮੈਲਟੀ ਬਣਦੇ ਜਾ ਰਹੇ ਹਨ, ਜਿਸ ਨੂੰ ਵਿਅਕਤੀ ਸ਼ਰਮੋਂ ਸ਼ਰਮੀ ਨਿਭਾਉਂਦਾ ਦਿਖਾਈ ਦੇ ਰਿਹਾ ਹੈ।

ਜ਼ਿੰਦਗੀ 'ਚ ਪਿਆਰ, ਮੁਹੱਬਤ ਦਾ ਪੱਲੜਾ ਹਲਕਾ ਅਤੇ ਈਰਖਾ ਤੇ ਸਾੜੇ ਵਾਲ਼ਾ ਭਾਰੂ ਹੋ ਰਿਹਾ ਹੈ। ਇਹ ਸਭ ਇਨਸਾਨ ਦਾ ਖੁਦਗਰਜ਼ ਤੇ ਸੁਆਰਥੀ ਹੋਣਾ ਨੂੰ ਦਰਸਾਉਂਦਾ ਹੈ। ਸਹੂਲਤਾਂ ਤੇ ਐਸ਼ੋ-ਆਰਾਮ ਪਾਉਣ ਦਾ ਜਦੋਂ ਤੋਂ ਆਦਮੀ 'ਤੇ ਭੂਤ ਸਵਾਰ ਹੋਇਆ ਹੈ, ਉਦੋਂ ਦਾ ਉਹ ਆਪਣਿਆਂ ਤੋਂ ਦੂਰ ਹੁੰਦਾ ਜਾ ਰਿਹਾ ਹੈ। ਪੈਸਾ ਕਮਾਉਣਾ, ਤਰੱਕੀ ਕਰਨਾ ਤੇ ਅੱਗੇ ਵਧਣਾ ਜਿੱਥੇ ਵਿਕਾਸ ਦੀ ਨਿਸ਼ਾਨੀ ਹੈ, ਉੱਥੇ ਆਪਣੇ ਅਤੇ ਆਪਣੇ ਨੇੜਲਿਆਂ ਦੇ ਸੁਪਨਿਆਂ ਦੀ ਕੁਰਬਾਨੀ ਲੈ ਲੈਣਾ ਕਿਤੇ ਨਾ ਕਿਤੇ ਨਾ-ਵਾਜਿਬ ਭਾਸਦਾ ਹੈ। ਦਿਨ ਪ੍ਰਤੀ ਦਿਨ ਤਣਾਅ ਦੀ ਪਕੜ ਪੀਡੀ ਹੋ ਰਹੀ ਹੈ, ਜਿਸ ਨਾਲ ਜ਼ਿੰਦਗੀ ਛੋਟੀ ਪੈਂਦੀ ਜਾ ਰਹੀ ਹੈ। ਇਸ ਤੋਂ ਪਹਿਲਾਂ ਕਿ ਦੇਰ ਹੋ ਜਾਵੇ, ਰੁਝੇਵਿਆਂ ਨੂੰ ਇੱਕ ਪਾਸੇ ਰੱਖ ਕੇ ਸਾਨੂੰ ਕੁੱਝ ਫ਼ੁਰਸਤ ਦੇ ਪਲ ਕੱਢ, ਸ਼ਾਂਤੀ ਨਾਲ ਬੈਠ, ਆਪਣੇ ਦਿਲ ਦੀ ਆਵਾਜ਼ ਜ਼ਰੂਰ ਸੁਣ ਲੈਣੀ ਚਾਹੀਦੀ ਹੈ, ਕਿਉਂਕਿ ਤੁਹਾਡੀ ਇਹ ਆਵਾਜ਼ ਹੀ ਤੁਹਾਡੇ ਤੇ ਤੁਹਾਡੇ ਨੇੜਲਿਆਂ 'ਚ ਸਕੂਨ ਭਰ ਸਕਦੀ ਹੈ।

**ਲਾਭ ਸਿੰਘ ਸ਼ੇਰਗਿੱਲ,ਬਡਰੁੱਖਾਂ (ਸੰਗਰੂਰ)**

## ਖੋਟੇ-ਹਿੰਮਤਪੁਰਾ ਸੜਕ ਦੀ ਖਸਤਾ ਹਾਲਤ ਨੂੰ ਲੈ ਕੇ ਲੋਕਾਂ ਵੱਲੋਂ ਰੋਡ ਜਾਮ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਖੋਟੇ ਤੋਂ ਹਿੰਮਤਪੁਰਾ ਤੱਕ ਦੀ ਖਸਤਾ ਹਾਲ ਸੜਕ ਤੋਂ ਤੰਗ ਆ ਕੇ ਬਾਹਰਲੀ ਬਸਤੀ ਦੇ ਲੋਕਾਂ ਨੇ ਐਤਵਾਰ ਰੋਡ ਜਾਮ ਕਰਕੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਵਿਰੁੱਧ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ।ਲੋਕਾਂ ਨੇ ਕਿਹਾ ਕਿ ਸੜਕ ਵਿੱਚ ਵੱਡੇ-ਵੱਡੇ ਖੱਡੇ ਪਏ ਹੋਣ ਕਾਰਨ ਹਰ ਰੋਜ਼ ਹਾਦਸਿਆਂ ਦਾ ਡਰ ਬਣਿਆ ਰਹਿੰਦਾ ਹੈ ਤੇ ਆਵਾਜਾਈ ਕਰਨ ਵਾਲਿਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਗਾਇਆ ਕਿ ਕਈ ਵਾਰ ਸੰਬੰਧਤ ਵਿਭਾਗ ਤੇ ਪ੍ਰਸ਼ਾਸਨ ਨੂੰ ਸੜਕ ਦੀ ਮੁਰੰਮਤ ਲਈ ਅਪੀਲ ਕੀਤੀ ਗਈ, ਪਰ ਕਿਸੇ ਵੀ ਅਧਿਕਾਰੀ ਨੇ ਇਸ ਵੱਲ ਧਿਆਨ ਨਹੀਂ ਦਿੱਤਾ।ਗੁੱਸੇ ਵਿੱਚ ਆਏ ਲੋਕਾਂ ਨੇ ਸੜਕ ਉੱਪਰ ਧਰਨਾ ਲਗਾ ਕੇ ਆਵਾਜਾਈ ਪੂਰੀ ਤਰ੍ਹਾਂ ਬੰਦ ਕਰ ਦਿੱਤੀ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਧਰਨੇ ਦੌਰਾਨ ਲੋਕਾਂ ਨੇ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ



ਸੜਕ ਦੀ ਹਾਲਤ ਹੋਰ ਵੀ ਬਦਤਰ ਹੋ ਜਾਂਦੀ ਹੈ, ਜਿਸ ਕਾਰਨ ਸਕੂਲੀ ਬੱਚਿਆਂ, ਮਰੀਜ਼ਾਂ ਤੇ ਰੋਜ਼ਾਨਾ ਸਫ਼ਰ ਕਰਨ ਵਾਲੇ ਲੋਕਾਂ ਨੂੰ ਸਭ ਤੋਂ ਵੱਧ ਦਿੱਕਤ ਆਉਂਦੀ ਹੈ।ਲੋਕਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦ ਹੀ ਸੜਕ ਬਣਾਉਣ ਦਾ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਮੌਕੇ 'ਤੇ ਪੁੱਜੇ ਪ੍ਰਸ਼ਾਸਨਕ ਅਧਿਕਾਰੀਆਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਮੰਗ ਉੱਚ ਅਧਿਕਾਰੀਆਂ ਤੱਕ ਪਹੁੰਚਾ ਕੇ ਜਲਦ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਐਸ ਐਚ ਓ ਜਤਿੰਦਰ ਸਿੰਘ ਵੱਲੋਂ ਕੱਲ੍ਹ ਤੱਕ ਐਸ ਡੀ ਐਮ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ, ਜਿਸ ਤੋਂ ਬਾਅਦ ਲੋਕਾਂ ਨੇ ਧਰਨਾ ਧਰਨਾ ਸਮਾਪਤ ਕਰ ਦਿੱਤਾ। ਇਸ ਮੌਕੇ ਰਣਜੀਤ ਸਿੰਘ, ਸੁਖਦੀਪ ਸਿੰਘ, ਨਿਰਭੈ ਸਿੰਘ, ਮਨਮਿੰਦਰ ਕੌਰ, ਵੀਨਾਂ ਰਾਣੀ, ਭੁੱਲਦੀਪ ਕੌਰ, ਚਰਨਜੀਤ ਕੌਰ, ਜਗਤਾਰ ਸਿੰਘ, ਬਸੰਤ ਕੌਰ, ਲੱਛਮੀ ਕੌਰ, ਬਿੱਕਰ ਸਿੰਘ, ਕੁਲਦੀਪ ਕੌਰ, ਮੁਖਤਿਆਰ ਕੌਰ, ਮਨਪ੍ਰੀਤ ਕੌਰ ਤੇ ਸਮੂਹ ਬਸ਼ਤੀ ਦੇ ਲੋਕ ਹਾਜ਼ਰ ਸਨ।

## ਜੀ ਐੱਨ ਐੱਫ ਪੀ ਐੱਸ ਵਿਖੇ ਕਿੰਡਰ ਗਾਰਟਨ ਕਲਮੀਨੇਸ਼ਨ ਪ੍ਰੋਗਰਾਮ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਪਟਿਆਲਾ ਵਿਖੇ 15 ਮਈ 2026 ਨੂੰ ਸਕੂਲ ਕੈਂਪਸ ਵਿੱਚ ਨਰਸਰੀ, ਐੱਲ.ਕੇ.ਜੀ. ਤੇ ਯੂ.ਕੇ.ਜੀ. ਦੇ ਵਿਦਿਆਰਥੀਆਂ ਲਈ ਕਿੰਡਰਗਾਰਟਨ



ਕਲਮੀਨੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਹ ਮਾਣ ਤੇ ਖੁਸ਼ੀ ਭਰਿਆ ਪਲ ਸੀ।ਅਕਾਦਮਿਕ ਸੈਸ਼ਨ 2026-27 ਦੌਰਾਨ ਬੱਚਿਆਂ ਦੀ ਸਿੱਖਣ ਦੀ ਸ਼ਾਨਦਾਰ ਯਾਤਰਾ ਵੇਖਣ ਲਈ ਮਾਪਿਆਂ ਨੂੰ ਸੱਦਾ ਦਿੱਤਾ ਗਿਆ ਸੀ।ਨਿੱਕੇ-ਨਿੱਕੇ ਵਿਦਿਆਰਥੀਆਂ ਨੇ ਪੂਰੇ ਆਤਮ-ਵਿਸ਼ਵਾਸ ਨਾਲ ਆਪਣੇ ਪਾਠਕ੍ਰਮ ਦੇ ਵੱਖ-ਵੱਖ ਪਹਿਲੂਆਂ ਨੂੰ ਗੁਰਬਾਣੀ, ਯੋਗ, ਬ੍ਰੇਨ ਜਿਮ, ਹੈਂਡਜ਼-ਆਨ ਐਕਟੀਵਿਟੀਜ਼, ਸੰਗੀਤ ਸੈਸ਼ਨ, ਸੈਂਸਰੀ ਐਕਸਪਲੋਰੇਸ਼ਨ, ਨਾਟਕ ਤੇ ਮੈਨੀਪੁਲੇਟਿਵਜ਼ ਨਾਲ ਗਣਿਤ ਰਾਹੀਂ ਪੇਸ਼ ਕੀਤਾ।ਇਸ ਨਾਲ ਮਾਪਿਆਂ ਨੂੰ ਕਿੰਡਰਗਾਰਟਨ ਸੈਕਸ਼ਨ ਵਿੱਚ ਅਪਣਾਈ ਜਾ ਰਹੀ ਅਨੁਭਵ-ਅਧਾਰਤ ਤੇ ਗਤੀਵਿਧੀ-ਅਧਾਰਤ ਸਿੱਖਿਆ ਦੀ ਝਲਕ ਮਿਲੀ।ਵਿਦਿਆਰਥੀਆਂ ਨੇ ਆਪਣੇ ਪੋਰਟਫੋਲੀਓ, ਵਰਕਸ਼ੀਟ, ਸਟੋਰੀਬੋਰਡ ਅਤੇ ਹੋਰ ਸਿੱਖਣ ਸਮੱਗਰੀ ਵੀ ਮਾਪਿਆਂ ਨਾਲ ਸਾਂਝੀ ਕੀਤੀ।ਇਹ ਪਾਠਕ੍ਰਮ ਸੁਸ਼੍ਰੀ ਮਹਿਮਾ ਕੌਰ, ਕ੍ਰਿਏਟਿਵ ਡਾਇਰੈਕਟਰ, ਡ੍ਰੀਮਿੰਗ ਚਾਈਲਡ, ਦਿੱਲੀ ਜੋ ਕਿ ਇੱਕ ਪ੍ਰਸਿੱਧ ਅਧਿਆਪਕਾ, ਮਾਰਗਦਰਸ਼ਕ ਤੇ ਟ੍ਰੇਨਰ ਹਨ, ਦੀ ਯੋਗ ਅਗਵਾਈ ਹੇਠ ਚਲਾਇਆ ਜਾ ਰਿਹਾ ਹੈ। ਪ੍ਰੋਗਰਾਮ ਵਿੱਚ ਮਾਨਯੋਗ ਡਾਇਰੈਕਟਰ ਸ. ਪ੍ਰਤਾਪ ਸਿੰਘ ਤੇ ਪ੍ਰਿੰਸੀਪਲ ਸੁਸ਼੍ਰੀ ਜਸਜੀਤ ਸੋਹੀ ਹਾਜ਼ਰ ਸਨ। ਮਾਪਿਆਂ ਨੇ ਸਕੂਲ ਦੇ ਸਮਰਪਤ ਯਤਨਾਂ ਦੀ ਸ਼ਲਾਘਾ ਕੀਤੀ ਤੇ ਡਾਇਰੈਕਟਰ ਸਾਹਿਬ ਅਤੇ ਪ੍ਰਿੰਸੀਪਲ ਮੈਡਮ ਨਾਲ ਗੱਲਬਾਤ ਕੀਤੀ।ਉਹ ਆਪਣੇ ਬੱਚਿਆਂ ਦਾ ਆਤਮ-ਵਿਸ਼ਵਾਸ, ਉਤਸ਼ਾਹ ਤੇ ਸ਼ਾਨਦਾਰ ਤਰੱਕੀ ਵੇਖ ਕੇ ਬੇਹੱਦ ਖ਼ੁਸ਼ ਹੋਏ।

## ਹੜ੍ਹਾਂ ਤੋਂ ਪਿੰਡਾਂ ਤੇ ਕਿਸਾਨਾਂ ਨੂੰ ਬਚਾਉਣ ਲਈ ਸ਼ੁਰੂ ਕੀਤਾ ਵੱਡਾ ਸੇਵਾ ਅਭਿਆਨ

**ਫਿਰੋਜ਼ਪੁਰ (ਗੁਰਬਚਨ ਸਿੰਘ)**- ਸੰਯੁਕਤ ਰਾਸ਼ਟਰ ਨਾਲ ਸੰਬੰਧਤ ਸਮਾਜ ਸੇਵੀ ਸੰਸਥਾ ਯੂਨਾਈਟਡ ਸਿੱਖਸ ਵੱਲੋਂ ਸਤਲੁਜ ਦਰਿਆ ਵਿੱਚ ਆਉਣ ਵਾਲੀਆਂ ਹੜ੍ਹਾਂ ਤੋਂ ਪਿੰਡਾਂ ਤੇ ਕਿਸਾਨਾਂ ਨੂੰ ਬਚਾਉਣ ਲਈ ਇੱਕ ਵੱਡਾ ਸੇਵਾ ਅਭਿਆਨ ਸ਼ੁਰੂ ਕੀਤਾ ਗਿਆ ਹੈ।ਸੰਸਥਾ ਨੇ ਦਰਿਆ ਦੇ ਕਮਜ਼ੋਰ ਤੇ ਸੰਵੇਦਨਸ਼ੀਲ ਕਿਨਾਰਿਆਂ 'ਤੇ ਮਜ਼ਬੂਤ ਬੰਨ੍ਹ ਤਿਆਰ ਕਰਨ ਦਾ ਫੈਸਲਾ ਕੀਤਾ ਹੈ, ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਹੜ੍ਹਾਂ ਦਾ ਪਾਣੀ ਪਿੰਡਾਂ ਤੇ ਖੇਤਾਂ ਵਿੱਚ ਦਾਖ਼ਲ ਨਾ ਹੋ ਸਕੇ। ਯੂਨਾਈਟਡ ਸਿੱਖਸ ਫਿਰੋਜ਼ਪੁਰ ਦੇ ਇੰਚਾਰਜ ਸ੍ਰੀ ਜਗਮੀਤ ਸਿੰਘ ਨੇ ਦੱਸਿਆ ਕਿ ਇਲਾਕੇ ਦੇ ਲੋਕ ਕਈ ਸਾਲਾਂ ਤੋਂ ਹੜ੍ਹਾਂ ਦੀ ਸਮੱਸਿਆ ਨਾਲ ਜੂਝ ਰਹੇ ਹਨ, ਪਰ ਅਜੇ ਤੱਕ ਇਸ ਦਾ ਕੋਈ ਪੱਕਾ ਹੱਲ ਨਹੀਂ ਨਿਕਲਿਆ ਸੀ।ਇਸੇ ਨੂੰ ਧਿਆਨ ਵਿੱਚ ਰੱਖਦਿਆਂ ਯੂਨਾਈਟਡ ਸਿੱਖਸ ਨੇ ਮਨੁੱਖਤਾ ਤੇ ਸੇਵਾ ਦੀ ਭਾਵਨਾ ਨਾਲ ਇਸ ਮਹੱਤਵਪੂਰਨ ਕੰਮ ਦੀ ਜ਼ਿੰਮੇਵਾਰੀ ਆਪਣੇ ਸਿਰ ਲਈ ਹੈ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸਥਾਨਕ ਸੰਗਤ, ਸੇਵਾਦਾਰਾਂ ਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਚਲਾਇਆ ਜਾਵੇਗਾ ਤੇ ਆਉਣ ਵਾਲੇ ਸਮੇਂ ਵਿੱਚ ਇਸ ਨੂੰ ਹੋਰ ਵੱਡੇ ਪੱਧਰ 'ਤੇ ਲਿਜਾਇਆ ਜਾਵੇਗਾ।ਉਨ੍ਹਾਂ ਜਾਣਕਾਰੀ ਦਿੱਤੀ ਕਿ ਬਸਤੀ ਰਾਮ ਲਾਲ ਪਿੰਡ ਨੇੜੇ ਸਤਲੁਜ ਦਰਿਆ ਕਿਨਾਰੇ ਮਜ਼ਬੂਤ ਬੰਨ੍ਹ ਤਿਆਰ ਕੀਤੇ ਜਾਣਗੇ, ਜਿਸ ਨਾਲ ਆਸ-ਪਾਸ ਦੇ ਪਿੰਡਾਂ ਨੂੰ ਕਾਫੀ ਰਾਹਤ ਮਿਲਣ ਦੀ ਉਮੀਦ ਹੈ।ਉਨ੍ਹਾਂ



ਕਿਹਾ ਕਿ ਇਹ ਸੇਵਾ ਅਭਿਆਨ ਸਿਰਫ ਲੋਕਾਂ ਤੇ ਕਿਸਾਨਾਂ ਦੀ ਸੁਰੱਖਿਆ ਤੱਕ ਸੀਮਿਤ ਨਹੀਂ, ਸਗੋਂ ਇਸ ਦਾ ਮਕਸਦ ਮਨੁੱਖਤਾ, ਏਕਤਾ ਤੇ ਨਿਸ਼ਕਾਮ ਸੇਵਾ ਦਾ ਸੰਦੇਸ਼ ਦੇਣਾ ਵੀ ਹੈ। ਸ੍ਰੀ ਜਗਮੀਤ ਸਿੰਘ ਨੇ ਹੋਰ ਦੱਸਿਆ ਕਿ ਬਸਤੀ ਰਾਮ ਲਾਲ ਪਿੰਡ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਜਾਵੇਗਾ, ਜਿਸ ਵਿੱਚ ਸਮਾਜ ਸੇਵੀ, ਪ੍ਰਮੁੱਖ ਸ਼ਖਸੀਅਤਾਂ, ਰਾਜਨੀਤਕ ਪ੍ਰਤੀਨਿਧੀਆਂ ਤੇ ਧਾਰਮਿਕ ਸੰਤ ਸ਼ਾਮਲ ਹੋਣਗੇ।ਇਸ ਮੌਕੇ ਪਿੰਡ ਦੇ ਸਰਪੰਚ ਜਸਮੇਲ ਸਿੰਘ, ਦਲਜਿੰਦਰ ਸਿੰਘ ਮੰਗਾ ਸਮੇਤ ਕਈ ਮਾਣਯੋਗ ਹਸਤੀਆਂ ਵੀ ਮੌਜੂਦ ਰਹਿਣਗੀਆਂ। ਯੂਨਾਈਟਡ ਸਿੱਖਸ ਦੇ ਸ੍ਰੀ ਅੰਮ੍ਰਿਤਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਲਗਭਗ 3 ਕਿਲੋਮੀਟਰ ਖੇਤਰ ਵਿੱਚ ਬੰਨ੍ਹ ਬਣਾਉਣ ਦਾ ਕੰਮ ਕੀਤਾ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ ਇਹ ਸਾਰਾ ਕੰਮ ਸ੍ਰੀ ਜਗਮੀਤ ਸਿੰਘ ਦੀ ਯੋਗ ਅਗਵਾਈ ਤੇ ਨੇਤ੍ਰਿਤਵ ਹੇਠ ਕੀਤਾ ਜਾ ਰਿਹਾ ਹੈ।

## ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ ਦੇ ਜ਼ਮਾਨਤੀ ਵਾਰੰਟ ਜਾਰੀ

**ਤਲਵੰਡੀ ਸਾਬੋ (ਜਗਦੀਪ ਗਿੱਲ)** ਆਰਟੀਆਈ ਐਕਟੀਵਿਸਟ ਵੱਲੋਂ ਮੰਗੀ ਗਈ ਜਾਣਕਾਰੀ ਨਾ ਮੁਹੱਈਆ ਕਰਾਉਣ ਤੇ ਜਾਣਕਾਰੀ ਦੇਣ ਲਈ ਪਹਿਲਾਂ ਜ਼ਿਲ੍ਹਾ ਪੱਧਰ ਦੀ ਅਧਿਕਾਰਤ ਸੂਚਨਾ ਅਦਾਲਤ ਤੇ ਫਿਰ ਸੂਚਨਾ ਕਮਿਸ਼ਨ ਪੰਜਾਬ ਵੱਲੋਂ ਉਕਤ ਜਾਣਕਾਰੀ ਦੇਣ ਦੇ ਸੰਬੰਧ ਵਿੱਚ ਵਾਰ-ਵਾਰ ਬੁਲਾਏ ਜਾਣ 'ਤੇ ਵੀ ਨਾ ਹਾਜ਼ਰ ਆਉਣ ਵਾਲੇ ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ ਈਓ ਦੇ ਆਖਰ ਜ਼ਮਾਨਤੀ ਵਰੰਟ ਜਾਰੀ ਹੋ ਗਏ ਹਨ। ਜ਼ਿਕਰਯੋਗ ਹੈ ਕਿ ਉਕਤ ਐਕਟੀਵਿਸਟ ਵੱਲੋਂ ਅਗਰਵਾਲ ਧਰਮਸ਼ਾਲਾ ਅਤੇ ਇੱਥੋਂ ਦੀ ਸਥਾਨਕ ਗਊਸ਼ਾਲਾ ਲਈ ਸਾਲ 2020 ਤੋਂ ਲੈ ਕੇ ਅਧਿਕਾਰੀ ਦੇ ਹਾਜ਼ਰ ਹੋ ਕੇ ਜਵਾਬ ਦੇਣ ਤੱਕ ਜਿੰਨੀਆਂ ਵੀ ਸਰਕਾਰੀ ਗ੍ਰਾਂਟਾਂ (ਫੰਡ) ਆਈਆਂ, ਉਨ੍ਹਾਂ ਵਿੱਚੋਂ ਕਿੰਨੀਆਂ ਖਰਚ ਹੋਈਆਂ ਤੇ ਕਿੰਨੀਆਂ ਬਕਾਇਆ ਬਚੀਆਂ ਦੀ ਮੁਕੰਮਲ ਜਾਣਕਾਰੀ ਮੰਗੀ ਗਈ ਸੀ। ਸੂਚਨਾ ਕਮਿਸ਼ਨ ਪੰਜਾਬ ਵੱਲੋਂ ਜਾਰੀ ਹੋਏ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਵਿਸ਼ੇਸ਼ ਨਿਰਦੇਸ਼ਾਂ ਦੇ ਬਾਵਜੂਦ ਪੀਆਈਓ ਦੀ ਵਾਰ-ਵਾਰ ਗੈਰ ਹਾਜ਼ਰੀ ਤੋਂ ਸਪੱਸ਼ਟ ਹੁੰਦਾ ਹੈ ਕਿ ਉਹ ਉਕਤ ਪੀਆਈਓ ਨੇ ਕਮਿਸ਼ਨ ਦੀ




ਕਾਰਵਾਈ ਨੂੰ ਹਲਕੇ ਵਿੱਚ ਲਿਆ ਤੇ ਆਰਟੀਆਈ ਐਕਟ 2005 ਦੇ ਉਪਬੰਧਾਂ ਦਾ ਮਜ਼ਾਕ ਉਡਾਇਆ ਹੈ। ਕਮਿਸ਼ਨ ਨੇ ਕਿਹਾ ਕਿ ਪੀਆਈਓ ਵੱਲੋਂ ਲਗਾਤਾਰ ਹੁਕਮਾਂ ਦੀ ਪਾਲਣਾ ਨਾ ਕਰਨਾ ਅਪੀਲ ਦੇ ਨਿਪਟਾਰੇ ਵਿੱਚ ਬੇਲੋੜੀ ਦੇਰੀ ਦਾ ਕਾਰਨ ਬਣ ਰਿਹਾ ਹੈ। ਕਮਿਸ਼ਨ ਵੱਲੋਂ ਜਾਰੀ ਹੁਕਮਾਂ ਵਿੱਚ ਅੱਗੇ ਕਿਹਾ ਗਿਆ ਹੈ ਕਿ ਆਰਟੀਆਈ ਐਕਟ ਦੀ ਧਾਰਾ 18 (3) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੀਆਈਓ ਸ਼੍ਰੀ ਵਿਪਨ ਕੁਮਾਰ ਕਾਰਜਕਾਰੀ ਅਫਸਰ ਨਗਰ ਕੌਂਸਲ ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ ਦੇ ਵਿਰੁੱਧ ਜ਼ਮਾਨਤੀ ਵਰੰਟ ਜਾਰੀ ਕੀਤੇ ਜਾਂਦੇ ਹਨ।ਕਮਿਸ਼ਨ ਵੱਲੋਂ ਐਸਐਸਪੀ ਬਠਿੰਡਾ ਨੂੰ ਨਿਰਦੇਸ਼ ਦਿੰਦਿਆਂ ਕਿਹਾ ਗਿਆ ਹੈ ਕਿ ਉਹ ਉਕਤ ਪੀਆਈਓ ਨੂੰ ਜ਼ਮਾਨਤੀ ਵਰੰਟਾਂ ਦੀ ਤਮੀਲ ਕਰਵਾਉਣ। ਐਸ.ਐਸ.ਪੀ ਬਠਿੰਡਾ ਨੂੰ ਨਿਰਦੇਸ਼ ਦਿੰਦਿਆਂ ਕਮਿਸ਼ਨ ਨੇ ਅੱਗੇ ਕਿਹਾ ਕਿ 11-9-2023 ਦੀ ਆਰ ਟੀ ਆਈ ਅਰਜੀ ਦੇ ਸਬੰਧ ਵਿੱਚ ਜਾਣਕਾਰੀ ਦੇ ਨਾਲ ਨਾਲ ਉਕਤ ਪੀਆਈਓ ਦੀ ਮੌਜੂਦਗੀ ਨੂੰ 9-6-2026 ਨੂੰ ਸਵੇਰੇ 11 ਵਜੇ ਬੈਂਚ ਦੀ ਸੁਣਵਾਈ ਤੋਂ ਪਹਿਲਾਂ ਯਕੀਨੀ ਬਣਾਉਣ ਤਾਂ ਜੁ ਨਿਆਂ ਦੇ ਹਿੱਤ ਵਿੱਚ ਮੌਜੂਦਾ ਅਪੀਲ ਕੇਸ ਵਿੱਚ ਢੁੱਕਵੀਂ ਕਾਰਵਾਈ ਸ਼ੁਰੂ ਕੀਤੀ ਜਾ ਸਕੇ।

## ਜ਼ਮੀਨੀ ਵਿਵਾਦ ਮਾਮਲੇ 'ਚ 11 ਵਿਅਕਤੀਆਂ ਖਿਲਾਫ ਕੇਸ ਦਰਜ

- ਗੈਂਗਸਟਰਾਂ ਤੋਂ ਮਰਵਾਉਣ ਦੀਆਂ ਦੇ ਰਹੇ ਨੇ ਧਮਕੀਆਂ : ਪੀੜਤ
- ਸਰਪੰਚ 'ਤੇ ਹਮਲਾ ਕਰਨ ਤੇ ਕਰਵਾਉਣ ਵਾਲਿਆਂ ਨੂੰ ਨਹੀਂ ਬਖਸ਼ਾਂਗੇ : ਐੱਸ. ਪੀ. (ਡੀ)

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸੂਲਰ ਦੀ ਮਹਾਰਾਜਾ ਇਕਲੇਵ ਵਿੱਚ ਹੋਈਆਂ ਜਾਲ੍ਹੀ ਰਜਿਸਟਰੀਆਂ ਤੇ ਗਿਰਦਾਵਰਦੀਆਂ ਟੈਂਪਰ ਕਰਨ ਖਿਲਾਫ ਡੱਟ ਕੇ ਮੁੱਦਾ ਚੁੱਕਣ ਵਾਲੇ ਕਰਮਜੀਤ ਸਿੰਘ ਪੁੱਤਰ ਪਾਲਾ ਰਾਮ 'ਤੇ ਬੀਤੇ ਦਿਨੀਂ ਪਟਿਆਲਾ 'ਚ ਜਾਨਲੇਵਾ ਹਮਲਾ ਕਰ ਦਿੱਤਾ, ਜਿਸ ਵਿਚ ਕਰਮਜੀਤ ਸਿੰਘ ਦੇ ਗੰਭੀਰ ਸੱਟਾਂ ਲੱਗੀਆਂ ਤੇ ਉਹ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ, ਜੋ ਕਿ ਹੁਣ ਹਸਪਤਾਲ ਵਿਚ ਜ਼ੇਰੇ ਇਲਾਜ ਹੈ।ਇਸ ਮਾਮਲੇ ਵਿੱਚ ਪੁਲਸ ਨੇ ਹਰਕਤ ਵਿੱਚ ਆਉਂਦਿਆਂ ਕਰਮਜੀਤ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਸਿਵਲ ਲਾਈਨ ਪਟਿਆਲਾ ਵਿਖੇ 6 ਪਛਾਤੇ ਤੇ 5 ਅਣਪਛਾਤੇ ਵਿਅਕਤੀ ਖਿਲਾਫ ਕੇਸ ਦਰਜ ਕਰ ਦਿੱਤਾ। ਥਾਣਾ ਸਿਵਲ ਲਾਈਨ ਪੁਲਸ ਵੱਲੋਂ ਐੱਫ ਆਈ ਆਰ ਨੰਬਰ 0128, ਤਹਿਤ ਸੁਖਿੰਦਰ ਕੌਰ ਵਾਸੀ ਮੁਹਾਲੀ, ਮਨਦੀਪ ਕੌਰ, ਗੁਰਬਚਨ ਸਿੰਘ ਪੁੱਤਰ ਜੀਤ ਸਿੰਘ, ਸ਼ੀਤਲ ਭਾਨਰਾ ਪੁੱਤਰ ਗੁਰਬਖਸ਼ੀਸ਼ ਸਿੰਘ, ਕਰਮਜੀਤ ਸਿੰਘ ਪੁੱਤਰ ਹਰਦੇਵ ਸਿੰਘ, ਬਲਵਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਸਮੇਤ 5 ਅਣਪਛਾਤੇ ਵਿਅਕਤੀ 'ਤੇ ਬੀ. ਐਨ ਐਸ. ਦੀ ਧਾਰਾ 109, 115(2), 117(2), 126(2), 191 (3), 190, 351(3) ਅਤੇ ਧਾਰਾ 61(2) ਤਹਿਤ ਕੇਸ ਦਰਜ ਕਰ ਦਿੱਤਾ।ਇਨ੍ਹਾਂ ਧਾਰਾਵਾਂ ਵਿੱਚ ਅਟੈਂਮਟ ਟੂ ਮਡਰ, ਜਾਣਬੁੱਝ ਕੇ ਚੋਟ ਪਹੁੰਚਾਉਣਾ, ਅਪਰਾਧਿਕ ਧਮਕੀ, ਅਪਰਾਧਿਕ ਸਾਜਿਸ਼ ਜਿਹੇ ਵੱਖਰੇ ਵੱਖਰੇ ਮਾਮਲੇ ਸ਼ਾਮਲ ਹਨ। ਪੁਲਸ ਕੋਲ ਦਰਜ ਬਿਆਨ ਅਨੁਸਾਰ ਪੀੜਤ ਵਿਅਕਤੀ ਕਰਮਜੀਤ ਸਿੰਘ ਦਾ ਕਹਿਣਾ ਹੈ ਕਿ ਮੇਰੀ ਸੂਲਰ ਵਿਖੇ 30 ਵਿਘੇ 11 ਬਿਸਵੇ ਜ਼ਮੀਨ ਹੈ ਤੇ ਉਕਤ ਦੋਸ਼ੀ ਮੇਰੀ ਜ਼ਮੀਨ ਨੂੰ ਹੜੱਪਣਾ ਚਾਹੁੰਦੇ ਹਨ ਤੇ ਜਿਸ ਲਈ ਉਹ ਹਰ ਹਰ ਹਿੱਲਾ ਵਰਤ ਰਹੇ ਹਨ।ਇਨ੍ਹਾਂ ਵੱਲੋਂ ਮੇਰੀ ਜ਼ਮੀਨ ਦੀਆਂ ਪਟਵਾਰੀ ਨਾਲ ਮਿਲ ਕੇ ਝੂਠੀਆਂ ਗਰਦਾਵਰੀਆਂ ਕਰਵਾ ਕੇ ਮਾਣਯੋਗ ਅਦਾਲਤ ਨੂੰ ਗੁੰਮਰਾਹ ਕਰਕੇ ਸਾਡੀ ਜ਼ਮੀਨ ਉਪਰ ਸਟੇਟਸ-ਕੋਅ ਲਗਵਾ ਦਿੱਤੀ।ਇਸ ਸਬੰਧੀ ਮੈਂ ਅਦਾਲਤ ਵਿੱਚ ਆਪਣੇ ਸਬੂਤ ਤੇ ਗਵਾਹ ਪੇਸ਼ ਕਰ ਚੁੱਕਾ ਹਾਂ।ਕੇਸ ਹਾਰਨ ਦੇ ਡਰੋਂ ਉਕਤ ਸਾਰੇ ਵਿਅਕਤੀ ਮੈਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਰਹਿੰਦੇ ਸਨ। ਇਹੀ ਨਹੀਂ ਇਹ ਮੈਨੂੰ ਗੈਂਗਸਟਰਾਂ ਤੋਂ ਮਰਵਾਉਣ ਦੀਆਂ ਧਮਕੀਆਂ ਵੀ ਦੇ ਚੁੱਕੇ ਹਨ।ਇਹ ਪਹਿਲਾਂ ਵੀ ਮੇਰੇ 'ਤੇ ਦੋ ਵਾਰ ਹਮਲਾ ਕਰਵਾ ਚੁੱਕੇ ਹਨ, ਪਰ ਉਸ ਸਮੇਂ ਮੈਂ ਬਚ ਗਿਆ।ਬਦਕਿਸਮਤੀ ਨਾਲ ਬੀਤੀ ਦਿਨੀਂ ਜਦੋਂ ਮੈਂ ਸਿਟੀ ਸੈਂਟਰ ਪਟਿਆਲਾ ਵਿਖੇ ਮੌਜੂਦ ਸੀ, ਇਨ੍ਹਾਂ ਵੱਲੋਂ ਫਿਰ ਮੇਰੇ 'ਤੇ ਹਥਿਆਰਾਂ ਨਾਲ ਗੈਂਗਸਟਰਾਂ ਵੱਲੋਂ ਜਾਨਲੇਵਾ ਹਮਲਾ ਕਰਵਾ ਦਿੱਤਾ, ਜਿਸ ਵਿੱਚ ਮੈਂ ਬਹੁਤ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ। ਕਰਮਜੀਤ ਸਿੰਘ ਦਾ ਕਹਿਣਾ ਹੈ ਕਿ ਇਹ ਮੈਨੂੰ ਇਸ ਕੇਸ ਵਿਚੋਂ ਪਿੱਛੇ ਹੱਟਣ ਲਈ ਧਮਕਾ ਰਹੇ ਹਨ, ਪਰ ਮੈਂ ਪਿੱਛੇ ਹਟਣ ਵਾਲਾ ਨਹੀਂ।ਦੱਸਣਯੋਗ ਹੈ ਕੀ ਗਰਦੌਰੀ ਦਾ ਟੈਂਪਰ ਕਰਨ ਦੇ ਮਾਮਲੇ ਵਿੱਚ ਮੁਲਜ਼ਮ ਵਿਅਕਤੀ ਮਾਨਯੋਗ ਅਦਾਲਤ ਵਿੱਚ ਲਿਖਤੀ ਰੂਪ ਦੇ ਵਿੱਚ ਗਰਦੌਰੀਆ ਪਟਵਾਰੀ ਵੱਲੋਂ ਗਲਤ ਟੈਂਪਰ ਕਰਨ ਦੀ ਮੰਨ ਕੇ ਆਏ ਹਨ, ਜਿਸ ਦਾ ਫੈਸਲਾ ਰਾਖਵਾ ਹੈ, ਜਦੋਂ ਕਿ ਇਨ੍ਹਾਂ ਵਿਅਕਤੀਆਂ ਖਿਲਾਫ ਪਹਿਲਾਂ ਵੀ ਵੱਖ-ਵੱਖ




ਧਰਾਵਾਂ ਤਹਿਤ ਪੰਜ ਵੱਖ ਵੱਖ ਪਰਚੇ ਦਰਜ ਹਨ, ਜਿਨ੍ਹਾਂ ਵਿੱਚ ਇਹ ਅਦਾਲਤ ਵੱਲੋਂ ਜਮਾਨਤ 'ਤੇ ਚੱਲ ਰਹੇ ਹਨ। ਲਿਹਾਜਾ ਇਹ ਗਰੋ ਪਿਛਲੇ ਕਾਫੀ ਸਮੇਂ ਤੋਂ ਪਟਵਾਰੀਆਂ ਨਾਲ ਮਿਲ ਕੇ ਜਾਲ੍ਹੀ ਕਾਗਜ਼ਾਤ ਤਿਆਰ ਕਰਵਾ ਕੇ ਜ਼ਮੀਨ ਨੂੰ ਹੜੱਪਣ ਲਈ ਚਾਲਾਂ ਚੱਲ ਰਹੇ ਹਨ, ਜਿਨਾਂ ਵੱਲੋਂ ਤਿਆਰ ਕੀਤੇ ਕਾਗਜ਼ਾਤ ਕਈ ਵਾਰ ਅਦਾਲਤਾਂ ਤੇ ਉੱਚ ਅਧਿਕਾਰੀਆਂ ਨੇ ਜਾਲ੍ਹੀ ਕਰਾਰ ਦੇ ਦਿੱਤੇ ਹਨ, ਫਿਰ ਵੀ ਇਹ ਕਾਨੂੰਨ ਦੀਆਂ ਧੱਜੀਆਂ ਉਡਾਉਣ ਦੀ ਪ੍ਰਵਾਹ ਨਹੀਂ ਕਰ ਰਹੇ। ਇੱਥੇ ਹੀ ਬੱਸ ਨਹੀਂ ਇਨ੍ਹਾਂ ਮੁਲਜ਼ਮ ਵਿਅਕਤੀਆਂ ਨੇ ਪਿੰਡ ਦੀ ਸੂਲਰ ਦੀ 180 ਵਿੱਘੇ ਸ਼ਾਮਲਾਟ ਵੀ ਜਾਲ੍ਹੀ ਨੰਬਰ ਤਹਿਤ ਵੇਚ ਦਿੱਤੀ ਹੈ, ਜਿਸ ਦਾ ਮਾਮਲਾ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਡਵੀਜ਼ਨਲ ਡਾਇਰੈਕਟਰ ਕੋਲ ਪਿੰਡ ਸੂਲਰ ਦੀ ਪੰਚਾਇਤ ਵੱਲੋਂ ਚੱਲ ਰਿਹਾ ਹੈ ਤਾਂ ਜੋ ਇਨ੍ਹਾਂ ਭੂ ਮਾਫੀਆ ਗਰੋਹ ਤੋਂ ਪਿੰਡ ਦੀ ਸ਼ਾਮਲਾਟ ਜ਼ਮੀਨ ਵਾਪਸ ਲਈ ਜਾ ਸਕੇ। ਇਸ ਸਬੰਧੀ ਐਸ. ਪੀ. (ਡੀ) ਗੁਰਬਖਸ਼ ਬੈਂਸ ਜ਼ੇਰੇ ਇਲਾਜ ਕਰਮਜੀਤ ਸਿੰਘ ਨੂੰ ਹਸਪਤਾਲ ਵਿੱਚ ਮਿਲਣ ਪਹੁੰਚੇ।ਉਨ੍ਹਾਂ ਦਾ ਕਹਿਣਾ ਹੈ ਕਿ ਇਸ ਸਬੰਧੀ ਪੁਲਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਕਰਮਜੀਤ ਦੇ ਬਿਆਨਾਂ ਦੇ ਅਧਾਰ 'ਤੇ ਮੁਲਜ਼ਮਾਂ ਖਿਲਾਫ ਕੇਸ ਦਰਜ ਕਰ ਦਿੱਤਾ ਹੈ।ਹੁਣ ਤੱਕ ਕਿਸੇ ਦੀ ਵੀ ਗ੍ਰਿਫਤਾਰੀ ਨਹੀਂ ਹੋਈ।ਪੁਲਸ ਦਾ ਕਹਿਣਾ ਹੈ ਕਿ ਦੋਸ਼ੀ ਜੋ ਕੋਈ ਵੀ ਹੋਵੇ, ਉਹ ਬਖਸ਼ਿਆ ਨਹੀਂ ਜਾਵੇਗਾ।ਜਲਦ ਹੀ ਪੁਲਸ ਵੱਲੋਂ ਹਮਲਾ ਕਰਨ ਵਾਲੇ ਤੇ ਕਰਵਾਉਣ ਵਾਲਿਆਂ ਨੂੰ ਗ੍ਰਿਫਤਾਰ ਕਰਨ ਲਈ ਪੁਲਸ ਦੀਆਂ ਵੱਖ ਵੱਖ ਟੀਮਾਂ ਬਣਾਈਆਂ ਜਾ ਰਹੀਆਂ ਹਨ, ਤਾਂ ਜੋ ਇਨ੍ਹਾਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਪਰਵਾਰ ਨੂੰ ਇਨਸਾਫ ਦਵਾਇਆ ਜਾ ਸਕੇ।

## ਕਿਸਾਨਾਂ ਦੇ ਭਖਦੇ ਮਸਲਿਆਂ 'ਤੇ ਤੁਰੰਤ ਧਿਆਨ ਦੇਵੇ ਸਰਕਾਰ : ਬੀ ਕੇ ਯੂ ਕਾਦੀਆਂ

**ਜ਼ੀਰਾ (ਨਰਿੰਦਰ ਅਨੇਜਾ)**- ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮਹੀਨਾ ਵਾਰ ਵਿਸ਼ੇਸ਼ ਮੀਟਿੰਗ ਸੁਖਦੇਵ ਸਿੰਘ ਸਨੇਰ ਬਲਾਕ ਪ੍ਰਧਾਨਗੀ ਕੇ ਕਾਦੀਆਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਜਾਹਰਾ ਪੀਰ ਸਨੇਰ ਵਿਖੇ ਹੋਈ।ਮੀਟਿੰਗ ਵਿੱਚ ਇਲਾਕੇ ਭਰ ਦੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਮੀਟਿੰਗ ਵਿੱਚ ਵੱਖ-ਵੱਖ ਇਕਾਈਆਂ ਮਖੂ ਮੱਲਾਂਵਾਲਾ ਬਲਾਕ ਦੇ ਆਗੂਆਂ ਤੋਂ ਇਲਾਵਾ ਦਰਸ਼ਨ ਸਿੰਘ ਮੀਹਾ ਸਿੰਘ ਵਾਲਾ ਐਗਜ਼ੈਕਟਿਵ ਮੈਂਬਰ ਪੰਜਾਬ, ਪ੍ਰੀਤਮ ਸਿੰਘ ਮੀਹਾ ਸਿੰਘ ਵਾਲਾ ਜ਼ਿਲ੍ਹਾ ਮੀਤ ਪ੍ਰਧਾਨ, ਮੋਹਨ ਸਿੰਘ ਨੰਬਰਦਾਰ ਆਦਿ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਕਿਸਾਨਾਂ ਦੀ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਪਿਛਲੇ ਦਿਨੀਂ ਵੱਖ-ਵੱਖ ਭਰਾਤਰੀ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਦੇਣ ਦੌਰਾਨ ਕਿਸਾਨਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਕਿਸਾਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਜਲਦੀ ਤੋਂ ਜਲਦੀ ਸੁਸਾਇਟੀਆਂ ਲਈ ਫੰਡ ਰਿਲੀਜ਼ ਕਰੇ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਨੇ ਸੋਸਾਇਟੀਆਂ ਦੀ ਲਿਮਿਟ ਵਧਾ ਕੇ ਇੱਕ ਚੰਗਾ ਕੰਮ ਕੀਤਾ ਹੈ, ਪਰ ਬੈਂਕਾਂ ਕੋਲ ਕੈਸ਼ ਨਾ ਹੋਣ ਕਰਕੇ ਕਿਸਾਨਾਂ ਦੀ ਖੱਜਲ ਖੁਆਰੀ ਪਹਿਲਾਂ ਨਾਲੋਂ ਵੀ ਕਿਤੇ ਜ਼ਿਆਦਾ ਵੱਧ ਗਈ ਹੈ।ਕਿਸਾਨ



ਆਗੂਆਂ ਨੇ ਕਿਹਾ ਕਿ ਪੰਜਾਬ ਭਾਰਤ ਦੇ ਕਿਸਾਨ ਇਸ ਵੇਲੇ ਪ੍ਰੇਸ਼ਾਨ ਤੇ ਖੱਜਲ ਖੁਆਰ ਹੋ ਰਹੇ ਹਨ, ਜੇਕਰ ਸਰਕਾਰ ਨੇ ਤੁਰੰਤ ਲੋੜੀਂਦੇ ਕਦਮ ਨਾ ਚੁੱਕੇ ਤਾਂ ਬੀਕੇਯੂ ਕਾਦੀਆਂ ਇਸ ਦੇ ਖਿਲਾਫ ਵੱਡਾ ਐਕਸ਼ਨ ਲਵੇਗੀ।ਵੱਖ ਵੱਖ ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਪਿਛਲੀ ਗਰਮੀ ਦੌਰਾਨ ਆਏ ਹੜ੍ਹ ਨਾਲ ਬਹੁਤ ਸਾਰੇ ਲੋਕਾਂ ਦੀਆਂ ਜ਼ਮੀਨਾਂ ਤੇ ਫਸਲਾਂ ਦੀ ਬਰਬਾਦੀ ਹੋਈ ਤੇ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਇਸ ਵੇਲੇ ਦਰਿਆਵਾਂ ਦੇ ਬੰਨਾ ਨੂੰ ਮਜ਼ਬੂਤ ਕਰਨ ਲਈ ਲੋੜੀਂਦੇ ਕਦਮ ਚੁੱਕੇ ਜਾਣ ਤੇ ਪਿਛਲੇ ਸਾਲ ਦੌਰਾਨ ਹੜ੍ਹਾਂ ਨਾਲ ਰੁੜ੍ਹ ਗਈਆਂ ਨੋਚਾਂ ਨੂੰ ਪੱਕਾ ਕੀਤਾ ਜਾਵੇ ਤਾਂ ਕਿ ਜੇਕਰ ਇਸ ਮੌਸਮ ਵਿੱਚ ਵੀ ਦਰਿਆਵਾਂ ਵਿੱਚ ਪਾਣੀ ਵੱਧਦਾ ਹੈ ਤਾਂ ਕਿਸਾਨਾਂ ਦਾ ਘੱਟ ਤੋਂ ਘੱਟ ਨੁਕਸਾਨ ਹੋਵੇ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਲੋਕਾਂ ਦੇ ਹਕੀਕੀ ਮਸਲਿਆਂ ਵੱਲ ਧਿਆਨ ਦੇਵੇ, ਪਿਛਲੇ ਅਰਸੇ ਦੌਰਾਨ ਜਿਹੜੇ ਕਿਸਾਨਾਂ ਦੀ ਜ਼ਮੀਨ ਦਰਿਆ ਰੋਹੜ ਕੇ ਲੈ ਗਿਆ, ਉਨ੍ਹਾਂ 'ਚੋਂ ਜ਼ਿਆਦਾਤਰ ਕਿਸਾਨਾਂ ਦੀ ਕਿਸੇ ਤਰ੍ਹਾਂ ਦੀ ਮਦਦ ਨਹੀਂ ਕੀਤੀ ਗਈ। ਇਸ ਮੌਕੇ ਬੀਕੇਯੂ ਕਾਦੀਆਂ ਵੱਲੋਂ ਕਿਸਾਨਾਂ ਤੇ ਸਮਾਜ ਪ੍ਰਤੀ ਵੱਡੇ ਕਾਰਜ ਕਰਨ ਕਰਕੇ ਬੀਕੇਯੂ ਕਾਦੀਆਂ ਦੀ ਬੋਤੀਆਂ ਵਾਲਾ ਪਿੰਡ ਦੀ ਟੀਮ ਵੱਲੋਂ ਆਗੂਆਂ ਨੂੰ ਸਰੋਪੇ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ ਵਲਟੋਹਾ ਬਲਾਕ ਪ੍ਰਧਾਨ ਮੱਲਾਂਵਾਲਾ, ਗੁਲਜਾਰ ਸਿੰਘ ਮੀਆਂ ਸਿੰਘ ਵਾਲਾ ਸਰਪ੍ਰਸਤ ਬੀਕੇਯੂ ਕਾਦੀਆਂ ਜ਼ਿਲ੍ਹਾ ਫਿਰੋਜ਼ਪੁਰ, ਰਣਜੀਤ ਸਿੰਘ, ਬਲਵੰਤ ਸਿੰਘ, ਬਾਬਾ ਤਰਸੇਮ ਸਿੰਘ, ਗੁਰਚਰਨ ਸਿੰਘ ਬਾਜਵਾ, ਜਸਵਿੰਦਰ ਸਿੰਘ ਬੋਤੀਆਂਵਾਲਾ ਆਦਿ ਕਿਸਾਨ ਆਗੂ ਹਾਜ਼ਰ ਸਨ।

## ਗੁਰੂ ਅਰਜਨ ਦੇਵ ਜੀ ਦੇ ਸ਼ਹਾਦਤ ਦਿਵਸ ਨੂੰ ਸਮਰਪਤ ਸਾਹਿਤਕ ਇਕੱਤਰਤਾ

**ਬੱਲੀ ਈਲਵਾਲ ਦਾ ਸੱਭਿਆਚਾਰਕ ਗੀਤ ਲੋਕ ਅਰਪਣ**

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)** : ਸਾਹਿਤ ਸਭਾ ਸੁਨਾਮ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹਾਦਤ ਦਿਵਸ ਨੂੰ ਸਮਰਪਤ ਆਪਣੀ ਮਹੀਨਾਵਾਰ ਸਾਹਿਤਕ ਇਕੱਤਰਤਾ



ਸ਼ਹੀਦ ਊਧਮ ਸਿੰਘ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਵਿਖੇ ਕੀਤੀ ਗਈ।ਜਸਵੰਤ ਸਿੰਘ ਅਸਮਾਨੀ, ਹਰਜੀਤ ਸਿੰਘ ਚੀਮਾ ਤੇ ਗਿਆਨੀ ਜੰਗੀਰ ਸਿੰਘ ਰਤਨ ਦੀ ਪ੍ਰਧਾਨਗੀ ਵਿੱਚ ਹੋਈ ਇਸ ਸਾਹਿਤਕ ਇਕੱਤਰਤਾ ਦੌਰਾਨ ਪ੍ਰਸਿੱਧ ਗੀਤਕਾਰ ਬਲਜਿੰਦਰ ਈਲਵਾਲ ਵੱਲੋਂ ਆਪਣੀ ਆਵਾਜ਼ ਵਿੱਚ ਰਿਕਾਰਡ ਕਰਵਾਇਆ ਸੱਭਿਆਚਾਰਕ ਗੀਤ 'ਭੁਲੇਖੇ' ਲੋਕ ਅਰਪਣ ਕੀਤਾ ਗਿਆ। ਇਹ ਗੀਤ ਬਲੀ ਈਲਵਾਲ ਨੇ ਆਪਣੀ ਖ਼ੂਬਸੂਰਤ ਆਵਾਜ਼ ਵਿੱਚ ਗਾ ਕੇ ਵੀ ਸੁਣਾਇਆ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਸਭਾ ਦੇ ਸਰਪ੍ਰਸਤ ਗਿਆਨੀ ਜੰਗੀਰ ਸਿੰਘ ਰਤਨ ਨੇ ਕਿਹਾ ਕਿ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਮਾਨਵਤਾ ਦੀ ਅਗਵਾਈ ਕਰਦਿਆਂ, ਜੋ ਉੱਚ ਨੈਤਿਕ ਕਦਰਾਂ ਕੀਮਤਾਂ ਵਾਲੇ ਸਿਧਾਂਤ ਬਣਾਏ, ਉਨ੍ਹਾਂ ਸਿਧਾਂਤਾਂ 'ਤੇ ਆਪ ਵੀ ਪਹਿਰਾ ਦਿੱਤਾ ਅਤੇ ਉਨ੍ਹਾਂ ਸਿਧਾਂਤਾਂ ਦੀ ਸਲਾਮਤੀ ਲਈ ਆਪਣਾ ਆਪਾ ਵੀ ਕੁਰਬਾਨ ਕਰ ਦਿੱਤਾ, ਪਰ ਸੱਤਾ ਦੇ ਜਬਰ ਜ਼ੁਲਮ ਅੱਗੇ ਝੁਕੇ ਨਹੀਂ।ਅੱਜ ਦੀ ਸਭਾ ਵਿੱਚ ਇੱਕ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਗਈ ਕਿ ਪੰਜਾਬ ਦੇ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਨੂੰ ਜ਼ਰੂਰੀ ਵਿਸ਼ੇ ਵਜੋਂ ਨਹੀਂ ਪੜ੍ਹਾਇਆ ਜਾ ਰਿਹਾ, ਇਸ ਨੂੰ ਜ਼ਰੂਰੀ ਵਿਸ਼ੇ ਵਜੋਂ ਪੜ੍ਹਾਏ ਜਾਣ ਲਈ ਪੰਜਾਬ ਸਰਕਾਰ ਆਰਮੀ ਪਬਲਿਕ ਸਕੂਲਾਂ ਉੱਤੇ ਪੰਜਾਬੀ ਭਾਸ਼ਾ ਕਾਨੂੰਨ 2008 ਅਨੁਸਾਰ ਤੁਰੰਤ ਕਾਨੂੰਨੀ ਕਾਰਵਾਈ ਕਰੇ। ਕਵਿਤਾਵਾਂ ਦੇ ਦੌਰ ਵਿੱਚ ਅਵਤਾਰ ਸਿੰਘ ਉਗਰਾਹਾਂ, ਪ੍ਰਸਿੱਧ ਇਨਕਲਾਬੀ ਗਾਇਕ ਭੋਲਾ ਸਿੰਘ ਸੰਗਰਾਮੀ, ਬਹਾਦਰ ਸਿੰਘ ਧੌਲਾ, ਬਲਵਿੰਦਰ ਸਿੰਘ ਜ਼ਿਲੇਦਾਰ, ਗੁਰਜੰਟ ਸਿੰਘ ਉਗਰਾਹਾਂ, ਹਰਦੀਪ ਸਿੰਘ ਕੜੈਲ, ਬਲਵਿੰਦਰ ਸਿੰਘ ਹਰੀਗੜ੍ਹ, ਸਰਬਜੀਤ ਸੰਗਰੂਰਵੀ, ਪਰਮਿੰਦਰ ਸਿੰਘ ਸੰਗਰੂਰ, ਬਹਾਦਰ ਸਿੰਘ ਧੌਲਾ, ਪਵਨ ਕੁਮਾਰ ਹੋਸੀ, ਹਰਮੇਲ ਸਿੰਘ, ਹਰਜੀਤ ਸਿੰਘ ਚੀਮਾ, ਜਸਵੰਤ ਸਿੰਘ ਅਸਮਾਨੀ, ਜੰਗੀਰ ਸਿੰਘ ਰਤਨ, ਦਰਬਾਰ ਸਿੰਘ ਚੱਠੇ ਸ਼ੇਖਵਾਂ, ਰਮੇਸ਼ ਕੁਮਾਰ ਐਡਵੋਕੇਟ, ਪਰਮਜੀਤ ਕੌਰ ਸੰਗਰਾਮੀ ਤੇ ਹਨੀ ਸੰਗਰਾਮੀ ਨੇ ਆਪੋ ਆਪਣੀਆਂ ਸਾਹਿਤਕ ਰਚਨਾਵਾਂ ਨਾਲ ਸ਼ਾਨਦਾਰ ਹਾਜ਼ਰੀ ਲਗਵਾਈ।ਸਟੇਜ ਸਕੱਤਰ ਦੀ ਡਿਊਟੀ ਜੰਗੀਰ ਸਿੰਘ ਰਤਨ ਵੱਲੋਂ ਬਾਖ਼ੂਬੀ ਨਿਭਾਈ ਗਈ।

## ਨਿਰਪੱਖ ਤੇ ਸ਼ਾਂਤਮਈ ਚੋਣਾਂ ਲਈ ਜ਼ਿਲ੍ਹੇ 'ਚ ਅਬਜ਼ਰਵਰ ਨਿਯੁਕਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿਚ 26 ਮਈ 2026 ਨੂੰ ਹੋਣ ਜਾ ਰਹੀਆਂ ਨਗਰ ਕੌਂਸਲ/ਪੰਚਾਇਤ ਦੀਆਂ ਚੋਣਾਂ ਨੂੰ ਨਿਰਪੱਖ ਤੇ ਸ਼ਾਂਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਫਿਰੋਜ਼ਪੁਰ ਜ਼ਿਲ੍ਹੇ ਲਈ ਸੁਖਪ੍ਰੀਤ ਸਿੰਘ ਸੰਧੂ ਪੀਸੀਐੱਸ ਨੂੰ ਚੋਣ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖ਼ ਸ਼ਰਮਾ ਨੇ ਦਿੱਤੀ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਨਗਰ ਕੌਂਸਲ ਤੇ ਨਗਰ ਪੰਚਾਇਤ ਦੀਆਂ ਨੂੰ ਸੁਰੱਖਿਅਤ ਤੇ ਸ਼ਾਂਤਮਈ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਉਕਤ ਚੋਣ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ ਤੇ ਉਨ੍ਹਾਂ ਨਾਲ ਸੁਪਰਡੈਂਟ ਨਗਰ ਕੌਂਸਲ ਸੁਖਪਾਲ ਸਿੰਘ ਨੂੰ ਬਤੌਰ ਲਾਇਜਨ ਅਫਸਰ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਚੋਣ ਆਬਜ਼ਰਵਰ ਵੱਲੋਂ ਚੋਣਾਂ ਸਬੰਧੀ ਹੋ ਰਹੀ ਹਰ ਕਾਰਵਾਈ ਤੇ ਪੂਰੀ ਨਜ਼ਰ ਰੱਖੀ ਜਾਵੇਗੀ ਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਸਾਰੀਆਂ ਪ੍ਰਕਿਰਿਆਵਾਂ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹੀ ਹੋ ਰਹੀਆਂ ਹੋਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਚੋਣਾਂ ਸਬੰਧੀ ਕੋਈ ਸ਼ਿਕਾਇਤ ਜਾਂ ਕੋਈ ਦਿੱਕਤ ਹੋਵੇ ਤਾਂ ਉਹ ਚੋਣ ਆਬਜ਼ਰਵਰ ਸੁਖਪ੍ਰੀਤ ਸਿੰਘ ਸੰਧੂ ਪੀਸੀਐੱਸ ਨਾਲ ਉਨ੍ਹਾਂ ਦੇ ਮੋਬਾਈਲ ਨੰਬਰ 95696-35386 ਜਾਂ ਲਾਇਜਨ ਅਫਸਰ ਸੁਖਪਾਲ ਸਿੰਘ ਦੇ ਮੋਬਾਈਲ ਨੰਬਰ 98766-10707 ਤੇ ਸੰਪਰਕ ਕਰ ਸਕਦੇ ਹਨ।

## ਕਿਸਾਨਾਂ 'ਤੇ ਚੰਡੀਗੜ੍ਹ ਪ੍ਰਦਰਸ਼ਨ ਸਮੇਂ ਢਾਹੇ ਜਬਰ ਖ਼ਿਲਾਫ਼ ਅਰਥੀ ਫੂਕ ਪ੍ਰਦਰਸ਼ਨ

**ਜਗਰਾਉਂ (ਨਛੱਤਰ ਸੰਧੂ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਿੱਧਵਾਂ ਬੇਟ ਬਲਾਕਾਂ ਦੇ ਦਰਜਨ ਦੇ ਕਰੀਬ ਪਿੰਡਾਂ ਚ ਮੋਦੀ ਸਰਕਾਰ, ਭਾਜਪਾ ਤੇ ਗਵਰਨਰ ਪੰਜਾਬ ਦੀਆਂ ਅਰਥੀਆਂ ਨੂੰ ਲਾਂਬੂ ਲਾਏ ਗਏ। ਡੱਲਾ, ਦੇਹੜਕਾ, ਭੰਮੀਪੁਰਾ, ਬਜ਼ੂਵਾਲ, ਅਗਵਾੜ ਲੋਪੋਂ, ਭਮਾਲ, ਗਾਲਬ ਕਲਾਂ, ਸੇਖਦੌਲਤ, ਸ਼ੇਰਪੁਰ ਕਲਾਂ, ਭੂੰਦੜੀ, ਭਰੋਵਾਲ ਆਦਿ ਪਿੰਡਾਂ 'ਚ ਚੰਡੀਗੜ੍ਹ ਵਿਖੇ ਪਾਣੀਆਂ ਦੇ ਮਸਲੇ ਤੋਂ ਬਿਨਾਂ ਹੋਰਨਾਂ ਕਿਸਾਨੀ ਮੰਗਾਂ ਨੂੰ ਲੈ ਕੇ ਕੀਤੇ ਗਏ ਵਿਸ਼ਾਲ ਮੁਜ਼ਾਹਰੇ ਤੇ ਚੰਡੀਗੜ੍ਹ ਪੁਲਿਸ ਵਲੋਂ ਢਾਹੇ ਜਬਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤੇ ਗਏ। ਇਨ੍ਹਾਂ ਪ੍ਰਦਰਸ਼ਨਾਂ 'ਚ ਮੋਦੀ ਸਰਕਾਰ ਮੁਰਦਾਬਾਦ, ਗਵਰਨਰ ਪੰਜਾਬ ਮੁਰਦਾਬਾਦ, ਕਿਸਾਨ ਏਕਤਾ ਜ਼ਿੰਦਾਬਾਦ ਦੇ ਨਾਹਰੇ ਗੂੰਜਾਏ ਗਏ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਗਵਰਨਰ ਪੰਜਾਬ ਨੂੰ ਮਿਲ ਕੇ ਕਿਸਾਨੀ ਮੰਗਾਂ ਦਾ ਮੰਗ ਪੱਤਰ ਦੇਣ ਗਏ ਕਿਸਾਨਾਂ ਤੇ ਗੱਲ ਕਰਨ ਦੀ ਥਾਂ ਪੁਲਿਸ ਜਬਰ ਢਾਹਿਆ ਗਿਆ। ਲਾਠੀਚਾਰਜ, ਅੱਥਰੂ ਗੈਸ, ਪਾਣੀ ਦੀਆਂ



ਬੁਛਾੜਾਂ ਤੇ ਗ੍ਰਿਫਤਾਰੀਆਂ ਨਾਲ ਪੰਜਾਬ ਦੇ ਅੰਨਦਾਤਿਆਂ ਦਾ ਸਬਰ ਪਰਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਮੋਦੀ ਸਰਕਾਰ ਦੇਸ ਦੇ ਕਿਸਾਨਾਂ 'ਤੇ ਜੋ ਜਬਰ ਢਾਹ ਰਹੇ ਹਨ, ਉਸ ਦੀ ਭਾਜੀ ਮੋੜੀ ਜਾਵੇਗੀ।ਉਨ੍ਹਾਂ ਕਿਹਾ ਕਿ ਦਿੱਲੀ ਅੰਦੋਲਨ ਦੌਰਾਨ ਭਾਜਪਾ ਨੂੰ ਪੰਜਾਬ ਦੇ ਪਿੰਡਾਂ 'ਚ ਨਹੀਂ ਸੀ ਵੜਨ ਦਿੱਤਾ ਗਿਆ ਸੀ, ਹਿਸਾਬ-ਕਿਤਾਬ ਇਸ ਵਾਰ ਵੀ ਬਰਾਬਰ ਕੀਤਾ ਜਾਵੇਗਾ।

## ਲੋਕ ਮੁੜ ਸ਼੍ਰੋਮਣੀ ਅਕਾਲੀ ਦਲ ਨਾਲ਼ ਜੁੜਨ ਲੱਗੇ : ਅਰਵਿੰਦ ਖੰਨਾ

**ਭਵਾਨੀਗੜ੍ਹ (ਰਾਜ ਖੁਰਮੀ)**- ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਭਵਾਨੀਗੜ੍ਹ ਨਗਰ ਕੌਂਸਲ ਦੀ ਚੋਣ ਲਈ ਪੂਰੀ ਤਿਆਰੀ ਨਾਲ਼ ਲਾਮਬੰਦੀ ਕੀਤੀ ਜਾ ਰਹੀ ਹੈ, ਜਿਸ ਤਹਿਤ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਸ੍ਰੀ ਅਰਵਿੰਦ ਖੰਨਾ ਵੱਲੋਂ ਰੁਪਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਗ੍ਰਹਿ ਵਿਖੇ ਇੱਕ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵਾਰਡ ਨੰਬਰ 1,2,3 ਤੇ 5 ਦੇ ਉਮੀਦਵਾਰਾਂ ਦੀ ਹਾਜ਼ਰੀ ਵਿੱਚ ਵੋਟਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਅਪਣੇ ਸੰਬੋਧਨ ਵਿੱਚ ਅਰਵਿੰਦ ਖੰਨਾ ਨੇ ਕਿਹਾ ਕਿ ਆਪਾਂ ਲੋਕਤੰਤਰੀ ਪ੍ਰਣਾਲੀ ਪ੍ਰਤੀ ਸਹੀ ਨਿਭਦਿਆਂ ਇਨ੍ਹਾਂ ਚੋਣਾਂ ਵਿੱਚ ਭਾਈਚਾਰਕ ਸਾਂਝ ਬਣਾਈ ਰੱਖਦੇ ਹੋਏ ਬਿਨਾਂ ਕਿਸੇ ਦਬਾਓ ਦੇ ਇਸ ਚੋਣ ਨੂੰ ਜੇਤੂ ਬਣਾਉਣਾ ਹੈ।ਅਰਵਿੰਦ ਖੰਨਾ ਨੇ ਉਮੀਦਵਾਰਾਂ ਵਿੱਚ ਜੋਸ਼ ਭਰਦਿਆਂ ਕਿਹਾ ਕਿ ਲੋਕਾਂ ਦਾ ਵਿਸ਼ਵਾਸ ਅਕਾਲੀ ਦਲ ਵਿੱਚ ਬਣ ਰਿਹਾ ਹੈ ਅਤੇ ਉਹ ਹੁਣ ਦੁਬਾਰਾ ਫਿਰ ਅਕਾਲੀ ਦਲ ਦੀ ਸਰਕਾਰ ਨੂੰ ਸੱਤਾ ਵਿੱਚ ਦੇਖਣਾ ਚਾਹੁੰਦੇ ਹਨ, ਕਿਉਂਕਿ ਅਕਾਲੀ ਦਲ ਦੀ ਸਰਕਾਰ ਤੋਂ ਬਾਅਦ ਸੱਤਾ ਵਿੱਚ ਆਈ ਕਾਂਗਰਸ ਤੇ ਆਪ ਨੇ ਲੋਕਾਂ ਦੇ ਦਿਲਾਂ ਨੂੰ ਠੇਸ ਪਹੁੰਚਾਈ ਹੈ। ਇਸ ਮੌਕੇ



ਉਨ੍ਹਾਂ ਪਾਰਟੀ ਦੇ ਉਮੀਦਵਾਰਾਂ, ਜਿਨ੍ਹਾਂ ਵਿੱਚ ਵਾਰਡ ਨੰਬਰ 1 ਤੋਂ ਗੁਰਦੀਪ ਸਿੰਘ, ਵਾਰਡ ਨੰਬਰ 2 ਤੋਂ ਜਸਵੀਰ ਕੌਰ, ਵਾਰਡ ਨੰਬਰ 3 ਤੋਂ ਹਰਵਿੰਦਰ ਸਿੰਘ ਗੋਲਡੀ ਤੇ ਵਾਰਡ ਨੰਬਰ 5 ਤੋਂ ਸ਼ਿੰਦਰਪਾਲ ਸਿੰਘ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਪੂਰੇ ਜੋਸ਼ ਖਰੋਸ਼ ਨਾਲ ਚੋਣ ਲੜਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਾਡੇ ਉਮੀਦਵਾਰਾਂ ਵਿੱਚ ਕੋਈ ਘਾਟ ਨਹੀਂ ਤੇ ਅਸੀਂ ਸਾਰੇ ਲੋਕਾਂ ਨਾਲ ਮਿਲ ਜੁਲ ਕੇ ਇਹ ਚੋਣ ਭਾਰੀ ਬਹੁਮੱਤ ਨਾਲ ਜਿੱਤਾਂਗੇ।ਇਸ ਮੌਕੇ ਤੇਜਿੰਦਰ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਹਰਪਾਲ ਸਿੰਘ ਖਡਿਆਲ ਸੀਨੀਅਰ ਯੂਥ ਆਗੂ ਰੁਪਿੰਦਰ ਸਿੰਘ ਹੈਪੀ ਰੰਧਾਵਾ, ਸੁਖਜਿੰਦਰ ਸਿੰਘ ਰੀਟੂ, ਪ੍ਰਭਜੋਤ ਸਿੰਘ ਲੱਕੀ, ਕਪਿਲ ਗਰਗ, ਧਰਮਿੰਦਰ ਸਿੰਘ ਦੁੱਲਟ, ਟਿੰਕੂ ਨਾਇਕ, ਕ੍ਰਿਸ਼ਨ ਸਿੰਘ, ਗੁਰਮੀਤ ਸਿੰਘ ਜੈਲਦਾਰ, ਨਰਿੰਦਰ ਸ਼ੈਲੀ ਸੀਨੀਅਰ ਅਕਾਲੀ ਆਗੂ,ਸੁਸ਼ਾਂਤ ਗਰਗ, ਬਾਵੀ ਗਰੇਵਾਲ, ਵਿਪਨ ਸ਼ਰਮਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਨਛੱਤਰ ਸਿੰਘ, ਪਾਸਟਰ ਪੁਰਸ਼ੋਤਮ ਲਾਲ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਅਕਾਲੀ ਵਰਕਰ ਤੇ ਆਗੂ ਮੌਜੂਦ ਸਨ।

## ਵੜੈਚ ਰੱਤਾਖੇੜਾ ਨੇ ਸਾਥੀਆਂ ਸਮੇਤ ਫੜਿਆ ਆਮ ਆਦਮੀ ਪਾਰਟੀ ਦਾ ਪੱਲਾ

**ਸਮਾਣਾ (ਇਕਬਾਲ ਸਿੰਘ ਬੱਲ)**- ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਇੱਕ ਹੋਰ ਵੱਡੀ ਸਿਆਸੀ ਮਜ਼ਬੂਤੀ ਮਿਲੀ, ਜਦੋਂ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਪਰਿਵਾਰਕ ਰਿਸ਼ਤੇਦਾਰ ਤੇ ਪਿਛਲੇ 40 ਸਾਲਾਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਵਫ਼ਾਦਾਰੀ ਨਾਲ ਜੁੜੇ ਰਹੇ ਸੀਨੀਅਰ ਆਗੂ ਸ੍ਰ. ਭੁਪਿੰਦਰ ਸਿੰਘ ਵੜੈਚ ਰੱਤਾਖੇੜਾ ਅੱਜ ਰਸਮੀ ਤੌਰ 'ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖ਼ੁਦ ਵੜੈਚ ਪਰਿਵਾਰ ਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸਰਦਾਰ ਭੁਪਿੰਦਰ ਸਿੰਘ ਵੜੈਚ ਦੇ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ, ਜਿਨ੍ਹਾਂ ਵਿੱਚ ਅਵਤਾਰ ਸਿੰਘ ਵੜੈਚ, ਗੁਰਚਰਨ ਸਿੰਘ ਵੜੈਚ, ਬਿਕਰਮਜੀਤ ਸਿੰਘ ਵੜੈਚ, ਗੁਰਜੰਟ ਸਿੰਘ ਵੜੈਚ, ਸ਼ਕਤੀਬੀਰ ਸਿੰਘ ਵੜੈਚ ਤੇ ਐਡਵੋਕੇਟ ਯੁਗਰਾਜ ਸਿੰਘ ਵੜੈਚ ਸ਼ਾਮਲ ਹਨ, ਨੇ ਵੀ ਰਸਮੀ ਤੌਰ 'ਤੇ 'ਆਪ' ਦਾ ਪੱਲਾ ਫੜ ਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵੜੈਚ ਪਰਿਵਾਰ ਦਾ ਪਾਰਟੀ ਵਿੱਚ ਆਉਣਾ ਕੇਵਲ ਇੱਕ ਸਿਆਸੀ ਫੈਸਲਾ ਨਹੀਂ, ਬਲਕਿ ਪਰਿਵਾਰਕ ਸਾਂਝ ਦਾ ਪ੍ਰਗਟਾਵਾ ਹੈ।ਉਨ੍ਹਾਂ ਕਿਹਾ ਕਿ ਇੰਨੇ ਲੰਮੇ ਸਮੇਂ ਤੋਂ ਸਿਆਸਤ ਵਿੱਚ ਸਰਗਰਮ ਤੇ ਸਾਫ਼-ਸੁਥਰੇ ਅਕਸ ਵਾਲੇ ਇਸ ਪਰਿਵਾਰ ਦੇ ਆਉਣ ਨਾਲ ਪਾਰਟੀ ਨੂੰ ਇਲਾਕੇ ਵਿੱਚ ਬਹੁਤ ਵੱਡਾ ਬਲ ਮਿਲੇਗਾ ਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-



ਘਰ ਤੱਕ ਪਹੁੰਚਾਉਣ ਵਿੱਚ ਤੇਜ਼ੀ ਆਵੇਗੀ। ਦੂਜੇ ਪਾਸੇ, 'ਆਪ' ਵਿੱਚ ਸ਼ਾਮਲ ਹੋਣ ਉਪਰੰਤ ਸ੍ਰ. ਭੁਪਿੰਦਰ ਸਿੰਘ ਵੜੈਚ ਰੱਤਾਖੇੜਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਮਾਨਦਾਰਾਨਾ ਤੇ ਵਿਕਾਸਮੁਖੀ ਕਾਰਜਾਂ ਤੋਂ ਬੇਹੱਦ ਪ੍ਰਭਾਵਿਤ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਤੇ ਉਨ੍ਹਾਂ ਦਾ ਪੂਰਾ ਪਰਿਵਾਰ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਮਿਹਨਤ ਕਰੇਗਾ।ਇਸ ਮੌਕੇ ਸਮੁੱਚੇ ਆਗੂਆਂ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ।

## ਫਾਸ਼ੀਵਾਦੀ ਤਾਕਤਾਂ ਦੇ ਟਾਕਰੇ ਲਈ ਪੰਜਾਬ ਨੂੰ ਇੱਕ ਮਜ਼ਬੂਤ ਖੱਬੇ-ਪੱਖੀ ਬਲਾਕ ਦੀ ਜ਼ਰੂਰਤ : ਭਟਾਚਾਰੀਆ

**ਮਾਨਸਾ (ਆਤਮਾ ਸਿੰਘ ਪਮਾਰ)**- ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਜਿੱਤਣ ਤੋਂ ਬਾਅਦ ਭਾਜਪਾ ਜਰਮਨੀ ਦੇ ਫਾਸ਼ੀਵਾਦੀਆਂ ਵਾਂਗ ਹੀ ਦੇਸ਼ 'ਚ ਸੰਸਦ ਰਾਹੀਂ ਦੇਸ਼ ਭਰ 'ਚ ਇੱਕ ਪਾਰਟੀ ਦੇ ਗਲਬੇ ਵੱਲ ਵਧ ਰਹੀ ਹੈ।ਅਜਿਹਾ ਪ੍ਰਗਟਾਵਾ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਜਨਰਲ ਸਕੱਤਰ ਕਾਮਰੇਡ ਦੀਪੰਕਰ ਭਟਾਚਾਰੀਆ ਨੇ ਮਾਨਸਾ 'ਚ 'ਨਾਗਰਿਕ ਸਮਾਜ ਨਾਲ ਇੱਕ ਸੰਵਾਦ' ਸੰਮੇਲਨ ਦੌਰਾਨ ਕੀਤਾ।ਭੱਟਾਚਾਰੀਆ ਇੱਥੇ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੀ ਸੂਬਾ ਕਮੇਟੀ ਦੀ ਤਿੰਨ ਰੋਜ਼ਾ ਮੀਟਿੰਗ 'ਚ ਹਿੱਸਾ ਲੈਣ ਪਹੁੰਚੇ ਸਨ।

ਕਾਮਰੇਡ ਦੀਪੰਕਰ ਨੇ ਕਿਹਾ ਕਿ ਜਰਮਨੀ 'ਚ ਯਹੂਦੀਆਂ ਵਿਰੋਧੀ ਜਿਹੜਾ ਮਾਹੌਲ ਹਿਟਲਰ ਤੇ ਉਸ ਦੀ ਪਾਰਟੀ ਨੇ ਬਣਾਇਆ ਸੀ, ਭਾਰਤ 'ਚ ਮੁਸਲਮਾਨਾਂ ਵਿਰੁੱਧ ਉਹੀ ਮਾਹੌਲ ਭਾਜਪਾ-ਆਰ ਐੱਸ ਐੱਸ ਬਣਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਤੇ ਬੰਗਾਲ ਦਾ ਆਜ਼ਾਦੀ ਦੀ ਲੜਾਈ 'ਚ ਵੱਡਾ ਯੋਗਦਾਨ ਰਿਹਾ ਹੈ।ਪਰ 1947 ਵਿੱਚ ਇਹਨਾਂ ਦੋਵੇਂ ਰਾਜਾਂ ਨੂੰ ਫਿਰਕੂ ਆਧਾਰ ਉੱਤੇ ਦੋ ਦੋ ਟੁਕੜਿਆਂ ਵਿੱਚ ਵੰਡ ਦਿੱਤਾ ਗਿਆ।ਪਰ ਬੀਤੇ 'ਚ ਅਸੀਂ ਵੇਖਿਆ ਕਿ ਪੰਜਾਬ ਦੇ ਲੋਕ ਉਸ ਫਿਰਕੂ ਰਾਜਨੀਤੀ ਨੂੰ ਅਲਵਿਦਾ ਆਖ ਕੇ ਕਸ਼ਮੀਰੀਆਂ ਤੇ ਮੁਸਲਿਮਾਂ ਦੇ ਮੁੱਦਿਆਂ 'ਤੇ ਉਨ੍ਹਾਂ ਦੇ ਨਾਲ ਖੁੱਲ੍ਹ ਕੇ ਖੜ੍ਹੇ ਹੁੰਦੇ ਰਹੇ ਹਨ, ਜਦਕਿ ਬੰਗਾਲ 'ਚ ਫਿਰਕੂ ਵੰਡ ਵਾਲੀ ਉਹ ਰਾਜਨੀਤੀ ਅਜੇ ਵੀ ਮੌਜੂਦ ਹੈ ਤੇ ਵਧਦੀ ਜਾ ਰਹੀ ਹੈ।ਹੁਣ ਇਸੇ ਧਰੁਵੀਕਰਨ ਨੂੰ ਹੋਰ ਤਿੱਖਾ ਕਰਦਿਆਂ ਬੀਜੇਪੀ ਨੇ ਉੱਥੇ ਵੱਡੀ ਜਿੱਤ ਹਾਸਲ ਕੀਤੀ ਹੈ।

ਉਨ੍ਹਾਂ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਬੀਜੇਪੀ ਕੁੱਝ ਕਮਜ਼ੋਰ ਹੋਈ ਸੀ, ਪਰ ਉਸ ਤੋਂ ਬਾਅਦ ਉਸ ਦੀ ਤਾਕਤ ਲਗਾਤਾਰ ਵਧ ਰਹੀ ਹੈ।ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ, ਈਡੀ, ਸੀਬੀਆਈ ਤੇ ਨਿਆਂਪਾਲਿਕਾ ਵਰਗੀਆਂ ਸੰਵਿਧਾਨਕ ਸੰਸਥਾਵਾਂ ਬੀਜੇਪੀ ਨੂੰ ਖੁੱਲ੍ਹ ਕੇ ਮਦਦ ਕਰ ਰਹੀਆਂ ਹਨ।ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਆਰਥਿਕ ਨੀਤੀਆਂ ਅਤੇ ਅਮਰੀਕਾ ਤੇ ਟਰੰਪ ਸਾਹਮਣੇ ਮੁਕੰਮਲ ਸਮਰਪਣ ਵਾਲੀਆਂ ਨੀਤੀਆਂ ਨੇ ਦੇਸ਼ ਨੂੰ ਵੱਡੇ ਆਰਥਿਕ ਸੰਕਟ ਤੇ ਦੁਨੀਆਂ ਤੋਂ ਨਿਖੇੜ ਦਿੱਤਾ ਹੈ।ਦੋ ਦਿਨ ਪਹਿਲਾਂ ਦਿੱਤਾ ਗਿਆ ਪ੍ਰਧਾਨ ਮੰਤਰੀ ਮੋਦੀ ਦਾ ਭਾਸ਼ਣ ਦਰ ਅਸਲ ਦੇਸ਼ ਵਿੱਚ ਆਰਥਿਕ ਐਮਰਜੈਂਸੀ ਦੀ ਘੋਸ਼ਣਾ ਹੀ ਹੈ। ਪੰਜਾਬ ਦੀਆਂ ਰਾਜਨੀਤਕ ਸਥਿਤੀਆਂ ਬਾਰੇ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਪੂਰੇ ਦੇਸ਼ 'ਚ ਚਰਚਾ ਹੈ ਕਿ ਪੱਛਮੀ ਬੰਗਾਲ ਉੱਤੇ ਕਬਜ਼ਾ ਕਰਨ ਤੋਂ ਬਾਅਦ ਬੀਜੇਪੀ-ਆਰਐੱਸਐੱਸ






ਦਾ ਅਗਲਾ ਨਿਸ਼ਾਨਾ ਪੰਜਾਬ ਹੈ।ਇੱਥੇ ਐੱਸਆਈਆਰ ਨੂੰ ਲੈ ਕੇ ਰਾਜਨੀਤਕ ਪਾਰਟੀਆਂ ਤੇ ਮੀਡੀਆ 'ਚ ਹਾਲੇ ਕੋਈ ਚਿੰਤਾ ਤੇ ਹਲਚਲ ਨਜ਼ਰ ਨਹੀਂ ਆ ਰਹੀ, ਜਦਕਿ ਬਾਕੀ ਸੂਬਿਆਂ ਦੀ ਤਰਜ਼ 'ਤੇ ਪੰਜਾਬ 'ਚ ਵੀ ਸਵੈ ਰੁਜ਼ਗਾਰ ਕਰ ਰਹੇ ਮਜ਼ਦੂਰਾਂ ਅਤੇ ਸ਼ਹਿਰੀ ਤੇ ਪੇਂਡੂ ਗਰੀਬਾਂ ਦੀਆਂ ਵੋਟਾਂ ਵੱਡੀ ਗਿਣਤੀ 'ਚ ਕੱਟੀਆਂ ਜਾ ਸਕਦੀਆਂ ਹਨ।ਸਾਨੂੰ ਗਰੀਬਾਂ ਦੇ ਵੋਟ ਦੇ ਹੱਕ ਨੂੰ ਖੋਹਣ ਵਾਲੀਆਂ ਭਾਜਪਾਈ ਸਾਜ਼ਿਸ਼ਾਂ ਵਿਰੋਧੀ ਤੁਰੰਤ ਕੋਈ ਮੁਹਿੰਮ ਆਰੰਭ ਕਰਨ ਦੀ ਲੋੜ ਹੈ।ਇਸ ਦੀ ਸ਼ੁਰੂਆਤ ਵਜੋਂ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਤੇ ਆਰ ਐੱਮ ਪੀ ਆਈ ਵੱਲੋਂ ਸਾਂਝੇ ਤੌਰ 'ਤੇ 7 ਜੂਨ ਨੂੰ ਲੁਧਿਆਣਾ ਵਿੱਚ ਇੱਕ ਖੁੱਲ੍ਹੀ ਜਨ ਸੁਣਵਾਈ ਜਥੇਬੰਦ ਕੀਤੀ ਜਾਵੇਗੀ।

ਦੀਪੰਕਰ ਨੇ ਕਿਹਾ ਕਿ ਪੰਜਾਬ ਵਿੱਚ ਇਨਕਲਾਬੀਆਂ ਤੇ ਖੱਬੇਪੱਖੀਆਂ ਦਾ ਸੰਘਰਸ਼ਾਂ ਤੇ ਕੁਰਬਾਨੀਆਂ ਦਾ ਇਤਿਹਾਸ ਰਿਹਾ ਹੈ।ਅਸੀਂ ਇੱਥੇ ਖੱਬੇ ਪੱਖ ਦੇ ਮੁੜ ਉਭਾਰ ਲਈ ਕੰਮ ਕਰ ਰਹੇ ਹਾਂ।ਖੱਬੇ ਪੱਖ ਦੇ ਮੁੜ ਉਭਾਰ ਲਈ ਦੇਸ਼ ਭਰ ਦੀਆਂ ਖੱਬੇ ਪੱਖੀ ਤੇ ਇਨਕਲਾਬੀ ਕਤਾਰਾਂ ਦੀ ਨਜ਼ਰ ਹੁਣ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਉੱਤੇ ਟਿਕੀ ਹੋਈ ਹੈ।ਉਨ੍ਹਾਂ ਕਿਹਾ ਕਿ ਇਤਿਹਾਸਕ ਕਿਸਾਨ ਅੰਦੋਲਨ 'ਚ ਖੱਬੇ ਪੱਖ ਦੀ ਮਜ਼ਬੂਤ ਹਿੱਸੇਦਾਰੀ ਦੇ ਬਾਵਜੂਦ ਪਿਛਲੀਆਂ ਚੋਣਾਂ ਵਿੱਚ ਉਸ ਦਾ ਫਾਇਦਾ ਖੱਬੇ ਪੱਖ ਦੀ ਬਜਾਏ, ਆਪ ਪਾਰਟੀ ਨੇ ਉਠਾਇਆ, ਪਰ ਉਸ ਨੇ ਉਨ੍ਹਾਂ ਤਮਾਮ ਪੰਜਾਬੀਆਂ ਦੀਆਂ ਉਮੀਦਾਂ ਦਾ ਗਰਭਪਾਤ ਕਰ ਦਿੱਤਾ, ਜਿਨ੍ਹਾਂ ਨੇ ਬੜੇ ਜੋਸ਼ ਤੇ ਚਾਅ ਨਾਲ ਭਗਵੰਤ ਮਾਨ ਨੂੰ ਸੱਤਾ 'ਤੇ ਪਹੁੰਚਾਇਆ ਸੀ।ਹੁਣ ਪੰਜਾਬ ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਯਕੀਨਨ ਬਹੁ-ਕੋਣੀ ਮੁਕਾਬਲੇ ਹੋਣਗੇ।ਇਸ ਲਈ ਸੀਪੀਆਈ ਐੱਮ ਐੱਲ ਲਿਬਰੇਸ਼ਨ ਪੰਜਾਬ ਚੋਣਾਂ 'ਚ ਇੱਕ ਮਜ਼ਬੂਤ ਖੱਬੇ ਬਲਾਕ ਦੇ ਨਿਰਮਾਣ ਲਈ ਹਰ ਸੰਭਵ ਯਤਨ ਕਰੇਗੀ।

ਇਸ ਇਕੱਤਰਤਾ ਵਿੱਚ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਕਿਸਾਨ ਆਗੂ ਰੁਲਦੂ ਸਿੰਘ ਮਾਨਸਾ, ਪ੍ਰਸ਼ੋਤਮ ਸ਼ਰਮਾ, ਨਛੱਤਰ ਸਿੰਘ ਖੀਵਾ, ਮਾਣਿਕ ਗੋਇਲ, ਡਾਕਟਰ ਧੰਨਾ ਮੱਲ ਗੋਇਲ, ਗੁਰਲਾਭ ਸਿੰਘ ਮਾਹਲ, ਸਿਕੰਦਰ ਸਿੰਘ ਘਰਾਂਗਣਾ, ਕਾਮਰੇਡ ਕੁਲਵਿੰਦਰ ਸਿੰਘ ਉੱਡਤ, ਜੁਗਰਾਜ ਸਿੰਘ ਰੱਲਾ, ਧਰਮਪਾਲ ਨੀਟਾ, ਭੋਲਾ ਸਿੰਘ ਸਮਾਓਂ, ਕਰਨੈਲ ਸਿੰਘ ਮਾਨਸਾ, ਵਿਜੇ ਭੀਖੀ, ਇੰਜੀ. ਹਰਮੀਤ ਸਿੰਘ, ਅਜ਼ਮੇਰ ਅਕਲੀਆ, ਸੁਖਦਰਸ਼ਨ ਸਿੰਘ ਨੱਤ, ਸੁਰਿੰਦਰ ਪਾਲ ਸ਼ਰਮਾ, ਮੰਗਾ ਖੋਖਰ, ਗੁਰਸੇਵਕ ਮਾਨ, ਸੁਖਜੀਤ ਰਾਮਾਨੰਦੀ, ਹੈਪੀ ਮਾਨ, ਨੌਜਵਾਨ ਆਗੂ ਅਮਰਦੀਪ ਪਰੋਚਾ, ਜਸਬੀਰ ਕੌਰ ਨੱਤ, ਗੁਰਮੀਤ ਨੰਦਗੜ੍ਹ, ਕ੍ਰਿਸ਼ਨਾ ਕੌਰ, ਅਜੈਬ ਸਿੰਘ ਭੈਣੀ, ਗੋਰਾ ਲਾਲ ਅਤਲਾ ਤੇ ਐਡਵੋਕੇਟ ਅਜੈਬ ਸਿੰਘ ਸਮੇਤ ਹੋਰ ਸਥਾਨਕ ਲੋਕ ਹਾਜ਼ਰ ਸਨ।

## ਆਂਗਣਵਾੜੀ ਮੁਲਾਜ਼ਮਾਂ ਵੱਲੋਂ ਮਾਣੂੰਕੇ ਦੇ ਘਰ ਅੱਗੇ ਰੋਸ ਪ੍ਰਦਰਸ਼ਨ

**ਹੱਕੀ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਜਾਰੀ ਰਹੇਗਾ : ਗੁਰਅੰਮ੍ਰਿਤ ਕੌਰ**

**ਚੌਕੀਮਾਨ (ਇੰਜ. ਬਲਬੀਰ ਸਿੰਘ ਮਾਨ)**- ਐਤਵਾਰ ਜ਼ਿਲ੍ਹਾ ਪ੍ਰਧਾਨ ਗੁਰਅੰਮ੍ਰਿਤ ਕੌਰ ਲੀਹਾਂ ਤੇ ਬਲਾਕ ਪ੍ਰਧਾਨ ਮਨਜੀਤ ਕੌਰ ਢਿੱਲੋਂ ਬਰਸਾਲ ਦੀ ਅਗਵਾਈ 'ਚ ਜਗਰਾਉਂ ਦੀ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਦੇ ਘਰ ਸਾਹਮਣੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਹ ਰੋਸ ਪ੍ਰਦਰਸ਼ਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਸੂਬਾ ਕਮੇਟੀ ਵੱਲੋਂ ਉਲੀਕੀ ਗਈ ਸੰਘਰਸ਼ ਦੀ ਰੂਪ-ਰੇਖਾ ਅਧੀਨ ਕੀਤੇ ਜਾ ਰਹੇ ਸੰਘਰਸ਼ ਸਬੰਧੀ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਵੋਟਾਂ ਵੇਲੇ ਕੀਤੇ ਗਏ ਵਾਅਦੇ ਅਨੁਸਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕਰੇ, ਆਂਗਣਵਾੜੀ ਕੇਂਦਰਾਂ ਵਿੱਚੋਂ ਖੋਹੇ ਗਏ ਬੱਚੇ ਵਾਪਸ ਆਗਣਵਾੜੀਆਂ ਵਿੱਚ ਭੇਜੇ ਜਾਣ, ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ ਜੋ ਪਿਛਲੇ ਸਮੇਂ ਵਿੱਚ ਖਰੀਦੇ ਗਏ ਹਨ, ਪ੍ਰੰਤੂ ਆਂਗਣਵਾੜੀ ਵਰਕਰਾਂ ਨੂੰ ਨਹੀਂ ਦਿੱਤੇ ਜਾ ਰਹੇ, ਆਂਗਣਵਾੜੀ ਵਰਕਰਾਂ ਨੂੰ ਮਾਵਾ ਧੀਆਂ ਸਤਿਕਾਰਯੋਗ ਯੋਜਨਾ ਵਿੱਚ ਕੰਮ ਕਰਨ ਬਦਲੇ 200 ਰੁਪਏ ਵਰਕਰ ਤੇ 100 ਰੁਪਏ ਹੈਲਪਰ ਦਿੱਤਾ ਜਾਵੇ। ਆਂਗਣਵਾੜੀ ਵਰਕਰਾਂ ਕੋਲੋਂ ਵਾਧੂ ਕੰਮ ਲੈਣੇ ਬੰਦ ਕੀਤੇ ਜਾਣ ਜਿਵੇਂ, ਆਰਥਿਕ ਜਨਗਣਨਾ, ਡਰੱਗ ਜਨ ਗਨ ਤੇ ਮੁੱਖ ਜਨਗਣਨਾ ਆਦਿ ਐੱਨਜੀਓ ਅਧੀਨ ਚੱਲ ਰਹੇ ਤੇ ਬਲਾਕਾਂ ਨੂੰ ਵਾਪਸ ਲੈਣ ਦਾ ਹੋ ਚੁੱਕਿਆ ਨੋਟੀਫਿਕੇਸ਼ਨ ਲਾਗੂ ਕੀਤਾ ਜਾਵੇ।ਇਸ ਸਬੰਧੀ ਆਪਣੀਆਂ ਹੱਕੀ ਮੰਗਾਂ ਦਾ ਮੰਗ ਪੱਤਰ ਐੱਮ ਐੱਲ ਏ ਸਰਬਜੀਤ ਕੌਰ ਮਾਣੂੰਕੇ ਨੂੰ ਦਿੰਦਿਆਂ ਸਰਕਾਰ ਤੱਕ ਪਹੁੰਚਦਾ ਕਰਕੇ ਮੰਗਾਂ ਦੀ ਪੂਰਤੀ ਲਈ ਕਹਿੰਦਿਆਂ ਚੇਤਾਵਨੀ ਦਿੱਤੀ ਕਿ ਨਹੀਂ ਤਾਂ ਇਸ ਸਾਰੇ ਕਾਸੇ ਦਾ ਖਮਿਆਜ਼ਾ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਭੁਗਤਣਾ ਪਵੇਗਾ।

# ਪੁਲਸ ਵੱਲੋਂ ਦੋਹਰੇ ਕਤਲ ਮਾਮਲੇ 'ਚ ਇੱਕ ਹੋਰ ਮੁਲਜ਼ਮ ਗ੍ਰਿਫ਼ਤਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) :** ਮਾਛੀਵਾੜਾ-ਰਤੀਪੁਰ ਰੋਡ 'ਤੇ ਨੌਜਵਾਨਾਂ ਦੀ ਹੋਈ ਖੂਨੀ ਝੜਪ ਵਿੱਚ 2 ਨੌਜਵਾਨ ਗਗਨਦੀਪ ਸਿੰਘ ਵਾਸੀ ਹੇਡੋਂ ਬੇਟ ਤੇ ਮਨਪ੍ਰੀਤ ਸਿੰਘ ਮਨੀ ਵਾਸੀ ਲੱਖੋਵਾਲ ਦਾ ਕਤਲ ਹੋ ਗਿਆ ਸੀ ਤੇ ਇਸ ਸਬੰਧੀ ਪੁਲਸ ਵੱਲੋਂ ਇੱਕ ਹੋਰ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਛੀਵਾੜਾ ਪੁਲਸ ਵੱਲੋਂ ਇਸ ਤੋਂ ਪਹਿਲਾਂ 10 ਮੁਲਜ਼ਮ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਜੇਲ੍ਹ ਭੇਜ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਇੱਕ ਹੋਰ ਮੁਲਜ਼ਮ ਰਾਜਾ ਵਾਸੀ ਸ਼ਾਂਤੀ ਨਗਰ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ ਤੇ ਰਿਮਾਂਡ 'ਤੇ ਲੈਣ ਉਪਰੰਤ ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ। ਥਾਣਾ ਮੁਖੀ ਨੇ ਦੱਸਿਆ ਕਿ ਹੁਣ ਤੱਕ 11 ਮੁਲਜ਼ਮ ਗ੍ਰਿਫ਼ਤਾਰ ਹੋ ਚੁੱਕੇ ਹਨ ਤੇ 2 ਮੁਲਜ਼ਮ ਹੋਰ ਫ਼ਰਾਰ ਹਨ, ਜਿਨ੍ਹਾਂ 'ਤੇ ਬਕਾਇਦਾ ਨਾਮ ਤਹਿਤ ਮਾਮਲਾ ਦਰਜ ਹੈ। ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਵੀ ਛਾਪੇਮਾਰੀ ਜਾਰੀ ਹੈ।

# ਫੱਕ ਘੁਟਾਲੇ ਵਿਰੋਧੀ ਸੰਘਰਸ਼ ਕਮੇਟੀ ਵੱਲੋਂ 28 ਨੂੰ ਡੀ ਐੱਸ ਪੀ ਦਫਤਰ ਦਾ ਘਿਰਾਓ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-** ਪਿਛਲੇ ਦਿਨੀਂ ਫੱਕ ਘੁਟਾਲੇ ਵਿਰੋਧੀ ਸੰਘਰਸ਼ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਸਥਾਨਕ ਰੇਲਵੇ ਪਾਰਕ ਵਿਖੇ ਕਮੇਟੀ ਦੇ ਕਨਵੀਨਰ ਜੈਲ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਮੀਟਿੰਗ ਵਿੱਚ ਗੰਭੀਰ ਵਿਚਾਰ ਚਰਚਾ ਕਰਨ ਉਪਰੰਤ ਸਰਬ ਸੰਮਤੀ ਨਾਲ ਫੱਕ ਘੁਟਾਲੇ ਦੇ ਦੋਸ਼ੀਆਂ ਖਿਲਾਫ ਕਾਰਵਾਈ ਕਰਵਾਉਣ ਲਈ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ ਲਿਆ ਗਿਆ। ਇਸ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਫੱਕ ਘੁਟਾਲੇ ਦੇ ਸੰਬੰਧ ਵਿੱਚ ਸੰਘਰਸ਼ ਕਮੇਟੀ ਦੇ ਵਫਦ ਵੱਲੋਂ ਪਹਿਲਾਂ ਮਾਨਯੋਗ ਡੀ ਐੱਸ ਪੀ ਸਾਹਿਬ ਗੁਰੂ ਹਰਸਹਾਏ ਤੇ ਬਾਅਦ ਵਿੱਚ ਥਾਣਾ ਮੁੱਖੀ ਨਾਲ ਮੀਟਿੰਗ ਕਰਕੇ ਫੱਕ ਘੁਟਾਲੇ ਦੇ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਜਾ ਚੁੱਕੀ ਹੈ, ਪਰ ਉਕਤ ਦੋਨਾਂ ਹੀ ਪੁਲਸ ਅਧਿਕਾਰੀਆਂ ਵੱਲੋਂ ਟਾਲਮਟੋਲ ਦੀ ਨੀਤੀ ਹੀ ਅਪਣਾਈ ਹੋਈ।ਦੂਜੇ ਪਾਸੇ ਉਕਤ ਦੋਸ਼ੀਆਂ ਵੱਲੋਂ ਬੇਖੌਫ ਕਮੇਟੀ ਦੇ ਆਗੂਆਂ ਨੂੰ ਟਾਰਗੇਟ ਕਰਕੇ ਉਨ੍ਹਾਂ ਦਾ ਨੁਕਸਾਨ ਕੀਤਾ ਜਾ ਰਿਹਾ ਹੈ, ਜਿਸ ਦੀ ਸਿੱਧੀ ਸਿੱਧੀ ਜ਼ਿੰਮੇਵਾਰੀ ਇਨ੍ਹਾਂ ਦੋਨਾਂ ਪੁਲਸ ਅਧਿਕਾਰੀਆਂ ਦੀ ਹੈ।ਆਗੂਆਂ ਨੇ ਕਿਹਾ ਕਿ ਮੀਟਿੰਗ ਵਿੱਚ 28 ਮਈ ਨੂੰ ਡੀ ਐੱਸ ਪੀ ਗੁਰੂ ਹਰਸਹਾਏ ਦਾ ਦਫਤਰ ਘੇਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਤੋਂ ਪਹਿਲਾਂ ਬਾਜ਼ਾਰਾਂ ਵਿੱਚ ਰੋਸ ਮਾਰਚ ਕਰਦਿਆਂ ਡੀ ਐੱਸ ਪੀ ਦਫਤਰ ਅੱਗੇ ਧਰਨਾ ਲਾਇਆ ਜਾਵੇਗਾ।ਆਗੂਆਂ ਨੇ ਕਿਹਾ ਕਿ ਸੰਘਰਸ਼ ਕਮੇਟੀ ਵੱਲੋਂ ਫੱਕ ਮਸਲੇ ਦੇ ਹੱਲ ਲਈ



ਟੇਬਲ 'ਤੇ ਬੈਠ ਕੇ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਉਕਤ ਅਧਿਕਾਰੀਆਂ ਵੱਲੋਂ ਇਸ ਨੂੰ ਸੰਘਰਸ਼ ਕਮੇਟੀ ਦੀ ਕਮਜ਼ੋਰੀ ਸਮਝ ਕੇ ਬਹਾਨੇਬਾਜ਼ੀ ਕੀਤੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਾਂਗੇ ਅਤੇ ਦੋਸ਼ੀਆਂ ਖਿਲਾਫ ਕਾਰਵਾਈ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਾਂਗੇ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਸਮਾਜ ਸੇਵੀ, ਅੰਗਰੇਜ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਦਰਸ਼ਨ ਸਿੰਘ ਭਾਟਾ, ਕੁਲਦੀਪ ਮੋਠਾਂ ਵਾਲਾ, ਪ੍ਰਵੀਨ ਰਾਣੀ ਬਾਜੇ ਕੇ, ਛਿੰਦਰ ਸਰੂਪੇ ਵਾਲਾ, ਸਤਨਾਮ ਸਿੰਘ ਕਚੂਰਾ ਆਦਿ ਆਗੂ ਹਾਜ਼ਰ ਸਨ।

# ਟੀਨੂੰ ਗਰਗ ਸਮੇਤ ਕਈ ਸ਼ਖਸੀਅਤਾਂ ਭਾਜਪਾ 'ਚ ਸ਼ਾਮਲ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਭਾਰਤੀ ਜਨਤਾ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਤੇ ਕਾਰੋਬਾਰੀ ਟੀਨੂੰ ਗਰਗ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋ ਗਏ।ਇਹ ਸ਼ਮੂਲੀਅਤ ਭਾਜਪਾ ਦੇ ਪੰਜਾਬ ਵਾਇਸ ਪ੍ਰਧਾਨ ਵਿਜੇ ਸ਼ਰਮਾ ਦੀ ਅਗਵਾਈ ਹੇਠ ਹੋਈ, ਜਿਸ ਨਾਲ ਸਥਾਨਕ ਪੱਧਰ 'ਤੇ ਪਾਰਟੀ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ।ਇਸ ਮੌਕੇ ਟੀਨੂੰ ਗਰਗ ਦੇ ਨਾਲ-ਨਾਲ ਗੋਪਾਲ ਬਾਂਸਲ, ਅਵਿਨਾਸ਼ ਕੁਮਾਰ ਤੇ ਮੋਹਿਤ ਗੋਇਲ ਵਰਗੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਵੀ ਭਾਜਪਾ ਦਾ ਪੱਲਾ ਫੜਿਆ।ਇਸ ਤੋਂ ਇਲਾਵਾ ਬਾਘਾ ਪੁਰਾਣਾ ਦੇ ਪ੍ਰਸਿੱਧ ਸਵੀਟ ਹਾਊਸ ਸਰਮਨ ਹੋਟਲ ਦੇ ਮਾਲਕਾਂ ਵੱਲੋਂ ਵੀ ਭਾਜਪਾ ਵਿਚ ਸ਼ਮੂਲੀਅਤ ਕਰਨਾ ਇੱਕ ਮਹੱਤਵਪੂਰਨ ਰਾਜਨੀਤਕ ਵਿਕਾਸ ਵਜੋਂ ਵੇਖਿਆ ਜਾ ਰਿਹਾ ਹੈ। ਜ਼ਿਲ੍ਹਾ ਪ੍ਰਧਾਨ ਹਰਜੋਤ ਕਮਲ ਤੇ ਵਿਜੇ ਸ਼ਰਮਾ ਨੇ ਨਵੇਂ ਮੈਂਬਰਾਂ ਦਾ ਭਾਜਪਾ ਪਰਵਾਰ ਵਿਚ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਨੂੰ ਲਗਾਤਾਰ ਮਜ਼ਬੂਤੀ ਮਿਲ ਰਹੀ ਹੈ।ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਸੈਂਕੜੇ ਪਰਵਾਰ ਭਾਜਪਾ ਨਾਲ ਜੁੜ ਚੁੱਕੇ ਹਨ ਅਤੇ ਹੁਣ ਹੋਰ ਲੋਕਾਂ ਦਾ ਵਿਸ਼ਵਾਸ ਵੀ ਪਾਰਟੀ ਵੱਲ ਵਧ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੋਤ ਕਮਲ, ਸਾਬਕਾ ਚੇਅਰਮੈਨ ਨਿਧੜਕ ਸਿੰਘ ਬਰਾੜ, ਦੇਵ ਪ੍ਰੀਆ ਤਿਆਗੀ, ਅਮਨ ਮਿੱਤਲ, ਗੋਪਾਲ ਬਾਂਸਲ, ਮੋਹਿਤ ਗੋਇਲ, ਅਵਿਨਾਸ਼ ਮਿੱਤਲ, ਜੋਹਨਸੂਨ ਅਰੋੜਾ ਤੇ ਹੋਰ ਹਾਜ਼ਰ ਸਨ।



# ਕੂੜੇ ਦੇ ਢੇਰ ਨੂੰ ਖ਼ੂਬਸੂਰਤ ਬਟਰਫਲਾਈ ਤੇ ਹਰਬਲ ਪਾਰਕ 'ਚ ਬਦਲਿਆ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਸ਼ਹਿਰ ਦੀਆਂ ਸੜਕਾਂ ਦੇ ਕਿਨਾਰਿਆਂ ਤੋਂ ਆਪਣੀਆਂ 74 ਸਫ਼ਾਈ ਮੁਹਿੰਮਾਂ ਰਾਹੀਂ ਕਰੀਬ 30 ਹਜ਼ਾਰ ਕਿਲੋ ਪਲਾਸਟਿਕ ਦੇ ਲਿਫ਼ਾਫ਼ੇ ਤੇ ਹੋਰ ਕੂੜਾ ਇਕੱਠਾ ਕਰਨ ਵਾਲੀ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਟੀਮ ਨੇ ਵਾਤਾਵਰਣ ਪਾਰਕ, ਜੇਲ੍ਹ ਰੋਡ ਨੇੜੇ ਮੰਦਰ ਕੋਲ ਕੂੜੇ ਦੇ ਢੇਰ ਤੇ ਝਾੜੀਆਂ ਨਾਲ ਭਰੇ ਇੱਕ ਕੋਨੇ ਨੂੰ ਖ਼ੂਬਸੂਰਤ ਬਟਰਫਲਾਈ ਤੇ ਹਰਬਲ ਪਾਰਕ ਵਿੱਚ ਤਬਦੀਲ ਕਰਕੇ ਸ਼ਹਿਰ ਲਈ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਇਸ ਬਟਰਫਲਾਈ ਤੇ ਹਰਬਲ ਪਾਰਕ ਦਾ ਉਦਘਾਟਨ ਕਰਦਿਆਂ ਓਪਨ ਜਿੰਮ ਲੋਕਾਂ ਨੂੰ ਸਮਰਪਤ ਕੀਤਾ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਨਾਲ ਜੁੜ ਕੇ ਪਟਿਆਲਾ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਮੇਅਰ ਗੋਗੀਆ ਨੇ ਟੀਮ ਦੇ ਵਲੰਟੀਅਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਗਰ ਨਿਗਮ ਤੇ ਜ਼ਿਲ੍ਹਾ ਪ੍ਰਸ਼ਾਸਨ, ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਪਟਿਆਲਾ ਨੂੰ ਸੁੰਦਰ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਵਚਨਬੱਧ ਹਨ। ਐਚ.ਪੀ.ਐਸ. ਲਾਂਬਾ ਨੇ ਕਿਹਾ ਕਿ ਕਿਸੇ ਸਮੇਂ ਨਸ਼ੇੜੀਆਂ ਦਾ ਅੱਡਾ ਬਣੇ ਇਸ ਸਥਾਨ ਵਿੱਚ ਵਿਕਸਤ ਬਟਰਫਲਾਈ ਤੇ ਹਰਬਲ ਪਾਰਕ ਨੂੰ ਆਉਂਦੇ ਛੇ ਮਹੀਨਿਆਂ ਦੇ ਅੰਦਰ ਸ਼ਹਿਰ ਦੇ ਸਭ ਤੋਂ ਖ਼ੂਬਸੂਰਤ ਤੇ ਆਕਰਸ਼ਕ ਸਥਾਨਾਂ ਵਿੱਚ ਸ਼ਾਮਲ ਕੀਤਾ ਜਾਵੇਗਾ। ਕਰਨਲ ਕਰਮਿੰਦਰ ਸਿੰਘ ਨੇ ਬਟਰਫਲਾਈ ਤੇ ਹਰਬਲ ਪਾਰਕ ਦੇ ਉਦਘਾਟਨ ਮੌਕੇ ਸਾਰੇ ਵਾਰੀਅਰਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਸੁੰਦਰ ਤਬਦੀਲੀ ਦੇ ਪਿੱਛੇ ਅਣਗਿਣਤ ਘੰਟਿਆਂ ਦੀ ਸਫ਼ਾਈ, ਪੇਂਟਿੰਗ, ਸਕ੍ਰੈਪਿੰਗ, ਯੋਜਨਾਬੰਦੀ, ਸੁੰਦਰੀਕਰਨ ਤੇ ਟੀਮ ਦੀ ਅਣਥੱਕ ਮਿਹਨਤ ਸ਼ਾਮਲ ਹੈ। ਕੈਪਟਨ ਸੁਖਜੀਤ ਕੌਰ ਨੇ ਕਿਹਾ ਕਿ ਸ਼ਹਿਰ ਵਿੱਚ ਸਫ਼ਾਈ ਨੂੰ ਲੈ ਕੇ ਅਜੇ ਵੀ ਕਈ ਚੁਣੌਤੀਆਂ ਮੌਜੂਦ ਹਨ ਤੇ ਖਾਸ ਕਰਕੇ ਘਰਾਂ ਵਿੱਚੋਂ ਨਿਕਲਣ ਵਾਲੇ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕਰਕੇ ਦੇਣ ਦੀ ਬਜਾਏ ਖਾਲੀ ਪਲਾਟਾਂ ਤੇ ਸੜਕਾਂ ਕਿਨਾਰੇ ਸੁੱਟਣ ਦੀ ਪ੍ਰਵਿਰਤੀ ਨੂੰ ਰੋਕਣਾ ਸਮੇਂ ਦੀ ਮੁੱਖ ਲੋੜ ਹੈ।



## ਮਿੱਠਾ ਬੋਲਣਾ ਹੀ ਅਸਲ ਭਗਤੀ : ਸੰਤ ਮਹਾਤਮਾ

**ਸਮਾਣਾ (ਇਕਬਾਲ ਸਿੰਘ ਬੱਲ)** ਪਟਿਆਲਾ ਰੋਡ 'ਤੇ ਨਵੇਂ ਬਣੇ ਸੰਤ ਨਿਰੰਕਾਰੀ ਸਤਿਸੰਗ ਭਵਨ ਵਿਖੇ ਇੱਕ ਵਿਸ਼ਾਲ ਸੰਤ ਸਮਾਗਮ ਕਰਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪਟਿਆਲਾ ਤੇ ਸੰਗਰੂਰ ਜ਼ੋਨ ਦੇ ਜ਼ੋਨਲ ਇੰਚਾਰਜ ਡਾਕਟਰ ਵੀ. ਸੀ. ਲੂਥਰਾ ਨੇ ਫਰਮਾਇਆ ਕਿ ਮਹਾਂਪੁਰਸ਼ਾਂ ਦੇ ਦਰਸ਼ਨ ਤੇ ਉਨ੍ਹਾਂ ਦੀ ਸੰਗਤ ਕਰਨ ਨਾਲ ਜੀਵਨ ਵਿੱਚ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ। ਸਮਾਗਮ ਦੌਰਾਨ ਸੰਗਤਾਂ ਨੇ ਆਪਣੇ ਗੀਤਾਂ ਤੇ ਵਿਚਾਰਾਂ ਰਾਹੀਂ ਸਤਿਗੁਰੂ ਦੀ ਮਹਿਮਾ ਦਾ ਗੁਣਗਾਨ ਕੀਤਾ ਅਤੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਸਾਰੀਆਂ ਸੰਗਤਾਂ ਨੂੰ ਆਪਣੇ ਨਾਲ ਜੋੜ ਕੇ ਰੱਖਣ, ਦੁਨੀਆਂ ਦੇ ਸਾਰੇ ਸੁੱਖ ਬਖ਼ਸ਼ਣ ਅਤੇ ਭਗਤੀ ਦਾ ਦਾਨ ਦੇਣ। ਡਾ. ਲੂਥਰਾ ਨੇ ਕਿਹਾ ਕਿ ਸਭ ਤੋਂ ਪਹਿਲਾਂ ਸਾਨੂੰ ਨਿਰੰਕਾਰ (ਪਰਮਾਤਮਾ) ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ, ਜਿਸ ਨੇ ਸਾਨੂੰ ਇਹ ਕੀਮਤੀ ਮਾਨਵ ਜੀਵਨ ਬਖਸ਼ਿਆ ਹੈ। ਉਨ੍ਹਾਂ ਫਰਮਾਇਆ ਕਿ ਸਤਿਗੁਰੂ ਤੋਂ ਮਿਲੇ ਗਿਆਨ ਦਾ ਅਸਲ ਮਤਲਬ ਮਿੱਠਾ ਬੋਲਣਾ ਹੈ।ਮਿੱਠੀ ਬੋਲੀ ਸਦਕਾ ਔਖੇ ਤੋਂ ਔਖੇ ਕੰਮ ਵੀ ਬੜੇ ਸੌਖੇ ਤਰੀਕੇ ਨਾਲ ਹੋ ਜਾਂਦੇ ਹਨ।ਜੇਕਰ ਅਸੀਂ ਘਰ ਦੇ ਛੋਟੇ ਬੱਚੇ ਨੂੰ ਵੀ ਪਿਆਰ ਨਾਲ ਬੁਲਾਈਏ, ਤਾਂ ਉਹ ਖੁਸ਼ ਹੋ ਕੇ ਸਾਰੇ ਕੰਮ ਕਰ ਦਿੰਦਾ ਹੈ।ਇਸ ਲਈ ਮਿੱਠਾ ਬੋਲਣ ਦੀ ਸ਼ੁਰੂਆਤ ਘਰ ਦੇ ਬੱਚਿਆਂ ਤੋਂ ਹੀ ਹੋਣੀ ਚਾਹੀਦੀ ਹੈ। ਜ਼ਨਲ ਇੰਚਾਰਜ ਡਾ. ਵੀ.ਸੀ. ਲੂਥਰਾ ਦੇ ਨਾਲ ਲਹਿਰਾਗਾਗਾ ਦੇ ਸੰਯੋਜਕ ਸੋਹਣ ਲਾਲ ਵੀ ਪਹੁੰਚੇ, ਜਿਨ੍ਹਾਂ ਦਾ ਸਵਾਗਤ ਸੁਰਿੰਦਰ ਸਿੰਘ ਤੇ ਪਟਿਆਲਾ ਖੇਤਰ ਦੇ ਖੇਤਰੀ ਸੰਚਾਲਕ ਮਨਮੋਹਨ ਸਿੰਘ ਦੀ ਅਗਵਾਈ ਹੇਠ ਸੇਵਾਦਲ ਦੇ ਮੈਂਬਰਾਂ ਵੱਲੋਂ ਬੜੇ ਉਤਸ਼ਾਹ ਨਾਲ ਕੀਤਾ ਗਿਆ ਤੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ।



# ਨਸ਼ਾ ਮੁਕਤ ਭਾਰਤ ਦਾ ਪ੍ਰਚਾਰ ਲੈ ਕੇ ਭੀਖੀ ਪਹੁੰਚੇ ਖਾਨਿੰਦਰ ਦਾ ਹਾਰਾਂ ਨਾਲ ਸਵਾਗਤ

**ਭੀਖੀ (ਗੁਰਿੰਦਰ ਸਿੰਘ ਔਲਖ/ਧਰਮਵੀਰ ਸ਼ਰਮਾ)-** ਨਸ਼ਾ ਮੁਕਤ ਭਾਰਤ ਮਿਸ਼ਨ ਤਹਿਤ ਸਾਈਕਲ ਯਾਤਰਾ ਕਰ ਰਹੇ ਆਸਾਮ ਦੇ ਛੱਬੀ ਸਾਲਾ ਨੌਜਵਾਨ ਖਾਨਿੰਦਰ ਸੋਪੁਨ ਦਾ ਭੀਖੀ ਪਹੁੰਚਣ 'ਤੇ ਹਾਰ ਪਾ ਕੇ ਸਵਾਗਤ ਕੀਤਾ ਗਿਆ।ਇਥੇ ਦੱਸਣਾ ਬਣਦਾ ਹੈ ਕਿ ਅੱਜ ਜਦੋਂ ਸਾਡੀ ਨੌਜਵਾਨ ਪੀੜ੍ਹੀ ਨਸ਼ਿਆਂ ਵਿੱਚ ਗਰਕ ਰਹੀ ਹੈ, ਉਥੇ ਹੀ ਆਸਾਮ ਦੇ ਇੱਕ ਛੱਬੀ ਸਾਲਾ ਨੌਜਵਾਨ ਖਾਨਿੰਦਰ ਸੋਪੁਨ ਨੇ ਅਜਿਹਾ ਇੱਕ ਕਦਮ ਚੁੱਕਿਆ ਹੈ, ਉਹ ਮਾਰਚ ਮਹੀਨੇ ਘਰ ਤੋਂ ਸਾਈਕਲ ਤੇ ਨਸ਼ਾ ਮੁਕਤੀ ਭਾਰਤ ਦਾ ਬੈਨਰ ਲਾ ਕੇ ਨਿੱਕਲ ਤੁਰ ਪਿਆ।ਉਸ ਦਾ ਇਹ ਸਫ਼ਰ ਆਸਾਮ ਤੋਂ ਲਦਾਖ ਤੱਕ ਦਾ ਹੈ।ਛੱਤੀ ਸੌ ਕਿਲੋਮੀਟਰ ਸਾਈਕਲ 'ਤੇ ਚਲਾ ਕੇ ਅੱਜ ਉਹ ਭੀਖੀ ਪਹੁੰਚਿਆ ਹੈ।ਉਨ੍ਹਾਂ ਆਪਣੀ ਗੱਲਬਾਤ ਵਿੱਚ ਕਿਹਾ ਕਿ ਮੈਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤੀ ਲਈ ਪ੍ਰੇਰਿਤ ਕਰਦਾ ਹਾਂ।ਮੈਂ ਸਕੂਲਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਬਚਣ ਲਈ ਉਨ੍ਹਾਂ ਨੂੰ ਸੰਬੋਧਨ ਕਰਦਾ ਹਾਂ ਤੇ ਲੋਕਾਂ ਨੂੰ ਸਿਹਤ ਪ੍ਰਤੀ ਤੇ ਵਾਤਾਵਰਨ ਨੂੰ ਬਚਾਉਣ ਲਈ ਵੀ ਜਾਗਰੂਕ ਕਰਦਾ ਹਾਂ।ਇਸ ਨੌਜਵਾਨ ਦੇ ਸਵਾਗਤ ਲਈ ਭੁਪਿੰਦਰ ਫ਼ੌਜੀ, ਸੁਰੇਸ਼ ਕੁਮਾਰ, ਕਰਨ ਭੀਖੀ, ਦਰਸ਼ਨ ਟੇਲਰ, ਰਾਮ ਅਕਲੀਆ, ਜਸਪਾਲ ਅਤਲਾ, ਧਰਮਪਾਲ ਨੀਟਾ, ਸੁਨੀਲ ਬੱਤਰਾ, ਭਰਭੂਰ ਸਿੰਘ ਮੰਨਣ, ਗੁਰਪ੍ਰੀਤ ਸਿੰਘ ਗੱਗੀ ਆਦਿ ਨੇ ਹਾਰ ਪਾ ਕੇ ਸਵਾਗਤ ਕੀਤਾ।



# ਝੋਨੇ ਦੀ ਸਿੱਧੀ ਬਿਜਾਈ ਰਾਏਕੇ ਕਲਾਂ ਤੋਂ ਸ਼ੁਰੂ ਕਰਾਈ



**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਖੇਤੀਬਾੜੀ ਵਿਭਾਗ ਵੱਲੋਂ ਪਿੰਡ ਰਾਏਕੇ ਕਲਾਂ, ਬਲਾਕ ਸੰਗਤ ਵਿਖੇ ਝੋਨੇ ਦੀ ਸਿੱਧੀ ਬਿਜਾਈ ਸ਼ੁਰੂ ਕੀਤੀ ਗਈ। ਡਾ. ਹਰਪ੍ਰੀਤਪਾਲ ਕੌਰ ਮੁੱਖ ਖੇਤੀਬਾੜੀ ਅਫ਼ਸਰ ਦੀ ਹਾਜ਼ਰੀ 'ਚ ਕਿਸਾਨ ਬੋਹੜ ਸਿੰਘ ਪੁੱਤਰ ਸਰਵਨ ਸਿੰਘ ਦੇ ਖੇਤ ਤੋਂ ਝੋਨੇ ਦੀ ਸਿੱਧੀ ਬਿਜਾਈ ਸ਼ੁਰੂ ਕਰਾਈ ਗਈ।ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੁੰਦੀ ਹੈ, ਉੱਥੇ ਇਸ ਨਾਲ ਕਿਸਾਨਾਂ ਦਾ ਖਰਚਾ ਵੀ ਬਹੁਤ ਘੱਟ ਜਾਂਦਾ ਹੈ ਕਿਉਂਕਿ ਕੱਦੂ ਕਰਕੇ ਝੋਨਾ ਲਾਉਣ ਨਾਲ ਪਾਣੀ ਦੀ ਬਹੁਤ ਜ਼ਿਆਦਾ ਖਪਤ ਹੁੰਦੀ ਹੈ।ਝੋਨੇ ਦੀ ਸਿੱਧੀ ਬਿਜਾਈ ਨਾਲ 10% ਤੋਂ 20% ਪਾਣੀ ਦੀ ਬੱਚਤ ਹੁੰਦੀ ਹੈ ਤੇ ਜ਼ਮੀਨ ਹੇਠਲੇ ਪਾਣੀ ਦਾ 10-12 ਪ੍ਰਤੀਸ਼ਤ ਜ਼ਿਆਦਾ ਰੀਚਾਰਜ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜਿਹੜੇ ਵੀ ਕਿਸਾਨਾਂ ਵੱਲੋਂ ਸਿੱਧੀ ਬਿਜਾਈ ਕੀਤੀ ਜਾਂਦੀ ਹੈ, ਉਹ ਖੇਤੀਬਾੜੀ ਵਿਭਾਗ ਦੇ ਐਗਰੀ ਮਸ਼ੀਨਰੀ ਪੋਰਟਲ 'ਤੇ ਰਜਿਸਟਰ ਵੀ ਜ਼ਰੂਰ ਕਰਨ ਜਾਂ ਫਿਰ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਤੋਂ ਰਜਿਸਟਰਡ ਕਰਾ ਸਕਦੇ ਹਨ ਤਾਂ ਜੁ ਉਨ੍ਹਾਂ ਨੂੰ ਸਰਕਾਰ ਵੱਲੋਂ ਦਿੱਤੀ ਜਾ ਰਹੀ 1500 ਰੁਪਏ ਪ੍ਰਤੀ ਏਕੜ ਪ੍ਰੋਤਸ਼ਾਹਨ ਰਾਸ਼ੀ ਦਾ ਲਾਭ ਮਿਲ ਸਕੇ।

# ਹਾਰਵਰਡ ਕਾਨਵੈਂਟ ਸਕੂਲ ਦਾ ਨਤੀਜਾ 100 ਫੀਸਦੀ ਰਿਹਾ

**ਬਾਘਾ ਪੁਰਾਣਾ (ਮਨੀ ਸਿੰਗਲਾ)-** ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦਾ ਸੈਸ਼ਨ 2025-26 ਲਈ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਦੱਸਿਆ ਕਿ ਇਸ ਵਾਰ ਵੀ ਸਕੂਲ ਦਾ ਨਤੀਜਾ 100 ਫੀਸਦੀ ਰਿਹਾ, ਜੋ ਸਕੂਲ ਦੀ ਲਗਾਤਾਰ ਉੱਚੀ ਵਿਦਿਅਕ ਪ੍ਰਦਰਸ਼ਨਸ਼ੀਲਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਗੁਰਸਿਮਰਨ ਸਿੰਘ ਨੇ 93.2 ਫੀਸਦੀ ਅੰਕ ਪ੍ਰਾਪਤ ਕਰ ਕੇ ਪਹਿਲਾ, ਜਸ਼ਨਪ੍ਰੀਤ ਸਿੰਘ ਨੇ 92.8 ਫੀਸਦੀ ਤੇ ਗੁਣਤਾਸ਼ ਕੌਰ ਗਿੱਲ ਨੇ 92.4 ਫੀਸਦੀ ਅੰਕ ਹਾਸਲ ਕਰ ਕੇ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਸੁਨੈਨਾ ਨੇ 91.4 ਫੀਸਦੀ, ਹਰਪ੍ਰੀਤ ਕੌਰ ਨੇ 90.2 ਫੀਸਦੀ, ਲਿਸ਼ਕਾ ਨੇ 88.4 ਫੀਸਦੀ, ਹਰਮਨਜੋਤ ਕੌਰ ਤੇ ਅਰਸ਼ਦੀਪ ਕੌਰ ਨੇ 86.2 ਫੀਸਦੀ, ਹਰਜੋਤ ਕੌਰ ਨੇ 84.8 ਫੀਸਦੀ, ਕਰਨਪ੍ਰੀਤ ਸਿੰਘ ਤੇ ਸੁਖਪ੍ਰੀਤ ਸਿੰਘ ਨੇ 83.2 ਫੀਸਦੀ ਅੰਕ ਪ੍ਰਾਪਤ ਕੀਤੇ।ਹੋਰ ਵਿਦਿਆਰਥੀਆਂ ਵਿੱਚ ਜਸਕਰਨ ਸਿੰਘ ਸਿੱਧੂ ਤੇ ਗੁਰਵੀਰ ਸਿੰਘ ਨੇ 81.2 ਫੀਸਦੀ, ਕੁਦਰਤ, ਪ੍ਰਭਜੀਤ ਕੌਰ ਤੇ ਸੁਖਦੀਪ ਸਿੰਘ ਬਰਾੜ ਨੇ 79.8 ਫੀਸਦੀ, ਸਿਮਰਨਜੋਤ ਕੌਰ ਨੇ 78.4 ਫੀਸਦੀ, ਜਸ਼ਨਪ੍ਰੀਤ ਕੌਰ ਨੇ 78 ਫੀਸਦੀ, ਹਰਮਨ ਕੁਮਾਰ, ਜੈਸਮੀਨ ਕੌਰ ਚਹਿਲ ਤੇ ਜਸਲੀਨ ਕੌਰ ਨੇ 77 ਫੀਸਦੀ, ਮਨਪ੍ਰੀਤ ਕੌਰ ਨੇ 73 ਫੀਸਦੀ, ਮਨਵਿੰਦਰ ਸਿੰਘ ਨੇ 72.4 ਫੀਸਦੀ, ਮਾਹੀ ਪਾਲ ਸਿੰਘ ਪੁਰਬਾ ਨੇ 71 ਫੀਸਦੀ, ਈਸ਼ਮਨਦੀਪ ਕੌਰ ਨੇ 71.4 ਫੀਸਦੀ, ਬ੍ਰਿਜ ਮੋਹਨ ਨੇ 70.8 ਫੀਸਦੀ, ਹਰਮਨਪ੍ਰੀਤ ਸਿੰਘ ਨੇ 70.6 ਫੀਸਦੀ ਤੇ ਸਿਮਰਨਜੀਤ ਕੌਰ ਨੇ 70.4 ਫੀਸਦੀ ਅੰਕ ਹਾਸਲ ਕਰਕੇ ਸਕੂਲ, ਮਾਪਿਆਂ ਤੇ ਅਧਿਆਪਕਾਂ ਦਾ ਨਾਮ ਰੋਸ਼ਨ ਕੀਤਾ।ਇਸ ਮੌਕੇ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ, ਡਾਇਰੈਕਟਰ ਇੰਜੀਨੀਅਰ ਜਗਦੀਪ ਸਿੰਘ ਬਰਾੜ, ਪ੍ਰੈਜ਼ੀਡੈਂਟ ਮੈਡਮ ਨਵਜੋਤ ਕੌਰ ਬਰਾੜ, ਕੋਆਰਡੀਨੇਟਰ ਮੈਡਮ ਗੀਤਾ ਸ਼ਰਮਾ ਤੇ ਮੈਡਮ ਕਮਲਜੀਤ ਕੌਰ ਨੇ ਸਾਰੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਮੂਹ ਸਟਾਫ ਨੂੰ ਦਿਲੋਂ ਵਧਾਈ ਦਿੱਤੀ।



## ਪ੍ਰਾਇਮਰੀ ਸਕੂਲ ਬਰਨ ਵਿਖੇ ਮਦਰ ਵਰਕਸ਼ਾਪ

**ਮਾਨਸਾ (ਆਤਮਾ ਸਿੰਘ ਪਮਾਰ)-** ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਮਦਰ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦੀ ਸ਼ੁਰੂਆਤ ਸਕੂਲ ਮੁਖੀ ਜਗਸੀਰ ਸਿੰਘ ਆਦਮਕੇ ਦੇ ਜੀ ਆਇਆਂ ਨੂੰ ਸੰਬੋਧਨ ਸ਼ਬਦਾਂ ਨਾਲ ਹੋਇਆ।ਇਸ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਹਰਦੀਪ ਸਿੰਘ ਈ ਟੀ ਟੀ ਅਧਿਆਪਕ ਧੰਨ ਸਿੰਘ ਖਾਨਾ ਤੇ ਸੰਦੀਪ ਕੌਰ ਬਰਨ ਨੇ ਵਿਦਿਆਰਥੀਆਂ ਦੀਆਂ ਮਾਤਾਵਾਂ ਨੂੰ ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਵਰਕਸ਼ਾਪ 'ਚ ਮਾਤਾਵਾਂ ਵੱਲੋਂ ਅਧਿਆਪਕਾਂ ਨਾਲ ਆਪਣੇ ਬੱਚਿਆਂ ਦੀ ਸੁਰੱਖਿਆ, ਸਿਹਤ ਤੇ ਪੜ੍ਹਾਈ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਵਰਕਸ਼ਾਪ ਦੇ ਅਖੀਰ 'ਚ ਸਕੂਲ ਮੁਖੀ ਵੱਲੋਂ ਮਦਰ ਵਰਕਸ਼ਾਪ 'ਚ ਸ਼ਾਮਲ ਬੱਚਿਆਂ ਦੀ ਮਾਤਾਵਾਂ, ਪਤਵੰਤੇ ਸੱਜਣਾਂ ਦਾ ਧੰਨਵਾਦ ਵੀ ਕੀਤਾ ਗਿਆ।ਇਸ ਮੌਕੇ ਸ਼੍ਰੀਮਤੀ ਕੁਲਦੀਪ ਕੌਰ ਸਰਪੰਚ, ਕਿਰਨਜੀਤ ਕੌਰ, ਸੁਖਵਿੰਦਰ ਕੌਰ, ਰਿੰਕੂ ਕੌਰ, ਕਮਲਦੀਪ ਕੌਰ, ਬੇਅੰਤ ਕੌਰ, ਗਗਨਦੀਪ ਕੌਰ, ਪਰਮਜੀਤ ਕੌਰ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ, ਮਨਜੀਤ ਕੌਰ, ਮਿਡ ਡੇ ਮੀਲ ਕੁੱਕ, ਪਰਮਜੀਤ ਕੌਰ ਮਿਡ ਡੇ ਮੀਲ ਕੁੱਕ, ਗੁਰਪ੍ਰੀਤ ਕੌਰ ਆਂਗਣਵਾੜੀ ਵਰਕਰ, ਵੀਰਾਂ ਕੌਰ ਆਂਗਣਵਾੜੀ ਸੈਂਟਰ ਤੇ ਬੱਚਿਆਂ ਦੀਆਂ ਮਾਤਾਵਾਂ ਹਾਜ਼ਰ ਸਨ।



## ਸ਼ਨੀਦੇਵ ਜਯੰਤੀ ਧੂਮਧਾਮ ਨਾਲ ਮਨਾਈ

**ਭੀਖੀ (ਧਰਮਵੀਰ ਸ਼ਰਮਾ)-** ਸ਼੍ਰੀ ਸਿੱਧਪੀਠ ਸ਼ਨੀਦੇਵ ਮੰਦਿਰ ਸੁਧਾਰ ਤੇ ਵੈੱਲਫੇਅਰ ਕਮੇਟੀ ਵੱਲੋਂ ਸੰਤ ਬ੍ਰਹਮ ਰਿਸ਼ੀ ਜੀ ਬੰਬੇ ਵਾਲੇ ਤੇ ਬਾਬਾ ਬਾਲਕ ਦਾਸ ਜੀ ਦੇ ਅਸ਼ੀਰਵਾਦ ਸਦਕਾ ਸਥਾਨਕ ਸਿੱਧਪੀਠ ਸ਼ਨੀਦੇਵ ਮੰਦਰ ਵਿਖੇ ਸ਼ਨੀਦੇਵ ਜਯੰਤੀ ਧੂਮਧਾਮ ਨਾਲ ਮਨਾਈ ਗਈ। ਇਸ ਦੌਰਾਨ ਸਵੇਰੇ ਸ਼ਾਹੀ ਇਸ਼ਨਾਨ ਤੋਂ ਬਾਅਦ ਮਹਿਲਾ ਮੰਡਲ ਵੱਲੋਂ ਸੰਗੀਤਮਈ ਕੀਰਤਨ ਕੀਤਾ ਗਿਆ ਤੇ ਰਾਤ ਨੂੰ ਵਿਸ਼ਾਲ ਚੌਕੀ ਦਾ ਆਯੋਜਨ ਕੀਤਾ ਗਿਆ।ਚੌਕੀ ਦੌਰਾਨ ਜਯੋਤੀ ਪ੍ਰਚੰਡ ਦੀ ਰਸਮ ਭਾਜਪਾ ਮੰਡਲ ਭੀਖੀ ਦੇ ਪ੍ਰਧਾਨ ਵਿਵੇਕ ਜੈਨ ਬੱਬੂ, ਪੂਜਨ ਸੰਦੀਪ ਮਿੱਤਲ ਦੀਪੂ ਪਨਸਪ ਇੰਸਪੈਕਟਰ ਤੇ ਚੁਨਰੀ ਰਸਮ ਸਮਾਜ ਸੇਵੀ ਪ੍ਰਸ਼ੋਤਮ ਗੋਇਲ ਬਿੱਲੂ ਵੱਲੋਂ ਅਦਾ ਕੀਤੀ ਗਈ। ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਵਿੱਕੀ ਆਸਟ੍ਰੇਲੀਆ ਤੇ ਸ਼੍ਰੀ ਸਨਾਤਨ ਧਰਮ ਭਾਰਤੀਆ ਮਾਹਵੀਰ ਦਲ ਦੇ ਪ੍ਰਧਾਨ ਹਰਬੰਸ ਲਾਲ ਬਾਂਸਲ ਵੱਲੋਂ ਸ਼ਿਰਕਤ ਕੀਤੀ ਗਈ।ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਪ੍ਰੀਸ਼ਦ ਮਾਨਸਾ ਦੇ ਨਵਨਿਯੁਕਤ ਚੇਅਰਮੈਨ ਚੁਸਪਿੰਦਰਬੀਰ ਚਹਿਲ ਨੇ ਕਰਵਾਏ ਧਾਰਮਿਕ ਸਮਾਗਮ ਦੀ ਪ੍ਰਸੰਸਾ ਕੀਤੀ।ਉਨ੍ਹਾਂ ਕਿਹਾ ਕਿ ਸਮਾਗਮ ਦੇ ਸੰਚਾਲਨ ਕਰ ਰਹੀ ਕਮੇਟੀ ਦਾ ਇਨ੍ਹਾਂ ਕਾਰਜਾਂ ਦੀ ਕਾਮਯਾਬੀ ਲਈ ਉਹ ਹਮੇਸ਼ਾ ਸਹਿਯੋਗ ਕਰਨਗੇ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ, ਸ਼ਿਵ ਕੁਮਾਰ ਬਬਲੂ, ਵਿੱਕੀ ਆਸਟ੍ਰੇਲੀਆ, ਮੱਖਣ ਬਾਂਸਲ, ਅਸ਼ਵਨੀ ਅਸਪਾਲ, ਜਤਿੰਦਰ ਵਿੱਕੀ ਮੋੜੀਗੱਡ, ਰਜਨੀਸ਼ ਸ਼ਰਮਾ ਭੀਖੀ, ਵਿਸ਼ਾਲ ਗੋਇਲ, ਜੀਵਨ ਕੁਮਾਰ ਤੇ ਮੰਦਰ ਦੇ ਪੁਜਾਰੀ ਭੋਲਾ ਬਾਬਾ ਵੀ ਹਾਜ਼ਰ ਸਨ।



# ਦਸਮੇਸ਼ ਪਬਲਿਕ ਸਕੂਲ ਨੇ ਸੀ ਬੀ ਐੱਸ ਈ ਪ੍ਰੀਖਿਆ 'ਚ ਗੱਡੇ ਸਫਲਤਾ ਦੇ ਝੰਡੇ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) :** ਅਕਾਦਮਿਕ ਖੇਤਰ ਵਿੱਚ ਵੱਡੀ ਮੱਲ ਮਾਰਦਿਆਂ ਦਸਮੇਸ਼ ਪਬਲਿਕ ਸਕੂਲ ਫਿਰੋਜ਼ਪੁਰ ਸ਼ਹਿਰ ਦੇ ਵਿਦਿਆਰਥੀਆਂ ਨੇ ਸੀਬੀਐੱਸਈ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸੰਸਥਾ ਦੇ ਕਈ ਵਿਦਿਆਰਥੀਆਂ ਨੇ 96 ਪ੍ਰਤੀਸ਼ਤ ਤੋਂ ਵੱਧ ਅੰਕ ਤੇ ਵੱਖ-ਵੱਖ ਵਿਸ਼ਿਆਂ ਵਿੱਚ 100 ਫੀਸਦੀ ਅੰਕ ਪ੍ਰਾਪਤ ਕਰਕੇ ਇੱਕ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਜਸਮਿੰਦਰ ਸਿੰਘ ਸੰਧੂ ਨੇ ਨਤੀਜਿਆਂ ਦੇ ਵੇਰਵੇ ਸਾਂਝੇ ਕਰਦਿਆਂ ਬੇਹੱਦ ਮਾਣ ਨਾਲ ਐਲਾਨ ਕੀਤਾ ਕਿ ਪ੍ਰੀਖਿਆ ਵਿਚ ਬੈਠਣ ਵਾਲੇ ਸਾਰੇ 38 ਵਿਦਿਆਰਥੀਆਂ ਨੇ ਸ਼ਾਨਦਾਰ ਅੰਕਾਂ ਨਾਲ ਸਫਲਤਾ ਹਾਸਲ ਕੀਤੀ ਹੈ। ਸੰਸਥਾ ਨੇ ਵਿਗਿਆਨ, ਵਣਜ ਤੇ ਮਨੁੱਖਤਾ ਦੇ ਤਿੰਨੋਂ ਵਿਸ਼ਿਆਂ ਵਿੱਚ ਆਪਣੀ ਸਰਵੋਤਮ ਕਾਰਗੁਜ਼ਾਰੀ ਨੂੰ ਬਰਕਰਾਰ ਰੱਖਿਆ ਹੈ। ਪੰਜਾਬੀ ਵਿਸ਼ੇ ਵਿੱਚ ਯਸ਼ਵੀ ਨੇ ਸੰਪੂਰਨ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਗੁਰਲੀਨ ਕੌਰ ਨੇ 99 ਪ੍ਰਤੀਸ਼ਤ ਅੰਕ, ਪ੍ਰਿਯਾਂਸ਼ੀ ਬਜਾਜ ਨੇ 98 ਪ੍ਰਤੀਸ਼ਤ ਅੰਕ, ਪ੍ਰਣਵੀ ਨੇ 96 ਅੰਕ, ਮਾਨਸ ਨੇ 95 ਪ੍ਰਤੀਸ਼ਤ ਅੰਕ ਲੈ ਕੇ ਸਕੂਲ ਦਾ ਨਾਮ ਚਮਕਾਇਆ। ਇਸੇ ਤਰ੍ਹਾਂ ਅੰਗਰੇਜ਼ੀ ਵਿਸ਼ੇ ਵਿੱਚ ਸੰਚਿਤਾ ਸੁਮਨ, ਪ੍ਰਿਯਾਂਸ਼ੀ ਬਜਾਜ ਤੇ ਪ੍ਰਤਿਸ਼ਠਾ ਨੇ 98 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ, ਜਦੋਂ ਕਿ ਅਨੋਖੀ ਪਰੀ, ਰਿਸ਼ਵ ਸੋਭਤ ਤੇ ਮੌਲੀ ਨੇ 96 ਪ੍ਰਤੀਸ਼ਤ ਅੰਕ ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਾਇਆ। ਰਿਆਜ਼ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ 99 ਅੰਕ ਤੇ ਚਿਰਾਗ ਨੇ ਪੇਂਟਿੰਗ ਵਿਸ਼ੇ 'ਚ 97 ਅੰਕ ਪ੍ਰਾਪਤ ਕੀਤੇ। ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਪ੍ਰਿੰਸੀਪਲ ਡਾ. ਜਸਮਿੰਦਰ ਸਿੰਘ ਸੰਧੂ ਨੇ ਕਿਹਾ ਸਾਨੂੰ ਆਪਣੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ 'ਤੇ ਬਹੁਤ ਜ਼ਿਆਦਾ ਮਾਣ ਹੈ। ਅਸੀਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹਾਂ ਤੇ ਉਮੀਦ ਕਰਦੇ ਹਾਂ ਕਿ ਇਹ ਸ਼ਾਨਦਾਰ ਨਤੀਜੇ ਸਕੂਲ ਦੇ ਜੂਨੀਅਰ ਵਿਦਿਆਰਥੀਆਂ ਲਈ ਇਕ ਵੱਡੀ ਪ੍ਰੇਰਣਾ ਵਜੋਂ ਕੰਮ ਕਰਨਗੇ।



# ਬੇਟੇ ਦੇ ਜਨਮ ਦਿਨ ਦੀ ਖੁਸ਼ੀ 'ਚ ਕਲੱਬ ਨੂੰ ਸੌਂਪਿਆ 21 ਸੌ ਦਾ ਚੈੱਕ

**ਕੋਟਕਪੂਰਾ (ਰਛਪਾਲ ਭੁੱਲਰ) :** ਜੈ ਮਿਲਾਪ ਪ੍ਰਾਈਵੇਟ ਲੈਬਾਰਟਰੀ ਐਸੋਸੀਏਸ਼ਨ ਦੇ ਪ੍ਰਧਾਨ, ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਦੇ ਮੀਤ ਪ੍ਰਧਾਨ ਤੇ ਸਥਾਨਕ ਫਰੀਦਕੋਟ ਸੜਕ 'ਤੇ ਸਥਿੱਤ ਕੋਛੜ ਹਾਈਟੈਕ ਲੈਬਾਰਟਰੀ ਦੇ ਸੰਚਾਲਕ ਡਾ. ਰਵਿੰਦਰਪਾਲ ਕੋਛੜ ਨੇ ਆਪਣੇ ਹੋਣਹਾਰ ਬੇਟੇ ਨਿਪੁਨ ਕੋਛੜ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕਲੱਬ ਦੇ ਸੇਵਾ ਕਾਰਜਾਂ ਵਿੱਚ 2100 ਰੁਪਏ ਦਾ ਯੋਗਦਾਨ ਪਾਇਆ ਹੈ।ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਤੇ ਚੇਅਰਮੈਨ ਪੱਪੂ ਲਹੌਰੀਆ ਦੀ ਅਗਵਾਈ ਹੇਠ ਰੱਖੇ ਗਏ ਸਮਾਗਮ ਦੌਰਾਨ ਡਾ. ਕੋਛੜ ਨੇ 2100 ਰੁਪਏ ਦਾ ਚੈੱਕ ਵਿੱਤ ਸਕੱਤਰ ਜਸਕਰਨ ਸਿੰਘ ਭੱਟੀ ਤੇ ਸਹਾਇਕ ਖਜ਼ਾਨਚੀ ਓਮ ਪ੍ਰਕਾਸ਼ ਗੁਪਤਾ ਨੂੰ ਸੌਂਪਿਆ।ਡਾ. ਰਵਿੰਦਰਪਾਲ ਕੋਛੜ ਨੇ ਨਿਪੁਨ ਕੋਛੜ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕਲੱਬ ਦੇ ਮੰਚ 'ਤੇ ਰੱਖੀ ਚਾਹ ਪਾਰਟੀ ਬਦਲੇ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕੀਤਾ।ਡਾ. ਕੋਛੜ ਦੇ ਹੋਣਹਾਰ ਬੇਟੇ ਨਿਪੁਨ ਕੋਛੜ ਨੂੰ ਉਨ੍ਹਾ ਦੇ ਜਨਮ ਦਿਨ ਦੀਆਂ ਵਧਾਈਆਂ ਦੇਣ ਲਈ ਪ੍ਰੋ. ਐੱਚ ਐੱਸ ਪਦਮ, ਡਾ. ਐੱਸ. ਐੱਨ. ਸਿੰਗਲਾ, ਠੇਕੇਦਾਰ ਪ੍ਰੇਮ ਮੈਣੀ, ਸੁਰਿੰਦਰ ਸਿੰਘ ਸਦਿਉੜਾ, ਡਾ. ਦੇਵ ਰਾਜ, ਮੁਖਤਿਆਰ ਸਿੰਘ ਮੱਤਾ, ਮਾ. ਸੋਮਨਾਥ ਅਰੋੜਾ, ਗੁਰਮੀਤ ਸਿੰਘ ਮੀਤਾ, ਪੱਪਾ ਮਲਹੋਤਰਾ, ਗੁਰਚਰਨ ਸਿੰਘ ਬੱਬੂ, ਗੋਂਦਾ ਗੇਰਾ, ਕੁਲਬੀਰ ਸਿੰਘ ਮੱਕੜ, ਸਰਨ ਕੁਮਾਰ, ਕੁਲਵੰਤ ਸਿੰਘ ਚਾਨੀ, ਜੋਗਾ ਮੱਕੜ, ਸੁਰਿੰਦਰ ਦਿਉੜਾ, ਟੀਟੂ ਛਾਬੜਾ, ਅਸ਼ੋਕ ਸੇਠੀ, ਪ੍ਰੇਮ ਸਿੰਘ ਢੱਲਾ, ਭੀਮ ਸੈਨ ਮਲਿਕ, ਗੁਰਿੰਦਰ ਸਿੰਘ ਮਹਿੰਦੀਰੱਤਾ ਆਦਿ ਉਚੇਚੇ ਤੌਰ 'ਤੇ ਸ਼ਾਮਲ ਸਨ।



## 'ਆਪ' ਉਮੀਦਵਾਰ ਜਗਜੀਤ ਸਿੰਘ ਜੱਗੀ ਨੂੰ ਜ਼ਰੂਰ ਜਿਤਾਂਵਾਗੇ : ਵਾਰਡ ਵਾਸੀ

**ਜਗਰਾਉਂ (ਅਮਿਤ ਖੰਨਾ)** ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਗਜੀਤ ਸਿੰਘ ਜੱਗੀ ਦਾ ਚੋਣ ਪ੍ਰਚਾਰ ਪੂਰੀ ਤਰ੍ਹਾਂ ਭਖ ਗਿਆ। ਵਾਰਡ ਨੰਬਰ 2 ਤੋਂ ਆਮ ਆਦਮੀ ਪਾਰਟੀ ਦੀ ਜਗਜੀਤ ਸਿੰਘ ਜੱਗੀ ਨੂੰ ਟਿਕਟ ਮਿਲਣ ਤੋਂ ਬਾਅਦ ਵਾਰਡ ਵਾਸੀਆਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ। ਜੱਗੀ ਨੇ ਕਿਹਾ ਕਿ ਵਾਰਡ ਦੇ ਵਿਕਾਸ ਕਾਰਜਾਂ ਨੂੰ ਹਮੇਸ਼ਾ ਤਤਪਰ ਰਹਿਣਗੇ।ਪਿਛਲੇ ਦਿਨਾਂ ਤੋਂ ਜਗਜੀਤ ਸਿੰਘ ਜੱਗੀ ਵਾਰਡ 'ਚ ਰਹਿ ਕੇ ਵਾਰਡ ਵਾਸੀਆਂ ਦੀ ਮਦਦ ਕੀਤੀ ਜਾ ਰਹੀ ਸੀ ਤੇ ਵਾਰਡ ਵਾਸੀ ਵੀ ਉਨ੍ਹਾਂ ਨੂੰ ਆਪਣਾ ਅਸ਼ੀਰਵਾਦ ਦੇ ਰਹੇ ਸਨ ਅਤੇ ਜਗਜੀਤ ਸਿੰਘ ਜੱਗੀ ਵੱਲੋਂ ਪਿਛਲੇ ਸਮੇ ਦੌਰਾਨ ਵਾਰਡ ਵਿੱਚ ਲੱਖਾਂ ਰੁਪਏ ਦੇ ਕੰਮ ਕਰਾਏ ਹਨ। ਆਮ ਆਦਮੀ ਪਾਰਟੀ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਉਹ ਵਾਰਡ ਵਾਸੀਆਂ ਲਈ ਕੰਮ ਕਰਦੇ ਆਏ ਹਨ ਤੇ ਅੱਗੇ ਵੀ ਕਰਨਗੇ ਤੇ ਵਾਰਡ ਵਾਸੀਆਂ ਦੇ ਅਸ਼ੀਰਵਾਦ ਇਹ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਪਾਉਣਗੇ।



## ਭਾਖੜਾ ਡੈਮ ਦਾ ਕੰਟਰੋਲ ਪੰਜਾਬ ਕੋਲ ਨਾ ਹੋਣ ਕਾਰਨ ਦਰਿਆਈ ਖੇਤਰਾਂ 'ਚ ਹੜ੍ਹਾਂ ਦਾ ਖ਼ਤਰਾ : ਸੰਧੂ

**ਮੱਖੂ, (ਰਛਪਾਲ ਸਿੰਘ ਸੰਧੂ)** ਭਾਖੜਾ ਡੈਮ 'ਚ ਲਗਾਤਾਰ ਵਧ ਰਹੇ ਪਾਣੀ ਦੇ ਪੱਧਰ ਅਤੇ ਆਉਣ ਵਾਲੇ ਦਿਨਾਂ ਵਿੱਚ ਝੋਨੇ ਦੀ ਬਿਜਾਈ ਨੂੰ ਮੁੱਖ ਰੱਖਦਿਆਂ ਭਾਰਤੀ ਕਿਸਾਨੀ ਯੂਨੀਅਨ ਪੰਜਾਬ ਦੇ ਆਗੂਆਂ ਵਲੋਂ ਗੰਭੀਰ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ।ਯੂਨੀਅਨ ਦੇ ਸੂਬਾ ਪ੍ਰਧਾਨ ਫ਼ਰਮਾਨ ਸਿੰਘ ਸੰਧੂ ਵੱਲੋਂ ਸਰਕਾਰ ਤੇ ਡੈਮ ਕੰਟਰੋਲ ਬੋਰਡ ਖ਼ਿਲਾਫ਼ ਤਿੱਖੇ ਰੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਭਾਖੜਾ ਡੈਮ ਦਾ ਕੰਟਰੋਲ ਪੰਜਾਬ ਕੋਲ ਨਾ ਹੋਣ ਦਾ ਵੱਡਾ ਨੁਕਸਾਨ ਦਰਿਆ ਨੇੜਲੇ ਖੇਤਰਾਂ ਦੇ ਕਿਸਾਨਾਂ ਨੂੰ ਝੱਲਣਾ ਪੈਂਦਾ ਹੈ, ਕਿਉਂਕਿ ਡੈਮ ਮੈਨੇਜਮੈਂਟ ਵੱਲੋਂ ਬਿਨਾਂ ਕਿਸੇ ਠੋਸ ਯੋਜਨਾਬੰਦੀ ਦੇ ਵੱਡੇ ਪੱਧਰ 'ਤੇ ਪਾਣੀ ਛੱਡ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਗ਼ਲਤ ਪ੍ਰਬੰਧਨ ਕਾਰਨ ਹਰ ਸਾਲ ਦਰਿਆਈ ਖੇਤਰਾਂ ਵਿਚ ਭਾਰੀ ਤਬਾਹੀ ਹੁੰਦੀ ਹੈ ਤੇ ਫਸਲਾਂ ਦਾ ਵੱਡਾ ਨੁਕਸਾਨ ਹੋ ਜਾਂਦਾ ਹੈ।ਫਰਮਾਨ ਸਿੰਘ ਸੰਧੂ ਨੇ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਦੋਸ਼ ਲਾਇਆ ਕਿ ਢੁੱਕਵੇਂ ਪ੍ਰਬੰਧ ਨਾ ਹੋਣ ਕਰਕੇ ਪਿਛਲੇ ਸਮੇਂ ਦੌਰਾਨ ਆਏ ਹੜ੍ਹਾਂ ਕਾਰਨ ਜਿਨ੍ਹਾਂ ਕਿਸਾਨਾਂ ਤੇ ਆਮ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਸੀ।ਸਰਕਾਰ ਵਲੋਂ ਉਨ੍ਹਾਂ ਨੂੰ ਅਜੇ ਤੱਕ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ ਅਤੇ ਮੁਆਵਜ਼ਾ ਨਾ ਮਿਲਣ ਕਾਰਨ ਪਹਿਲਾਂ ਹੀ ਬਰਬਾਦ ਹੋ ਚੁੱਕੇ ਲੋਕ ਟੱਪਰੀਵਾਸਾਂ ਵਾਂਗ ਜੀਵਨ ਬਤੀਤ ਕਰਨ ਲਈ ਮਜਬੂਰ ਹਨ।



# ਅਗਰਵਾਲ ਸਭਾ ਨੇ ਏਕਮ ਦਿਹਾੜਾ ਧੂਮ-ਧਾਮ ਨਾਲ ਮਨਾਇਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਅਗਰਵਾਲ ਸਭਾ ਰਜਿ, ਵੱਲੋਂ ਹਰ ਦੇਸੀ ਮਹੀਨੇ ਦੀ ਪਹਿਲੀ ਤਾਰੀਕ ਨੂੰ ਮਨਾਏ ਜਾ ਰਹੇ ਏਕਮ ਦਾ ਦਿਹਾੜਾ ਮਨਾਉਣ ਦੀ ਲੜੀ ਵਜੋਂ ਇਹ ਦਿਹਾੜਾ ਮਹਾਰਾਜਾ ਅਗਰਸੇਨ ਚੌਕ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮਹਾਰਾਜਾ ਅਗਰਸੇਨ ਜੀ ਦੀ ਮੂਰਤੀ ਤੇ ਹਾਰ ਪਾ ਕੇ ਜੈ ਜੈ ਕਾਰ ਕੀਤੀ ਗਈ।ਪੂਜਾ ਪ੍ਰਸਾਦਿ ਦੀ ਸੇਵਾ ਸਭਾ ਦੇ ਜਨਰਲ ਸਕੱਤਰ ਸ਼ਿਵ ਜਿੰਦਲ ਪਰਵਾਰ ਵੱਲੋਂ ਕੀਤੀ ਗਈ। ਸਭਾ ਦੇ ਪ੍ਰਧਾਨ ਵਿਕਰਮ ਗਰਗ ਵਿੱਕੀ ਤੇ ਸ੍ਰਪਰਸਤ ਕ੍ਰਿਸ਼ਨ ਸੰਦੋਹਾ ਨੇ ਪ੍ਰੀਵਾਰ ਦੀ ਸੁੱਖ ਸਾਂਤੀ, ਤੰਦਰੁਸਤੀ ਤੇ ਤਰੱਕੀ ਦੀ ਅਰਦਾਸ ਕੀਤੀ ਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਧਾਨ ਵਿਕਰਮ ਗਰਗ ਵਿੱਕੀ, ਹਰੀਦੇਵ ਗੋਇਲ, ਰਾਮ ਲਾਲ ਰਾਮਾ ਆਲਮਪੁਰ, ਇੰਜੀ, ਰਾਕੇਸ਼ ਗਰਗ, ਕ੍ਰਿਸ਼ਨ ਸੰਦੋਹਾ, ਪ੍ਰਭਾਤ ਜਿੰਦਲ, ਹਕੂਮਤ ਰਾਏ ਜਿੰਦਲ, ਅਸ਼ੋਕ ਕੁਮਾਰ ਬਾਂਸਲ ਪੱਤਰਕਾਰ, ਸੁਰੇਸ਼ ਜਿੰਦਲ ਐਡਵੋਕੇਟ, ਸ਼ਾਮ ਲਾਲ ਐਡਵੋਕੇਟ, ਲਾਜਪਤ ਰਾਏ ਗਰਗ, ਡਾ. ਸੱਤਪਾਲ ਗਰਗ, ਕੇਵਲ ਕ੍ਰਿਸ਼ਨ ਮੈਨੇਜਰ, ਧੀਰਜ ਗੋਇਲ ਜਨਰਲ ਸਕੱਤਰ ਯੂਥ ਵਿੰਗ,ਯੋਗੇਸ਼ ਗਰਗ ਪ੍ਰਧਾਨ ਯੂਥ ਵਿੰਗ, ਰਾਮ ਕਮਾਰ ਭੁਟਾਲੀਆ, ਰਾਜਨ ਹੋਡਲਾ, ਯਸ਼ਪਾਲ ਸਿੰਗਲਾ, ਨਰੇਸ਼ ਸਿੰਗਲਾ, ਸੰਜੀਵ ਜਿੰਦਲ, ਮੁਨੀਸ਼ ਮੋਨੂੰ ਗਰਗ, ਚਿਰਾਗ ਗਰਗ, ਅਜੈ ਜਿੰਦਲ ਮਸਤਾਨੀ, ਕਾਲਾ ਨਾਗਰਾ, ਰਾਕੇਸ਼ ਕਾਕਾ, ਰਾਜੀਵ ਬਿੱਟੂ, ਰਾਕੇਸ਼ ਗਰਗ, ਗਿਰਧਾਰੀ ਲਾਲ ਜਿੰਦਲ, ਪ੍ਰਵੇਸ਼ ਕਾਂਸਲ, ਹਿਤੇਸ਼ ਗੁਪਤਾ, ਮਹਿੰਦਰ ਜੈਨ, ਸਤੀਸ਼ ਮਿੱਤਲ, ਗੌਰਵ ਜਨਾਲੀਆ, ਵੇਦ ਜਨਾਲੀਆ, ਪਵਨ ਸੈਕਟਰੀ, ਬਿੰਦਰ ਪਾਲ, ਮਦਨ ਲਾਲ ਮਾਨਾ, ਧਰਮ ਪਾਲ ਗਰਗ ਛਾਹੜੀਆ, ਡਾ, ਵਿਜੈ ਗਰਗ ਮਾਇਆ ਗਾਰਡਨ, ਛੱਜੂ ਰਾਮ, ਗਿਆਨ ਚੰਦ ਗੁਪਤਾ, ਆਰ,ਡੀ ਕਾਂਸਲ, ਕੇਸ਼ਵ ਜੈਨ, ਮਿੰਟੂ ਜਿੰਦਲ ਜਖੇਪਲ, ਖਿਆਤੀ ਜਿੰਦਲ ਸਮੇਤ ਭਾਰੀ ਗਿਣਤੀ 'ਚ ਅਗਰਵਾਲ ਭਾਈਚਾਰਾ ਹਾਜ਼ਰ ਸਨ।



# ਸੁਪਰੀਮ ਕਾਨਵੈਂਟ ਸਕੂਲ 'ਚ ਸਟੂਡੈਂਟ ਕੌਂਸਲ ਦਾ ਸਹੁੰ ਚੁੱਕ ਸਮਾਗਮ

**ਹਠੂਰ (ਨਛੱਤਰ ਸੰਧੂ)** ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿੱਚ ਸਟੂਡੈਂਟ ਕੌਂਸਲ ਦਾ ਗਠਨ ਕੀਤਾ ਗਿਆ, ਜਿਸ ਵਿੱਚ ਸਾਰੀ ਹੀ ਸਟੂਡੈਂਟ ਕੌਂਸਲ ਦੇ ਵਿਦਿਆਰਥੀਆਂ ਨੇ ਬਹੁਤ ਹੀ ਅਨੁਸ਼ਾਸਨਿਕ ਤਰੀਕੇ ਦੇ ਨਾਲ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਵਿੱਚ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਲੈਂਪ ਜਗਾ ਕੇ ਕੀਤੀ।ਉਸ ਤੋਂ ਉਪਰੰਤ ਸਕੂਲ ਦਾ ਝੰਡਾ ਲਹਿਰਾਇਆ ਗਿਆ। ਇਸ ਕੌਂਸਲ ਵਿੱਚ ਵੱਖ-ਵੱਖ ਚੁਣੇ ਗਏ ਵਿਦਿਆਰਥੀਆਂ ਨੂੰ ਬੈਜ ਦੇ ਕੇ ਸਨਮਾਨਤ ਕੀਤਾ ਗਿਆ।

ਸਕੂਲ ਹੈੱਡ ਲੜਕਿਆਂ 'ਚੋਂ ਗੌਰਵ ਅਤਰੀ ਕਲਾਸ ਬਾਰਵੀਂ ਕਾਮਰਸ ਨੂੰ ਚੁਣਿਆ ਗਿਆ। ਲੜਕੀਆਂ ਵਿੱਚੋਂ ਹੈੱਡ ਬਾਰ੍ਹਵੀਂ ਸਾਇੰਸ ਦੀ ਵਿਦਿਆਰਥਣ ਮਹਿਕਪ੍ਰੀਤ ਕੌਰ ਨੂੰ ਚੁਣਿਆ ਗਿਆ।ਇਸ ਤੋਂ ਇਲਾਵਾ ਹਾਊਸ ਦੇ ਕੈਪਟਨ ਤੇ ਵਾਈਸ ਕੈਪਟਨ ਨੂੰ ਵੀ ਬੈਜ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਵਿੱਚ ਅਨੁਸ਼ਾਸਨ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਲਈ ਅਨੁਸ਼ਾਸਨ ਦੇ ਲਈ ਇੰਚਾਰਜ ਵਿਦਿਆਰਥੀ ਵੀ ਚੁਣੇ ਗਏ।ਇਸ ਮੌਕੇ ਬੈਂਡ ਗਰੁੱਪ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ।ਜੇ ਉਧਰ ਅਧਿਆਪਕਾਂ ਦੀ ਗੱਲ ਕੀਤੀ ਜਾਵੇ ਤਾਂ ਵੱਖ-ਵੱਖ ਵਿਭਾਗਾਂ ਦੇ ਮੁਖੀ ਚੁਣੇ ਗਏ ਅਤੇ ਵੱਖ-ਵੱਖ ਹਾਊਸ ਇੰਚਾਰਜ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਕਲਾਸ ਮੋਨੀਟਰਾਂ ਨੂੰ ਵੀ ਬੈਜ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਗੁਰਕਮਲ ਸਿੰਘ ਤੇ ਮਨਵੀਰ ਕੌਰ ਕਲਾਸ ਨੌਵੀਂ ਨੂੰ ਓਲੰਪੀਅਡ ਲੈਵਲ-2 ਵਿੱਚ ਵਿੱਚ ਉੱਘਾ ਪ੍ਰਦਰਸ਼ਨ ਕਰਨ ਤੇ ਮੈਡਲ ਨਾਲ ਸਨਮਾਨਤ ਕੀਤਾ ਗਿਆ



## ਅੰਗਹੀਣਾਂ ਨੂੰ ਆਪਣੇ ਹੱਕਾਂ ਲਈ ਸੰਘਰਸ਼ ਵਿੱਢਣ ਦਾ ਸੱਦਾ

**ਮਾਨਸਾ (ਆਤਮਾ ਸਿੰਘ ਪਮਾਰ)** ਫਿਜ਼ੀਕਲੀ ਹੈਂਡੀਕੈਪਡ ਐਸੋਸੀਏਸ਼ਨ ਦੇ ਪ੍ਰਧਾਨ ਅਵਿਨਾਸ਼ ਸ਼ਰਮਾ ਨੇ ਸੂਬੇ ਭਰ ਦੇ ਅੰਗਹੀਣ ਵਰਗ ਨੂੰ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਜੀਵਨ ਜਿਉਣ ਲਈ ਲੋੜੀਂਦੇ ਬੁਨਿਆਦੀ ਹੱਕ ਹਾਸਲ ਕਰਨ ਵਾਸਤੇ ਸਮੂਹਿਕ ਕੋਸ਼ਿਸ਼ ਤੇ ਏਕਤਾ ਬਹੁਤ ਜ਼ਰੂਰੀ ਹੈ। ਸ਼ਰਮਾ ਨੇ ਕਿਹਾ ਕਿ ਸੂਬੇ ਦੇ ਅੰਗਹੀਣਾਂ ਨੂੰ ਸਧਾਰਨ ਵਿਅਕਤੀਆਂ ਦੇ ਬਰਾਬਰ ਦਾ ਮਾਣ-ਸਤਿਕਾਰ ਦੇਣ 'ਚ ਅਸਫਲ ਰਹੀ 'ਆਪ' ਸਰਕਾਰ ਕੀਤੇ ਵਾਅਦਿਆਂ ਅਤੇ ਮੰਗਾਂ ਪੂਰੀਆਂ ਕਰਨ ਤੋਂ ਟਾਲਾ ਵੱਟ ਰਹੀ ਹੈ, ਸਿੱਟੇ ਵਜੋਂ ਅੰਗਹੀਣ ਆਪਣੀ ਜ਼ਿੰਦਗੀ ਦੀਆਂ ਆਰਥਿਕ ਮੁਸ਼ਕਲਾਂ, ਰੁਜ਼ਗਾਰ, ਬਿਮਾਰੀ, ਸਮਾਜਿਕ ਤਣਾਅ ਆਦਿ ਚਿੰਤਾਵਾਂ 'ਚ ਬੁਰੀ ਤਰ੍ਹਾਂ ਘਿਰ ਗਏ ਹਨ ਅਤੇ ਹਕੂਮਤਾਂ ਵੱਲੋਂ ਸਥਾਪਤ ਆਰਥਿਕ ਪ੍ਰਬੰਧ ਕਾਰਨ ਕੀਤੀਆਂ ਦੁਸ਼ਵਾਰੀ ਭਰੀਆਂ ਹਾਲਤਾਂ ਨਾਲ ਉਨ੍ਹਾਂ ਨੂੰ ਦੋ-ਚਾਰ ਹੋਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਅੰਗਹੀਣਾਂ ਲਈ ਬਹੁਤ ਹੀ ਨਿਰਾਸ਼ਾਜਨਕ ਸਥਿਤੀ ਹੈ ਕਿ ਜਿਸ ਸਰਕਾਰ ਨੂੰ ਸੱਤਾ 'ਚ ਲਿਆਉਣ ਲਈ ਉਨ੍ਹਾਂ ਦਿਨ-ਰਾਤ ਇੱਕ ਕੀਤਾ, ਉਹੀ ਸਰਕਾਰ ਉਨ੍ਹਾਂ ਦੀਆਂ ਹੱਕੀ ਮੰਗਾਂ ਪ੍ਰਤੀ ਅੜੀਅਲ ਰਵੱਈਆ ਅਪਣਾ ਰਹੀ ਹੈ।ਚੋਣ ਵਾਅਦਿਆਂ ਤੋਂ ਪ੍ਰਭਾਵਤ ਹੋ ਕੇ ਅੰਗਹੀਣ ਵਰਗ ਨੇ ਇਸ ਉਮੀਦ ਨਾਲ ਬਦਲਾਅ ਦਾ ਸਾਥ ਦਿੱਤਾ ਸੀ ਕਿ ਸ਼ਾਇਦ ਹੁਣ ਉਨ੍ਹਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਨਹੀਂ ਉਤਰਨਾ ਪਵੇਗਾ, ਪਰ ਪੰਜਾਬ ਸਰਕਾਰ ਵੱਲੋਂ ਚਾਰ ਸਾਲ ਬੀਤਣ ਮਗਰੋਂ ਵੀ ਅੰਗਹੀਣ ਵਰਗ ਦੇ ਹਿੱਤ 'ਚ ਕੋਈ ਵੀ ਫੈਸਲਾ ਨਹੀਂ ਕਰ ਰਹੀ।

# ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਬਾਰ੍ਹਵੀਂ ਦੇ ਨਤੀਜੇ ਸ਼ਾਨਦਾਰ

**ਬਾਘਾ ਪੁਰਾਣਾ (ਮਨੀ ਸਿੰਗਲਾ)** ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ 'ਚ ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਵੱਖ-ਵੱਖ ਸਟਰੀਮਾਂ ਵਿਚ ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕਰਕੇ ਆਪਣੀ ਮਿਹਨਤ ਅਤੇ ਲਗਨ ਦਾ ਪ੍ਰਮਾਣ ਦਿੱਤਾ।ਕਾਮਰਸ ਸਟਰੀਮ ਵਿਚ ਜੀਵਨਜੋਤ ਸਿੰਘ ਪੁੱਤਰ ਰਣਜੀਤ ਸਿੰਘ ਨੇ 95.20 ਫ਼ੀਸਦੀ ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਹਰਮਨਦੀਪ ਕੌਰ ਪੁੱਤਰੀ ਕਰਮਜੀਤ ਸਿੰਘ ਨੇ 91.16 ਫ਼ੀਸਦੀ ਨਾਲ ਦੂਸਰਾ ਸਥਾਨ ਹਾਸਲ ਕੀਤਾ, ਜਦਕਿ ਕਰਨਵੀਰ ਸਿੰਘ ਬਰਾੜ ਪੁੱਤਰ ਬਲਜੀਤ ਸਿੰਘ ਬਰਾੜ ਨੇ 88.2 ਫ਼ੀਸਦੀ ਨਾਲ ਤੀਸਰਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸੁਖਪ੍ਰੀਤ ਕੌਰ (85.8ਫੀਸਦੀ), ਸੋਨਪ੍ਰੀਤ ਕੌਰ (82.2ਫੀਸਦੀ), ਵੀਰਪਾਲ ਕੌਰ (72.4 ਫੀਸਦੀ) ਤੇ ਨਵਜੋਤ ਸਿੰਘ (71.8ਫੀਸਦੀ) ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ।ਮੈਡੀਕਲ ਸਟਰੀਮ ਵਿਚ ਜਸਮੀਨ ਕੌਰ ਪੁੱਤਰੀ ਹਰਿੰਦਰ ਸਿੰਘ ਨੇ 89.4 ਫ਼ੀਸਦੀ ਅੰਕ ਹਾਸਲ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਆਰਟਸ ਸਟਰੀਮ ਵਿਚ ਮਹੇਸ਼ਇੰਦਰਪਾਲ ਪੁੱਤਰ ਇਕਬਾਲ ਸਿੰਘ ਨੇ 77 ਫ਼ੀਸਦੀ ਤੇ ਹਰਮੀਨ ਕੌਰ ਪੁੱਤਰੀ ਇੰਦਰਜੀਤ ਸਿੰਘ ਨੇ 70 ਫ਼ੀਸਦੀ ਅੰਕ ਪ੍ਰਾਪਤ ਕੀਤੇ।ਇਸ ਤਰ੍ਹਾਂ ਸਮੂਹ ਸਟਰੀਮਾਂ ਵਿਚ ਵਿਦਿਆਰਥੀਆਂ ਨੇ 70 ਤੋਂ 95 ਫ਼ੀਸਦੀ ਤੱਕ ਅੰਕ ਲੈ ਕੇ ਉਤਕ੍ਰਿਸ਼ਟ ਪ੍ਰਦਰਸ਼ਨ ਕੀਤਾ।ਵਿਸ਼ਾ-ਵਾਰ ਅੰਕਾਂ 'ਚ ਵੀ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪੰਜਾਬੀ ਵਿਚ ਵੱਧ ਤੋਂ ਵੱਧ 99 ਅੰਕ, ਅੰਗਰੇਜ਼ੀ ਵਿੱਚ 90, ਬਿਜ਼ਨੈੱਸ ਸਟੱਡੀ ਵਿਚ 94, ਇਕਨਾਮਿਕਸ ਵਿਚ 96, ਅਕਾਊਂਟ 'ਚ 98, ਬਾਇਓਲੋਜੀ ਵਿਚ 90, ਕੈਮਿਸਟਰੀ ਵਿਚ 89 ਤੇ ਯੋਗਾ ਵਿਚ 97 ਅੰਕ ਪ੍ਰਾਪਤ ਹੋਏ।ਸਕੂਲ ਵਿਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।ਪ੍ਰਿੰਸੀਪਲ ਜੀਨਮ ਮੈਡਮ ਅਤੇ ਚੇਅਰਮੈਨ ਮਨੋਜ਼ ਕੁਮਾਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਮੂੰਹ ਮਿੱਠਾ ਕਰਾਇਆ। ਪ੍ਰਿੰਸੀਪਲ ਨੇ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਕੜੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।




# ਆਰ ਟੀ ਆਈ ਸੈੱਲ ਦੇ ਕੋ-ਕਨਵੀਨਰ ਬਣੇ ਐਡਵੋਕੇਟ ਅਮਿਤ ਦਾ ਸਨਮਾਨ

**ਬਾਘਾ ਪੁਰਾਣਾ (ਮਨੀ ਸਿੰਗਲਾ)-** ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਐਡਵੋਕੇਟ ਅਮਿਤ ਅਗਰਵਾਲ ਨੂੰ ਪਾਰਟੀ ਦੇ ਆਰ ਟੀ ਆਈ ਸੈੱਲ ਦਾ ਕੋ-ਕਨਵੀਨਰ ਨਿਯੁਕਤ ਕੀਤੇ ਜਾਣ ਤੋਂ ਬਾਅਦ ਮੋਗਾ ਜ਼ਿਲ੍ਹੇ ਭਰ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲ ਰਹੀ ਹੈ।ਇਸ ਨਿਯੁਕਤੀ ਨੂੰ ਲੈ ਕੇ ਪਾਰਟੀ ਵਰਕਰਾਂ, ਵਪਾਰੀਆਂ, ਸਮਾਜ ਸੇਵੀਆਂ ਤੇ ਵੱਖ-ਵੱਖ ਵਰਗਾਂ ਦੇ ਲੋਕਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਕੀਤਾ ਜਾ ਰਿਹਾ ਹੈ।ਇਸ ਖੁਸ਼ੀ ਦੇ ਮੌਕੇ 'ਤੇ ਮੋਗਾ ਸ਼ਹਿਰ ਦੇ ਉੱਘੇ ਵਪਾਰੀਆਂ, ਪ੍ਰਮੁੱਖ ਸਮਾਜ ਸੇਵੀਆਂ, ਧਾਰਮਿਕ ਆਗੂਆਂ ਤੇ ਵੱਖ-ਵੱਖ ਸੰਸਥਾਵਾਂ ਨਾਲ ਸੰਬੰਧਤ ਵਿਅਕਤੀਆਂ ਵੱਲੋਂ ਬਾਘਾ ਪੁਰਾਣਾ ਪਹੁੰਚ ਕੇ ਐਡਵੋਕੇਟ ਅਮਿਤ ਅਗਰਵਾਲ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਸਨਮਾਨ ਸਮਾਗਮ ਦੌਰਾਨ ਚੇਅਰਮੈਨ ਤੇ ਪ੍ਰਸਿੱਧ ਸਮਾਜ ਸੇਵੀ ਪ੍ਰਵੀਨ ਗਰਗ, ਯੂਥ ਅਗਰਵਾਲ ਸਭਾ ਮੋਗਾ ਦੇ ਪ੍ਰਧਾਨ ਰਿਸ਼ੂ ਅਗਰਵਾਲ ਤੇ ਹਾਜ਼ਰ ਸ਼ਖਸੀਅਤਾਂ ਨੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰ ਕੇ ਵਧਾਈਆਂ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਸਨਮਾਨ ਸਮਾਗਮ ਵਿੱਚ ਮੋਗਾ ਤੋਂ ਆਈਐੱਸਐੱਫ ਕਾਲਜ ਦੇ ਚੇਅਰਮੈਨ ਤੇ ਪ੍ਰਸਿੱਧ ਸਮਾਜ ਸੇਵੀ ਪ੍ਰਵੀਨ ਗਰਗ, ਯੂਥ ਅਗਰਵਾਲ ਸਭਾ ਮੋਗਾ ਦੇ ਪ੍ਰਧਾਨ ਰਿਸ਼ੂ ਅਗਰਵਾਲ, ਸਾਲਾਸਰ ਬਾਲਾਜੀ ਧਾਮ ਮੋਗਾ ਦੇ ਸਰਪ੍ਰਸਤ ਅਵਤਾਰ, ਅਮਿਤ ਮਿੱਤਲ, ਰਜਨੀਸ਼ ਸਿੰਗਲਾ, ਰਜਤ ਬਾਂਸਲ (ਪੰਕਜ ਮੋਟਰਜ਼), ਪ੍ਰਿੰਸ ਕੁਮਾਰ, ਅਸ਼ਿਮ ਸਿੰਗਲਾ, ਚੰਨਾ ਕੁਮਾਰ, ਸਿਮਰ ਕੁਮਾਰ ਤੇ ਦੀਪਕ ਰਾਵਲ ਸਮੇਤ ਕਈ ਪ੍ਰਮੁੱਖ ਵਪਾਰੀ, ਸਮਾਜ ਸੇਵੀ ਤੇ ਨੌਜਵਾਨ ਹਾਜ਼ਰ ਸਨ।ਸਭ ਨੇ ਇਕਜੁੱਟ ਹੋ ਕੇ ਐਡਵੋਕੇਟ ਅਮਿਤ ਅਗਰਵਾਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ 'ਤੇ ਉਠਾਉਣ ਲਈ ਜਾਣੇ ਜਾਂਦੇ ਹਨ ਤੇ ਹਰ ਸਮੇਂ ਲੋਕਾਂ ਦੇ ਹੱਕਾਂ ਲਈ ਖੜ੍ਹੇ ਰਹਿੰਦੇ ਹਨ।ਚੇਅਰਮੈਨ ਪ੍ਰਵੀਨ ਗਰਗ ਤੇ ਪ੍ਰਧਾਨ ਰਿਸ਼ੂ ਅਗਰਵਾਲ ਨੇ ਕਿਹਾ ਕਿ ਭਾਜਪਾ ਪੰਜਾਬ ਵੱਲੋਂ ਦਿੱਤੀ ਗਈ ਇਹ ਜ਼ਿੰਮੇਵਾਰੀ ਸਿਰਫ਼ ਐਡਵੋਕੇਟ ਅਮਿਤ ਅਗਰਵਾਲ ਲਈ ਹੀ ਨਹੀਂ, ਸਗੋਂ ਮੋਗਾ ਤੇ ਬਾਘਾ ਪੁਰਾਣਾ ਇਲਾਕੇ ਲਈ ਵੀ ਮਾਣ ਵਾਲੀ ਗੱਲ ਹੈ।ਅਖੀਰ ਵਿੱਚ ਐਡਵੋਕੇਟ ਅਮਿਤ ਅਗਰਵਾਲ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਸਮਰਪਣ ਨਾਲ ਨਿਭਾਉਣਗੇ ਤੇ ਲੋਕਾਂ ਦੀ ਸੇਵਾ ਨੂੰ ਹੀ ਆਪਣੀ ਪਹਿਲੀ ਤਰਜੀਹ ਬਣਾਈ ਰੱਖਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਤੇ ਇਲਾਕਾ ਵਾਸੀਆਂ ਨੇ ਹਾਜ਼ਰੀ ਲਗਵਾ ਕੇ ਆਪਣੇ ਸਮਰਥਨ ਦਾ ਪ੍ਰਗਟਾਵਾ ਕੀਤਾ।



## ਰਾਮਪੁਰ ਗੁੱਜਰਾਂ ਦੀ ਪਿੰਡ ਇਕਾਈ ਦੀ ਚੋਣ



**ਦਿੜ੍ਹਬਾ (ਜਸਵੀਰ ਲਾਡੀ)** ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਬਲਾਕ ਦਿੜ੍ਹਬਾ ਦੇ ਪਿੰਡ ਇਕਾਈ ਰਾਮਪੁਰ ਗੁੱਜਰਾਂ ਦੀ ਪਿੰਡ ਇਕਾਈ ਦੀ ਚੋਣ ਦਿੜ੍ਹਬਾ ਦੇ ਬਲਾਕ ਪ੍ਰਧਾਨ ਨਾਇਬ ਸਿੰਘ ਗੁੱਜਰਾਂ ਦੀ ਅਗਵਾਈ ਹੇਠ ਪਿੰਡ ਦੀ ਸਾਂਝੀ ਜਗ੍ਹਾ ਪਾਰਕ ਵਿਖੇ ਪਿੰਡ ਦੇ ਪਤਵੰਤੇ ਸੱਜਣਾਂ ਦੀ ਹਾਜ਼ਰੀ ਵਿੱਚ ਸਰਬਸੰਮਤੀ ਨਾਲ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਚੋਣ ਕੀਤੀ ਗਈ। ਇਸ ਚੋਣ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਆਗੂ ਗੁਰਮੇਲ ਸਿੰਘ ਕੈਪਰ ਨੇ ਸ਼ਿਰਕਤ ਕੀਤੀ। ਸਮੂਹ ਨਗਰ ਨਿਵਾਸੀਆਂ ਵੱਲੋਂ ਪ੍ਰਧਾਨ ਜਗਦੀਸ਼ ਸਿੰਘ, ਮੀਤ ਪ੍ਰਧਾਨ ਬਲਵੀਰ ਸਿੰਘ, ਜਨਰਲ ਸਕੱਤਰ ਜਸਵੀਰ ਸਿੰਘ, ਖਜ਼ਾਨਚੀ ਪ੍ਰੇਮ ਸਿੰਘ, ਸਹਾਇਕ ਖਜ਼ਾਨਚੀ ਪ੍ਰੀਤਮ ਸਿੰਘ, ਸਤਿਨਾਮ ਸਿੰਘ, ਪ੍ਰੈਸ ਸਕੱਤਰ ਸੁਖਵਿੰਦਰ ਸਿੰਘ, ਸੰਗਠਨ ਸਕੱਤਰ ਜੀਵਨ ਸਿੰਘ, ਪ੍ਰਚਾਰ ਸਕੱਤਰ ਅਮਰਜੀਤ ਸਿੰਘ, ਮੁੱਖ ਸਲਾਹਕਾਰ ਕੁਲਦੀਪ ਸਿੰਘ ਤੇ ਕਮੇਟੀ ਮੈਂਬਰ ਲਵਪ੍ਰੀਤ ਸਿੰਘ, ਕੁਲਦੀਪ ਸਿੰਘ, ਗੁਰਦੀਪ ਸਿੰਘ, ਸੁੱਚਾ ਸਿੰਘ, ਗੁਰਮੇਲ ਸਿੰਘ, ਵਜ਼ੀਰ ਸਿੰਘ ਤੇ ਕਰਤਾਰ ਸਿੰਘ ਨੂੰ ਚੁਣਿਆ ਗਿਆ।

# ਕਿਸਾਨ ਜਥੇਬੰਦੀਆਂ ਨੇ ਰਾਜਪਾਲ ਤੇ ਭਾਜਪਾ ਦਾ ਫੂਕਿਆ ਪੁਤਲਾ



**ਨੰਗਲ :** ਚੰਡੀਗੜ੍ਹ ਵਿਖੇ ਕਿਸਾਨਾਂ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੇ ਅੰਨੇ ਤਸ਼ੱਦਦ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਨੇ ਪੰਜਾਬ ਦੇ ਰਾਜਪਾਲ ਤੇ ਭਾਜਪਾ ਦਾ ਤਹਿਸੀਲ ਕੰਪਲੈਕਸ ਮੂਹਰੇ ਪੁਤਲਾ ਫੂਕ ਕੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਤੇ ਕਿਸਾਨ ਆਗੂਆਂ ਨੇ ਕਿਹਾ ਕਿ ਮੋਹਾਲੀ ਦੇ ਨੇਚਰ ਪਾਰਕ ਫੇਸ ਅੱਠ ਵਿੱਚ ਕਿਸਾਨਾਂ ਦਾ ਪੰਜਾਬ ਦੇ ਪਾਣੀਆਂ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਬੀਬੀਐਮਬੀ ਸਮੇਤ ਖੇਤੀ ਬਾੜੀ ਨਾਲ ਸਬੰਧਿਤ ਮਸਲਿਆਂ ਦੇ ਹੱਲ ਲਈ ਭਾਰੀ ਇਕੱਠ ਕਰਕੇ ਪੰਜਾਬ ਤੇ ਰਾਜਪਾਲ ਨੂੰ ਮੰਗ ਪੱਤਰ ਦੇਣਾ ਸੀ। ਪਰ ਪ੍ਰਸ਼ਾਸਨ ਨੇ ਮੰਗ ਪੱਤਰ ਦੀ ਲੈਣ ਦੀ ਬਜਾਏ, ਜਦੋਂ ਕਿਸਾਨਾਂ ਨੇ ਚੰਡੀਗੜ੍ਹ ਨੂੰ ਮਾਰਚ ਸ਼ੁਰੂ ਕੀਤਾ ਤਾਂ ਬੈਰੀਕੇਡ ਲਗਾ ਦਿੱਤੇ ਗਏ ਅਤੇ ਕਿਸਾਨਾਂ ਤੇ ਪਾਣੀ ਦੀਆਂ ਵਿਛਾੜਾਂ, ਅਥਰੂ ਗੈਸ ਦੇ ਗੋਲੇ, ਅੰਨੇਵਾਹ ਲਾਠੀ ਚਾਰਜ ਕਰਕੇ ਕਈ ਕਿਸਾਨਾਂ ਨੂੰ ਜਖਮੀ ਕਰ ਦਿੱਤਾ ਜਿਸ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਨੇ ਸਾਰੇ ਪੰਜਾਬ ਦੇ ਵਿੱਚ ਪੰਜਾਬ ਦੇ ਰਾਜਪਾਲ ਅਤੇ ਭਾਜਪਾ ਦੇ ਪੁਤਲੇ ਫੂਕਣ ਦਾ ਸੱਦਾ ਦਿੱਤਾ ਗਿਆ ਸੀ। ਜਿਸ ਦੇ ਤਹਿਤ ਇੱਥੇ ਪੁਤਲਾ ਫੂਕ ਕੇ ਰੋਸ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸਕੱਤਰ ਗੁਰਨਾਮ ਸਿੰਘ ਔਲਖ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਦੇ ਕਿਸਾਨਾਂ ਤੇ ਲਗਾਤਾਰ ਹਮਲੇ ਕਰ ਰਹੀ ਹੈ। ਪੰਜਾਬ ਦੇ ਦਰਿਆਵਾਂ ਪਾਣੀਆਂ ਨੂੰ ਆਪਣੇ ਕੋਲ ਲੈ ਕੇ ਪੰਜਾਬ ਦਾ ਹੱਕ ਖੋਹ ਰਹੀ ਹੈ। ਸੂਬੇ ਦੇ ਵਿੱਚ ਪਾਣੀ ਦਾ ਪੱਧਰ ਲਗਾਤਾਰ ਥੱਲੇ ਜਾ ਰਿਹਾ ਤੇ ਧਰਤੀ ਦਾ ਪਾਣੀ ਜਹਰੀਲਾ ਹੋ ਗਿਆ ਹੈ। ਕੇਂਦਰ ਦੀ ਸਰਕਾਰ ਬੀ ਬੀ ਐੱਮ ਬੀ ਨੂੰ ਆਪਣੇ ਹੱਥਾਂ ਵਿੱਚ ਲੈ ਕੇ ਪੰਜਾਬ ਤੇ ਹੋਰ ਸੂਬਿਆਂ ਦੇ ਹੱਕ ਖੋਹ ਰਹੀ ਹੈ। ਉਹਨਾਂ ਨੇ ਕਿਹਾ ਕਿ ਕਿਸਾਨ ਤਾਂ ਇਹੀ ਮੰਗ ਕਰ ਰਹੇ ਕਿ ਹਰ ਖੇਤ ਨੂੰ ਪਾਣੀ ਦਿੱਤਾ ਜਾਵੇ, ਹਰ ਘਰ ਨੂੰ ਸਾਫ ਪਾਣੀ ਪੀਣ ਲਈ ਦਿੱਤਾ ਜਾਵੇ ਤਾਂ ਜੋ ਪਾਣੀ ਦਾ ਪੱਧਰ ਜਿਹੜਾ ਲਗਾਤਾਰ ਥੱਲੇ ਜਾ ਰਿਹਾ ਉਸ ਨੂੰ ਰੋਕਿਆ ਜਾਵੇ ਤੇ ਪੰਜਾਬ ਵਿੱਚ ਕਈ ਭਿਆਨਕ ਰੋਗ ਫੈਲ ਰਹੇ ਹਨ। ਉਹਨਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਦੇ ਰਾਜਪਾਲ ਨੇ ਕਿਸਾਨਾਂ ਦਾ ਮੰਗ ਪੱਤਰ ਲੈਣਾ ਵੀ ਚੰਗਾ ਨਹੀਂ ਸਮਝਿਆ ਤੇ ਕਿਸਾਨਾਂ ਤੇ ਲਾਠੀ ਚਾਰ ਕਰਕੇ ਕਿਸਾਨਾਂ ਨੂੰ ਜੇਲਾਂ ਦੇ ਵਿੱਚ ਡੱਕ ਦਿੱਤਾ ਗਿਆ। ਕਿਸਾਨ ਮੰਗ ਕਰ ਰਹੇ ਸਨ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ। ਇਸ 'ਤੇ ਪੰਜਾਬ ਦਾ ਹੱਕ ਹੈ। ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦਿਤੇ ਜਾਣ।ਇਸ ਮੌਕੇ ਤੇ ਹੋਰਨਾ ਤੋਂ ਇਲਾਵਾ ਮਹਿੰਦਰ ਸਿੰਘ ਸੰਗਤਪੁਰ, ਦਵਿੰਦਰ ਨੰਗਲੀ, ਹਰਵੰਤ ਸਿੰਘ, ਸੁਸ਼ੀਲ ਕੁਮਾਰ, ਗੁਲਜਾਰ ਸਿੰਘ, ਤਰਸੇਮ ਲਾਲ ਸੁਖਸਾਲ, ਸੁਰਜੀਤ ਸਿੰਘ ਨੰਗਲ, ਕੇਵਲ ਕ੍ਰਿਸ਼ਨ, ਅਸ਼ੋਕ ਕੁਮਾਰ ਢੇਰ, ਡਾਕਟਰ ਪਵਨ ਸ਼ਰਮਾ, ਤਿਲਕ ਰਾਜ ਵੀ ਹਾਜ਼ਰ ਸਨ।

# ਜ਼ਮੀਨੀ ਵਿਵਾਦ ਨੂੰ ਲੈ ਕੇ ਇੱਕੋ ਪਰਵਾਰ ਦੇ 3 ਜੀਅ ਜ਼ਖਮੀ, ਹਮਲਾਵਰਾਂ ਖਿਲਾਫ ਮਾਮਲਾ ਦਰਜ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਪੁਲਸ ਨੇ ਬੀਤੇ ਦਿਨ ਪਿੰਡ ਸਹੇੜੀ ਵਿੱਚ ਦੋ ਭਰਾਵਾਂ ਦਰਮਿਆਨ ਜ਼ਮੀਨ ਜਾਇਦਾਦ ਦੇ ਝਗੜੇ ਨੂੰ ਲੈ ਕੇ ਹੋਈ ਲੜਾਈ ਵਿੱਚ ਵੱਡੇ ਭਰਾ ਵੱਲੋਂ ਆਪਣੇ ਹਥਿਆਰਬੰਦ ਸਾਥੀਆਂ ਨਾਲ ਛੋਟੇ ਭਰਾ ਸਮੇਤ ਉਸਦੇ ਬੇਟਾ ਅਤੇ ਬੇਟੀ ਨੂੰ ਵੀ ਤੇਜ ਧਾਰ ਹਥਿਆਰਾਂ ਨਾਲ ਗੰਭੀਰ ਰੂਪ ਵਿੱਚ ਜ਼ਖਮੀ ਕਰ ਦੇਣ ਸਬੰਧੀ ਦੋ ਅਣਪਛਾਤੀਆਂ ਸਮੇਤ ਨੌ ਹੋਰ ਵਿਅਕਤੀਆਂ ਤੇ ਬੀ ਐੱਨ ਐੱਸ ਦੀਆਂ ਵੱਖ-ਵੱਖ ਧਨਾਵਾਂ ਅਧੀਨ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ ਐਚ ਓ ਇੰਸਪੈਕਟਰ ਗਗਨਦੀਪ ਸਿੰਘ ਨੇ ਦੱਸਿਆ ਕਿ ਬਲਵੀਰ ਸਿੰਘ ਪੁੱਤਰ ਅਜੀਤ ਸਿੰਘ ਬਾਸੀ ਪਿੰਡ ਸਹੇੜੀ ਵੱਲੋਂ ਲਿਖਵਾਏ ਬਿਆਨ ਵਿੱਚ ਦੱਸਿਆ ਗਿਆ ਸੀ ਕਿ ਜ਼ਮੀਨ ਦੀ ਵੰਡ ਨੂੰ ਲੈ ਕੇ ਮੁਸ਼ਤਰਕਾ ਖਾਤਾ ਹੋਣ ਕਾਰਨ ਉਸ ਦਾ ਆਪਣੇ ਵੱਡੇ ਭਰਾ ਅਜੀਤ ਸਿੰਘ ਨਾਲ ਝਗੜਾ ਚਲਦਾ ਸੀ ਜਿਸ ਸਬੰਧੀ ਦਸੰਬਰ 2025 ਵਿੱਚ ਪਹਿਲਾਂ ਵੀ ਆਪਸੀ ਸਮਝੌਤਾ ਹੋ ਚੁੱਕਾ ਹੈ ਪ੍ਰੰਤੂ ਜਦੋ ਬੀਤੇ ਦਿਨ 1 ਮਈ ਨੂੰ ਉਹ ਆਪਣੇ ਬੇਟੇ ਨਾਲ ਜੇ ਸੀ ਬੀ ਮਸ਼ੀਨ ਨਾਲ ਧਰਤੀ ਵਿੱਚ ਪਾਇਪ ਪਾਉਣ ਲੱਗੇ ਤਾਂ ਉਸ ਦੇ ਵੱਡੇ ਭਰਾ ਅਜੀਤ ਸਿੰਘ ਨੇ ਆਪਣੇ ਲੜਕਿਆਂ/ ਪੋਤਿਆਂ ਤੇ ਹੋਰ ਅਣਪਛਾਤੇ ਹਥਿਆਰਬੰਦ ਹਮਲਾਵਰਾਂ ਨਾਲ ਕਿਰਪਾਨਾਂ ਨਾਲ ਹਮਲਾ ਕਰ ਦਿੱਤਾ ,ਜਿਸ ਕਾਰਨ ਉਨਾਂ ਦੇ ਸਿਰ , ਬਾਂਹਾਂ ਅਤੇ ਲੱਤਾਂ ਤੇ ਕੱਟ ਲੱਗਣ ਕਾਰਨ ਉਹ, ਉਸਦਾ ਲੜਕਾ ਤੇ ਲੜਕੀ ਲਹੂ ਲੁਹਾਨ ਹੋ ਗਏ। ਤੇ ਉਸ ਦੇ ਕੱਪੜੇ ਪਾੜਨ ਦੀ ਕੋਸ਼ਿਸ਼ ਕੀਤੀ ਗਈ। ਪ੍ਰੰਤੂ ਪੁਲਿਸ ਦੇ ਹੂਟਰ ਸੁਣ ਕੇ ਅਤੇ ਉਨਾਂ ਵੱਲੋ ਚੀਕ ਚਿਹਾੜਾ ਪਾਉਣ ਨਾਲ ਪਿੰਡਾ ਵਾਸੀਆ ਦੇ ਇਕੱਠੇ ਹੋਣ ਤੇ ਸਾਰੇ ਹਮਲਾਵਰ ਉਨਾਂ ਨੂੰ ਗਾਲੀਗਲੋਚ ਕਰਦੇ ਹੋਏ ਜਾਨ ਤੋ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਆਪੋ ਆਪਣੇ ਹਥਿਆਰਾਂ ਸਮੇਤ ਮੌਕੇ ਤੋ ਫਰਾਰ ਹੋ ਗਏ।ਇੰਸਪੈਕਟਰ ਗਗਨਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਨੇ ?ਥਾਣਾ ਸਿਟੀ ਮੋਰਿੰਡਾ ਦੀ ਪੁਲਿਸ ਨੇ ਮੈਡੀਕਲ ਰਿਪੋਰਟਾਂ ਅਤੇ ਬਿਆਨਾਂ ਦੇ ਆਧਾਰ 'ਤੇ 9 ਨਾਮਜ਼ਦ ਵਿਅਕਤੀਆਂ (ਅਜੀਤ ਸਿੰਘ, ਕੁਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਸਿੰਘ, ਸੁਖਪਾਲ ਸਿੰਘ, ਗੁਰਸੇਵਕ ਸਿੰਘ, ਮਨਪ੍ਰੀਤ ਸਿੰਘ, ਮੈਂਡੀ ਅਤੇ ਸੈਡੀ ਸਮੇਤ 2-3 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ ਅਤੇ ਜਾਂਚ ਅਧਿਕਾਰੀ ਐਸ.ਆਈ.ਕਸ਼ਮੀਰੀ ਲਾਲ ਨੇ ਦੱਸਿਆ ਕਿ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਪੁਰਾਣੇ ਸਕੇਲ, ਪੈਨਸ਼ਨ ਤੇ ਭੱਤੇ ਬਹਾਲੀ ਲਈ ਸੂਬਾ ਰੈਲੀ ਤੇ ਚੰਡੀਗੜ੍ਹ ਵੱਲ ਮਾਰਚ ਹੁਣ 31 ਨੂੰ

**ਮੋਹਾਲੀ (ਗੁਰਜੀਤ ਬਿੱਲਾ)**-ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤਿਆਂ ਦੀ ਬਹਾਲੀ ਲਈ ਲਗਾਤਾਰ ਸੰਘਰਸ਼ ਕਰ ਰਹੇ ਮੋਰਚੇ ਵੱਲੋਂ ਮੁਲਾਜ਼ਮ ਮੰਗਾਂ ਨੂੰ ਲੈ ਕੇ 17 ਮਈ ਨੂੰ ਇੱਕ ਵਿਸ਼ਾਲ ਰੈਲੀ ਗੁਰਦੁਆਰਾ ਅੰਬ ਸਾਹਿਬ ਦੇ ਸਾਹਮਣੇ ਮੋਹਾਲੀ ਵਿਖੇ ਰੱਖੀ ਗਈ ਸੀ, ਜਿਸ ਉਪਰੰਤ ਮੁੱਖ ਮੰਤਰੀ ਪੰਜਾਬ ਦੇ



ਚੰਡੀਗੜ੍ਹ ਨਿਵਾਸ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਗਿਆ ਸੀ। ਪ੍ਰੰਤੂ ਪੰਜਾਬ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਮਿਊਂਸਪਲ ਚੋਣਾਂ ਦੇ ਮੱਦੇਨਜ਼ਰ, ਪ੍ਰਸ਼ਾਸਨ ਵੱਲੋਂ ਚੋਣ ਰਿਹਰਸਲਾਂ ਵੀ 17 ਮਈ ਨੂੰ ਹੀ ਰੱਖ ਦਿੱਤੀਆਂ ਗਈਆਂ। ਇਸ ਕਾਰਨ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਦੀਆਂ ਚੋਣ ਡਿਊਟੀਆਂ ਵਿੱਚੇ ਰੁੱਝੇ ਹੋਣ ਨੂੰ ਮੁੱਖ ਰੱਖਦਿਆਂ, ਮੋਰਚੇ ਦੀ ਅਹਿਮ ਮੀਟਿੰਗ ਮੋਰਚੇ ਦੇ ਸੂਬਾ ਆਗੂ ਵਿਕਰਮ ਦੇਵ ਸਿੰਘ ਦੀ ਪ੍ਰਧਾਨਗੀ ਵਿੱਚ ਕੀਤੀ ਗਈ ਅਤੇ ਫੈਸਲਾ ਕੀਤਾ ਗਿਆ ਕਿ 17 ਮਈ ਵਾਲੀ ਰੈਲੀ ਅਤੇ ਚੰਡੀਗੜ੍ਹ ਵੱਲ ਮਾਰਚ ਹੁਣ 31 ਮਈ ਨੂੰ ਪਹਿਲਾਂ ਮਿੱਥੇ ਸਥਾਨ ਅਤੇ ਰਣਨੀਤੀ ਅਨੁਸਾਰ ਹੀ ਪੂਰੇ ਜੋਸ਼ੋ-ਖਰੋਸ਼ ਨਾਲ ਕੀਤਾ ਜਾਵੇਗਾ।

## ਬਾਰ੍ਹਵੀਂ 'ਚ ਅਰਫ਼ਾਨ ਖਾਨ 93.6 ਫੀਸਦੀ ਅੰਕ ਹਾਸਲ ਕਰਕੇ ਰਿਹਾ ਅੱਵਲ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਬਾਰਵੀਂ ਜਮਾਤ ਦੇ ਐਲਾਨੇ ਨਤੀਜੇ ਵਿੱਚ ਸ਼ਹੀਦ ਕੈਪਟਨ ਸੁਰਜੀਤ ਸਿੰਘ ਮੈਮੋਰੀਅਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੂਰਮਾਜਰਾ ਜ਼ਿਲ੍ਹਾ ਰੂਪਨਗਰ ਦੇ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਮੱਲਾ ਮਾਰੀਆਂ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਜ਼ੀਰ ਮੁਹੰਮਦ ਪਿੰਡ ਬੂਰਮਾਜਰਾ ਨੇ ਦੱਸਿਆ ਕਿ ਮੇਰੇ ਪੁੱਤਰ ਅਰਫ਼ਾਨ ਖਾਨ ਨੇ 500 ਵਿੱਚੋਂ 468 ਅੰਕ ਹਾਸਲ ਕਰਕੇ ਸਕੂਲ ਵਿੱਚੋਂ ਪਹਿਲੇ ਸਥਾਨ ਤੇ ਆ ਕੇ ਜਿਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਉਥੇ ਉਹਨਾਂ ਆਪਣੇ ਮਾਪਿਆਂ ਦਾ ਨਾਮ ਵੀ ਰੌਸ਼ਨ ਕੀਤਾ ਹੈ। ਜਿੱਥੇ ਉਸ ਨੇ 93.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ਉਥੇ ਹੀ ਅਰਫ਼ਾਨ ਖਾਨ ਨੇ ਜਰਨਲ ਅੰਗਰੇਜ਼ੀ ਵਿੱਚ 90%, ਜਨਰਲ ਪੰਜਾਬੀ ਵਿੱਚ 94% ਹਿਸਟਰੀ ਵਿੱਚ 92%, ਫਿਜੀਕਲ ਐਜੂਕੇਸ਼ਨ ਐਂਡ ਸਪੋਰਟਸ ਵਿੱਚ 97% ਅਤੇ ਪੋਲੀਟੀਕਲ ਸਾਇੰਸ ਵਿੱਚ 95% ਅੰਕ ਪ੍ਰਾਪਤ ਕੀਤੇ ਹਨ। ਉਹਨਾਂ ਦੱਸਿਆ ਕਿ ਇਸ ਮੌਕੇ ਸਕੂਲ ਸਟਾਫ ਵੱਲੋਂ ਅਰਫ਼ਾਨ ਖਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮਾਪਿਆਂ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਲੱਡੂ ਵੰਡ ਕੇ ਪਿੰਡ ਵਾਸੀਆਂ ਦਾ ਮੂੰਹ ਮਿੱਠਾ ਕਰਵਾਇਆ।

## ਗੁਰਦੀਪ ਸਿੰਘ ਕੰਗ ਬਣੇ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਯੂਥ

**ਫਗਵਾੜਾ (ਡਾ. ਰਮਨ)**

ਸੈਵਨ ਸਟਾਰ ਦਰਜਾ ਪ੍ਰਾਪਤ ਲਾਇਨਜ ਕਲੱਬ ਫਗਵਾੜਾ ਪ੍ਰਾਈਡ ਦੇ ਚਾਰਟਰ ਪ੍ਰਧਾਨ ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੂੰ ਲਾਇਨਜ ਇੰਟਰਨੈਸ਼ਨਲ 321-ਡੀ ਦਾ



ਡਿਸਟ੍ਰਿਕਟ ਚੇਅਰਮੈਨ ਯੂਥ (2026-27) ਐਲਾਨਿਆ ਗਿਆ ਹੈ। ਇਸ ਸਬੰਧੀ ਸਰਟੀਫਿਕੇਟ ਉਹਨਾਂ ਨੂੰ 2026-27 ਦੇ ਇਲੈਕਟਡ ਡਿਸਟ੍ਰਿਕਟ ਗਵਰਨਰ ਲਾਇਨ ਜੀ ਐੱਸ ਭਾਟੀਆ ਵਲੋਂ ਲਾਇਨ ਕੰਗ ਦੇ ਦਫਤਰ ਕੰਗ ਇੰਟਰਪ੍ਰਾਈਜਿਜ ਸੈਂਟਰਲ ਟਾਊਨ ਫਗਵਾੜਾ ਵਿਖੇ ਪ੍ਰਦਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਲਾਇਨ ਗੁਰਦੀਪ ਸਿੰਘ ਕੰਗ ਪਿਛਲੇ ਦੋ ਸਾਲ ਤੋਂ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਵਜੋਂ ਸੇਵਾਵਾਂ ਨਿਭਾ ਰਹੇ ਸਨ। ਲਾਇਨ ਕੰਗ ਨੇ ਲਾਇਨ ਜੀ ਐੱਸ ਭਾਟੀਆ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਵੱਧ ਤੋਂ ਵੱਧ ਯੂਥ ਨੂੰ ਲਾਇਨਜ 321-ਡੀ ਦੇ ਨਾਲ ਜੋੜਨਗੇ। ਉਹਨਾਂ ਇਹ ਵੀ ਦੱਸਿਆ ਕਿ ਪਿਛਲੇ ਕਰੀਬ 20 ਸਾਲ ਤੋਂ ਉਹ ਲਾਇਨਜ 321-ਡੀ ਦੇ ਨਾਲ ਸਰਗਰਮੀ ਦੇ ਨਾਲ ਜੁੜੇ ਹੋਏ ਹਨ ਅਤੇ ਇੱਕ ਸਧਾਰਣ ਲਾਇਨ ਮੈਂਬਰ ਤੋਂ ਬਾਅਦ ਚਾਰਟਰ ਪ੍ਰਧਾਨ, ਜੋਨ ਚੇਅਰਮੈਨ, ਰਿਜਨ ਚੇਅਰਮੈਨ ਤੋਂ ਇਲਾਵਾ ਡਿਸਟ੍ਰਿਕਟ ਚੇਅਰਮੈਨ ਸਾਈਟ ਫਸਟ, ਹਿਊਮਨਟੇਰੀਅਨ ਅਤੇ ਪੀਸ ਪੋਸਟਰ ਵਜੋਂ ਤਨਦੇਹੀ ਨਾਲ ਸਮਾਜ ਸੇਵਾ ਦੇ ਕਾਰਜ ਕਰ ਰਹੇ ਹਨ। ਇਸ ਮੌਕੇ ਲਾਇਨਜ ਕਲੱਬ ਫਗਵਾੜਾ ਪ੍ਰਾਈਡ ਦੇ ਸਕੱਤਰ ਲਾਇਨ ਸੰਜੀਵ ਲਾਂਬਾ, ਕੈਸ਼ੀਅਰ ਲਾਇਨ ਸਤਵਿੰਦਰ ਸਿੰਘ ਭਮਰਾ, ਪੀ ਆਰ ਓ. ਲਾਇਨ ਵਰੁਣ ਵਧਵਾ, ਸਤਵਿੰਦਰ ਸਿੰਘ ਜੱਸਲ, ਲਾਇਨ ਵਿਪਨ ਸਰਮਾ ਤੋਂ ਇਲਾਵਾ ਪੰਜਾਬ ਪ੍ਰਦੇਸ਼ ਧਾਰਮਿਕ ਕਮੇਟੀ ਦੇ ਪ੍ਰਧਾਨ ਮਨੀਸ਼ ਕਨੌਜੀਆ ਅਤੇ ਰਾਮਪਾਲ ਆਦਿ ਹਾਜ਼ਰ ਸਨ।

## ਦਿਸ਼ਾਦੀਪ ਵੱਲੋਂ ਰੁੱਖ ਬਚਾਓਣ ਲਈ ਜਲ-ਦਾਨ ਮੁਹਿੰਮ ਦਾ ਸ਼ੁਭ ਆਰੰਭ

**ਜਲੰਧਰ (ਸ਼ੈਲੀ ਐਲਬਰਟ)**-ਬਹੁ ਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਵੱਲੋਂ ਵਾਤਾਵਰਨ ਸੁਰੱਖਿਆ ਨੂੰ ਸਮਰਪਿਤ ਰੁੱਖ ਬਚਾਓ ਅਤੇ ਰੁੱਖਾਂ ਲਈ ਜਲ-ਦਾਨ ਮੁਹਿੰਮ ਦਾ ਸ਼ੁਭ ਆਰੰਭ ਕੀਤਾ ਗਿਆ। ਦਿਸ਼ਾਦੀਪ ਦੇ ਸੰਸਥਾਪਕ ਤੇ ਚੀਫ ਐੱਸ ਐੱਮ ਸਿੰਘ ਦੇ ਰੰਧਾਵਾ



ਕਲੋਨੀ ਹਿਮਾਚਲ ਕਲੋਨੀ ਤੋ ਪੰਜਾਬ ਐਵਨਿਊ ਮਾਰਗ 'ਤੇ ਪਿਛਲੇ ਵਰ੍ਹੇ ਲਗਾਏ ਗਏ ਬੂਟਿਆਂ ਵਿੱਚੋਂ ਜੋ ਜਿਉਂਦੇ ਬਚੇ ਹਨ ਅਤੇ ਤਰਸਯੋਗ ਹਾਲਤ ਵਿੱਚ ਹਨ ਨੂੰ ਬਚਾਉਣ ਲਈ ਇਸ ਮੁਹਿੰਮ ਲਈ ਪਹਿਲ ਕਦਮੀ ਕੀਤੀ। ਇਸ ਮੁਹਿੰਮ ਵਿੱਚ ਸਰਬਜੀਤ ਕੌਰ, ਚੇਅਰਮੈਨ ਇਸਤਰੀ ਵਿੰਗ, ਦਿਸ਼ਾ ਦੀਪ, ਸੁਰਿੰਦਰ ਭਾਰਤੀ, ਜਨਰਲ ਸਕੱਤਰ, ਰਾਮ ਖਿਲਾਵਨ, ਵਿਨੋਦ ਕੁਮਾਰ ਸ਼ਰਮਾ ਤੇ ਸਕੂਲੀ ਵਿਦਿਆਰਥਣਾਂ ਰਾਜਵੀਰ ਕੌਰ , ਖੁਸ਼ੀ ਸ਼ਰਮਾ ਨੇ ਹਿੱਸਾ ਲਿਆ। ਐਸ ਐਮ ਸਿੰਘ ਨੇ ਦੱਸਿਆ ਕਿ ਇਹ ਸੰਸਥਾ ਨਸ਼ਾ ਮੁਕਤ ਸਮਾਜ, ਨੇਤਰਦਾਨ, ਖੂਨਦਾਨ, ਸੰਪੂਰਨ ਸਰੀਰ ਦਾਨ, ਮਜ਼ਦੂਰ ਸਕੂਲੀ ਬੱਚਿਆਂ ਦੀ ਪੜ੍ਹਾਈ ਅਤੇ ਵਾਤਾਵਰਨ ਸੁਰੱਖਿਆ ਵਰਗੇ ਮਹੱਤਵਪੂਰਨ ਅਤੇ ਸਮਾਜ ਲਈ ਅੱਤ ਲੋੜੀਂਦੇ ਮਹੱਤਵਪੂਰਨ ਮੁੱਦਿਆਂ ਤੇ ਪਿਛਲੇ ਕਈ ਵਰ੍ਹਿਆਂ ਤੋਂ ਲਗਾਤਾਰ ਕਾਰਜਸ਼ੀਲ ਰਹਿ ਕੇ ਨਾ ਸਿਰਫ ਉਸਾਰੂ ਭੂਮਿਕਾ ਨਿਭਾਉਣ ਵਿੱਚ ਸਫ਼ਲ ਰਹੀ ਹੈ ਬਲਕਿ ਹੋਰਨਾਂ ਸੰਸਥਾਵਾਂ ਲਈ ਪ੍ਰੇਰਨਾ ਸਰੋਤ ਵੀ ਹੈ।

## ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ 'ਚ ਵਾਧੇ ਵਿਰੁੱਧ ਮੁਜ਼ਾਹਰਾ



**ਬੰਗਾ (ਅਵਤਾਰ ਕਲੇਰ)**

ਇੱਥੇ ਨਿਊ ਆਟੋ ਵਰਕਰ ਯੂਨੀਅਨ (ਇਫਟੂ) ਨਵਾਂਸ਼ਹਿਰ ਵੱਲੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਵਿਰੁੱਧ ਮੁਜ਼ਾਹਰਾ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਆਟੋ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪੁਨੀਤ ਕੁਮਾਰ ਕਲੇਰ, ਗੁਰਪ੍ਰੀਤ ਸਿੰਘ ਗੋਪੀ,ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਕਮਲਜੀਤ ਸਨਾਵਾ, ਇਲਾਕਾ ਪ੍ਰਧਾਨ ਕਿਰਨਜੀਤ ਕੌਰ ਨੇ ਕਿਹਾ ਕਿ ਮੋਦੀ ਸਰਕਾਰ ਹਰ ਤੀਜੇ ਦਿਨ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਕਾਰਪੋਰੇਟਾਂ ਦੀਆਂ ਤਿਜੋਰੀਆਂ ਭਰਨ ਦਾ ਕੰਮ ਕਰ ਰਹੀ ਹੈ ਤੇ ਆਮ ਲੋਕਾਂ ਦੀਆਂ ਜੇਬਾਂ ਕੱਟ ਰਹੀ ਹੈ।ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਨਤਾ ਨੂੰ ਆਪਣੀਆਂ ਲੋੜਾਂ ਦੀ ਪੂਰਤੀ ਵਿੱਚ ਕਟੌਤੀ ਕਰਨ ਦੇ ਮਸ਼ਵਰੇ ਦੇ ਰਹੇ ਹਨ। ਉਹਨਾਂ ਕਿਹਾ ਕਿ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਨਿੱਤ ਵਰਤੋਂ ਦੀਆਂ ਚੀਜ਼ਾਂ ਦੀਆਂ ਕੀਮਤਾਂ ਹੋਰ ਵੀ ਅਸਮਾਨੀ ਚੜ੍ਹ ਰਹੀਆਂ ਹਨ ਜਿਸ ਨਾਲ ਲੋਕਾਂ ਨੂੰ ਗੁਜ਼ਾਰਾ ਕਰਨਾ ਹੋਰ ਵੀ ਮੁਸ਼ਕਲ ਹੋ ਗਿਆ ਹੈ।ਤੇਲ ਦੀਆਂ ਕੀਮਤਾਂ ਵਧਣ ਨਾਲ ਟਰਾਂਸਪੋਰਟ ਧੰਦੇ ਨਾਲ ਜੁੜੇ ਲੋਕ ਹੋਰ ਵੀ ਪ੍ਰੇਸ਼ਾਨ ਹੋ ਰਹੇ ਹਨ। ਉਹਨਾਂ ਤੇਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲੈਣ ਅਤੇ ਆਮ ਵਸਤਾਂ ਦੀਆਂ ਕੀਮਤਾਂ ਨੂੰ ਨੱਥ ਪਾਉਣ ਦੀ ਮੰਗ ਕੀਤੀ।ਇਸ ਮੌਕੇ ਕਮਲਜੀਤ ਸਿੰਘ, ਬਲਿਹਾਰ ਸਿੰਘ,ਪ੍ਰੇਮ ਸਿੰਘ ਸ਼ਹਾਬਪੁਰ ਅਤੇ ਸੁਰਿੰਦਰ ਮੀਰਪੁਰੀ ਆਗੂ ਵੀ ਮੌਜੂਦ ਸਨ।

## ਮੇਅਰ, ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਰਹੇ ਨੇਤਾ ਹੀ ਛੱਡ ਕੇ ਮੈਦਾਨ ਭੱਜ ਗਏ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)**- ਮੇਅਰ, ਡਿਪਟੀ ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਰਹੇ ਨੇਤਾ ਹੀ ਛੱਡ ਕੇ ਮੈਦਾਨ ਭੱਜ ਗਏ ਹਨ, ਉਹ ਚੋਣ ਨਹੀਂ ਲੜ ਰਹੇ ਅਤੇ ਇਹਨਾਂ ਤਿੰਨਾਂ ਤੋਂ ਇਲਾਵਾ ਹੋਰ ਵੀ ਕਈ ਸਾਬਕਾ ਕੌਂਸਲਰ ਮੈਦਾਨ ਛੱਡ ਕੇ ਭੱਜ ਚੁੱਕੇ ਹਨ, ਕਿਉਂਕਿ ਲੋਕਾਂ ਨੇ



ਉਹਨਾਂ ਨੂੰ ਮੂੰਹ ਹੀ ਨਹੀਂ ਲਗਾਉਣਾ ਸੀ ਅਤੇ ਉਹ ਲੋਕਾਂ ਦਾ ਸਾਹਮਣਾ ਕਰਨ ਦੀ ਹਿੰਮਤ ਹੀ ਨਹੀਂ ਰੱਖਦੇ, ਇਸ ਕਰਕੇ ਉਹ ਚੋਣ ਮੈਦਾਨ ਤੋਂ ਪਿੱਛਾਂ ਹਟ ਗਏ ਹਨ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਨੇ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ- 9 (ਫੇਜ -5) ਤੋ ਉਮੀਦਵਾਰ- ਅਨੂ ਬੱਬਰ ਦੇ ਹੱਕ ਵਿੱਚ ਹੋਈ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੇਰੀ ਮੋਹਾਲੀ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਭਨਾਂ ਨੂੰ ਇਹ ਅਪੀਲ ਹੈ ਕਿ ਉਹ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਜਰੂਰ ਕਰਨ ਅਤੇ ਆਪਣੀ ਮਰਜ਼ੀ ਦਾ ਉਮੀਦਵਾਰ ਚੁਣਨ।

## ਨਗਰ ਕੌਂਸਲ ਚੋਣਾਂ ਜਿੱਤ ਕੇ 'ਆਪ' ਵਿਕਾਸ ਦੇ ਕੰਮ ਕਰਵਾਏਗੀ : ਮਾਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਨਕੋਦਰ ਅਤੇ ਨੂਰਮਹਿਲ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਕੇ ਆਮ ਆਦਮੀ ਪਾਰਟੀ ਉਹ ਕੰਮ ਕਰੇਗੀ ਜਿਹੜੇ ਵਿਰੋਧੀ ਧਿਰ ਦੀਆਂ ਕਮੇਟੀਆਂ ਰੋਕ ਕੇ ਬੈਠੀਆਂ ਹਨ। ਇਹ ਵਿਚਾਰ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਨੂਰਮਹਿਲ 'ਚ 'ਆਪ' ਦੇ ਉਮੀਦਵਾਰਾਂ ਦੇ ਕਾਗਜ ਦਾਖਲ ਕਰਵਾਉਣ ਸਮੇਂ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਅਸੀਂ ਨਕੋਦਰ 'ਚ 15 ਵਾਰਡਾਂ ਤੋਂ ਅਤੇ ਦੋ ਅਜਾਦ ਉਮੀਦਵਾਰਾਂ ਦੀ ਹਮਾਇਤ ਕਰ ਰਹੇ ਹਾਂ ਅਤੇ ਨੂਰਮਹਿਲ ਵਿੱਚ 12 ਵਾਰਡਾਂ ਤੇ ਅਤੇ ਇਕ ਆਜ਼ਾਦ ਉਮੀਦਵਾਰ ਦੀ ਹਮਾਇਤ ਕਰ ਕੇ ਚੋਣ ਲੜ ਰਹੇ ਹਾਂ। ਆਮ ਆਦਮੀ ਪਾਰਟੀ, ਇਹ ਚੋਣ ਵਿਕਾਸ ਦੇ ਨਾਂਅ ਤੇ ਲੜ ਰਹੀ ਹੈ। ਭਾਂਵੇ ਵਿਰੋਧੀ ਪਾਰਟੀ ਦੀਆਂ ਦੋਵੇ ਥਾਂ ਤੇ ਕੌਂਸਲਾਂ ਹੋਣ ਕਾਰਨ ਸਾਨੂੰ ਕੰਮ ਕਰਨੇ ਬਹੁਤ ਮੁਸ਼ਕਲ ਹੋਏ ਹਨ ਜਿਹਨਾਂ ਨੂੰ ਅਸੀਂ 29 ਮਈ ਤੋਂ ਬਾਅਦ ਕੁਝ ਰੁਕੇ ਕੰਮ ਧੜੱਲੇ ਨਾਲ ਸ਼ੁਰੂ ਕਰਾਂਗੇ। ਬੀਬੀ ਮਾਨ ਨੇ ਸ਼ਹਿਰ ਵਾਸੀਆਂ ਨੂੰ ਇਹ ਅਪੀਲ ਕੀਤੀ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਓ। ਨਕੋਦਰ ਤੋ ਆਪ ਦੇ ਚੋਣ ਮੈਦਾਨ ਉਤਾਰੇ ਉਮੀਦਵਾਰਾਂ ਵਿੱਚ ਵਾਰਡ ਨੰਬਰ 1 ਤੋਂ 17 ਤੱਕ ਜਿਹਨਾਂ ਵਿਚ ਕੁਲਵਿੰਦਰ ਕੌਰ, ਪ੍ਰਦੀਪ ਸਿੰਘ ਸ਼ੇਰਪੁਰ, ਸਵਿਤਾ ਕੋਹਲੀ, ਅਸ਼ਵਨੀ ਕੋਹਲੀ, ਸਿਮਰਨਜੀਤ ਕੌਰ, ਦੀਪਕ ਕੁਮਾਰ, ਗੀਤਾ ਬਸਰਾ, ਸੋਹਨ ਲਾਲ ਜੇ ਪੀ, ਕਮਲਜੀਤ ਕੌਰ, ਅਮਰੀਕ ਸਿੰਘ ਥਿੰਦ, ਰਾਜ ਰਾਣੀ, ਧਰਮਿੰਦਰ ਭਗਤ, ਪੂਨਮ ਸ਼ਰਮਾ, ਪਵਨ ਗਿੱਲ, ਪੂਨਮ ਧੀਰ, ਰੇਸ਼ਮ ਸੌਂਧੀ ਸੰਜੀਵ ਤਕਿਆਰ। ਨੂਰਮਹਿਲ ਤੋਂ 13 ਵਾਰਡਾਂ ਲਈ ਰਾਜ ਰਾਣੀ, ਸੁਭਾਸ਼ ਚੰਦਰ, ਰੇਖਾ ਬੱਤਰਾ, ਮੁਨੀਸ਼ ਕੁਮਾਰ, ਨੇਹਾ, ਸੰਜੀਵ ਸ਼ਰਮਾ, ਨਰਿੰਦਰ ਕੌਰ, ਜਸਵਿੰਦਰ ਕੁਮਾਰ, ਸੋਨੀਆ, ਪ੍ਰਿਯੰਕਾ, ਈਸ਼ਾ ਤਕਿਆਰ, ਕੇਵਲ ਕ੍ਰਿਸ਼ਨ, ਮੁਕੇਸ਼ ਥਾਪਰ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਗਏ ਹਨ।

## ਤੇਜ਼ਧਾਰ ਹਥਿਆਰਾਂ ਨਾਲ ਵਿਅਕਤੀ ਨੂੰ ਜ਼ਖਮੀ ਕਰਨ ਵਾਲੇ 7 ਮੁਲਜ਼ਮਾਂ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿੰਡ ਫੱਤਾ ਕੁਲਾ ਵਿਖੇ ਆਪਣੀ ਭੈਣ ਨੂੰ ਮਿਲਣ ਆਏ ਇੱਕ ਵਿਅਕਤੀ ਨੂੰ ਕੁਝ ਲੋਕਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਗੰਭੀਰ ਜਖਮੀ ਕਰ ਦਿੱਤਾ। ਇਸ ਸਬੰਧੀ ਟਾਂਡਾ ਪੁਲਿਸ ਨੇ ਜਖਮੀ ਹੋਏ ਵਿਅਕਤੀ ਦੇ ਬਿਆਨਾਂ ਦੇ ਅਧਾਰ ਤੇ 7 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਨੇ ਇਹ ਮਾਮਲਾ ਹਮਲੇ ਵਿੱਚ ਜ਼ਖਮੀ ਹੋਏ ਬਲਜਿੰਦਰ ਸਿੰਘ ਪੁੱਤਰ ਚੈਚਲ ਸਿੰਘ ਵਾਸੀ ਰਾਏ ਅੰਮ੍ਰਿਤਸਰ ਦੇ ਬਿਆਨਾਂ ਦੇ ਆਧਾਰ ਤੇ ਬਲਦੇਵ ਸਿੰਘ ਪੁੱਤਰ ਅਮਰੀਕ ਸਿੰਘ, ਲਬਬਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ, ਰਾਜ ਕੌਰ ਪਤਨੀ ਬਲਦੇਵ ਸਿੰਘ, ਸੁਰਿੰਦਰ ਸਿੰਘ ਪੁੱਤਰ ਅਮਰੀਕ ਸਿੰਘ, ਹਰਮਨਪ੍ਰੀਤ ਕੌਰ ਪਤਨੀ ਲਬਬਿੰਦਰ ਸਿੰਘ, ਹੀਰਾ ਸਿੰਘ ਪੁੱਤਰ ਗੁਰਮੀਤ ਸਿੰਘ ਸਾਰੇ ਹੀ ਵਾਸੀ ਪਿੰਡ ਫੱਤਾ ਕੁੱਲਾ ਤੇ ਸਰਦੂਲ ਚੰਦ ਪੁੱਤਰ ਸਾਈ ਰਾਮ ਵਾਸੀ ਪਿੰਡ ਡੋਗਰ ਸ੍ਰੀ ਹਰਗੋਬਿੰਦਪੁਰ ਦੇ ਖਿਲਾਫ ਦਰਜ ਕੀਤਾ। ਪੁਲਿਸ ਨੂੰ ਦਿੱਤੇ ਗਏ ਬਿਆਨ ਵਿੱਚ ਚਾਂਚਲ ਸਿੰਘ ਨੇ ਦੱਸਿਆ ਕਿ ਬੀਤੀ 24 ਅਪ੍ਰੈਲ ਨੂੰ ਜਦੋਂ ਆਪਣੀ ਭੈਣ ਜਸਪਿੰਦਰ ਕੌਰ ਨੂੰ ਪਿੰਡ ਫਤਾ ਕੁਲਾ ਮਿਲਣ ਜਾ ਰਿਹਾ ਸੀਤਾ ਉਕਤ ਸਾਰੇ ਦੋਸ਼ੀਆਂ ਨੇ ਟੀ ਪੁਆਇੰਟ ਫੱਤਾ ਕੁੱਲਾ ਕੋਲ ਉਸਨੂੰ ਘੇਰ ਕੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਦੇ ਹੋਏ ਗੰਭੀਰ ਜ਼ਖਮੀ ਕਰ ਦਿੱਤਾ।ਟਾਂਡਾ ਪੁਲਿਸ ਨੇ ਮਾਮਲਾ ਦਰਜ ਕਰਕੇ ਅੰਗਰੇਜ਼ੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਮਾਮਲੇ ਸਬੰਧੀ ਏ ਐੱਸ ਆਈ ਰਾਜਵਿੰਦਰ ਸਿੰਘ ਵੱਲੋਂ ਹੋਰ ਜਾਂਚ ਪੜਤਾਲ ਕੀਤੀ ਜਾ ਰਹੀ ਹੈ।

## ਗੁਰਦੁਆਰਾ ਟਿੱਬਾ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਏ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਜੇਠ ਮਹੀਨੇ ਦੀ ਸੰਗਰਾਂਦ ਨੂੰ ਸਮਰਪਿਤ ਗੁਰਦੁਆਰਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖੇ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਜੁੱਗੋ-



ਜੁੱਗ ਅੱਟਲ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਪਾਵਨ ਛੱਤਰ-ਛਾਇਆ ਹੇਠ ਗੁਰਮਤਿ ਸਮਾਗਮ ਕਰਵਾਏ ਗਏ। ਸੰਤ ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਅਤੇ ਸੰਤ ਬਲਵੀਰ ਸਿੰਘ ਟਿੱਬਾ ਸਾਹਿਬ ਦੇ ਦੇਖ ਰੇਖ ਹੇਠ ਕਰਵਾਏ ਇਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਜਾਏ ਗਏ ਦੀਵਾਨ ਵਿੱਚ ਭਾਈ ਮਨਮੋਹਨ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਪੀਰ ਬਾਲਾ ਸਾਹਿਬ, ਭਾਈ ਸੰਦੀਪ ਸਿੰਘ ਤੇ ਭਾਈ ਨਿਰਮਲ ਸਿੰਘ ਦੇ ਜਥੇ ਵੱਲੋਂ ਧੁਰ ਕੀ ਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ ਅਤੇ ਗੁਰਇਤਿਹਾਸ ਰਾਹੀਂ ਖਾਲਸਾਈ ਵਿਰਾਸਤ ਨੂੰ ਸੰਭਾਲਣ ਅਤੇ ਡੇਰੇਦਾਰਾਂ, ਦੰਭੀ ਤੇ ਪਾਖੰਡੀ ਗੁਰੂਡੰਮ ਤੋਂ ਸੁਚੇਤ ਰਹਿਣ ਦੀ ਪ੍ਰੇਰਨਾ ਦਿੱਤੀ। ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ ਅਤੇ ਸੰਤ ਬਲਵੀਰ ਸਿੰਘ ਟਿੱਬਾ ਸਾਹਿਬ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਸਮਾਗਮ ਬਾਰੇ ਜਾਣਕਾਰੀ ਦਿੱਤੀ ਅਤੇ ਸਮਾਗਮ ਵਿੱਚ ਸਹਿਯੋਗ ਦੇਣ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਕੇ ਲੰਗਰ ਅੱਟੁਟ ਵਰਤਾਏ ਗਏ।

## ਕੇਂਦਰ ਸਰਕਾਰ ਚੁੱਪ-ਚੁਪੀਤੇ ਹਿੰਦੂ ਏਜੰਡਾ ਨੂੰ ਲਾਗੂ ਕਰ ਰਹੀ : ਡਾ.ਜੱਖੂ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**-ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਚੁੱਪ ਚੁਪੀਤੇ



ਹਿੰਦੂ ਅਜੰਡੇ ਨੂੰ ਲਾਗੂ ਕਰਦੀ ਜਾ ਰਹੀ ਹੈ,ਇਸ ਨੂੰ ਸਮਝਣਾ ਅਤੇ ਨਿੰਦਣ ਦੀ ਜਰੂਰਤ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾ. ਹਰਜਿੰਦਰ ਸਿੰਘ ਜੱਖੂ ਦੁਆਬਾ ਇੰਚਾਰਜ ਤੇ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਦਫਤਰ ਵਿਖੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਦੀ ਪ੍ਰਧਾਨਗੀ ਹੇਠ ਹੋਈ ਵਿਸ਼ੇਸ਼ ਮੀਟਿੰਗ ਦੌਰਾਨ ਕੇਂਦਰ ਸਰਕਾਰ ਵੱਲੋਂ ਵੰਦੇ ਮਾਤਰਮ ਨੂੰ ਕੌਮੀ ਗਾਣ ਜਨ ਗਨ ਮਨ ਦੇ ਬਰਾਬਰ ਲਾਗੂ ਕਰਨ ਲਈ ਕੈਬਨਟ ਮੀਟਿੰਗ ਵਿੱਚ ਪਾਸ ਕੀਤੇ ਮਤੇ ਦਾ ਸਖਤ ਨੋਟਿਸ ਲੈਂਦਿਆਂ ਕੀਤਾ ਇਸ ਸਮੇਂ ਡਾਕਟਰ ਜੱਖੂ ਨੇ ਕਿਹਾ ਕਿ ਜਿੱਥੇ ਵੰਦੇ ਮਾਤਰਮ ਗਾਣ ਨੂੰ ਸਕੂਲਾਂ 'ਚ ਵੀ ਲਾਗੂ ਕੀਤਾ ਗਿਆ ਹੈ। ਡਾ. ਜੱਖੂ ਨੇ ਕਿਹਾ ਕਿ ਬੇਗਮਪੁਰਾ ਖਾਲਸਾ ਲਹਿਰ ਨੂੰ ਪ੍ਰਚੰਡ ਕਰਨ ਲਈ 13 ਜੂਨ ਨੂੰ ਫਗਵਾੜੇ ਵਿਖੇ ਵੱਡਾ ਇਕੱਠ ਕੀਤਾ ਜਾਵੇਗਾ। ਇਸ ਇਕੱਠ ਵਿੱਚ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਸ਼ਾਮਿਲ ਹੋ ਕੇ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਸ ਸਮੇਂ ਗੁਰਦੀਪ ਸਿੰਘ ਖੁਣ ਖੁਣ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪ੍ਰੀਆ ਸੰਘਾ, ਮਾਸਟਰ ਕੁਲਦੀਪ ਸਿੰਘ ਮਸੀਤੀ,ਜਗਦੀਸ਼ ਸਿੰਘ ਚੱਬੇਵਾਲ, ਪਰਮਿੰਦਰ ਸਿੰਘ ਮੁਕੇਰੀਆਂ, ਲਖਵਿੰਦਰ ਸਿੰਘ ਮਾਨਾ ਆਦਿ ਹਾਜ਼ਰ ਸਨ।

## ਅਗਸਤ 'ਚ ਸੁਪਰੀਮ ਕੋਰਟ ਦੀ ਵਿਸ਼ੇਸ਼ ਲੋਕ ਅਦਾਲਤ ਲਈ ਪ੍ਰੀ-ਲੋਕ ਅਦਾਲਤਾਂ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਭਾਰਤ ਦੀ ਸੁਪਰੀਮ ਕੋਰਟ ਵਿਖੇ 21, 22 ਅਤੇ 23 ਅਗਸਤ, 2026 ਨੂੰ ਹੋਣ ਵਾਲੀ ਵਿਸ਼ੇਸ਼ ਲੋਕ ਅਦਾਲਤ ਦੇ ਮੱਦੇਨਜ਼ਰ ਜ਼ਿਲ੍ਹਾ ਅਤੇ ਸਬ-ਡਿਵੀਜ਼ਨ ਪੱਧਰ 'ਤੇ ਪ੍ਰੀ-ਲੋਕ ਅਦਾਲਤਾਂ ਸ਼ੁਰੂ ਹੋ ਗਈਆਂ ਹਨ। ਸੀ ਜੇ ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਦੱਸਿਆ ਕਿ ਇਹ ਪ੍ਰੀ-ਲੋਕ ਅਦਾਲਤਾਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਲਗਾਈਆਂ ਜਾ ਰਹੀਆਂ ਹਨ। ਜਾਣਕਾਰੀ ਅਨੁਸਾਰ ਭਾਰਤ ਦੀ ਸੁਪਰੀਮ ਕੋਰਟ ਨੇ 21 ਅਪ੍ਰੈਲ ਤੋਂ 'ਸਮਾਧਾਨ ਸਮਾਰੋਹ' ਸ਼ੁਰੂ ਕੀਤਾ ਹੈ, ਜੋ ਅਗਸਤ 2026 ਵਿੱਚ ਇੱਕ ਵਿਸ਼ੇਸ਼ ਲੋਕ ਅਦਾਲਤ ਵਿੱਚ ਸਮਾਪਤ ਹੋਵੇਗਾ। ਇਸ ਸਬੰਧ ਵਿੱਚ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਨੂੰ ਸੁਪਰੀਮ ਕੋਰਟ ਵਿੱਚ ਲੰਬਿਤ ਮਾਮਲਿਆਂ ਨੂੰ ਆਪਸੀ ਸਮਝੌਤੇ ਰਾਹੀਂ ਹੱਲ ਕਰਨ ਲਈ ਪ੍ਰੀ-ਲੋਕ ਅਦਾਲਤਾਂ ਲਗਾਉਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਐੱਸ ਏ ਐੱਸ ਨਗਰ ਸਥਿਤ ਆਪਣੇ ਮੁੱਖ ਦਫਤਰ ਰਾਹੀਂ ਸੁਪਰੀਮ ਕੋਰਟ ਵਿੱਚ ਲੰਬਿਤ ਹੁਸ਼ਿਆਰਪੁਰ ਜ਼ਿਲ੍ਹੇ ਨਾਲ ਸਬੰਧਤ ਮਾਮਲਿਆਂ ਦੀ ਸੂਚੀ ਪ੍ਰਾਪਤ ਹੋਈ ਹੈ। ਇਨ੍ਹਾਂ ਮਾਮਲਿਆਂ ਵਿੱਚ ਦੋਵਾਂ ਧਿਰਾਂ ਨੂੰ ਨੋਟਿਸ ਅਤੇ ਸੰਮਨ ਜਾਰੀ ਕੀਤੇ ਜਾ ਚੁੱਕੇ ਹਨ ਤਾਂ ਜੋ ਆਪਸੀ ਸਮਝੌਤੇ ਰਾਹੀਂ ਵਿਵਾਦਾਂ ਦਾ ਹੱਲ ਕੀਤਾ ਜਾ ਸਕੇ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੀ ਅਗਵਾਈ ਹੇਠ 31 ਮਈ ਤੱਕ ਲਗਾਤਾਰ ਪ੍ਰੀ-ਲੋਕ ਅਦਾਲਤਾਂ ਲਗਾਈਆਂ ਜਾਣਗੀਆਂ।

ਇੱਕ ਵਾਰ ਜਦੋਂ ਦੋਵੇਂ ਧਿਰਾਂ ਇਨ੍ਹਾਂ ਅਦਾਲਤਾਂ ਵਿੱਚ ਸਹਿਮਤੀ 'ਤੇ ਪਹੁੰਚ ਜਾਂਦੀਆਂ ਹਨ, ਤਾਂ 21, 22 ਅਤੇ 23 ਅਗਸਤ, 2026 ਨੂੰ ਸੁਪਰੀਮ ਕੋਰਟ ਵਿੱਚ ਹੋਣ ਵਾਲੀ ਵਿਸ਼ੇਸ਼ ਲੋਕ ਅਦਾਲਤ ਵਿੱਚ ਕੇਸਾਂ ਦੇ ਅੰਤਿਮ ਨਿਪਟਾਰੇ ਲਈ ਇੱਕ ਰਿਪੋਰਟ ਐਸ.ਏ.ਐਸ ਨਗਰ ਦੇ ਮੁੱਖ ਦਫ਼ਤਰ ਨੂੰ ਭੇਜੀ ਜਾਵੇਗੀ। ਅਥਾਰਟੀ ਨੇ ਜ਼ਿਲ੍ਹੇ ਦੇ ਉਨ੍ਹਾਂ ਵਸਨੀਕਾਂ ਨੂੰ ਅਪੀਲ ਕੀਤੀ ਹੈ ਜਿਨ੍ਹਾਂ ਦੇ ਕੇਸ ਸੁਪਰੀਮ ਕੋਰਟ ਵਿੱਚ ਲੰਬਿਤ ਹਨ, ਉਹ ਪ੍ਰੀ-ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਨਗਰ ਕੌਂਸਲ ਚੋਣਾਂ ਲਈ 203 ਨਾਮਜ਼ਦਗੀਆਂ ਦਾਖ਼ਲ

**ਬੰਗਾ (ਅਵਤਾਰ ਕਲੇਰ)**-ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਨਗਰ ਨਗਰ ਕੌਂਸਲ ਦੀਆਂ ਆਮ ਚੋਣਾਂ-2026 ਸਬੰਧੀ ਜਾਰੀ ਸ਼ਡਿਊਲ ਅਨੁਸਾਰ ਜ਼ਿਲ੍ਹੇ ਵਿੱਚ 3 ਨਗਰ ਕੌਂਸਲਾਂ ਲਈ ਨਾਮਜ਼ਦਗੀਆਂ ਭਰਨ ਦੇ ਆਖਿਰੀ ਦਿਨ ਕੁੱਲ 112 ਨਾਮਜ਼ਦਗੀਆਂ ਪ੍ਰਾਪਤ ਹੋਈਆਂ, ਜਿਸ ਤਹਿਤ ਹੁਣ ਤੱਕ ਕੁੱਲ ਨਾਮਜ਼ਦਗੀਆਂ ਦੀ ਗਿਣਤੀ 203 ਹੋ ਗਈ ਹੈ।ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਅਵਨੀਤ ਕੌਰ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਨਵਾਂਸ਼ਹਿਰ ਦੇ 19 ਵਾਰਡਾਂ ਲਈ 47, ਨਗਰ ਕੌਂਸਲ ਬੰਗਾ ਦੇ 15 ਵਾਰਡਾਂ ਲਈ 25, ਨਗਰ ਕੌਂਸਲ ਰਾਹੋਂ ਦੇ 13 ਵਾਰਡਾਂ ਲਈ 40 ਨਾਮਜ਼ਦਗੀਆਂ ਪ੍ਰਾਪਤ ਹੋਈਆਂ।ਇਸੇ ਤਰ੍ਹਾਂ ਨਗਰ ਨਗਰ ਕੌਂਸਲ ਨਵਾਂਸ਼ਹਿਰ ਲਈ ਕੁੱਲ 88, ਨਗਰ ਕੌਂਸਲ ਬੰਗਾ ਦੇ ਲਈ 65, ਅਤੇ ਨਗਰ ਕੌਂਸਲ ਰਾਹੋਂ ਲਈ ਕੁੱਲ 50 ਨਾਮਜ਼ਦਗੀਆਂ ਪ੍ਰਾਪਤ ਹੋਈਆਂ।ਉਨ੍ਹਾਂ ਦੱਸਿਆ ਕਿ 16 ਮਈ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦਾ ਆਖਿਰੀ ਸਮਾਂ ਸੀ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਮਈ ਨੂੰ ਹੋਵੇਗੀ ਅਤੇ ਉਮੀਦਵਾਰ 19 ਮਈ ਬਾਅਦ ਦੁਪਹਿਰ 3 ਵਜੇ ਤੱਕ ਆਪਣੇ ਕਾਗਜ਼ ਵਾਪਸ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵੋਟਾਂ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ ਤੇ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

## ਜਾਗਰੂਕਤਾ ਵਰਕਸ਼ਾਪ ਕਰਵਾਈ



**ਅਲਵਾਲਪੁਰ (ਮਦਨ ਬੰਗੜ)**-ਸਰਕਾਰੀ ਐੱਸ ਡੀ ਫੁੱਲਰਵਾਨ ਲੜਕੀਆਂ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਅਮਰ ਜੋਤੀ ਸ਼ਰਮਾ ਦੀ ਯੋਗ ਅਗਵਾਈ ਹੇਠ ਬੱਚਿਆਂ ਨੂੰ ਕਾਨੂੰਨੀ ਜਾਣਕਾਰੀ, ਮੋਬਾਇਲ ਦੇ ਮਾੜੇ ਪ੍ਰਭਾਵਾਂ ਅਤੇ ਕਰੀਅਰ ਸਬੰਧੀ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਐਡਵੋਕੇਟ ਸੰਦੀਪ ਕੁਮਾਰੀ ਅਤੇ ਐਡਵੋਕੇਟ ਇੰਦਰਾਨੀ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਐਡਵੋਕੇਟ ਸੰਦੀਪ ਕੁਮਾਰੀ ਨੇ ਆਪਣੇ ਸੰਬੋਧਨ ਵਿਚ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਅੱਜ ਦੇ ਸਮੇਂ ਵਿਚ ਮੋਬਾਈਲ ਦੀ ਵਰਤੋਂ ਸੰਭਲ ਕੇ ਕਰਨ ਦੀ ਲੋੜ ਹੈ ਕਿਉਂਕਿ ਮੋਬਾਇਲ ਬੱਚਿਆਂ ਦੇ ਮਾਨਸਿਕ ਹੀ ਨਹੀਂ ਬਲਕਿ ਸਰੀਰਕ ਤੌਰ 'ਤੇ ਵੀ ਖ਼ਤਰਨਾਕ ਪ੍ਰਭਾਵ ਪਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਬੱਚਿਆਂ ਨੂੰ ਜ਼ਿਆਦਾ ਧਿਆਨ ਖੇਡ ਮੈਦਾਨ ਵਿਚ ਬਿਤਾਉਣ ਦੀ ਜ਼ਰੂਰਤ ਹੈ ਤਾਂ ਕਿ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਐਡਵੋਕੇਟ ਸੰਦੀਪ ਕੁਮਾਰੀ ਨੇ ਵਿਦਿਆਰਥੀਆਂ ਨੂੰ ਆਪਣੇ ਫ਼ਰਜ਼ਾਂ ਅਤੇ ਅਧਿਕਾਰਾਂ ਲਈ ਕਾਨੂੰਨ ਦੀ ਕਿਸ ਤਰੀਕੇ ਨਾਲ ਸਹਾਇਤਾ ਲੈਣੀ ਹੈ ਅਤੇ ਕਾਨੂੰਨੀ ਅਤੇ ਸੰਵਿਧਾਨਿਕ ਤਰੀਕੇ ਨਾਲ ਕਿਸ ਤਰਾਂ ਇਨਸਾਫ ਲੈਣਾ ਅਤੇ ਲੋਕਾਂ ਨੂੰ ਦਿਵਾਉਣਾ ਹੈ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਵਿਦਿਆਰਥੀ ਅਜਿਹਾ ਵਿਸ਼ਾ ਚੁਣਨ ਜਿਸ ਵਿਚ ਉਨ੍ਹਾਂ ਦੀ ਦਿਲਚਸਪੀ ਹੋਵੇ। ਇਸ ਮੌਕੇ ਐਡਵੋਕੇਟ ਇੰਦਰਾਣੀ ਅਰੋੜਾ ਨੇ ਕਿਹਾ ਕਿ ਨਵੇਂ ਭਾਰਤੀ ਕਾਨੂੰਨਾਂ ਵਿਚ ਔਰਤਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਅਧਿਕਾਰਾਂ ਲਈ ਬਹੁਤ ਤਰਾਂ ਦੇ ਕਾਨੂੰਨ ਹੋਂਦ ਵਿਚ ਲਿਆਂਦੇ ਗਏ ਹਨ ਤਾਂਕਿ ਔਰਤਾਂ ਜਿਥੇ ਆਜ਼ਾਦੀ ਨਾਲ ਆਪਣੇ ਅਧਿਕਾਰਾਂ ਅਤੇ ਹੱਕਾਂ ਦਾ ਲਾਭ ਲੈ ਸਕਣ, ਉਥੇ ਹੀ ਆਪਣੀ ਆਤਮ-ਨਿਰਭਰਤਾ ਨੂੰ ਯਕੀਨੀ ਬਣਾਉਣ ਲਈ ਕਿਸੇ ਵੀ ਤਰਾਂ ਦੇ ਡਰ ਤੋਂ ਮੁਕਤ ਹੋ ਕੇ ਆਪਣੇ ਫ਼ਰਜ਼ਾਂ ਨੂੰ ਪਛਾਣ ਸਕਣ। ਸਕੂਲ ਪ੍ਰਿੰਸੀਪਲ ਅਮਰ ਜੋਤੀ ਸ਼ਰਮਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਸ਼੍ਰੋਮਣੀ ਭਗਤ ਧੰਨਾ ਦੇ ਜਨਮ ਦਿਨ ਨੂੰ ਸਮਰਪਤ ਧਾਰਮਿਕ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਸ਼੍ਰੋਮਣੀ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਦੀ ਖੁਸ਼ੀ ਤੇ ਸੰਗਰਾਂਦ ਦੇ ਪਵਿੱਤਰ ਦਿਹਾੜੇ ਨੂੰ ਮੁੱਖ ਰੱਖਦਿਆਂ ਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪਿੰਡ ਪੰਡਵਾਂ ਨੇੜੇ ਫਗਵਾੜਾ ਵਿਖੇ ਮਹਾਨ ਗੁਰਮਤਿ ਸਮਾਗਮ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਗੁਰਚਰਨ ਸਿੰਘ ਪੰਡਵਾਂ ਦੀ ਯੋਗ ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ



ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਰਾਗੀ ਸਿੰਘਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਸ਼੍ਰੋਮਣੀ ਭਗਤ ਧੰਨਾ ਦੀ ਵਿਚਾਰਧਾਰਾ ਅਤੇ ਉਨਾਂ ਦੇ ਜੀਵਨ ਤੋਂ ਜਾਣੂ ਕਰਵਾਇਆ। ਇਸ ਤੋਂ ਬਾਅਦ ਸਮਾਗਮ ਵਿੱਚ ਪਹੁੰਚੇ ਸੰਗਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕੀਤੇ। ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਸੰਤ ਗੁਰਚਰਨ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਭਗਤ ਧੰਨਾ ਦਾ ਜਨਮ ਰਾਜਸਥਾਨ ਦੇ ਟੌਂਕ ਇਲਾਕੇ ਵਿੱਚ ਇੱਕ ਕਿਸਾਨ ਪਰਵਾਰ ਵਿੱਚ ਹੋਇਆ ਮੰਨਿਆ ਜਾਂਦਾ ਹੈ। ਉਹ ਬਚਪਨ ਤੋਂ ਹੀ ਪ੍ਰਭੂ ਭਗਤੀ ਅਤੇ ਸਾਦੇ ਜੀਵਨ ਵੱਲ ਰੁਝਾਨ ਰੱਖਦੇ ਸਨ। ਉਨਾਂ ਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਸਾਨੂੰ ਸਰਬ ਸਾਂਝੀਵਾਲਤਾ ਦਾ ਸੁਨੇਹਾ ਦਿੰਦੀ ਹੈ। ਇਸ ਮੌਕੇ ਸੰਤ ਰਿਸ਼ੀ ਰਾਜ ਨਵਾਂਸ਼ਹਿਰ, ਸੰਤ ਪਰਜੀਤ ਕੌਰ ਲੁਧਿਆਣਾ, ਸਵਾਮੀ ਪੂਰਨਾਨੰਦ, ਜਥੇਦਾਰ ਗੁਰਨਾਮ ਸਿੰਘ ਬੰਗਾ ਸਮੇਤ ਖੱਟ ਦਰਸ਼ਨ ਨਿਰਮਲ ਭੇਖ ਦੇ ਸੰਤ ਮਹਾਂਪੁਰਸ਼ ਹਾਜ਼ਰ ਸਨ। ਸਟੇਜ ਸਕੱਤਰ ਦੀ ਸੇਵਾ ਸੰਤ ਗੁਰਲਾਲ ਸਿੰਘ ਨੇ ਨਿਭਾਈ। ਗੁਰੂ ਕਾ ਲੰਗਰ ਅਟੁੱਟ ਚੱਲਿਆ।

## ਨਾਮਜ਼ਦਗੀ ਦੇ ਆਖ਼ਰੀ ਦਿਨ 158 ਉਮੀਦਵਾਰਾਂ ਨੇ ਭਰੇ ਕਾਗਜ਼

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਨਗਰ ਕੌਂਸਲ ਦੀਆਂ 26 ਮਈ ਨੂੰ ਹੋਣ ਵਾਲੀਆਂ ਆਮ ਚੋਣਾਂ ਨੂੰ ਲੈ ਕੇ ਸਥਾਨਕ ਸਿਆਸਤ ਪੂਰੀ ਤਰ੍ਹਾਂ ਗਰਮਾ ਗਈ ਹੈ। ਕੌਂਸਲ ਦੇ ਕੁੱਲ 19 ਵਾਰਡਾਂ ਲਈ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੇ ਆਖ਼ਰੀ ਦਿਨ ਕੁੱਲ 158 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਐਸ.ਡੀ.ਐਮ. ਦਫ਼ਤਰ ਵਿਖੇ ਚੋਣ ਅਧਿਕਾਰੀ ਸਾਹਮਣੇ ਪੇਸ਼ ਕੀਤੇ, ਜਿਨ੍ਹਾਂ ਵਿੱਚ ਕਵਰਿੰਗ ਉਮੀਦਵਾਰ ਵੀ ਸ਼ਾਮਲ ਹਨ। ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ 4 ਉਮੀਦਵਾਰਾਂ ਨੇ ਕਾਗਜ਼ ਭਰੇ ਸਨ, ਜਿਸ ਨਾਲ ਹੁਣ ਨਾਮਜ਼ਦਗੀ ਭਰਨ ਵਾਲੇ ਉਮੀਦਵਾਰਾਂ ਦੀ ਕੁੱਲ ਗਿਣਤੀ 162 ਤੱਕ ਪਹੁੰਚ ਗਈ ਹੈ। ਸੋਮਵਾਰ ਨੂੰ ਕਾਗਜ਼ਾਂ ਦੀ ਪੜਤਾਲ ਕੀਤੀ ਜਾਵੇਗੀ, ਜਿਸ ਤੋਂ ਬਾਅਦ ਚੋਣ ਮੈਦਾਨ ਦੀ ਅਸਲ ਤਸਵੀਰ ਸਾਹਮਣੇ ਆਵੇਗੀ।ਸੱਤਾਧਾਰੀ ਆਮ ਆਦਮੀ ਪਾਰਟੀ (ਆਪ), ਮੁੱਖ ਵਿਰੋਧੀ ਧਿਰ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਸ਼ਹਿਰ ਦੇ ਸਾਰੇ 19 ਵਾਰਡਾਂ ਵਿੱਚ ਆਪਣੇ-ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਹਨ। ਦੂਜੇ ਪਾਸੇ ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਕੇਵਲ 17 ਵਾਰਡਾਂ 'ਤੇ ਹੀ ਉਮੀਦਵਾਰ ਖੜ੍ਹੇ ਕੀਤੇ ਜਾ ਸਕੇ ਹਨ।ਕਾਂਗਰਸ ਪਾਰਟੀ ਨੇ ਵਾਰਡ ਨੰਬਰ 15 ਨੂੰ ਖਾਲੀ ਛੱਡਿਆ ਹੈ, ਜਦਕਿ ਭਾਜਪਾ ਨੇ ਪੇਂਡੂ ਖੇਤਰ ਦੇ ਪ੍ਰਭਾਵ ਵਾਲੇ ਵਾਰਡ ਨੰਬਰ 17 ਅਤੇ 19 ਵਿੱਚ ਕੋਈ ਉਮੀਦਵਾਰ ਨਹੀਂ ਉਤਾਰਿਆ।

## ਨਗਰ ਕੌਂਸਲ ਚੋਣਾਂ ਲਈ ਕਾਂਗਰਸ ਨੇ 15 ਉਮੀਦਵਾਰ ਐਲਾਨੇ



**ਬੰਗਾ (ਅਵਤਾਰ ਕਲੇਰ)**

ਨਗਰ ਕੌਂਸਲ ਬੰਗਾ ਦੀਆਂ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰਦਿਆਂ ਆਪਣੇ 15 ਉਮੀਦਵਾਰਾਂ ਦਾ ਐਲਾਨ ਕਰ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਪ੍ਰਧਾਨ ਕੁਲਵਰਨ ਸਿੰਘ ਥਾਂਦੀਆਂ ਨੇ ਦੱਸਿਆ ਕਿ ਸਵਰਗਵਾਸੀ ਚੌਧਰੀ ਤਰਲੋਚਨ ਸਿੰਘ ਸੂੰਢ ਦੇ ਗ੍ਰਹਿ ਵਿਖੇ ਇਕ ਵਿਸ਼ੇਸ਼ ਇਕੱਠ ਕੀਤਾ ਗਿਆ ਜਿਸ ਦੀ ਅਗਵਾਈ ਉਹਨਾਂ ਦੀ ਧਰਮਪਤਨੀ ਮੀਨਾ ਸਿੰਘ ਸੂੰਢ ਹਲਕਾ ਇੰਚਾਰਜ ਬੰਗਾ ਵੱਲੋਂ ਕੀਤੀ ਗਈ। ਨਗਰ ਕੌਂਸਲ ਚੋਣਾਂ ਲਈ ਚੁਣੇ ਗਏ ਉਮੀਦਵਾਰਾਂ ਕਾਂਗਰਸ ਆਗੂਆਂ ਤੇ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਹਾਜ਼ਰੀ ਭਰੀ। ਸਮਾਗਮ ਦੌਰਾਨ ਭਾਈ ਸਾਹਿਬ ਵੱਲੋਂ ਕਾਂਗਰਸ ਪਾਰਟੀ ਦੀ ਜਿੱਤ ਤੇ ਸ਼ਹਿਰ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।ਇਸ ਮੌਕੇ ਹਲਕਾ ਇੰਚਾਰਜ ਮੀਨਾ ਸਿੰਘ ਸੂੰਢ, ਸਤਵੀਰ ਸਿੰਘ ਪੱਲੀ ਝਿੱਕੀ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਬਲਾਕ ਪ੍ਰਧਾਨ ਕੁਲਵਰਨ ਸਿੰਘ ਥਾਂਦੀਆਂ, ਵਾਈਸ ਪ੍ਰਧਾਨ ਰਜਿੰਦਰ ਸ਼ਰਮਾ ਕੁਲਥਮ ਅਤੇ ਡਾ. ਨਿਰੰਜਨ ਪਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੰਗਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਕਾਮਯਾਬ ਬਣਾਇਆ ਜਾਵੇ। ਇਸ ਉਪਰੰਤ ਸਾਰੇ ਉਮੀਦਵਾਰਾਂ ਵੱਲੋਂ ਰਿਟਰਨਿੰਗ ਅਫਸਰ ਐਸ.ਡੀ.ਐਮ. ਦਫਤਰ ਬੰਗਾ ਵਿਖੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ।ਕਾਂਗਰਸ ਪਾਰਟੀ ਵੱਲੋਂ ਐਲਾਨੇ ਗਏ ਉਮੀਦਵਾਰਾਂ ਵਿੱਚ ਵਾਰਡ ਨੰਬਰ 1 ਤੋਂ ਪਰਮਜੀਤ ਕੌਰ, ਵਾਰਡ ਨੰਬਰ 2 ਤੋਂ ਸਾਬਕਾ ਲੈਕਚਰਾਰ ਸ਼ੰਕਰ ਦਾਸ, ਵਾਰਡ ਨੰਬਰ 3 ਤੋਂ ਬਲਵੀਰ ਕੌਰ, ਵਾਰਡ ਨੰਬਰ 4 ਤੋਂ ਪ੍ਰਮੋਦ ਕੁਮਾਰ, ਵਾਰਡ ਨੰਬਰ 5 ਤੋਂ ਸੁਖਜਿੰਦਰ ਕੌਰ, ਵਾਰਡ ਨੰਬਰ 6 ਤੋਂ ਜਗਦੀਸ਼ ਲਾਲ, ਵਾਰਡ ਨੰਬਰ 7 ਤੋਂ ਬਲਵੀਰ ਕੌਰ, ਵਾਰਡ ਨੰਬਰ 8 ਤੋਂ ਰਸਪਾਲ ਕੌਰ, ਵਾਰਡ ਨੰਬਰ 9 ਤੋਂ ਮਨਜਿੰਦਰ ਮੋਹਨ, ਵਾਰਡ ਨੰਬਰ 10 ਤੋਂ ਹਰਬੰਸ ਸਿੰਘ, ਵਾਰਡ ਨੰਬਰ 11 ਤੋਂ ਮੀਨੂ, ਵਾਰਡ ਨੰਬਰ 12 ਤੋਂ ਨੀਨਾ ਸ਼ਰਮਾ, ਵਾਰਡ ਨੰਬਰ 13 ਤੋਂ ਕੀਮਤੀ ਸੱਦੀ, ਵਾਰਡ ਨੰਬਰ 14 ਤੋਂ ਲੈਹਿਬਰ ਰਾਮ ਅਤੇ ਵਾਰਡ ਨੰਬਰ 15 ਤੋਂ ਗੀਤਾ ਦੇਵੀ ਦੇ ਨਾਮ ਸ਼ਾਮਲ ਹਨ। ਇਸ ਮੌਕੇ ਰਾਮਦਾਸ ਸਿੰਘ, ਪ੍ਰਦੀਪ ਰਟੈਂਡਾ, ਅਮਨਦੀਪ ਸਿੰਘ ਐਡਵੋਕੇਟ, ਸਤਨਾਮ ਸੰਧੂ ਖਾਨਖਾਨਾ, ਅਮਰਜੀਤ ਕਲਸੀ ਤਲਵੰਡੀ ਜੱਟਾਂ ਪ੍ਰਧਾਨ, ਗਿਆਨ ਚੰਦ, ਮਨੀ ਪਾਠਕ, ਸਚਿਨ ਘਈ, ਅਰੁਣ ਘਈ, ਸੋਢੀ ਲਾਲ, ਪਰਵੀਨ ਗੋਗੀ ਸਾਬਕਾ ਐੱਮ ਸੀ ਰਕੇਸ਼ ਟੋਨੀ, ਧਰਮਪਾਲ ਸੁਪਰਡੈਂਟ, ਕੁਲਦੀਪ ਕੌਰ ਜਸਵਿੰਦਰ ਕੁਮਾਰ ,ਰਕੇਸ਼ ਬਤਰਾ ਮਹਕ ਬੰਗਾ ਸਮੇਤ ਹੋਰ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

## ਐੱਸ ਕੇ ਐੱਮ ਦੇ ਸੱਦੇ 'ਤੇ ਮੋਦੀ ਤੇ ਭਾਜਪਾ ਸਰਕਾਰ ਦੇ ਪੁਤਲੇ ਫੂਕੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਸੰਯੁਕਤ ਕਿਸਾਨ ਮੋਰਚੇ ਵੱਲੋਂ ਬੀ ਬੀ ਐੱਮ ਬੀ ਵਿੱਚੋਂ ਕੇਂਦਰ ਸਰਕਾਰ ਦੁਆਰਾ ਪੰਜਾਬ ਦੀ ਹਿੱਸੇਦਾਰੀ ਖਤਮ ਕਰਨ ਅਤੇ ਪਾਣੀਆਂ ਦੇ ਮਸਲੇ ਉੱਤੇ ਪੰਜਾਬ ਨਾਲ ਵਿਤਕਰਾ ਕਰਨ ਦੇ ਰੋਸ ਵਜੋਂ ਜਿਹੜਾ ਸਯੁੰਕਤ ਕਿਸਾਨ ਮੋਰਚਾ ਪੰਜਾਬ ਚੈਪਟਰ ਨੇ ਯਾਦਵਿੰਦਰ ਪਬਲਿਕ ਸਕੂਲ ਮੋਹਾਲੀ ਨੇੜੇ ਗੁਰਦੁਆਰਾ ਅੰਬ ਸਾਹਿਬ ਤੋਂ ਪੈਦਲ ਮਾਰਚ ਗਵਰਨਰ ਪੰਜਾਬ ਵੱਲ ਕੱਢਿਆ ਸੀ ਉਸ ਨੂੰ ਚੰਡੀਗੜ੍ਹ ਪ੍ਰਸ਼ਾਸਨ ਨੇ ਚੰਡੀਗੜ੍ਹ ਦੀ ਹੱਦ ਉੱਤੇ ਬੈਰੀਕੇਡ ਲਾ ਕੇ ਰੋਕ ਦਿੱਤਾ ਪਰੰਤੂ ਕਿਸਾਨ ਅੱਗੇ ਜਾਣ ਲਈ ਬਜ਼ਿਦ ਸਨ ਜਿਸ ਦੇ ਫਲਸਰੂਪ ਉਸ ਕਸ਼ਮ ਕਸ਼ ਵਿੱਚ ਚੰਡੀਗੜ੍ਹ ਪੁਲਿਸ ਨੇ ਪਾਣੀ ਦੀਆਂ ਬੁਛਾੜਾਂ ਅਤੇ ਅਥਰੂ ਗੈਸ ਦੇ ਗੋਲੇ ਛੱਡੇ ਗਏ। ਉਸ ਦੇ ਰੋਸ ਵਜੋਂ ਸਾਰੇ ਪੰਜਾਬ ਵਿੱਚ ਪੁੱਤਲੇ ਫੂਕਣ ਦੀ ਸਯੁੰਕਤ ਕਿਸਾਨ ਮੋਰਚਾ ਪੰਜਾਬ ਨੇ ਕਾਲ ਦਿੱਤੀ ਸੀ ਜਿਸ ਦੇ ਤਹਿਤ ਮੋਰਿੰਡਾ ਵਿੱਚ ਚਮਕੌਰ ਸਾਹਿਬ ਮੋਰਿੰਡਾ ਸ੍ਰੀ ਚਮਕੌਰ ਸਾਹਿਬ ਚੁਰਾਸਤੇ ਤੇ ਮੋਦੀ ਅਤੇ ਰਾਜਪਾਲ ਪੰਜਾਬ ਦੇ ਪੁਤਲੇ ਫੂਕੇ ਗਏ। ਪਹਿਲਾਂ ਕਿਸਾਨ ਦਾਣਾ ਮੰਡੀ ਵਿੱਚ ਇਕੱਠੇ ਹੋਏ ਫੇਰ ਜਲੂਸ ਦੀ ਸ਼ਕਲ ਵਿੱਚ ਨਾਅਰੇਬਾਜ਼ੀ ਕਰਦੇ ਹੋਏ ਚੌਂਕ ਚਮਕੌਰ ਸਾਹਿਬ ਮੋੜ ਟੀ ਪੁਆਇੰਟ ਤੇ ਸੜਕ ਵਿੱਚਕਾਰ ਪੁਤਲੇ ਫੂਕੇ ਗਏ। ਕੁਝ ਸਮੇਂ ਲਈ ਟਰੈਫਿਕ ਵੀ ਚਾਮ ਰਿਹਾ। ਇਸ ਮੌਕੇ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਪਰਮਿੰਦਰ ਸਿੰਘ ਚਲਾਕੀ ਅਤੇ ਗੁਰਚਰਨ ਸਿੰਘ ਢੋਲਣ ਮਾਜਰਾ ਨੇ ਚੰਡੀਗੜ੍ਹ ਪੁਲਿਸ ਦੁਆਰਾ ਕੀਤੀ ਇਸ ਘਟਨਾ ਦੀ ਜੋਰਦਾਰ ਨਿੰਦਾ ਕੀਤੀ। ਉਪਰੋਕਤ ਆਗੂਆਂ ਨੇ ਇਸ ਮੌਕੇ ਪਿਛਲੇ ਦਿਨੀ ਡੀਜ਼ਲ ਪੈਟਰੋਲ ਅਤੇ ਗੈਸ ਦੀ ਅਤੇ ਸੋਸਾਇਟੀਆਂ ਵਿੱਚ ਖਾਦ ਦੀ ਘਾਟ ਕੇਂਦਰ ਸਰਕਾਰ ਦੀ ਫੇਲ ਹੋਣ ਦੀ ਨੀਤੀ ਦਾ ਅਹਿਸਾਸ ਕਰਾਉਂਦੀ ਹੈ। ਉਹਨਾਂ ਪੰਜਾਬ ਸਰਕਾਰ ਤੋਂ ਵੀ ਮੰਗ ਕੀਤੀ ਕਿ ਸਹਿਕਾਰੀ ਸੋਸਾਇਟੀਆਂ ਵਿੱਚ ਪਾਰ ਦਰਸ਼ਤਾ ਲਿਆਂਦੀ ਜਾਵੇ ਅਤੇ ਵਧੀਆ ਲਿਮਿਟਾਂ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ



ਇਲਾਵਾ ਰਣਧੀਰ ਸਿੰਘ ਚੱਕਲ, ਬਲਦੇਵ ਸਿੰਘ, ਮੇਜਰ ਸਿੰਘ, ਅਜੈਬ ਸਿੰਘ ਚੱਕਲਾਂ, ਮਹਿੰਦਰ ਸਿੰਘ ਰੌਣੀ, ਕਰਨੈਲ ਸਿੰਘ ਡੂਮਛੇੜੀ, ਰਣਧੀਰ ਸਿੰਘ, ਬਾਵਾ ਸਿੰਘ ਮਾਜਰੀ, ਗੁਰਦੀਪ ਸਿੰਘ ਰਸੂਲਪੁਰ, ਕੇਵਲ ਸਿੰਘ, ਸ਼ਾਦੀ ਸਿੰਘ ਓਇੰਦ, ਅਵਤਾਰ ਸਿੰਘ, ਮਨਿੰਦਰ ਸਿੰਘ ਸਹੇੜੀ, ਰਣਜੀਤ ਸਿੰਘ, ਅਮਰ ਸਿੰਘ ਕਲਾਰਾਂ, ਤਰਲੋਚਨ ਸਿੰਘ ਤਾਜਪਰਾ, ਹਰਚੰਦ ਸਿੰਘ ਰਤਨਗੜ੍ਹ, ਸੰਤੋਖ ਸਿੰਘ ਕਲਹੇੜੀ, ਹਰਿੰਦਰ ਸਿੰਘ ਕਾਕਾ ਜਟਾਣਾ, ਰਣਬੀਰ ਸਿੰਘ, ਭੁਪਿੰਦਰ ਸਿੰਘ, ਕੁਲਵੰਤ ਸਿੰਘ, ਮਨਿੰਦਰ ਸਿੰਘ ਮੁੰਡੀਆ, ਸੁਰਿੰਦਰ ਸਿੰਘ, ਸੰਤੋਖ ਸਿੰਘ, ਬਹਾਦਰ ਸਿੰਘ, ਚਰਨ ਸਿੰਘ, ਨਿਰਮਲ ਸਿੰਘ ਮੋਰਿੰਡਾ, ਰਵਿੰਦਰ ਸਿੰਘ ਮਾਨਖੇੜੀ, ਪਰਮਜੀਤ ਸਿੰਘ, ਬਾਵਾ ਸਿੰਘ, ਮੇਜਰ ਸਿੰਘ ਕਾਂਜਲਾ, ਜਗਦੀਪ ਸਿੰਘ ਸਰਹਾਣਾ, ਰਣਧੀਰ ਸਿੰਘ ਕਾਈਨੌਰ, ਗੁਰਮੇਲ ਸਿੰਘ ਰੰਗੀਆ, ਦਰਸ਼ਨ ਸਿੰਘ ਮੜੌਲੀ ਆਦਿ ਹਾਜ਼ਰ ਸਨ।

## ਸਰਕਾਰੀ ਹਾਈ ਸਕੂਲ ਦਾ ਅੱਠਵੀਂ ਤੇ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਅੱਠਵੀਂ ਜਮਾਤ ਵਿੱਚੋਂ ਲਗਭਗ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ,ਜਿਹਨਾਂ ਵਿੱਚੋਂ ਮਲਵੀਰ ਸਿੰਘ ਪਹਿਲੇ ਸਥਾਨ ਤੇ ਦਕਸ਼ ਗੌਤਮ ਦੂਸਰੇ ਅਤੇ ਪ੍ਰਭਦੀਪ ਕੌਰ ਤੀਸਰੇ ਸਥਾਨ 'ਤੇ ਦਸਵੀਂ ਜਮਾਤ ਦਾ




ਨਤੀਜਾ ਵੀ ਬਹੁਤ ਸ਼ਾਨਦਾਰ ਰਿਹਾ । ਦਸਵੀਂ ਦੀ ਸਿਮਰਨ ਕੌਰ 650 ਤੋਂ 549 ਨੰਬਰ ਲੈ ਦੇ ਪਹਿਲੇ ਸਥਾਨ 'ਤੇ ਕਰਨਵੀਰ ਸਿੰਘ 523 ਨੰਬਰ ਲੈ ਕੇ ਦੂਸਰੇ ਸਥਾਨ ਤੇ ਅਤੇ ਅਰਸ਼ਦੀਪ ਸਿੰਘ ਨੇ 519 ਨੰਬਰ ਲੈ ਕੇ ਤੀਸਰੇ ਸਥਾਨ 'ਤੇ ਰਿਹਾ। ਹੈਡਮਾਸਟਰ ਕੁਲਬੀਰ ਸਿੰਘ ਨੇ ਵਿਦਿਆਰਥੀਆਂ ਤੇ ਮਾਪਿਆਂ ਅਤੇ ਸਕੂਲ ਸਟਾਫ ਨੂੰ ਵਧਾਈਆਂ ਦਿੱਤੀਆਂ ਤੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਨਾਲ ਉਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਸ਼ਾਰਦਾ ਮਾਤਾ ਮੰਦਰ 'ਚ ਸ਼ਨੀ ਜਯੰਤੀ ਮਨਾਈ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਸਥਾਨਕ ਸ੍ਰੀ ਸ਼ਾਰਦਾ ਮਾਤਾ ਮੰਦਿਰ ਵਿਖੇ ਸ੍ਰੀ ਸ਼ਾਰਦਾ ਮਾਤਾ ਪਰਿਵਾਰ 7249 ਅਤੇ ਮੰਦਿਰ ਪ੍ਰਬੰਧਕ ਕਮੇਟੀ ਵੱਲੋਂ ਸ਼ਨੀ ਜਯੰਤੀ ਦਾ ਦਿਹਾੜਾ ਮਨਾਇਆ ਗਿਆ।ਸਮਾਗਮ ਦੌਰਾਨ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਕਮੇਟੀ ਵੱਲੋਂ ਇਲਾਕੇ ਦੀਆਂ ਲੋੜਵੰਦ ਮਹਿਲਾਵਾਂ ਨੂੰ ਆਤਮ-ਨਿਰਭਰ ਬਣਾਉਣ ਦੇ ਮਕਸਦ ਨਾਲ ਸਿਲਾਈ ਮਸ਼ੀਨਾਂ ਦਾਨ ਕੀਤੀਆਂ ਗਈਆਂ।ਸਮਾਗਮ ਦੀ ਸ਼ੁਰੂਆਤ ਮੌਕੇ 'ਮਾਂ ਕੇ ਲਾਡਲੇ ਕੀਰਤਨ ਮੰਡਲੀ' ਦੀਆਂ ਮਹਿਲਾ ਸ਼ਰਧਾਲੂਆਂ ਵੱਲੋਂ ਮਾਤਾ ਰਾਣੀ ਅਤੇ ਭਗਵਾਨ ਸ਼ਨੀ ਦੇਵ ਦੇ ਚਰਨਾਂ ਵਿੱਚ ਹਾਜ਼ਰੀ ਲਗਵਾਈ ਗਈ।ਭਗਤੀ ਦੇ ਇਸ ਪ੍ਰਵਾਹ ਨੇ ਸੰਗਤਾਂ ਨੂੰ ਮੰਤਰ-ਮੁਗਧ ਕਰ ਦਿੱਤਾ।

# ਸਫ਼ਾਈ ਯੂਨੀਅਨ ਤੇ ਕਿਸਾਨ ਸੰਘਰਸ਼ ਕਮੇਟੀ ਵੱਲੋਂ ਰੋਸ ਰੈਲੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਸਫ਼ਾਈ ਸੇਵਕ ਟਾਂਡਾ ਦੀ ਪ੍ਰਧਾਨ ਮਾਇਆ, ਚੇਅਰਮੈਨ ਜਸਪਾਲ ਅਤੇ ਵਾਈਸ ਪ੍ਰਧਾਨ ਜਤਿੰਦਰ ਹੰਸ ਦੀ ਦੇਖਰੇਖ ਵਿੱਚ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਤਰਸੇਮ ਲਾਲ ਦੀ ਅਗਵਾਈ ਵਿੱਚ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੜਤਾਲ ਨੂੰ ਉਸ ਵੇਲੇ ਭਰਵਾਂ ਹੁੰਗਾਰਾ ਮਿਲਿਆ ਜਦੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਤੇ ਲੋਕ ਇਨਕਲਾਬ ਮੰਚ ਦੇ ਸਰਪ੍ਰਸਤ ਹਰਦੀਪ ਸਿੰਘ ਖੁੱਡਾ ਆਪਣੇ ਸਾਥੀਆਂ ਸਮੇਤ ਸਫ਼ਾਈ ਸੇਵਕ ਅਤੇ ਕਰਮਚਾਰੀ ਯੂਨੀਅਨ ਦੀ ਹੜਤਾਲ ਚ ਸ਼ਾਮਿਲ ਹੋ ਕੇ ਉਨ੍ਹਾਂ ਨੂੰ ਆਪਣਾ ਭਰਪੂਰ ਸਮਰਥਨ ਦੇਣ ਦਾ ਐਲਾਨ ਕਰ ਦਿੱਤਾ। ਇਸ ਮੌਕੇ ਤੇ ਸਫ਼ਾਈ ਸੇਵਕਾਂ ਤੇ ਕਰਮਚਾਰੀ ਯੂਨੀਅਨ ਨੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸਹਿਯੋਗ ਨਾਲ ਕਮੇਟੀ ਘਰ ਤੋਂ ਚੱਲ ਕੇ ਟਾਂਡਾ ਸ਼ਹਿਰ ਦੇ ਵੱਖ-ਵੱਖ ਚੌਰਸਤਿਆਂ ਅਤੇ ਬਾਜ਼ਾਰਾਂ ਵਿੱਚ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਰੋਸ ਰੈਲੀ ਕੱਢੀ।ਪ੍ਰਧਾਨ ਤਰਸੇਮ ਲਾਲ ਅਤੇ ਹਰਦੀਪ ਸਿੰਘ ਨੇ ਕਿਹਾ ਕਿ ਯੂਨੀਅਨ ਵੱਲੋਂ ਪੰਜਾਬ ਸਰਕਾਰ ਪਾਸੋਂ ਕੀਤੀਆਂ ਗਈਆਂ ਮੰਗਾਂ ਕਿ ਸਾਰੇ ਕੱਚੇ ਮੁਲਾਜ਼ਮਾਂ ਨੂੰ ਪੱਕਿਆ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਠੇਕੇਦਾਰੀ ਸਿਸਟਮ ਖਤਮ ਕੀਤਾ ਜਾਵੇ, ਡੀ ਏ ਦੀਆਂ ਬਕਾਇਆ ਕਿਸ਼ਤਾਂ ਦਿੱਤੀਆਂ ਜਾਣ ਅਤੇ ਪੇ ਸਕੇਲ ਦਾ ਬਣਦਾ ਬਕਾਇਆ ਦੇਣ ਤੋਂ ਇਲਾਵਾ ਯੂਨੀਅਨ ਦੀਆਂ ਹੋਰ ਸਾਰੀਆਂ ਜਾਇਜ਼ ਮੰਗਾਂ ਪ੍ਰਵਾਨ ਕੀਤੀਆਂ ਜਾਣ। ਪਰਮਜੀਤ ਭੁੱਲਾ, ਹਰਦੀਪ ਸਿੰਘ ਅਤੇ ਤਰਸੇਮ ਲਾਲ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਫਾਈ ਸੇਵਕਾਂ ਅਤੇ ਕਰਮਚਾਰੀ ਯੂਨੀਅਨ ਦੀਆਂ ਜਾਇਜ਼ ਮੰਗਾਂ ਜਲਦ ਪਰਵਾਨ ਨਾ ਕੀਤੀਆਂ ਤਾਂ ਸੰਘਰਸ਼ ਹੋਰ ਤੇਜ਼ ਕਰਦੇ ਹੋਏ ਸੜਕ ਜਾਮ ਤੇ ਪੁਤਲੇ ਫੂਕ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਤੇ ਨੀਸ਼ਾਨ ਸਿੰਘ, ਗਣੇਸ਼ ਨੱਥੂਪੁਰ, ਗੁਰਜੀਤ ਸਿੰਘ ਕੰਗ, ਨੀਰਜ ਭੱਟੀ, ਜਸਪਾਲ, ਪਾਂਡੀ, ਅਜੇ, ਵਿਜੇ, ਵਿਪਿਨ, ਨੀਰਜ ਮੱਟੂ, ਗੁਲਸ਼ਨ, ਦੀਪਕ ਹੰਸ, ਅਵਿਨਾਸ਼ ਹੰਸ, ਭੋਲੀ, ਪ੍ਰਵੀਨ, ਮਮਤਾ, ਸੁਖਵਿੰਦਰ ਕੌਰ, ਪਰਮਜੀਤ ਪੰਮਾ, ਅਵਿਨਾਸ਼, ਕਰਨ, ਸ਼ੇਖਰ, ਅਮਰਜੀਤ, ਸੰਦੀਪ, ਰੇਨੂ, ਸ਼ੀਤਲ ਕੁਮਾਰ, ਪਰਮਜੀਤ ਸਿੰਘ, ਰਵੀ ਪਾਲ, ਪੂਨਮ, ਜਾਨਵੀ, ਰਜਨੀ, ਪਿੰਕੀ, ਨਵਨੀਤ, ਵਿਜੇ, ਪੱਪੂ, ਰਾਧਾ ਰਾਣੀ, ਰਮਨ, ਨਿਸ਼ਾਨ ਬ੍ਰਿਜ, ਬੰਟੀ, ਰੋਕੀ ਅਤੇ ਮੰਜੂ ਤੋਂ ਇਲਾਵਾ ਹੋਰ ਮੁਲਾਜ਼ਮਾਂ ਨੇ ਸਰਕਾਰ ਖਿਲਾਫ ਰੋਸ ਦਾ ਪ੍ਰਗਟਾਵਾ ਕਰਦੇ ਹੋਏ ਨਾਅਰੇਬਾਜ਼ੀ ਕੀਤੀ।



# ਪਾਸਲਾ ਤੇ ਜਾਮਾਰਾਏ ਨੇ ਕੀਤੀ ਕਿਸਾਨਾਂ 'ਤੇ ਜਬਰ ਢਾਹੁਣ ਦੀ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਇਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਚੰਡੀਗੜ੍ਹ ਵਿਖੇ ਐੱਸ ਕੇ ਐੱਮ ਦੇ ਸੱਦੇ 'ਤੇ ਪੁੱਜੇ ਹਜ਼ਾਰਾਂ ਕਿਸਾਨਾਂ 'ਤੇ ਵਰਤਾਏ ਗਏ ਪੁਲਸੀਆ ਕਹਿਰ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ। ਪਾਸਲਾ ਤੇ ਜਾਮਾਰਾਏ ਨੇ ਕਿਹਾ ਹੈ ਕਿ ਸ਼ਾਂਤਮਈ ਰੋਸ ਪ੍ਰਗਟਾਉਂਦੇ ਹੋਏ ਗਵਰਨਰ ਹਾਊਸ ਵੱਲ ਵਧ ਰਹੇ ਕਿਸਾਨਾਂ ਨੂੰ ਡਾਂਗਾਂ, ਅਥਰੂ ਗੈਸ ਦੇ ਗੋਲਿਆਂ ਤੇ ਪਾਣੀ ਦੀਆਂ ਬੁਛਾੜਾਂ ਦਾ ਨਿਸ਼ਾਨਾ ਬਣਾਏ ਜਾਣ ਤੋਂ ਇਹ ਗੱਲ ਬਾਖੂਬੀ ਸਿੱਧ ਹੋ ਗਈ ਹੈ ਕਿ ਲੋਕਾਂ ਵਲੋਂ ਆਪਣੀਆਂ ਵਾਜਬ ਮੰਗਾਂ ਲਈ ਰੋਸ ਪ੍ਰਗਟਾਉਣ ਦੇ ਆਪਣੇ ਜਮਹੂਰੀ ਅਧਿਕਾਰ ਦੀ ਵਰਤੋਂ ਕਰਨੀ ਵੀ ਜਾਬਰ ਹਕੂਮਤਾਂ ਅਤੇ ਪੁਲਸ-ਪ੍ਰਸ਼ਾਸ਼ਨ ਦੀ ਬਰਦਾਸ਼ਤ ਤੋਂ ਬਾਹਰ ਦੀ ਗੱਲ ਬਣ ਗਈ ਹੈ।ਉਨ੍ਹਾਂ ਸਮੂਹ ਪਾਰਟੀ ਇਕਾਈਆਂ ਨੂੰ ਇਸ ਵਹਿਸ਼ੀ ਜਬਰ ਖਿਲਾਫ਼ ਭਲਕੇ ਕੀਤੇ ਜਾ ਰਹੇ ਪੁਤਲਾ ਫੂਕ ਪ੍ਰਦਰਸ਼ਨਾਂ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਪੰਜਾਬ ਵਾਸੀਆਂ ਨੂੰ ਸਰਕਾਰਾਂ ਦੀ ਤਾਨਾਸ਼ਾਹੀ ਖਿਲਾਫ ਤਕੜੀ ਆਵਾਜ ਬੁਲੰਦ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਹੈ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਮਿਉਂਸਪਲ ਮੁਲਾਜ਼ਮਾਂ ਦੀ ਹੜਤਾਲ ਦਾ ਸਮਰਥਨ

**ਬਿਲਗਾ (ਵਿਜੇ ਕੁਮਾਰ)**

ਸਥਾਨਕ ਸਰਕਾਰਾਂ ਵਿਭਾਗ ਦੇ ਸਫ਼ਾਈ ਕਾਮੇ ਪਿਛਲੇ ਨੌਂ ਦਿਨਾਂ ਤੋਂ ਹੜਤਾਲ ਤੇ ਚੱਲ ਰਹੇ ਹਨ। ਬਿਲਗਾ ਵਿਖੇ ਸਫ਼ਾਈ ਕਾਮਿਆਂ ਦੀ ਹੜਤਾਲ ਨੂੰ ਜ਼ਬਰਦਸਤ ਹੁੰਗਾਰਾ ਮਿਲਿਆ ਜਦੋਂ ਦਿਹਾਤੀ ਮਜ਼ਦੂਰ ਸਭਾ ਮਿਉਂਸੀਪਲ ਮੁਲਾਜਮ ਐਕਸ਼ਨ ਕਮੇਟੀ ਪੰਜਾਬ ਵਲੋਂ ਦਿੱਤੇ ਗਏ ਸੱਦੇ ਅਨੁਸਾਰ ਪਿਛਲੇ ਅੱਠ ਦਿਨਾਂ ਤੋਂ ਚੱਲ ਰਹੀ ਹੜਤਾਲ ਤੇ ਰੋਸ ਐਕਸ਼ਨਾਂ ਤਹਿਤ ਨਗਰ ਪੰਚਾਇਤ ਬਿਲਗਾ ਵਿਖੇ ਸਫ਼ਾਈ ਸੇਵਕਾਂ ਦੀ ਲਗਾਤਾਰ ਚੱਲ ਰਹੀ ਹੜਤਾਲ ਦੇ ਐਕਸ਼ਨ ਦੀ ਹਿਮਾਇਤ ਵਿੱਚ ਦਿਹਾਤੀ ਮਜਦੂਰ ਸਭਾ ਜਲੰਧਰ ਦੇ ਜ਼ਿਲ੍ਹਾ ਕਮੇਟੀ ਮੈਂਬਰ ਕੁਲਦੀਪ ਵਾਲੀਆ ਬਿਲਗਾ ਵਲੋਂ ਸ਼ਮੂਲੀਅਤ ਕਰਦੇ ਹੋਏ ਸਫਾਈ ਸੇਵਕਾਂ ਦੀ ਹੜਤਾਲ ਦਾ ਪੁਰਜੋਰ ਸਮਰਥਨ ਕੀਤਾ। ਦਿਹਾਤੀ ਮਜ਼ਦੂਰ ਸਭਾ ਪੰਜਾਬ ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਪਰਮਜੀਤ ਰੰਧਾਵਾ ਆਪਣੇ ਮਜ਼ਦੂਰ ਸਾਥੀਆਂ ਸਮੇਤ ਹੜਤਾਲੀ ਸਫ਼ਾਈ ਕਾਮਿਆਂ ਦੇ ਸੰਘਰਸ਼ ਵਿੱਚ ਸ਼ਾਮਲ ਹੋਏ।ਪਰਮਜੀਤ ਰੰਧਾਵਾ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰਾਂ ਪੱਖੀ ਉਨੱਤੀ ਕਿਰਤ ਕਾਨੂੰਨਾਂ ਨੂੰ ਰੱਦ ਕਰਕੇ ਮਜ਼ਦੂਰਾਂ ਵਿਰੋਧੀ ਬਣਾਏ ਚਾਰ ਕਿਰਤ ਕੋਡਾਂ ਸੰਬੰਧੀ ਜਾਗਰੂਕ ਕਰਦੇ ਹੋਏ ਹੜਤਾਲੀ ਸਫ਼ਾਈ ਕਾਮਿਆਂ ਦੇ ਸੰਘਰਸ਼ ਦਾ ਪੁਰਜੋਰ ਸਮਰਥਨ ਕੀਤਾ ਅਤੇ ਸੰਘਰਸ਼ ਨੂੰ ਕਾਮਯਾਬ ਕਰਨ ਲਈ ਹਰ ਪ੍ਰਕਾਰ ਨਾਲ ਸਮਰਥਨ ਦਾ ਭਰੋਸਾ ਦਿਵਾਇਆ। ਉਹਨਾਂ ਨੇ ਹੜਤਾਲੀ ਕਾਮਿਆਂ ਨੂੰ ਉਤਸ਼ਾਹਿਤ ਕਰਦੇ ਹੋਏ ਕਿਹਾ ਕਿ ਅਨੁਸ਼ਾਸਨ ਬੱਧ ਹੋ ਕੇ ਲਗਾਤਾਰ ਸੰਘਰਸ਼ ਨੂੰ ਇੱਕ ਜੁੱਟਤਾ ਨਾਲ ਅੱਗੇ ਅੱਗੇ ਵਧਾਉਣਾ ਹੀ ਤੁਹਾਡੀਆਂ ਮੰਗਾਂ ਮੰਨੇ ਜਾਣ ਦੀ ਇੱਕੋ ਇੱਕ ਗਰੰਟੀ ਹੈ ਤੇ ਇਸ ਤੇ ਪੂਰੀ ਸ਼ਿੱਦਤ ਨਾਲ ਪਹਿਰਾ ਦਿਓ। ਦਿਹਾਤੀ ਮਜ਼ਦੂਰ ਸਭਾ ਦੇ ਜਥੇ ਵਿੱਚ ਪਰਮਜੀਤ ਰੰਧਾਵਾ ਤੋਂ ਇਲਾਵਾ ਕੁਲਦੀਪ ਵਾਲੀਆ, ਕਾਮਰੇਡ ਰਾਮ, ਬੇਅੰਤ ਸਿੰਘ,ਹੈਪੀ, ਕੁਲਵੰਤ ਸਿੰਘ, ਲੰਬਰਦਾਰ ਬੋਗ ਸਿੰਘ, ਕੁਲਦੀਪ ਸਿਆਣ, ਰਜਿੰਦਰ ਕੁਮਾਰ, ਕਾਮਰੇਡ ਮੰਗਾ ਸੰਗੋਵਾਲ, ਕਾਮਰੇਡ ਮਦਨ ਲਾਲ, ਕਾਮਰੇਡ ਜੀਤਾ ਸੰਗੋਵਾਲ ਆਦਿ ਜੁਝਾਰੂ ਸਾਥੀ ਸ਼ਾਮਲ ਹੋਏ।

# ਮੁਫਤ ਮੈਡੀਕਲ ਕੈਂਪ ਲਗਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਧੰਨ-ਧੰਨ ਡੇਰਾ ਬਾਬਾ ਕੱਲਰਾਂ ਪਿੰਡ ਸ਼ੇਰਪੁਰ ਵਿਖੇ 108 ਸੰਤ ਰਮੇਸ਼ ਦਾਸ ਮਹਾਰਾਜ ਦੇ ਆਸ਼ੀਰਵਾਦ ਨਾਲ 108 ਸੰਤ ਨਿਰੰਜਨ ਦਾਸ ਤੇ 108 ਸੰਤ ਸੋਮਨਾਥ ਦੀ ਦੇਖ ਰੇਖ ਹੇਠ ਜੇਠ ਮਹੀਨੇ ਦੀ ਸੰਗਰਾਂਦ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਦੌਰਾਨ ਸਭ ਤੋਂ ਪਹਿਲਾਂ ਪਾਠ ਦੇ ਭੋਗ ਪਾਏ ਗਏ ਤੇ ਕੀਰਤਨ ਦੀਵਾਨ ਸਜਾਏ ਗਏ। ਉਸ ਤੋਂ ਬਾਅਦ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ। ਇਸ ਮੌਕੇ ਸਿੱਧ ਜੋਗੀ ਟਰੱਸਟ ਪਿੰਡ ਖਾਨਪੁਰ ਤੋਂ ਡਾਕਟਰ ਜਸਵੰਤ ਸਿੰਘ ਥਿੰਦ, ਡਾਕਟਰ ਪ੍ਰਭ ਹੀਰ ਅਤੇ ਉਹਨਾਂ ਦੀ ਟੀਮ ਹਰਜਿੰਦਰ ਕੁਮਾਰੀ, ਨਵਜੋਤ ਕੌਰ, ਕਿਸ਼ਨ ਚੰਦ ਤੇ ਭੁਪਿੰਦਰ ਕੁਮਾਰ ਦੁਆਰਾ ਫਰੀ ਮੈਡੀਕਲ ਕੈਂਪ ਤੇ ਫ੍ਰੀ ਸ਼ੂਗਰ ਟੈਸਟਿੰਗ ਕੈਂਪ ਲਗਾਇਆ ਗਿਆ। ਇਸ ਮੌਕੇ ਦੰਦਾਂ ਦਾ ਹਸਪਤਾਲ ਏ. ਕੇ. ਡੈਂਟਲ ਕੇਅਰ, ਮਦੂਆਣਾ ਗਲੀ ਮਾਹਿਲਪੁਰ ਤੋਂ ਡਾਕਟਰ ਅੰਜਲੀ ਕੁਮਾਰੀ ਵੱਲੋਂ ਦੰਦਾਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ।



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਪੋਜੇਵਾਲ(ਰਾਮ ਲਾਲ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਬਾਰਵੀਂ ਦੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੜੋਆ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ। ਜਾਣਕਾਰੀ ਮੁਤਾਬਿਕ ਦਸਵੀਂ ਕਲਾਸ ਦੇ 27 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ। ਜਿਸ ਵਿੱਚ 27 ਵਿਦਿਆਰਥੀ ਹੀ ਪਾਸ ਹੋ ਗਏ ਹਨ ਜਿਨਾਂ ਵਿੱਚ ਪਹਿਲਾ ਸਥਾਨ ਪਲਕ 527/650 ਦੂਸਰੇ ਸਥਾਨ ਤੇ ਤਨਵੀ ਭੰਵਰਾ ਨੇ 510/650 ਅਤੇ ਤੀਸਰੇ ਸਥਾਨ ਤੇ ਲਵਪ੍ਰੀਤ ਸ਼ਰਮਾ ਨੇ 509/650 ਅੰਕ ਲੈ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸੇ ਤਰ੍ਹਾਂ ਹੀ ਬਾਰਵੀਂ ਕਲਾਸ ਦੇ ਵਿੱਚ ਕੁਲ 55 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਸ ਵਿੱਚ 55 ਇਹ ਵਿਦਿਆਰਥੀ ਪਾਸ ਹੋ ਗਏ। ਇਹਨਾਂ ਵਿੱਚ ਵਿਦਿਆਰਥੀ ਰੋਸ਼ਨ ਨੇ 423/500 ਅੰਕ ਲੈ ਕੇ ਪਹਿਲਾ ਸਥਾਨ, ਦੂਸਰੇ ਸਥਾਨ ਤੇ ਰਜਵੰਤ ਕੌਰ ਨੇ 395/500 ਅਤੇ ਤੀਸਰੇ ਸਥਾਨ ਤੇ ਮਨਪ੍ਰੀਤ ਕੌਰ ਨੇ 360/500 ਅੰਕ ਲੈ ਕੇ ਸਕੂਲ ਦਾ ਮਾਣ ਵਧਾਇਆ ਹੈ। ਕਾਰਜਕਾਰੀ ਇੰਚਾਰਜ ਗੀਤੂ ਨੇ ਸਾਰੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀਆਂ ਹਨ। ਜਿਨਾਂ ਦੀ ਮਿਹਨਤ ਸਦਕਾ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਸ ਤੋਂ ਇਲਾਵਾ ਤੇਜਿੰਦਰ ਸਿੰਘ, ਨਿਰਮਲ ਕੁਮਾਰ, ਰਣਜੀਤ ਸਿੰਘ, ਬਲਜਿੰਦਰ ਸਿੰਘ (ਸਹਾਇਕ ਕਲਰਕ), ਨਵਨੀਤ ਕੌਰ, ਭਾਵਨਾ, ਰਜਨੀ ਬਾਲਾ, ਕੁਲਵਿੰਦਰ ਕੌਰ ਅਤੇ ਕਿਰਨ ਬਾਲਾ ਆਦਿ ਹਾਜ਼ਰ ਸਨ।



# ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਦਾ ਵਿਦਿਅਕ ਦੌਰਾ

**ਜਲੰਧਰ (ਸ਼ੈਲੀ ਐਲਬਰਟ)**

ਮੇਹਰ ਚੰਦ ਪੌਲੀਟੈਕਨਿਕ ਕਾਲਜ, ਜਲੰਧਰ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਤੇ ਇਲੈਕਟ੍ਰਿਕਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਵਿਕਰਮਜੀਤ ਸਿੰਘ ਸੰਘੋਤਰਾ ਦੀ ਦੇਖ-ਰੇਖ ਹੇਠ ਇਲੈਕਟ੍ਰਿਕਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਸੁਕ੍ਰਿਤ ਮਸ਼ੀਨ ਟੂਲਸ, ਭਗਤ ਸਿੰਘ ਨਗਰ ਨੇੜੇ, ਜਲੰਧਰ ਵਿਖੇ ਉਦਯੋਗਿਕ ਦੌਰਾ ਕੀਤਾ ਗਿਆ। ਇਸ ਦੌਰੇ ਦਾ ਪ੍ਰਬੰਧ ਵਿਭਾਗ ਦੇ ਫੈਕਲਟੀ ਮੈਂਬਰ ਗਗਨਦੀਪ ਵੱਲੋਂ ਕੀਤਾ ਗਿਆ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਉਦਯੋਗਿਕ ਮਾਹੌਲ ਅਤੇ ਆਧੁਨਿਕ ਮਸ਼ੀਨਰੀ ਬਾਰੇ ਪ੍ਰਯੋਗਾਤਮਕ ਜਾਣਕਾਰੀ ਪ੍ਰਦਾਨ ਕੀਤੀ ਗਈ। ਵਿਦਿਆਰਥੀਆਂ ਨੇ ਵੱਖ-ਵੱਖ ਮਸ਼ੀਨਾਂ ਦੀ ਕਾਰਗੁਜ਼ਾਰੀ ਅਤੇ ਉਤਪਾਦਨ ਪ੍ਰਕਿਰਿਆ ਨੂੰ ਨੇੜੇ ਤੋਂ ਦੇਖਿਆ। ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਹੀ ਮਹੱਤਵਪੂਰਨ ਸਾਬਤ ਹੋਇਆ।ਪਲਾਂਟ ਹੈੱਡ ਗੁਰਦੀਪ ਸੂਈ ਨੇ ਵਿਦਿਆਰਥੀਆਂ ਨੂੰ ਪਲਾਂਟ ਦੇ ਵੱਖ-ਵੱਖ ਭਾਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਉਦਯੋਗਿਕ ਕਾਰਜ-ਪ੍ਰਣਾਲੀ ਨਾਲ ਜਾਣੂ ਕਰਵਾਇਆ। ਇਸ ਮੌਕੇ 'ਤੇ ਸੁਕ੍ਰਿਤ ਮਸ਼ੀਨ ਟੂਲਸ ਦੇ ਡਾਇਰੈਕਟਰ ਹਰਮੀਤ ਸਿੰਘ ਕਲਸੀ ਨੇ ਵੀ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਛੇ ਮਹੀਨੇ ਦੀ ਉਦਯੋਗਿਕ ਟ੍ਰੇਨਿੰਗ ਕਰਨ ਲਈ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਟ੍ਰੇਨਿੰਗ ਦੌਰਾਨ ਵਿਦਿਆਰਥੀਆਂ ਨੂੰ ਵਧੀਆ ਸਟਾਈਪੈਂਡ ਵੀ ਪ੍ਰਦਾਨ ਕੀਤਾ ਜਾਵੇਗਾ।



# ਸੀ ਟੀ ਕਾਲਜ ਦੀ ਵਿਦਿਆਰਥਣ ਬਣੀ ਮੈਰਿਟ ਹੋਲਡਰ

**ਜਲੰਧਰ (ਸ਼ੈਲੀ ਐਲਬਰਟ)**

ਸੀ.ਟੀ. ਕਾਲਜ ਆਫ ਐਜੂਕੇਸ਼ਨ ਨੋਰਥ ਕੈਂਪਸ ਮਕਸੂਦਾਂ ਨੇ ਇੱਕ ਵਾਰ ਫਿਰ ਸਿੱਖਿਆ ਦੇ ਖੇਤਰ ਵਿੱਚ ਆਪਣੀ ਉਤਕ੍ਰਿਸ਼ਟਤਾ ਨੂੰ ਸਾਬਤ ਕੀਤਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ (ਜੀ.ਐਨ.ਡੀ.ਯੂ), ਅੰਮ੍ਰਿਤਸਰ ਵੱਲੋਂ ਘੋਸ਼ਿਤ ਐਮ.ਐਡ. ਦੇ ਪਹਿਲੇ ਸਮੈਸਟਰ ਦੇ ਨਤੀਜਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਮਹੱਤਵਪੂਰਨ ਸਥਾਨ ਹਾਸਲ ਕੀਤੇ।ਇਸ ਪ੍ਰਾਪਤੀ ਦਾ ਕੇਂਦਰ ਰਹੀ ਗਰੀਮਾ ਅਰੋੜਾ, ਜਿਸ ਨੇ 7.95 ਐਸ.ਜੀ.ਪੀ.ਏ ਨਾਲ ਯੂਨੀਵਰਸਿਟੀ ਵਿੱਚ 7ਵਾਂ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਇਸ ਦੇ ਨਾਲ ਹੀ ਕੋਮਲ ਸ਼ਰਮਾ, ਕਿਰਨਜੀਤ ਕੌਰ ਅਤੇ ਮੀਨਾਕਸ਼ੀ ਨੇ ਵੀ 7.85 ਐੱਸ ਜੀ ਪੀ ਏ ਨਾਲ ਸਾਂਝੇ ਤੌਰ 'ਤੇ 9ਵਾਂ ਸਥਾਨ ਪ੍ਰਾਪਤ ਕਰਕੇ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕੀਤਾ।ਕਾਲਜ ਦਾ ਕੁੱਲ ਨਤੀਜਾ 100 ਫੀਸਦੀ ਰਿਹਾ, ਜਿਸ ਵਿੱਚ ਜ਼ਿਆਦਾਤਰ ਵਿਦਿਆਰਥੀਆਂ ਨੇ ਵਿਸ਼ੇਸ਼ ਯੋਗਤਾ ਨਾਲ ਪ੍ਰੀਖਿਆ ਪਾਸ ਕੀਤੀ। ਇਹ ਨਤੀਜੇ ਮਕਸੂਦਾਂ ਕੈਂਪਸ ਵਿੱਚ ਉੱਚ ਸਿੱਖਣ ਮਾਪਦੰਡਾਂ ਅਤੇ ਗੁਣਵੱਤਾ ਭਰੇ ਅਕਾਦਮਿਕ ਮਾਹੌਲ ਨੂੰ ਦਰਸਾਉਂਦੇ ਹਨ।ਨਤੀਜੇ ਘੋਸ਼ਿਤ ਹੋਣ ਨਾਲ ਹੀ ਕੈਂਪਸ ਵਿੱਚ ਖੁਸ਼ੀ ਅਤੇ ਜਸ਼ਨ ਦਾ ਮਾਹੌਲ ਬਣ ਗਿਆ। ਇਸ ਮੌਕੇ 'ਤੇ ਕਾਲਜ ਦੀ ਪ੍ਰਿੰਸੀਪਲ ਡਾ. ਅੰਜੂ ਸ਼ਰਮਾ ਨੇ ਵੀ ਖੁਸ਼ੀ ਜ਼ਾਹਿਰ ਕਰਦੇ ਹੋਏ ਕਿਹਾ, ਸਾਡੇ ਵਿਦਿਆਰਥੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਅਨੁਸ਼ਾਸਨ, ਮਿਹਨਤ ਅਤੇ ਸਹੀ ਰਹਿਨੁਮਾਈ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।



# ਦਿਹਾਤੀ ਮਜ਼ਦੂਰ ਸਭਾ ਵੱਲੋਂ ਕਿਸਾਨਾਂ 'ਤੇ ਤਸ਼ੱਦਦ ਦੀ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**-ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ, ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ, ਖਜ਼ਾਨਚੀ ਸ਼ਮਸ਼ੇਰ ਸਿੰਘ ਬਟਾਲਾ, ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਜਲੰਧਰ ਦਫ਼ਤਰ ਵਿਚੋਂ ਜਾਰੀ ਇਕ ਸਾਂਝੇ ਇਕ ਬਿਆਨ ਰਾਹੀਂ ਸਮੂਹ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਮੋਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਸਦਕਾ ਛਾਲਾਂ ਮਾਰ ਕੇ ਵੱਧ ਰਹੀ ਲੱਕ ਤੋੜ ਮਹਿੰਗਾਈ, ਪੈਟਰੋਲ-ਡੀਜ਼ਲ ਤੇ ਰਸੋਈ ਗੈਸ ਦੀਆਂ ਕੀਮਤਾਂ 'ਚ ਕੀਤੇ ਗਏ ਅਸਹਿ ਵਾਧੇ ਅਤੇ ਕਿਰਤੀਆਂ, ਕਿਸਾਨਾਂ, ਗਰੀਬਾਂ, ਮੱਧ ਵਰਗਾਂ ਦੀ ਰੋਜ਼ੀ ਰੋਟੀ 'ਤੇ ਕੀਤੇ ਜਾ ਰਹੇ ਮਾਰੂ ਹੱਲਿਆਂ ਖ਼ਿਲਾਫ ਸ਼ਹਿਰ, ਪਿੰਡਾਂ ਤੇ ਕਸਬਿਆਂ 'ਚ ਤਿੱਖੇ ਰੋਸ ਪ੍ਰਗਟਾਵੇ ਕੀਤੇ ਜਾਣ। ਉਕਤ ਆਗੂਆਂ ਨੇ ਕਿਹਾ ਕਿ ਸਾਮਰਾਜੀ ਧਾੜਵੀ ਅਮਰੀਕਾ ਤੇ ਉਸ ਦੇ ਨਾਪਾਕ ਜੋਟੀਦਾਰ ਇਜ਼ਰਾਈਲ ਵੱਲੋਂ ਇਰਾਨ ਖਿਲਾਫ਼ ਵਿੱਢੀ ਨਿਹੱਕੀ ਜੰਗ ਨੇ ਪਹਿਲਾਂ ਤੋਂ ਹੀ ਸੰਕਟ 'ਚ ਘਿਰੇ ਸੰਸਾਰ ਪੂੰਜੀਵਾਦੀ ਪ੍ਰਬੰਧ ਦਾ ਸਮੁੱਚਾ ਅਰਥਚਾਰਾ ਹੋਰ ਡੂੰਘੀ ਖਾਈ 'ਚ ਸੁੱਟ ਦਿੱਤਾ ਹੈ। ਆਗੂਆਂ ਨੇ ਅੱਗੇ ਕਿਹਾ ਕਿ ਆਪਣੀਆਂ ਵਾਜਬ ਮੰਗਾਂ ਲਈ ਰੋਸ ਪ੍ਰਗਟਾਉਣ ਹੋਏ ਗਵਰਨਰ ਹਾਊਸ ਵੱਲ ਵਧ ਰਹੇ ਬਾਜਾਬਤਾ ਕਿਸਾਨਾਂ ਨੂੰ ਕੇਂਦਰੀ ਸਰਕਾਰ ਦੇ ਚੰਡੀਗੜ੍ਹ ਪੁਲਸ ਪ੍ਰਸ਼ਾਸ਼ਨ ਨੇ ਡਾਂਗਾਂ, ਅੱਥਰੂ ਗੈਸ ਦੇ ਗੋਲਿਆਂ ਤੇ ਪਾਣੀ ਦੀਆਂ ਬੁਛਾੜਾਂ ਦਾ ਨਿਸ਼ਾਨਾ ਬਣਾਏ ਜਾਣ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ ਅਤੇ ਕਿਸਾਨਾਂ ਦੇ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕੀਤੀ ਹੈ।ਆਗੂਆਂ ਨੇ ਪੰਜਾਬ ਭਰ 'ਚ ਸਫਾਈ ਕਰਮਚਾਰੀਆਂ ਦੀ ਹੜਤਾਲ ਦਾ ਸਮਰਥਨ ਕਰਦਿਆਂ ਮਜ਼ਦੂਰ ਆਗੂਆਂ ਨੇ ਕਿਹਾ ਕਿ ਇਨ੍ਹਾਂ ਦੀਆਂ ਮੰਗਾਂ ਫੌਰੀ ਤੌਰ 'ਤੇ ਮੰਨੀਆਂ ਜਾਣ।

# ਨਗਰ ਕੌਂਸਲ ਚੋਣਾਂ ਲਈ ਕਾਂਗਰਸ ਵੱਲੋਂ 13 ਉਮੀਦਵਾਰਾਂ ਦੀ ਸੂਚੀ ਜਾਰੀ



**ਆਦਮਪੁਰ (ਪਰਮਜੀਤ ਸਿੰਘ)**-ਨਗਰ ਕੌਂਸਲ ਆਦਮਪੁਰ ਦੀ ਚੋਣ ਲਈ ਨਾਮਜ਼ਦਗੀ ਪੱਤਰ ਦਾਖ਼ਲ ਕਰਵਾਉਣ ਮੌਕੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਆਪਣੇ ਉਮੀਦਵਾਰਾਂ ਨਾਲ ਬੀ ਡੀ ਉ ਦਫ਼ਤਰ ਆਦਮਪੁਰ ਪਹੁੰਚੇ, ਉਨ੍ਹਾਂ ਕਿਹਾ ਕਿ ਅਸੀਂ ਇਸ ਚੋਣ ਲਈ ਆਪਣੇ 13 ਉਮੀਦਵਾਰਾਂ ਦੀ ਸੂਚੀ ਆਮ ਸਹਿਮਤੀ ਬਣਾ ਕੇ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਸੌਂਪੀ ਸੀ ਜਿਸ ਦੀ ਪ੍ਰਵਾਨਗੀ ਮਿਲਣ ਉਪਰੰਤ ਅਸੀਂ ਸੂਚੀ ਜਾਰੀ ਕਰ ਰਹੇ ਹਾਂ। ਅਸੀਂ ਇਹ ਚੋਣਾਂ ਜਿੱਤ ਕੇ ਦੁਬਾਰਾ ਆਦਮਪੁਰ ਨਗਰ ਕੌਂਸਲ ਵਿੱਚ ਆਪਣਾ ਪ੍ਰਧਾਨ ਬਣਾਉਣਾ ਹੈ ਤੇ ਰਣਨੀਤੀ ਤੇ ਤਹਿਤ ਚੋਣਾਂ ਜਿੱਤਣ ਲਈ ਹਕੂਮਤ ਦੇ ਖ਼ਿਲਾਫ਼ ਡੱਟ ਕੇ ਲੜਾਂਗਾ। ਆਦਮਪੁਰ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਨੇ ਉਮੀਦਵਾਰ ਦੇ ਨਾਵਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਮੀਦਵਾਰ ਵਾਰਡ ਨੰਬਰ 1 ਸ਼ੁਸ਼ਮਾ ਕੁਮਾਰੀ, ਵਾਰਡ ਨੰਬਰ 2 ਜੈ ਸਿੰਘ, ਵਾਰਡ ਨੰਬਰ 3 ਆਸ਼ਾ ਰਾਣੀ, ਵਾਰਡ ਨੰਬਰ 4 ਦੀਪਕ ਕੁਮਾਰ, ਵਾਰਡ ਨੰਬਰ 5 ਵੀਨਾਂ ਚੋਡਾ, ਵਾਰਡ ਨੰਬਰ 6 ਦਰਸ਼ਨ ਸਿੰਘ ਕਰਵਲ, ਵਾਰਡ ਨੰਬਰ 7 ਸਿਮਰਨ ਪਾਲ, ਵਾਰਡ ਨੰਬਰ 8 ਭੁਪਿੰਦਰ ਸਿੰਘ ਭਿੰਦਾ, ਵਾਰਡ ਨੰਬਰ 9 ਸੰਦੀਪ ਕੌਰ, ਵਾਰਡ ਨੰਬਰ 10 ਰਾਜ ਕੁਮਾਰ, ਵਾਰਡ ਨੰਬਰ 11 ਪਰਮਿੰਦਰ ਸਿੰਘ ਕਰਵਲ, ਵਾਰਡ ਨੰਬਰ 12 ਕਮਲਜੀਤ ਕੌਰ, ਵਾਰਡ ਨੰਬਰ 13 ਹਰਜਿੰਦਰ ਸਿੰਘ ਕਰਵਲ ਉਮੀਦਵਾਰ ਹੋਣਗੇ ।ਇਸ ਮੌਕੇ ਦਰਸ਼ਨ ਸਿੰਘ ਕਰਵਲ, ਰਣਦੀਪ ਸਿੰਘ ਰਾਣਾ, ਰਣਜੀਤ ਸਿੰਘ, ਦਸ਼ਵਿੰਦਰ ਕੁਮਾਰ ਚਾਂਦ, ਵਰੁਣ ਚੋਡਾ, ਰਜੇਸ਼ ਕੁਮਾਰ, ਕਸ਼ਮੀਰ ਸਿੰਘ, ਜਗਦੀਪ ਢੱਡਾ, ਜੋਗਿੰਦਰ ਪਾਲ, ਹਰਪ੍ਰੀਤ ਸਿੰਘ, ਹਰਜੋਤ ਸਿੰਘ ਸਮੇਤ ਪਾਰਟੀ ਵਰਕਰ ਹਾਜ਼ਰ ਸਨ।

# 12ਵੀਂ ਦਾ ਨਤੀਜਾ ਰਿਹਾ 100 ਫੀਸਦੀ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 12ਵੀਂ ਦੇ ਐਲਾਨੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੱਦੀ ਸੂਰਾ ਸਿੰਘ ਨੇ ਆਪਣੀਆਂ ਅਕਾਦਮਿਕ ਪ੍ਰਾਪਤੀਆਂ ਵਿਚ ਹੋਰ ਇਜ਼ਾਫਾ ਕਰਦੇ ਹੋਏ ਸ਼ਾਨਦਾਰ ਨਤੀਜੇ ਹਾਸਿਲ ਕੀਤੇ ਹਨ। 12ਵੀਂ ਦੇ ਨਤੀਜਿਆਂ ਵਿੱਚ ਸਕੂਲ ਦਾ ਰਿਜਲਟ 100 ਫੀਸਦੀ ਰਿਹਾ ਹੈ। ਸਾਇੰਸ, ਕਾਮਰਸ ਅਤੇ ਆਰਟਸ ਦੇ ਸਾਰੇ ਹੀ ਵਿਦਿਆਰਥੀ ਬਹੁਤ ਹੀ ਵਧੀਆ ਅੰਕ ਹਾਸਲ ਕਰਕੇ ਪਾਸ ਹੋਏ ਹਨ। ਸਾਇੰਸ ਸਟਰੀਮ ਵਿੱਚ ਪੰਕਜ ਤਿਵਾੜੀ ਨੇ 95.4% ਅੰਕ ਲੈ ਨੇ ਪਹਿਲਾ ਸਥਾਨ, ਗੌਰਵ ਭਾਟੀਆ 90.4% ਦੂਸਰਾ ਸਥਾਨ ਅਤੇ ਸੋਨਾਰਿਕਾ ਤੇ ਰਾਘਵ ਕੌਰ ਨੇ ਸਾਂਝੇ ਤੌਰ ਤੇ 88 ਫੀਸਦੀ ਅੰਕ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ ਹੈ। ਇਸੇ ਤਰ੍ਹਾਂ ਕਾਮਰਸ ਸਟਰੀਮ ਵਿੱਚ ਸਾਹਿਲ ਨੇ 90%, ਸ਼ਿਵਮ ਏਰੀ 87.8% ਅਤੇ ਸਤਬੀਰ ਸਿੰਘ 86.8% ਅੰਕ ਲੈ ਕੇ ਕਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਰਹੇ। ਆਰਟਸ ਸਟਰੀਮ ਵਿੱਚ ਵੀ ਵਿਦਿਆਰਥੀਆਂ ਦਾ ਪ੍ਰਦਰਸ਼ਨ ਬੇਮਿਸਾਲ ਰਿਹਾ ਹੈ। ਇਸ ਵਿੱਚੋਂ ਕਵਿਤਾ ਅਗਰਵਾਲ ਨੇ 83%, ਸਿਮਰਨ ਨੇ 81.6% ਅਤੇ ਮਾਨਸੀ ਬੱਧਨ 79.6 % ਅੰਕ ਪ੍ਰਾਪਤ ਕਰਕੇ ਕਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਰਹੇ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀ ਹਰਬਲਾਸ ਬੰਗਾ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਲੈਕਚਰਰ ਮਨੋਜ ਬੰਗਾ, ਲੈਕਚਰਾਰ ਰਜਨੀ, ਲੈਕਚਰਰ ਸੁਨੀਤਾ ਕੁਮਾਰੀ, ਲੈਕਚਰਰ ਕਿਰਨ ਬਾਲਾ, ਰਾਜ ਕੁਮਾਰ ਬਾਇਓਲੋਜੀ, ਰਾਜਕੁਮਾਰ ਇਕਨੋਮਿਕਸ, ਜਸਵੀਰ ਸਿੰਘ, ਪਰਮਜੀਤ ਕੌਰ, ਸੰਦੇਸ਼ ਕੁਮਾਰੀ, ਹਰਵਿੰਦਰ ਸਿੰਘ ਮਾਸਟਰ ਕੇਡਰ ਵਿੱਚੋਂ ਮੈਥ ਅਧਿਆਪਕ ਰਣਜੀਤ ਸਿੰਘ, ਪ੍ਰਦਾ, ਰੁਪਿੰਦਰ ਕੌਰ, ਸਾਇੰਸ ਅਧਿਆਪਕ ਗੁਰਿੰਦਰ ਸਿੰਘ, ਸੁਨੀਤਾ ਦੇਵੀ, ਰਾਜਦੀਪ ਕੌਰ, ਪੰਜਾਬੀ ਅਧਿਆਪਕ ਰਿਤੂ, ਮਹਿੰਦਰ ਕੌਰ, ਰੁਪਿੰਦਰ ਕੌਰ, ਸਾਇੰਸ ਅਧਿਆਪਕ ਗੁਰਿੰਦਰ ਸਿੰਘ, ਸੁਨੀਤਾ ਦੇਵੀ, ਰਾਜਦੀਪ ਕੌਰ, ਪੰਜਾਬੀ ਅਧਿਆਪਕ ਰਿਤੂ, ਮਹਿੰਦਰ ਕੌਰ, ਹਰਵਿੰਦਰ ਕੌਰ, ਹਿੰਦੀ ਅਧਿਆਪਕ ਪ੍ਰਵੀਨ ਭੱਲਾ, ਐੱਸ ਐੱਸ ਟੀ ਅਧਿਆਪਕ ਕੁਲਦੀਪ ਕੌਰ, ਅੰਗਰੇਜ਼ੀ ਅਧਿਆਪਕ ਨਿਸ਼ਾ, ਮਿਸ ਮਮਤਾ ਆਦਿ ਸਾਰੇ ਅਧਿਆਪਕ ਮੌਜੂਦ ਸਨ।



# ਐਸ ਆਈ ਆਰ ਦਾ ਉਦੇਸ਼ ਵੋਟਰ ਸੂਚੀਆਂ 'ਚ ਮੁਕੰਮਲ ਸ਼ੁੱਧਤਾ ਲਿਆਉਣਾ

**ਮੁਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ ਨੇ ਅੱਜ ਇੱਥੇ ਮੀਡੀਆ ਨੂੰ ਦੱਸਿਆ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਨਗਰ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਨੂੰ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਇਕ ਨੋਟੀਫਿਕੇਸ਼ਨ ਜਾਰੀ ਕਰਕੇ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਕਰਵਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ, ਜਿਸ ਤਹਿਤ ਜ਼ਿਲ੍ਹੇ ਵਿੱਚ ਵੀ ਇਹ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ।ਉਨ੍ਹਾਂ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਜ਼ਿਲ੍ਹਾ ਐਸ.ਏ.ਐਸ ਨਗਰ ਵਿੱਚ 25 ਜੂਨ,2026 ਤੋਂ 24 ਜੁਲਾਈ, 2026 ਤੱਕ ਬੀ ਐਲ ਓਜ਼ ਘਰੋਂ-ਘਰੀਂ ਜਾ ਕੇ ਵੋਟਰਜ਼ ਦੇ ਫਾਰਮ ਭਰਵਾਉਣਗੇ। ਇਸ ਕਾਰਜ ਲਈ 838 ਬੀ ਐਲ ਓਜ਼, 83 ਸੁਪਰਵਾਈਜ਼ਰ, 3 ਈ ਆਰ ਓਜ਼ ਅਤੇ 6 ਏ ਈ ਆਰ ਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀ ਐਲ ਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ, 2026 ਤੋਂ 24 ਜੂਨ, 2026 ਤੱਕ ਕੀਤਾ ਜਾਵੇਗਾ।

# ਕਿਸਾਨਾਂ ਨੇ ਅਣਮਨੁੱਖੀ ਤਸ਼ੱਦਦ ਵਿਰੁੱਧ ਮੋਦੀ, ਸ਼ਾਹ ਤੇ ਕਟਾਰੀਆ ਦੇ ਪੁਤਲੇ ਫੂਕ ਕੇ ਰੋਸ ਪ੍ਰਗਟਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਤਾਨਾਸ਼ਾਹ ਕੇਂਦਰ ਸਰਕਾਰ ਵਲੋਂ ਪੰਜਾਬ ਦੇ ਹੱਕਾਂ ਤੇ ਲਗਾਤਾਰ ਮਾਰੇ ਜਾ ਰਹੇ ਡਾਕੇ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਸਮੇਤ ਪੰਜਾਬ ਯੂਨੀਵਰਸਿਟੀ ਤੇ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਰਾਹੀਂ ਕੇਂਦਰੀ ਹਾਕਮਾਂ ਨੂੰ ਸ਼ਾਂਤਮਈ ਰੋਸ ਮਾਰਚ ਕਰਕੇ ਮੰਗ ਪੱਤਰ ਦੇਣ ਪਹੁੰਚੇ ਕਿਸਾਨ ਅੰਦੋਲਨ ਦੇ ਸਮੱਰਥਕਾਂ ਤੇ ਆਗੂਆਂ ਤੇ ਚੰਡੀਗੜ੍ਹ ਪ੍ਰਸ਼ਾਸਨ ਤੇ ਪੁਲਿਸ ਵਲੋਂ ਬੇਵਜ੍ਹਾ ਲਾਠੀਚਾਰਜ ਕੀਤਾ ਗਿਆ ਤੇ ਅੱਥਰੂ ਗੈਸ ਦੇ ਗੋਲੇ ਤੇ ਪਾਣੀਂ ਦੀਆਂ ਬੁਛਾੜਾਂ ਮਾਰੀਆਂ ਗਈਆਂ। ਜਿਸ ਕਾਰਨ ਕਈ ਕਿਸਾਨ ਗੰਭੀਰ ਜ਼ਖਮੀਂ ਹੋਏ ਤੇ ਪੁਲਿਸ ਵਲੋਂ ਕੀਤੀ ਖਿੱਚ ਧੂਹ ਦੌਰਾਨ ਪੱਗਾਂ ਤੱਕ ਲਾਹੀਆਂ ਤੇ ਬੇਇੱਜ਼ਤ ਕਰਨ ਤੋਂ ਬਾਅਦ ਗ੍ਰਿਫ਼ਤਾਰ ਕਰਕੇ ਛੱਡਿਆ ਗਿਆ। ਇਸ ਮੰਦਭਾਗੇ ਕਾਰੇ ਵਿਰੁੱਧ ਰੋਸ ਪ੍ਰਗਟਾਉਣ ਲਈ ਇਲਾਕਾ ਮਾਹਿਲਪੁਰ ਚੱਬੇਵਾਲ ਦੇ ਸੰਯੁਕਤ ਕਿਸਾਨ ਮੋਰਚੇ ਦੇ ਸਮੂਹ ਸਮੱਰਥਕਾਂ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਦੇ ਪੁਤਲੇ ਫੂਕੇ ਗਏ ਤੇ ਵਿਰੋਧ 'ਚ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਬਜ਼ੁਰਗ ਕਿਸਾਨ ਆਗੂ ਰਾਜਾ ਸਰਬਦਿਆਲ ਸਿੰਘ ਮਾਹਿਲਪੁਰ,ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜ੍ਹੀਆਂ ਜ਼ਿਲ੍ਹਾ ਪ੍ਰਚਾਰ ਸਕੱਤਰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਸਾਬਕਾ ਸਰਪੰਚ ਇਕਬਾਲ ਸਿੰਘ ਪਾਲੀ ਦੀ ਅਗਵਾਈ ਹੇਠ ਕੀਤੇ ਇਸ ਰੋਸ ਪ੍ਰਦਰਸ਼ਨ ਵਿੱਚ ਕੇਵਲ ਕ੍ਰਿਸ਼ਨ ਬਿੱਲਾ, ਜੁਝਾਰ ਸਿੰਘ, ਗਗਨਦੀਪ ਸਿੰਘ, ਕੁਲਵੀਰ ਸਿੰਘ, ਜਸਵੀਰ ਸਿੰਘ ਆਦਿ ਨੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ ਤੇ ਜ਼ਾਲਮ ਸਰਕਾਰਾਂ ਦੀ ਪੰਜਾਬ ਵਿਰੋਧੀ ਸੋਚ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।



# 'ਜਨਗਣਨਾ ਫਾਰਮ 'ਚ ਜਾਤੀ ਸੂਚਕ ਸ਼ਬਦ ਲਿਖਣ ਵਾਲਿਆਂ ਵਿਰੁੱਧ ਪਰਚਾ ਦਰਜ ਕੀਤਾ ਜਾਵੇ'

**ਜਲੰਧਰ ( ਲਖਵਿੰਦਰ ਸਿੰਘ ਆਧੀ)**-ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ, ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ, ਖਜ਼ਾਨਚੀ ਸ਼ਮਸ਼ੇਰ ਸਿੰਘ ਬਟਾਲਾ, ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਜਲੰਧਰ ਦਫ਼ਤਰ ਵਿਚੋਂ ਜਾਰੀ ਇਕ ਸਾਂਝੇ ਇਕ ਬਿਆਨ ਰਾਹੀਂ ਸਮੂਹ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਮੋਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਸਦਕਾ ਛਾਲਾਂ ਮਾਰ ਕੇ ਵੱਧ ਰਹੀ ਲੱਕ ਤੋੜ ਮਹਿੰਗਾਈ, ਪੈਟਰੋਲ-ਡੀਜ਼ਲ ਤੇ ਰਸੋਈ ਗੈਸ ਦੀਆਂ ਕੀਮਤਾਂ 'ਚ ਕੀਤੇ ਗਏ ਅਸਹਿ ਵਾਧੇ ਅਤੇ ਕਿਰਤੀਆਂ, ਕਿਸਾਨਾਂ, ਗਰੀਬਾਂ, ਮੱਧ ਵਰਗਾਂ ਦੀ ਰੋਜ਼ੀ ਰੋਟੀ 'ਤੇ ਕੀਤੇ ਜਾ ਰਹੇ ਮਾਰੂ ਹੱਲਿਆਂ ਖ਼ਿਲਾਫ ਸ਼ਹਿਰ, ਪਿੰਡਾਂ ਤੇ ਕਸਬਿਆਂ 'ਚ ਤਿੱਖੇ ਰੋਸ ਪ੍ਰਗਟਾਵੇ ਕੀਤੇ ਜਾਣ। ਉਕਤ ਆਗੂਆਂ ਨੇ ਕਿਹਾ ਕਿ ਸਾਮਰਾਜੀ ਧਾੜਵੀ ਅਮਰੀਕਾ ਤੇ ਉਸਦੇ ਨਾਪਾਕ ਜੋਟੀਦਾਰ ਇਜ਼ਰਾਈਲ ਵੱਲੋਂ ਇਰਾਨ ਖਿਲਾਫ਼ ਵਿੱਢੀ ਨਿਹੱਕੀ ਜੰਗ ਨੇ ਪਹਿਲਾਂ ਤੋਂ ਹੀ ਸੰਕਟ 'ਚ ਘਿਰੇ ਸੰਸਾਰ ਪੂੰਜੀਵਾਦੀ ਪ੍ਰਬੰਧ ਦਾ ਸਮੁੱਚਾ ਆਰਥਚਾਰਾ ਹੋਰ ਡੂੰਘੀ ਖਾਈ 'ਚ ਸੁੱਟ ਦਿੱਤਾ ਹੈ। ਮਜ਼ਦੂਰ ਆਗੂਆਂ ਨੇ ਜੰਗ ਤੇ ਜੰਗਬਾਜ਼ਾਂ ਖਿਲਾਫ਼ ਤਕੜਾ ਲੋਕ ਪ੍ਰਤੀਰੋਧ ਉਸਾਰਨ ਵਾਲੇ ਈਰਾਨ ਦੇ ਲੋਕਾਂ ਦੀ ਭਰਪੂਰ ਸ਼ਲਾਘਾ ਕੀਤੀ ਹੈ। ਜਾਤੀ ਜਨਗਣਨਾ ਲਈ ਬਣਾਏ ਗਏ ਫਾਰਮ ਵਿਚ ਜਾਤੀ ਸੂਚਕ ਸ਼ਬਦ ਲਿਖਣ ਵਾਲਿਆਂ ਵਿਰੁੱਧ ਐੱਸ ਸੀ ਐੱਸ ਟੀ ਐਕਟ ਤਹਿਤ ਪਰਚਾ ਦਰਜ ਕੀਤਾ ਜਾਵੇ। ਫਾਰਮ ਵਿਚੋਂ ਜਾਤੀਸੂਚਕ ਸ਼ਬਦ ਕੱਢਿਆ ਜਾਵੇ।

# ਨਬਾਰਡ ਵੱਲੋਂ ਫੁਲਕਾਰੀ ਸਿਖਲਾਈ ਟਰੇਨਿੰਗ ਦੀ ਸ਼ੁਰੂਆਤ

**ਨਕੋਦਰ (ਮਨਜੀਤ ਮਾਨ)**

ਪਿੰਡ ਸਲਾਰਪੁਰ ਅਤੇ ਪਿੰਡ ਦੌਲਤਪੁਰ ਦੀਆਂ ਸੈਲਫ ਹੈਲਪ ਗਰੁੱਪਾਂ ਨਾਲ ਸੰਬੰਧਿਤ 30 ਮਹਿਲਾਵਾਂ ਲਈ 15 ਰੋਜ਼ਾ ਫੁਲਕਾਰੀ ਸਿਖਲਾਈ ਟਰੇਨਿੰਗ ਦੀ ਸ਼ੁਰੂਆਤ ਕੀਤੀ ਗਈ। ਇਹ ਟਰੇਨਿੰਗ ਅਭਿਵਿਅਕਤੀ ਫਾਊਂਡੇਸ਼ਨ ਵੱਲੋਂ ਨਾਬਾਰਡ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ।ਇਸ ਮੌਕੇ ਸ੍ਰੀ ਅਮਰਜੀਤ ਸਿੰਘ (ਬੀ ਡੀ ਪੀ ਓ, ਜਲੰਧਰ ਈਸਟ) ਤੇ ਸਵਿਤਾ ਸਿੰਘ (ਡੀ ਡੀ ਐਮ, ਨਬਾਰਡ, ਜਲੰਧਰ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਸ਼ੇਸ਼ ਮਹਿਮਾਨਾਂ ਵਜੋਂ ਸ਼ੈਲੇਂਦਰ ਕੁਮਾਰ ਸਿੰਘ (ਜਨਰਲ ਸਕੱਤਰ, ਅਭਿਵਿਅਕਤੀ ਫਾਊਂਡੇਸ਼ਨ), ਸੰਜੀਵ ਚੌਹਾਨ (ਡਾਇਰੈਕਟਰ, ਰੁਡਸੇਟੀ), ਕੋਮਲ (ਡੀ ਐੱਫ ਐੱਮ, ਏ ਡੀ ਸੀ ਦਫ਼ਤਰ), ਮੰਨਜੀਤ ਕੌਰ ਸਰਪੰਚ ਸਲਾਰਪੁਰ, ਸਵੀਨਾ ਮਹਿਮੀ ਸਰਪੰਚ ਦੌਲਤਪੁਰ, ਵਿਕਾਸ ਬਕਸ਼ੀ (ਅਕਾਉਂਟੈਂਟ, ਪੀ ਐੱਸ ਆਰ ਐੱਲ ਐੱਮ), ਸਰੋਜ ਕੁਮਾਰ (ਪ੍ਰੋਗਰਾਮ ਕੋਆਰਡੀਨੇਟਰ), ਮੈਡਮ ਮਨਜੋਤ ਕੌਰ, ਅਮਨਦੀਪ ਕੌਰ ਅਤੇ ਮੈਡਮ ਪ੍ਰਿਆ ਨੇ ਹਾਜ਼ਰੀ ਭਰੀ।ਇਸ ਮੌਕੇ ਸੰਬੋਧਨ ਕਰਦਿਆਂ ਸਵਿਤਾ ਸਿੰਘ ਨੇ ਕਿਹਾ ਕਿ ਐੱਮ ਈ ਡੀ ਪੀ ਟਰੇਨਿੰਗ ਦਾ ਮੁੱਖ ਉਦੇਸ਼ ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਮਹਿਲਾਵਾਂ ਨੂੰ ਕਿੱਤਾਮੁਖੀ ਬਣਾਉਣਾ ਅਤੇ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਲੁਪਤ ਹੋ ਰਹੀ ਵਿਰਾਸਤੀ ਫੁਲਕਾਰੀ ਕਲਾ ਨੂੰ ਮੁੜ ਜੀਵੰਤ ਕਰਨ ਦੇ ਮੰਤਵ ਨਾਲ ਅਡਵਾਂਸ ਫੁਲਕਾਰੀ ਕਢਾਈ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਸਮੂਹ ਪ੍ਰੋਗਰਾਮ ਨਬਾਰਡ ਵੱਲੋਂ ਚਲਾਇਆ ਜਾ ਰਿਹਾ ਹੈ ਅਤੇ ਇਸ ਦਾ ਸਾਰਾ ਖਰਚਾ ਵੀ ਨਬਾਰਡ ਵੱਲੋਂ ਹੀ ਭੁਗਤਿਆ ਜਾਵੇਗਾ।ਇਸ ਦੌਰਾਨ ਸ਼੍ਰੀ ਸ਼ੈਲੇਂਦਰ ਕੁਮਾਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਐਮ.ਈ.ਡੀ.ਪੀ. ਟਰੇਨਿੰਗ ਵਿੱਚ ਸਲਾਰਪੁਰ ਅਤੇ ਦੌਲਤਪੁਰ ਦੀਆਂ 30 ਮਹਿਲਾਵਾਂ ਭਾਗ ਲੈ ਰਹੀਆਂ ਹਨ। ਉਨ੍ਹਾਂ ਕਿਹਾ ਕਿ ਟਰੇਨਿੰਗ ਲਈ ਕਿਸੇ ਵੀ ਪ੍ਰਕਾਰ ਦੀ ਫੀਸ ਨਹੀਂ ਲਈ ਜਾਵੇਗੀ। ਭਾਗੀਦਾਰ ਮਹਿਲਾਵਾਂ ਨੂੰ 15 ਦਿਨਾਂ ਲਈ 50 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਵਜ਼ੀਫਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜਿਆ ਜਾਵੇਗਾ।



# ਕਿਸਾਨਾਂ ਤੇ ਸਰਕਾਰ ਵੱਲੋਂ ਕੀਤੇ ਜਬਰ ਦੀ ਪ ਸ ਸ ਫ਼ ਵੱਲੋ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇਕ ਸਾਂਝੇ ਬਿਆਨ ਰਾਹੀਂ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੁੱਜੇ ਹਜ਼ਾਰਾਂ ਕਿਸਾਨਾਂ 'ਤੇ ਵਰਤਾਏ ਗਏ ਪੁਲਸੀਆ ਕਹਿਰ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਇਸ ਸੰਬਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਹੈ ਕਿ ਸ਼ਾਂਤਮਈ ਰੋਸ ਪ੍ਰਗਟਾਉਂਦੇ ਹੋਏ ਗਵਰਨਰ ਹਾਊਸ ਵੱਲ ਵਧ ਰਹੇ ਕਿਸਾਨਾਂ ਨੂੰ ਡਾਂਗਾਂ, ਅਥਰੂ ਗੈਸ ਦੇ ਗੋਲਿਆਂ ਤੇ ਪਾਣੀ ਦੀਆਂ ਬੁਛਾੜਾਂ ਦਾ ਨਿਸ਼ਾਨਾ ਬਣਾਏ ਜਾਣ ਤੋਂ ਇਹ ਗੱਲ ਬਾਖੂਬੀ ਸਿੱਧ ਹੋ ਗਈ ਹੈ ਕਿ ਲੋਕਾਂ ਵਲੋਂ ਆਪਣੀਆਂ ਵਾਜਬ ਮੰਗਾਂ ਲਈ ਰੋਸ ਪ੍ਰਗਟਾਉਣ ਦੇ ਆਪਣੇ ਜਮਹੂਰੀ ਅਧਿਕਾਰ ਨੂੰ ਸਰਕਾਰ ਬਰਦਾਸ਼ਤ ਨਹੀਂ ਕਰ ਰਹੀ ਹੈ । ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਕਰਮਜੀਤ ਬੀਹਲਾ, ਸੁਖਵਿੰਦਰ ਚਾਹਲ, ਗੁਰਬਿੰਦਰ ਸਿੰਘ, ਕਿਸ਼ੋਰ ਚੰਦ ਗਾਜ, ਅਮਿਲ ਕੁਮਾਰ, ਮਾਲਵਿੰਦਰ ਸਿੰਘ, ਗੁਰਦੇਵ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਮਕੀਮਪੁਰ, ਬੌਬਿੰਦਰ ਸਿੰਘ, ਜਸਵਿੰਦਰ ਸਿੰਘ ਸੋਜਾ, ਬਲਵਿੰਦਰ ਭੁੱਟੋ, ਸਿਮਰਜੀਤ ਬਰਾੜ, ਮਨੋਹਰ ਲਾਲ ਸ਼ਰਮਾ, ਸੁਭਾਸ਼ ਚੰਦਰ, ਪ੍ਰੇਮ ਚੰਦ ਆਜ਼ਾਦ, ਸਰਬਜੀਤ ਸਿੰਘ ਪੱਟੀ, ਕੁਲਦੀਪ ਵਾਲੀਆ, ਚਮਕੌਰ ਸਿੰਘ ਨਾਭਾ, ਇੰਦਰਜੀਤ ਵਿਰਦੀ, ਜਸਵੀਰ ਸਿੰਘ ਸ਼ੀਰਾ, ਲਖਵਿੰਦਰ ਸਿੰਘ ਖਾਨਪੁਰ, ਰਜਿੰਦਰ ਸਿੰਘ ਰਿਆੜ, ਜਤਿੰਦਰ ਕੁਮਾਰ, ਹਰਨੇਕ ਸਿੰਘ ਗਹਿਰੀ, ਦਰਸ਼ਣ ਚੀਮਾ, ਜਗਦੀਪ ਸਿੰਘ ਮਾਂਗਟ, ਫੁੰਮਣ ਸਿੰਘ ਕਾਠਗੜ੍ਹ, ਬਲਜਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

# ਸਿਹਤ ਵਿਭਾਗ ਦੀ ਟੀਮ ਨੇ ਡੇਂਗੂ ਸੰਬੰਧੀ ਕੀਤਾ ਜਾਗਰੂਕ



**ਕਪੂਰਥਲਾ (ਮਨਜੀਤ ਮਾਨ)**

ਮੁੱਢਲਾ ਸਿਹਤ ਕੇਂਦਰ ਢਿਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਬਲਾਕ ਢਿਲਵਾਂ ਅਧੀਨ ਸਿਹਤ ਵਿਭਾਗ ਦੀ ਟੀਮ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਹਰ ਸ਼ੁਕਰਵਾਰ ਡੇਂਗੂ 'ਤੇ ਵਾਰ ਦੇ ਤਹਿਤ ਡੇਂਗੂ ਜਾਗਰੂਕਤਾ ਮੁਹਿੰਮ ਚਲਾਈ ਗਈ। ਐੱਸ ਐੱਮ ਓ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਬਲਾਕ ਢਿਲਵਾਂ ਦੇ ਵੱਖ-ਵੱਖ ਪਿੰਡਾਂ ਵਿੱਚ ਡੇਂਗੂ ਸਬੰਧੀ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ ਤੇ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਅਤੇ ਰੋਕਥਾਮ ਸੰਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਐਂਟੋਮਾਲੋਜਿਸਟ ਸੁਮਿਤ ਜੱਸੜ ਵੱਲੋਂ ਹੋਟ ਸਪੋਟ ਏਰੀਆ ਪਹਾੜੀਪੁਰ ਆਦਿ ਦਾ ਦੌਰਾ ਕੀਤਾ ਗਿਆ ਤੇ ਪੁਰਾਣੇ ਡੇਂਗੂ ਮਰੀਜ਼ਾਂ ਨਾਲ ਮਿਲ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਵੱਖ-ਵੱਖ ਘਰਾਂ ਦੀ ਚੈਕਿੰਗ ਵੀ ਕੀਤੀ ਗਈ ਅਤੇ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਸਬੰਧੀ ਜਾਗਰੂਕਤਾ ਗਤੀਵਿਧੀਆਂ ਵੀ ਕੀਤੀਆਂ ਗਈਆਂ। ਇਸ ਮੌਕੇ ਉਨ੍ਹਾਂ ਨਾਲ ਸਿਹਤ ਸੁਪਰਵਾਈਜ਼ਰ ਪ੍ਰਗਟ ਸਿੰਘ, ਐੱਸ ਐੱਮ ਓ ਡਾ. ਪ੍ਰੇਮ ਕੁਮਾਰ ਨੇ ਕਿਹਾ ਕਿ ਸਾਫ-ਸਫਾਈ ਦੇ ਨਾਲ-ਨਾਲ ਅਤੇ ਸਾਰੀਆਂ ਦੇ ਸਹਿਯੋਗ ਨਾਲ ਹੀ ਡੇਂਗੂ ਨੂੰ ਠੱਲ੍ਹ ਪਾਈ ਜਾ ਸਕਦੀ ਹੈ। ਇਸ ਦੌਰਾਨ ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਲੋਕਾਂ ਨੂੰ ਸੈਲਫ ਮੈਡੀਕੇਸ਼ਨ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਬੁਖਾਰ ਦੇ ਲੱਛਣ ਦਿਸਣ 'ਤੇ ਤੁਰੰਤ ਸਰਕਾਰੀ ਹਸਪਤਾਲ ਵਿੱਚ ਜਾ ਕਿ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਸਮੇਂ ਸਿਰ ਯੋਗ ਇਲਾਜ ਕੀਤਾ ਜਾ ਸਕੇ। ਇਸ ਦੇ ਨਾਲ ਹੀ ਬਲਾਕ ਢਿਲਵਾਂ ਦੇ ਵੱਖ-ਵੱਖ ਪਿੰਡਾਂ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਪਿੱਛਲੇ ਦਿਨਾਂ ਵਿੱਚ ਪੀਆ ਭਾਰੀ ਮੀਂਹ ਤੋਂ ਬਾਅਦ ਆਮ ਲੋਕਾਂ ਨੂੰ ਸਾਫ ਸਫਾਈ, ਘਰਾਂ ਦੇ ਵਿੱਚ ਪਾਣੀ ਖੜ੍ਹਾ ਨਾ ਹੋਣ ਦੇਣ, ਛੱਤਾਂ ਨੂੰ ਸਾਫ ਰੱਖਣ ਆਦਿ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਡੇਂਗੂ ਦੇ ਮੱਛਰ ਦੀ ਪੈਦਾਵਾਰ ਨੂੰ ਠੱਲ੍ਹ ਪਾਈ ਜਾ ਸਕੇ।

# ਕੁੱਲ ਹਿੰਦ ਕਿਸਾਨ ਸਭਾ ਨੇ ਕੇਂਦਰ ਸਰਕਾਰ ਤੇ ਰਾਜਪਾਲ ਦਾ ਪੁਤਲਾ ਫੂਕਿਆ



**ਮਾਹਿਲਪੁਰ (ਸਫ਼ਰੀ)**-ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਗੜਸ਼ੰਕਰ ਵਲੋਂ ਸ਼ਹੀਦ ਭਗਤ ਸਿੰਘ ਦੇ ਬੁੱਤ ਤੇ ਪੁਰਾਣੇ ਬੱਸ ਸਟੈਂਡ ਤੇ ਇਕੱਤਰ ਕਿਸਾਨਾਂ ਵੱਲੋਂ ਰੋਹ ਭਰਿਆ ਪ੍ਰਦਰਸ਼ਨ ਕੇਂਦਰ ਸਰਕਾਰ ਤੇ ਪੰਜਾਬ ਦੇ ਗਵਰਨਰ ਦੇ ਵਿਰੁੱਧ ਨਾਅਰੇ ਲਗਾਏ ਅਤੇ ਇਨ੍ਹਾਂ ਦੇ ਪੁਤਲੇ ਫੂਕੇ ਗਏ। ਸੰਯੁਕਤ ਕਿਸਾਨ ਮੋਰਚੇ ਵੱਲੋਂ ਗਵਰਨਰ ਪੰਜਾਬ ਵੱਲ ਸ਼ਾਂਤੀ ਪੂਰਵਕ ਰੋਸ ਮਾਰਚ ਕਰਦੇ ਕਿਸਾਨਾਂ ਤੇ ਗਵਰਨਰ ਦੇ ਇਸ਼ਾਰੇ ਉੱਤੇ ਪੁਲਿਸ ਤੇ ਸੁਰੱਖਿਆ ਬਲਾਂ ਵੱਲੋਂ ਅੱਥਰੂ ਗੈਸ ਪਾਣੀ ਦੀਆਂ ਬੁਛਾੜਾਂ ਲਾਠੀਚਾਰਜ ਕੀਤੇ ਗਏ ਜਿਸ ਵਿੱਚ ਮੰਗਾਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਨੁਮਾਇੰਦਗੀ ਖ਼ਤਮ ਕਰਨ ਦੇ ਵਿਰੋਧ ਵਿੱਚ ਸੀ ਅਤੇ ਪਾਣੀ ਨਾਲ ਸਬੰਧਤ ਤੇ ਚੰਡੀਗੜ੍ਹ ਰਾਜਧਾਨੀ ਪੰਜਾਬ ਨੂੰ ਦੇਣ ਸਬੰਧੀ ਆਦ ਮੰਗਾਂ ਸਨ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਸੁਬਾਈ ਸਕੱਤਰ ਗੁਰਨੇਕ ਸਿੰਘ ਭੱਜਲ, ਸੁਬਾਈ ਮੀਤ ਪ੍ਰਧਾਨ ਦਰਸ਼ਨ ਸਿੰਘ ਮੱਟੂ, ਸਭਾ ਦੇ ਜ਼ਿਲ੍ਹਾ ਪ੍ਰਧਾਨ ਚੋਧਰੀ ਅੱਛਰ ਸਿੰਘ, ਸੁਭਾਸ਼ ਮੱਟੂ, ਮਹਿੰਦਰ ਕੁਮਾਰ ਬਡੋਆਣ, ਰਵਿੰਦਰ ਕੁਮਾਰ ਨੀਟਾ, ਪ੍ਰੇਮ ਸਿੰਘ, ਰਾਣਾ ਕਸ਼ਮੀਰ ਸਿੰਘ, ਨਿਰਮਲ ਸਿੰਘ ਮੱਟੂ, ਸਰਬਜੀਤ ਸਿੰਘ, ਅਮਰਜੀਤ ਸਿੰਘ ਕੁੱਲੇ ਵਾਲ, ਬਲਵੀਰ ਸਿੰਘ ਬੋੜਾ, ਸੁਰਜੀਤ ਸਿੰਘ, ਬਲਵੀਰ ਸਿੰਘ ਭੂਰਾ, ਬਲਦੇਵ ਰਾਜ ਬਿੱਲਾ, ਝਲਮਨ ਸਿੰਘ ਕੂੰਨਰ, ਝਲਮਣ ਸਿੰਘ ਬੈਂਸ, ਸੁਖਵਿੰਦਰ ਸਿੰਘ ਗੜ੍ਹੀ, ਜੋਗਿੰਦਰ ਸਿੰਘ ਕੁੱਲੇਵਾਲ ਆਦਿ ਹਾਜ਼ਰ ਸਨ।

# ਮਾਤਾ ਭੱਦਰਕਾਲੀ ਮੇਲੇ 'ਤੇ ਕਵੀ ਦਰਬਾਰ ਕਰਵਾਇਆ



**ਕਪੂਰਥਲਾ (ਮਨਜੀਤ ਮਾਨ)**

ਮਾਤਾ ਭੱਦਰਕਾਲੀ ਮੇਲਾ ਕਮੇਟੀ ਵੱਲੋਂ 79ਵੇਂ ਸਾਲਾਨਾ ਮੇਲੇ ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇੱਕ ਵਿਸ਼ਾਲ ਕਵੀ-ਦਰਬਾਰ ਮੰਦਿਰ ਦੀ ਮੁੱਖ ਸਟੇਜ ਤੇ ਕਰਵਾਇਆ ਗਿਆ। ਮੰਦਿਰ ਕਮੇਟੀ ਦੇ ਅਹੁਦੇਦਾਰਾਂ ਵਿੱਚ ਸ਼ਾਮਿਲ ਪ੍ਰਧਾਨ ਪਰਸ਼ੋਤਮ ਪਾਸੀ, ਚੇਅਰਮੈਨ ਰਾਧੇ ਸ਼ਾਮ ਸ਼ਰਮਾ, ਉਪ ਚੇਅਰਮੈਨ ਭੁਪਿੰਦਰ ਅਨੰਦ, ਜਨਰਲ ਸੈਕਟਰੀ ਬਿੰਨੀ ਆਨੰਦ ਤੇ ਨੌਜਵਾਨ ਆਗੂ ਰਾਹੁਲ ਆਨੰਦ ਜਿਹੇ ਮੈਂਬਰਾਂ ਸਮੇਤ ਸਮੁਚੇ ਕਮੇਟੀ ਮੈਂਬਰਾਂ ਵੱਲੋਂ ਸਾਂਝੇ ਤੌਰ 'ਤੇ ਕੀਤੇ ਗਏ ਫੈਸਲੇ ਅਨੁਸਾਰ ਕੌਮਾਂਤਰੀ ਕਵੀ ਕੰਵਰ ਇਕਬਾਲ ਸਿੰਘ , (ਚੇਅਰਮੈਨ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ, ਐਕਸਾਈਜ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ) ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਵੀ-ਦਰਬਾਰ ਦਾ ਸੰਚਾਲਨ ਕੀਤਾ।ਕਵੀ-ਦਰਬਾਰ ਦੀ ਸ਼ੁਰੂਆਤ ਕਰਨ ਤੋਂ ਪਹਿਲਾਂ ਮੰਦਿਰ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਰਾਧੇ ਸ਼ਾਮ ਸ਼ਰਮਾ ਨੇ ਜ਼ਿਕਰ ਕੀਤਾ ਕਿ ਇਸ ਮੇਲੇ ਵਿੱਚ ਹਿੰਦੋਸਤਾਨ ਦੇ ਨਾਮਵਰ ਕਵੀ ਸਮੇਂ-ਸਮੇਂ ਕਰਵਾਏ ਜਾਂਦੇ ਰਹੇ ਕਵੀ ਦਰਬਾਰਾਂ ਵਿੱਚ ਹਾਜ਼ਰੀ ਲਗਵਾਉਂਦੇ ਰਹੇ ਹਨ। ਲੰਮੇ ਸਮੇਂ ਤੋਂ ਚੱਲੀ ਆ ਰਹੀ ਇਸ ਪਰੰਪਰਾ ਨੂੰ ਨਿਰੰਤਰ ਤੋਰਦਿਆਂ ਹੋਇਆਂ ਰਾਸ਼ਟਰੀ ਕਵੀ ਵਜੋਂ ਮਾਨਤਾ ਪ੍ਰਾਪਤ ਸ਼ਾਇਰ ਕੰਵਰ ਇਕਬਾਲ ਸਿੰਘ ਲਗਾਤਾਰ ਪਿਛਲੇ 20 ਸਾਲਾਂ ਤੋਂ ਇਸ ਮੇਲੇ ਦਾ ਸੰਚਾਲਨ ਕਰਦੇ ਆ ਰਹੇ ਹਨ। ਅਸੀਂ ਮਾਣ ਮੱਤੇ ਹਾਂ ਕਿ ਕੰਵਰ ਇਕਬਾਲ ਸਿੰਘ ਜ਼ਿਲ੍ਹਾ ਚੇਅਰਮੈਨ ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਸਮੇਤ ਪੰਜਾਬ ਸਰਕਾਰ ਵਿੱਚ ਦੂਸਰੇ ਬੜੇ ਉੱਚ ਅਹੁਦੇ (ਪੰਜਾਬ ਸਟੇਟ ਕੌਂਸਲ ਫ਼ਾਰ ਸਾਇੰਸ ਐਂਡ ਟੈਕਨੋਲੋਜੀ ਡਿਪਾਰਟਮੈਂਟ ਪੰਜਾਬ ਵਰਗੀ ਸੰਸਥਾ ਵਿੱਚ) ਸੂਬਾ ਪੱਧਰੀ ਸੇਵਾਵਾਂ ਦੇ ਰਹੇ ਹਨ।ਮੇਲਾ ਕਮੇਟੀ ਵੱਲੋਂ ਦਿੱਤੇ ਗਏ ਉਪਰੋਕਤ ਤਰਹ ਮਿਸਰੇ ਅਨੁਸਾਰ ਇਸ ਵਾਰ ਪੰਜਾਬ ਦੇ ਨਾਮਵਰ 13 ਕਵੀਆਂ ਵਿੱਚ ਸ਼ਾਮਲ ਸ਼ਾਇਰ ਕੰਵਰ ਇਕਬਾਲ ਸਿੰਘ, ਲਾਲੀ ਕਰਤਾਰਪੁਰੀ, ਲੱਕੀ ਮੱਲੀਆਂ ਵਾਲਾ, ਸੁਰਜੀਤ ਸਾਜਨ, ਦੀਸ਼ ਦਬੁਰਜੀ, ਆਸ਼ੂ ਕੁਮਰਾ, ਮੁਖ਼ਤਾਰ ਸਹੋਤਾ, ਗੁਰਦੀਪ ਗਿੱਲ, ਤੇਜਬੀਰ ਸਿੰਘ, ਰਜਨੀ ਵਾਲੀਆ, ਮੰਗਲ ਸਿੰਘ ਭੰਡਾਲ, ਸੁਰਿੰਦਰ ਸਿੰਘ ਅਤੇ ਅਮਨ ਗਾਂਧੀ ਆਦਿ ਕਵੀਆਂ ਨੇ ਆਪੋ-ਆਪਣੀ ਸ਼ਾਇਰੀ ਨਾਲ ਮਹਾਂਮਾਈ ਦਾ ਗੁਣਗਾਨ ਕਰ ਕੇ ਸੰਗਤਾਂ ਨੂੰ ਮੰਤਰ-ਮੁਗਧ ਕੀਤਾ।

# ਅੰਤਰ-ਸਕੂਲ ਕੁਇੱਜ਼ ਮੁਕਾਬਲੇ ਕਰਵਾਏ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਸਿੱਖਿਆ ਅਤੇ ਸੱਭਿਆਚਾਰਕ ਗਤੀਵਿਧੀਆਂ ਦੇ ਪ੍ਰਮੁੱਖ ਕੇਂਦਰ ਟੈਗੋਰ ਥੀਏਟਰ ਵਿਖੇ ਬੀਤੇ ਦਿਨੀਂ ਫ਼ਤਿਹ ਫਾਊਂਡੇਸ਼ਨ ਵੱਲੋਂ ਆਪਣੇ ਵੱਕਾਰੀ ਅਤੇ ਪ੍ਰਮੁੱਖ ਅੰਤਰ-ਸਕੂਲ ਕੁਇਜ਼ ਮੁਕਾਬਲੇ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਉੱਚ ਪੱਧਰੀ ਬੌਧਿਕ ਮੁਕਾਬਲੇ ਵਿੱਚ ਖੇਤਰ ਦੇ ਨਾਮਵਰ ਸਕੂਲਾਂ ਦੀ ਭਾਰੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸ ਨੇ ਨੌਜਵਾਨ ਵਿਦਿਆਰਥੀਆਂ ਦੀ ਮਾਨਸਿਕ ਅਤੇ ਤਾਰਕਿਕ ਸਮਰੱਥਾ ਨੂੰ ਇੱਕ ਨਵਾਂ ਮੰਚ ਪ੍ਰਦਾਨ ਕੀਤਾ। ਮੁਕਾਬਲੇ ਵਿੱਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪੋ-ਆਪਣੇ ਸਕੂਲਾਂ ਦੀ ਨੁਮਾਇੰਦਗੀ ਕਰਦਿਆਂ ਬੇਹੱਦ ਉਤਸ਼ਾਹ ਨਾਲ ਹਿੱਸਾ ਲਿਆ। ਦੇਸ਼ ਦੇ ਪ੍ਰਸਿੱਧ ਕੁਇਜ਼ ਮਾਸਟਰ ਅਰਿੰਦਮ ਭੱਟਾਚਾਰੀਆ ਨੇ ਇਸ ਹਾਈ-ਓਕਟੇਨ ਬੌਧਿਕ ਮੁਕਾਬਲੇ ਦੀ ਮੇਜ਼ਬਾਨੀ ਬੜੇ ਹੀ ਦਿਲਚਸਪ ਅਤੇ ਪੇਸ਼ੇਵਰ ਅੰਦਾਜ਼ ਵਿੱਚ ਕੀਤੀ, ਜਿਸ ਨੇ ਦਰਸ਼ਕਾਂ ਅਤੇ ਪ੍ਰਤੀਯੋਗੀਆਂ ਨੂੰ ਅਖੀਰ ਤੱਕ ਬੰਨ੍ਹ ਕੇ ਰੱਖਿਆ।ਇਸ ਮੈਗਾ ਵਿਦਿਅਕ ਪ੍ਰੋਗਰਾਮ ਵਿੱਚ ਪੂਰੇ ਖੇਤਰ ਦੇ ਚੋਟੀ ਦੇ ਅਕਾਦਮਿਕ ਸੰਸਥਾਵਾਂ ਤੋਂ ਭਾਰੀ ਗਿਣਤੀ ਵਿੱਚ ਐਂਟਰੀਆਂ ਪ੍ਰਾਪਤ ਹੋਈਆਂ ਸਨ। ਪ੍ਰਬੰਧਕਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਇਸ ਵਾਰ ਕੁੱਲ 120 ਸਕੂਲਾਂ ਨੇ ਇਸ ਵੱਕਾਰੀ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਆਪਣੀ ਰਜਿਸਟਰੇਸ਼ਨ ਕਰਵਾਈ ਸੀ। ਮੁਕਾਬਲੇ ਦਾ ਪੱਧਰ ਇੰਨਾ ਉੱਚਾ ਅਤੇ ਚੁਣੌਤੀਪੂਰਨ ਸੀ ਕਿ ਸ਼ੁਰੂਆਤੀ ਐਲੀਮੀਨੇਸ਼ਨ (ਛਾਂਟੀ) ਪੜਾਅ ਦੌਰਾਨ ਹੀ ਕਈ ਵੱਡੀਆਂ ਟੀਮਾਂ ਬਾਹਰ ਹੋ ਗਈਆਂ। ਬੇਹੱਦ ਔਖੇ ਅਤੇ ਸਖ਼ਤ ਸ਼ੁਰੂਆਤੀ ਦੌਰ ਤੋਂ ਬਾਅਦ ਸਿਰਫ਼ 40 ਸਕੂਲ ਹੀ ਅਗਲੇ ਪੜਾਅ ਲਈ ਕੁਆਲੀਫਾਈ ਕਰਨ ਵਿੱਚ ਕਾਮਯਾਬ ਹੋ ਸਕੇ। ਹਰੇਕ ਸਵਾਲ 'ਤੇ ਸਕੂਲੀ ਟੀਮਾਂ ਵਿਚਾਲੇ ਸਕਿੰਟਾਂ ਦੇ ਹਿਸਾਬ ਨਾਲ ਮੁਕਾਬਲਾ ਦੇਖਣ ਨੂੰ ਮਿਲਿਆ, ਜਿਸ ਨੇ ਇਸ ਸਮਾਗਮ ਨੂੰ ਹੋਰ ਵੀ ਰੋਮਾਂਚਕ ਬਣਾ ਦਿੱਤਾ। ?ਇਸ ਵੱਕਾਰੀ ਅਤੇ ਵੱਡੇ ਪੱਧਰ ਦੇ ਮੁਕਾਬਲੇ ਵਿੱਚ ਸਥਾਨਕ ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ ਦੇ ਵਿਦਿਆਰਥੀਆਂ ਨੇ ਆਪਣੀ ਬਿਹਤਰੀਨ ਪ੍ਰਤਿਭਾ ਅਤੇ ਡੂੰਘੇ ਗਿਆਨ ਦਾ ਲੋਹਾ ਮਨਾਉਂਦਿਆਂ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ?ਸਖ਼ਤ ਮਾਨਸਿਕ ਕਸਰਤ ਅਤੇ ਮਜ਼ਬੂਤ ਵਿਸ਼ਲੇਸ਼ਣਾਤਮਕ ਹੁਨਰ ਦਾ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ, ਸਕੂਲ ਦੀ 1 ਪ੍ਰਮੁੱਖ ਟੀਮ ਨੇ ਐਲੀਮੀਨੇਸ਼ਨ ਦੇ ਔਖੇ ਪਹਿਲੇ ਦੌਰ ਨੂੰ ਸਫਲਤਾਪੂਰਵਕ ਪਾਸ ਕਰਕੇ ਅਗਲੇ ਮੁਕਾਬਲੇ ਵਿੱਚ ਆਪਣੀ ਜਗ੍ਹਾ ਪੱਕੀ ਕਰ ਲਈ। ਅਗਲੇ ਦੌਰ ਵਿੱਚ ਪਹੁੰਚਣ ਵਾਲੀ ਇਸ ਹੋਣਹਾਰ ਟੀਮ ਵਿੱਚ ਸਕੂਲ ਦੇ ਹੁਸ਼ਿਆਰ ਵਿਦਿਆਰਥੀ ਅਯਾਨ, ਆਰਚੀ, ਯਵਨਿਕਾ ਅਤੇ ਆਸ਼ਨਾ ਸ਼ਾਮਲ ਸਨ। ਇਨ੍ਹਾਂ ਚਾਰਾਂ ਵਿਦਿਆਰਥੀਆਂ ਨੇ ਆਪਣੀ ਤੇਜ਼ ਸੋਚ, ਆਪਸੀ ਤਾਲਮੇਲ ਅਤੇ ਹਾਜ਼ਰ-ਜਵਾਬੀ ਸਦਕਾ ਨਾ ਸਿਰਫ਼ ਸਵਾਲਾਂ ਦੇ ਸਹੀ ਜਵਾਬ ਦਿੱਤੇ, ਸਗੋਂ ਉੱਥੇ ਮੌਜੂਦ ਮੁੱਖ ਮਹਿਮਾਨਾਂ ਅਤੇ ਕੁਇਜ਼ ਮਾਸਟਰ ਅਰਿੰਦਮ ਭੱਟਾਚਾਰੀਆ ਤੋਂ ਵੀ ਭਰਪੂਰ ਪ੍ਰਸ਼ੰਸਾ ਪ੍ਰਾਪਤ ਕੀਤੀ।



# ਵਿਸ਼ਵ ਡੇਂਗੂ ਦਿਵਸ ਮਨਾਇਆ

**ਖਰੜ (ਹਰਨਾਮ ਸਿੰਘ ਡੱਲਾ)**-ਪੰਜਾਬ ਸਰਕਾਰ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਦੀ ਅਗਵਾਈ ਹੇਠ ਪੀ ਐੱਚ ਸੀ ਘੜੂੰਆਂ ਵਿਖੇ ਵਿਸ਼ਵ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਲੋਕਾਂ ਨੂੰ ਡੇਂਗੂ ਦੇ ਇਲਾਜ ਅਤੇ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਇਸ ਜਾਗਰੂਕਤਾ ਮੁਹਿੰਮ ਵਿੱਚ ਨਰਸਿੰਗ ਵਿਦਿਆਰਥੀਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ ਅਤੇ ਲੋਕਾਂ ਨੂੰ ਡੇਂਗੂ ਪ੍ਰਤੀ ਜਾਗਰੂਕ ਕਰਨ ਵਿੱਚ ਆਪਣਾ ਯੋਗਦਾਨ ਪਾਇਆ।ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਕਿਹਾ ਕਿ ਡੇਂਗੂ ਇੱਕ ਮੱਛਰਾਂ ਰਾਹੀਂ ਫੈਲਣ ਵਾਲੀ ਬਿਮਾਰੀ ਹੈ ਜਿਸ ਤੋਂ ਬਚਾਅ ਲਈ ਲੋਕਾਂ ਦੀ ਜਾਗਰੂਕਤਾ ਬਹੁਤ ਜ਼ਰੂਰੀ ਹੈ।ਉਨ੍ਹਾਂ ਅੱਗੇ ਕਿਹਾ ਕਿ ਲੋਕ ਪੂਰਾ ਸਰੀਰ ਢੱਕਣ ਵਾਲੇ ਕੱਪੜੇ ਪਹਿਨਣ ਤਾਂ ਜੋ ਮੱਛਰ ਦੇ ਕੱਟਣ ਤੋਂ ਬਚਿਆ ਜਾ ਸਕੇ। ਇਸ ਤੋਂ ਇਲਾਵਾ ਜੇਕਰ ਕਿਸੇ ਵਿਅਕਤੀ ਨੂੰ ਬੁਖਾਰ ਜਾਂ ਡੇਂਗੂ ਵਰਗੇ ਲੱਛਣ ਮਹਿਸੂਸ ਹੁੰਦੇ ਹਨ ਤਾਂ ਤੁਰੰਤ ਨਜ਼ਦੀਕੀ ਸਿਹਤ ਸੰਸਥਾ ਵਿੱਚ ਜਾ ਕੇ ਖੂਨ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਡੇਂਗੂ ਦੀ ਜਾਂਚ ਮੁਫ਼ਤ ਕੀਤੀ ਜਾਂਦੀ ਹੈ।ਇਸ ਮੌਕੇ ਡੇਂਗੂ ਰੋਕਥਾਮ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਧੀਆ ਕੰਮ ਕਰਨ ਵਾਲੇ ਸਿਹਤ ਕਰਮਚਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸਰਟੀਫਿਕੇਟ ਵੀ ਵੰਡੇ ਗਏ।ਇਸ ਮੌਕੇ ਮੈਡੀਕਲ ਅਫਸਰ ਡਾ. ਸਰੋਜ, ਸਟਾਫ ਨਰਸ ਰਿਸ਼ਮਜੀਤ ਕੌਰ, ਸੈਨੇਟਰੀ ਇੰਸਪੈਕਟਰ ਦਵਿੰਦਰ ਸਿੰਘ, ਹੈਲਥ ਵਰਕਰ ਮਨਪ੍ਰੀਤ ਸਿੰਘ, ਬਲਜਿੰਦਰ ਸਿੰਘ ਅਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।



# ਫਾਸਟ ਫੂਡ ਦੇ ਦੁਕਾਨਦਾਰਾਂ ਦੀ ਕੁੱਟਮਾਰ ਤੇ ਦੁਕਾਨ ਦੀ ਕੀਤੀ ਭੰਨ-ਤੋੜ

**9 ਖਿਲਾਫ ਮਾਮਲਾ ਦਰਜ**

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਘੱਲ ਖੁਰਦ ਅਧੀਨ ਆਉਂਦੇ ਪਿੰਡ ਹਕੂਮਤ ਵਾਲਾ ਵਿਖੇ ਇਕ ਫਾਸਟ ਫੂਡ ਦੀ ਦੁਕਾਨ ਦੇ ਦੋ ਮਾਲਕਾਂ ਦੀ ਕੁੱਟਮਾਰ ਕਰਕੇ ਦੁਕਾਨ ਦੀ ਭੰਨ ਤੋੜ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਘੱਲਖੁਰਦ ਪੁਲਸ ਨੇ 2 ਬਾਏ ਨੇਮ ਵਿਅਕਤੀਆਂ ਤੇ 5-7 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸਤਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਫਿਰੋਜ਼ਸ਼ਾਹ ਨੇ ਦੱਸਿਆ ਕਿ 9 ਮਈ 2026 ਨੂੰ ਕਰੀਬ 9.20 ਵਜੇ ਰਾਤ ਨੂੰ ਉਹ ਤੇ ਉਸ ਦੀ ਮਾਸੀ ਦਾ ਮੁੰਡਾ ਜਸਪ੍ਰੀਤ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਖਾਈ ਫੇਮੇ ਕੇ ਜੋ ਸਾਡੇ ਪਿੰਡ ਹੁਕਮਤ ਵਾਲਾ ਬੱਸ ਅੱਡੇ 'ਤੇ ਫਾਸਟ ਫੂਡ ਤੇ ਨਾਨਵੈਜ ਦਾ ਸਾਡਾ ਦੋਵਾਂ ਦਾ ਸਾਂਝਾ ਕੰਮ ਹੈ। ਅਸੀਂ ਆਪਣੀ ਦੁਕਾਨ ਦੇ ਬਾਹਰ ਕਾਊਂਟਰ 'ਤੇ ਦੋਵੇਂ ਜਣੇ ਕੰਮ ਕਰ ਰਹੇ ਸੀ ਤਾਂ ਦੋਸ਼ੀਆਨ ਸੀਪਾ ਪੁੱਤਰ ਗੁਰਮੇਲ ਸਿੰਘ ਵਾਸੀ ਪਿੰਡ ਠੇਠਰ ਕਲਾਂ, ਹਰਗੁਣ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਲੱਲੇ ਅਤੇ 5-7 ਅਣਪਛਾਤੇ ਵਿਅਕਤੀ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਸਾਡੀ ਦੁਕਾਨ 'ਤੇ ਆ ਗਏ ਤੇ ਸੀਪਾ ਨੇ ਲਲਕਾਰਾ ਮਾਰਿਆ ਕਿ ਫੜ ਲਓ ਅੱਜ ਇਨ੍ਹਾਂ ਨੂੰ ਜਿਉਂਦਾ ਨਹੀਂ ਛੱਡਣਾ, ਜਿਸ 'ਤੇ ਇਹ ਸਾਰੇ ਜਾਣੇ ਸਾਡੇ ਦੋਵਾਂ ਦੇ ਗਲ ਪੈ ਗਏ। ਸਤਿੰਦਰ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੇ ਸਾਡੀ ਕੁੱਟਮਾਰ ਕੀਤੀ ਅਤੇ ਉਸ ਨੇ ਤੇ ਜਸਪ੍ਰੀਤ ਸਿੰਘ ਨੇ ਮੌਕਾ ਵੇਖ ਕੇ ਭੱਜ ਕੇ ਆਪਣੀ ਦੁਕਾਨ ਅੰਦਰ ਵੜ ਗਏ ਤੇ ਦਰਵਾਜ਼ਾ ਬੰਦ ਕਰ ਲਿਆ। ਸਤਿੰਦਰ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੇ ਸਾਡੀ ਦੁਕਾਨ ਦੇ ਬਾਹਰ ਪਏ ਸਾਮਾਨ ਦੀ ਭੰਨ ਤੋੜ ਕੀਤੀ ਤੇ ਗੱਲੇ ਵਿੱਚ ਰੱਖੀ ਨਗਦੀ 12 ਹਜ਼ਾਰ ਰੁਪਏ ਚੋਰੀ ਕਰਕੇ ਲੈ ਗਏ। ਬੱਸ ਅੱਡਾ 'ਤੇ ਲੋਕ ਇਕੱਠਾ ਹੁੰਦੇ ਵੇਖ ਕੇ ਉਕਤ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਹੋਲੀ ਹਾਰਟ ਸਕੂਲ ਨੇ 12ਵੀਂ ਦੇ ਨਤੀਜਿਆਂ 'ਚ ਰਚਿਆ ਇਤਿਹਾਸ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਜੀ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਨੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੀ ਦੂਰਦਰਸ਼ੀ ਰਹਿਨੁਮਾਈ ਹੇਠ ਸਕੂਲ ਨੇ ਇੱਕ ਵਾਰ ਫਿਰ 12ਵੀਂ ਬੋਰਡ ਪ੍ਰੀਖਿਆਵਾਂ 2025-26 ਵਿੱਚ ਸ਼ਾਨਦਾਰ ਨਤੀਜੇ ਹਾਸਲ ਕਰਦੇ ਹੋਏ ਇਤਿਹਾਸ ਰਚ ਦਿੱਤਾ।ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਤੇ ਲਗਨ ਨਾਲ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਨਤੀਜੇ ਦੀ ਸਭ ਤੋਂ ਵੱਡੀ ਉਪਲਬਧੀ ਆਰਟਸ ਸਟ੍ਰੀਮ ਦੀ ਵਿਦਿਆਰਥਣ ਐਸ਼ਪ੍ਰੀਤ ਕੌਰ ਰਹੀ, ਜਿਸ ਨੇ ਸ਼ਾਨਦਾਰ 98 ਫੀਸਦੀ ਅੰਕ ਹਾਸਲ ਕਰਕੇ ਜ਼ਿਲ੍ਹਾ ਟਾਪਰ ਬਣਨ ਦਾ ਮਾਣ ਪ੍ਰਾਪਤ ਕੀਤਾ।ਉਸ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਨੇ ਉਸ ਨੂੰ ਸਨਮਾਨਤ ਕੀਤਾ ਤੇ ਉਸ ਦੀ ਮਿਹਨਤ, ਸਮਰਪਣ ਤੇ ਉੱਤਮ ਪ੍ਰਦਰਸ਼ਨ ਦੀ ਪ੍ਰਸੰਸਾ ਕੀਤੀ।ਇਸ ਮੌਕੇ ਐਸ਼ਪ੍ਰੀਤ ਕੌਰ ਵੱਲੋਂ ਸਕੂਲ ਦੇ ਨਵੇਂ ਬਣੇ ਪ੍ਰੋਡਕਾਸਟ ਸਟੂਡੀਓ ਦਾ ਉਦਘਾਟਨ ਵੀ ਕਰਵਾਇਆ ਗਿਆ। ਸਕੂਲ ਨੇ ਕਾਮਰਸ ਸਟ੍ਰੀਮ ਦੇ ਵਿਦਿਆਰਥੀਆਂ ਮਨਵੀਰ ਸਿੰਘ ਤੇ ਸੁਖਮਨਦੀਪ ਕੌਰ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਵੀ ਸਰਾਹਨਾ ਕੀਤੀ, ਜਿਨ੍ਹਾਂ ਨੇ ਬੋਰਡ ਪ੍ਰੀਖਿਆਵਾਂ ਵਿੱਚ 92 ਫੀਸਦੀ ਅੰਕ ਪ੍ਰਾਪਤ ਕੀਤੇ।



ਚੇਅਰਮੈਨ ਅਜੈ ਜਿੰਦਲ, ਡਾਇਰੈਕਟਰ ਰਾਕੇਸ਼ ਬਾਂਸਲ, ਨਿਤਿਨ ਜਿੰਦਲ ਤੇ ਵਾਈਸ ਪ੍ਰਿੰਸੀਪਲ ਪ੍ਰਦੀਪ ਕੌਰ ਗਰੇਵਾਲ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# 20 ਦੀ ਹੜਤਾਲ ਕਾਰਨ ਮੋਗਾ ਦੇ ਸਮੁੱਚੇ ਮੈਡੀਕਲ ਸਟੋਰ ਰਹਿਣਗੇ ਬੰਦ

**ਮੋਗਾ (ਇਕਬਾਲ ਸਿੰਘ ਖਹਿਰਾ)**- ਆਨਲਾਈਨ ਫਾਰਮੇਸੀ ਕੰਪਨੀਆਂ ਵੱਲੋਂ ਜਿੱਥੇ ਧੜੱਲੇ ਨਾਲ ਬਿਨਾਂ ਪਰਚੀ ਦਵਾਈਆਂ ਦੀ ਸਪਲਾਈ ਕੀਤੀ ਜਾਂਦੀ ਹੈ, ਉੱਥੇ ਹੀ ਨਕਲੀ ਦਵਾਈਆਂ ਭੇਜ ਕੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।ਇਸ ਸਮੁੱਚੇ ਵਰਤਾਰੇ ਖਿਲਾਫ ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ ਕੈਮਿਸਟ ਐਂਡ ਡਰੱਗਿਸਟ ਵੱਲੋਂ 20 ਮਈ ਨੂੰ ਦੇਸ਼ ਵਿਆਪੀ ਹੜਤਾਲ ਕਰਨ ਦਾ ਸੱਦਾ ਦਿੱਤਾ ਗਿਆ ਹੈ, ਜਿਸ ਤਹਿਤ ਮੋਗਾ ਡਿਸਟ੍ਰਿਕਟ ਕੈਮਿਸਟ ਐਸੋਸੀਏਸ਼ਨ ਦੇ ਬੈਨਰ ਹੇਠ ਜ਼ਿਲ੍ਹੇ ਦੀਆਂ ਕਰੀਬ 800 ਹੋਲਸੇਲ ਤੇ ਰਿਟੇਲ ਦਵਾਈਆਂ ਦੀਆਂ ਦੁਕਾਨਾਂ ਪੂਰਨ ਤੌਰ 'ਤੇ ਬੰਦ ਰਹਿਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੋਗਾ ਡਿਸਟ੍ਰਿਕਟ ਕੈਮਿਸਟ ਐਸੋਸੀਏਸ਼ਨ ਦੀ ਹੋਈ ਮੀਟਿੰਗ ਦੌਰਾਨ ਪ੍ਰਧਾਨ ਰਾਜੀਵ ਗਰਗ, ਸਕੱਤਰ ਨਵੀਨ ਸੂਦ ਤੇ ਦੀਪਕ ਕੁਮਾਰ ਦੀਪੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੋਵਿਡ ਸਮੇਂ ਸਰਕਾਰ ਵੱਲੋਂ ਆਨਲਾਈਨ ਦਵਾਈ ਸਪਲਾਈ ਦੀ ਆਗਿਆ ਦਿੱਤੀ ਗਈ ਸੀ, ਪਰ ਮਹਾਮਾਰੀ ਖ਼ਤਮ ਹੋਣ ਤੋਂ ਬਾਅਦ ਵੀ ਇਹ ਪ੍ਰਨਾਲੀ ਨਿਰੰਤਰ ਲੋਕਾਂ ਨੂੰ ਦਵਾਈਆਂ ਸਪਲਾਈ ਕਰ ਰਹੀ ਹੈ।ਇਸ ਮੀਟਿੰਗ ਦੌਰਾਨ ਰਜੇਸ਼ ਸਿੰਗਲਾ ਨੇ ਕਿਹਾ ਕਿ ਹੜਤਾਲ ਦਾ ਮੁੱਖ ਕਾਰਨ ਆਨਲਾਈਨ ਫਾਰਮੇਸੀਆਂ ਬਿਨਾਂ ਡਾਕਟਰੀ ਪਰਚੀ ਤੋਂ ਜਿੱਥੇ ਵੱਡੀ ਪੱਧਰ 'ਤੇ ਲੋਕਾਂ ਨੂੰ ਦਵਾਈ ਸਪਲਾਈ ਕਰ ਰਹੀ ਹੈ, ਉੱਥੇ ਹੀ ਜਿਹੜੀਆਂ ਨਸ਼ੀਲੀਆਂ ਦਵਾਈਆਂ 'ਤੇ ਪਾਬੰਦੀ ਹੈ, ਉਹ ਵੀ ਵੇਚੀਆਂ ਜਾ ਰਹੀਆਂ ਹਨ।ਇਸ ਦੇ ਉਲਟ ਅਧਿਕਾਰਤ ਮੈਡੀਕਲ ਆਪਣੀਆਂ ਦੁਕਾਨਾਂ ਵਿੱਚ ਮਨਤਾ ਪ੍ਰਾਪਤ ਕੰਪਨੀਆਂ ਦੀਆਂ ਦਵਾਈਆਂ ਮਰੀਜ਼ਾਂ ਨੂੰ ਦਿੰਦੇ ਹਨ।ਕੈਮਿਸਟਾਂ ਨਾਲ ਹੋ ਰਹੀ ਧੱਕੇਸ਼ਾਹੀ ਤੇ ਸਰਕਾਰਾਂ ਨੂੰ ਜਗਾਉਣ ਲਈ 20 ਮਈ ਨੂੰ ਦੇਸ਼ ਵਿਆਪੀ ਹੜਤਾਲ ਦੌਰਾਨ ਮੋਗਾ ਦੇ ਸਿਵਲ ਹਸਪਤਾਲ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

# ਦਸਮੇਸ਼ ਮਿਸ਼ਨ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ 100 ਫੀਸਦੀ ਰਿਹਾ



**ਕੋਟਕਪੂਰਾ (ਰਛਪਾਲ ਭੁੱਲਰ)**- ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦਾ ਬਾਰਵੀਂ ਜਮਾਤ ਦਾ ਨਤੀਜਾ 100% ਰਿਹਾ।ਸਕੂਲ ਵਿੱਚ ਆਰਟਸ, ਕਾਮਰਸ ਤੇ ਸਾਇੰਸ ਗਰੁੱਪਾਂ ਵਿੱਚ ਕੁੱਲ 92 ਵਿਦਿਆਰਥੀ ਅਪੀਅਰ ਹੋਏ।ਆਰਟਸ ਗਰੁੱਪ ਵਿੱਚ ਕਸ਼ਿਸ਼ ਨੇ 93% ਅੰਕ ਲੈ ਕੇ ਪਹਿਲਾ, ਰਮਨਪ੍ਰੀਤ ਕੌਰ ਤੇ ਰਿਤਿਕਾ ਨੇ 90.4% ਅੰਕ ਲੈ ਕੇ ਦੂਜਾ ਅਤੇ ਨਵਨੀਤ ਕੌਰ ਬਰਾੜ ਨੇ 90% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।ਕਾਮਰਸ ਗਰੁੱਪ 'ਚ ਰਮਨਦੀਪ ਸਿੰਘ ਨੇ 79% ਅੰਕਾਂ ਨਾਲ ਪਹਿਲਾ, ਜਸਕੀਰਤ ਸਿੰਘ ਨੇ 78.8% ਅੰਕਾਂ ਨਾਲ ਦੂਜਾ ਤੇ ਲਖਵੀਰ ਸਿੰਘ ਨੇ 78.6% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਸਾਇੰਸ ਗਰੁੱਪ 'ਚ ਹਰਮੀਤ ਕੌਰ ਨੇ 93.6% ਅੰਕ ਲੈ ਕੇ ਪਹਿਲਾ, ਕਮਲਦੀਪ ਕੌਰ ਨੇ 91.8% ਅੰਕ ਲੈ ਕੇ ਦੂਜਾ ਤੇ ਜੈਸਮੀਨ ਕੌਰ ਨੇ 90.4% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਮਿਹਨਤੀ ਤੇ ਕਾਬਿਲ ਸਟਾਫ਼ ਦਿੰਦਿਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।

# ਪੰਜਾਬ ਸਿਹਤ ਵਿਭਾਗ ਦੇ ਪੈਨਸ਼ਨਰਾਂ ਦੀ ਮੀਟਿੰਗ

**ਲੁਧਿਆਣਾ (ਸਤੀਸ਼ ਸਚਦੇਵਾ)**- ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਲੁਧਿਆਣਾ ਦੀ ਅਤੀ ਜ਼ਰੂਰੀ ਮੀਟਿੰਗ ਪ੍ਰਧਾਨ ਸਤੀਸ਼ ਕੁਮਾਰ ਸਚਦੇਵਾ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਹੋਈ।ਇਸ ਮੀਟਿੰਗ ਵਿੱਚ ਫੈਸਲਾ ਕੀਤਾ ਕਿ ਜੇਕਰ ਪੰਜਾਬ ਸਰਕਾਰ ਨੇ 30 ਜੂਨ ਤੱਕ ਪੈਨਸ਼ਨਰਾਂ ਦੇ ਬਕਾਏ ਖਾਤੇ ਵਿੱਚ ਜਮ੍ਹਾਂ ਨਾ ਕਰਾਏ ਤਾਂ ਪੈਨਸ਼ਨਰ ਵੱਡਾ ਸੰਘਰਸ਼ ਵਿੱਢਣਗੇ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਮੀਟਿੰਗ ਵਿੱਚ ਸ਼੍ਰੀਮਤੀ ਸੰਤੋਸ਼ ਭਾਟੀਆ ਸਟੇਟ ਮਾਸ ਮੀਡੀਆ ਅਫਸਰ, ਅਨੋਖ ਸਿੰਘ, ਬੇਦੀ ਸਾਹਿਬ, ਕਵਿੰਦਰ ਕੁਮਾਰ, ਰਾਜਿੰਦਰ ਭਾਟੀਆ, ਇੰਦਰਜੀਤ ਸਿੰਘ, ਗਿਆਨ ਸਿੰਘ, ਗਿਆਨ ਚੰਦ, ਬਲਜੀਤ ਸ਼ਰਮਾ, ਕੁਲਭੂਸ਼ਨ, ਚਰਨਜੀਵ ਪ੍ਰਕਾਸ਼, ਸੁਖਦੇਵ ਸਿੰਘ, ਸ਼੍ਰੀਮਤੀ ਜਮੀਲਾ, ਵੀਰਪਾਲ ਕੌਰ, ਬਲਵਿੰਦਰ ਕੌਰ, ਪਰਵੀਨ ਕਾਹਲੋਂ, ਸੁਰਜੀਤ ਕੌਰ ਆਦਿ ਹਾਜ਼ਰ ਸਨ। ਜਿਨ੍ਹਾਂ ਪੈਨਸ਼ਨਰਜ਼ ਸਾਥੀਆਂ ਦੇ ਇਸ ਮਹੀਨੇ ਜਨਮ ਦਿਨ ਸਨ, ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ, ਅਖੀਰ ਵਿੱਚ ਸਤੀਸ਼ ਸਚਦੇਵਾ ਨੇ ਆਏ ਸਾਰੇ ਪੈਨਸ਼ਨਰ ਸਾਥੀਆਂ ਦਾ ਧੰਨਵਾਦ ਕੀਤਾ।



# ਹੇਜ਼ਲ ਬਣੇਗੀ ਕੈਨੇਡਾ ਸਮਿੱਟ 'ਚ ਸਰਹੱਦੀ ਕਿਸਾਨਾਂ ਦੀ ਅਵਾਜ਼

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਦੇਸ਼ ਦੀ ਅਜ਼ਾਦੀ ਤੋਂ ਬਾਅਦ ਜ਼ਮੀਨਾਂ ਦੇ ਮਾਲਕੀ ਹੱਕਾਂ ਦੀ ਉਡੀਕ ਕਰ ਰਹੇ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਦੇ ਪਿੰਡਾਂ ਦੇ ਕਿਸਾਨਾਂ ਦੀ ਅਵਾਜ਼ ਬਣੇਗੀ ਫਿਰੋਜ਼ਪੁਰ ਦੀ ਸਕੂਲ ਵਿਦਿਆਰਥਣ ਹੇਜ਼ਲ, ਜੋ ਅੰਤਰਰਾਸ਼ਟਰੀ ਹਿਊਮਨ ਰਾਇਟਸ ਸਮਿੱਟ-2026 ਦੌਰਾਨ ਕੈਨੇਡਾ ਵਿੱਚ ਹਿੱਸਾ ਲੈਣ ਜਾ ਰਹੀ ਹੈ।ਫਿਰੋਜ਼ਪੁਰ ਦੇ ਪ੍ਰਸਿੱਧ ਡੀ. ਸੀ. ਮਾਡਲ ਇੰਟਰਨੈਸ਼ਨਲ ਸਕੂਲ ਦੀ ਬਾਰਵੀਂ ਜਮਾਤ ਦੀ ਵਿਦਿਆਰਥਣ ਹੇਜ਼ਲ ਨੂੰ ਉਸ ਦੀ ਸ਼ਾਨਦਾਰ ਪ੍ਰੋਫਾਈਲ ਤੇ ਸਮਾਜਿਕ ਯੋਗਦਾਨ ਨੂੰ ਵੇਖਦਿਆਂ ਉਸ ਨੂੰ ਸਕਾਲਰਸ਼ਿਪ ਸਮੇਤ ਇਸ ਸਮਿੱਟ ਲਈ ਚੁਣਿਆ ਗਿਆ ਹੈ। ਇਸ ਸਮਾਗਮ ਵਿੱਚ 40 ਤੋਂ ਵੱਧ ਦੇਸ਼ਾਂ ਦੇ ਡੈਲੀਗੇਟ ਹਿੱਸਾ ਲੈਣਗੇ।ਸਕੂਲ ਵਿਦਿਆਰਥਣ ਹੇਜ਼ਲ ਇਸ ਸਮਿੱਟ ਵਿੱਚ ਸਭ ਤੋਂ ਘੱਟ ਉਮਰ ਦੀ ਪ੍ਰਤੀਨਿਧੀ ਹੋਵੇਗੀ, ਜਿਸ ਲਈ ਉਸ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਕਾਲੀ ਆਗੂ ਬਚਿੱਤਰ ਸਿੰਘ ਨੇ ਦੱਸਿਆ ਕਿ 21 ਮਈ ਤੋਂ 24 ਮਈ 2026 ਦੌਰਾਨ ਕੈਨੇਡਾ ਵਿੱਚ ਇਹ ਸਮਿੱਟ ਹੋ ਰਿਹਾ ਹੈ ਤੇ ਇਸ ਦੌਰਾਨ ਬੇਟੀ ਹੇਜ਼ਲ ਜੋ ਫਿਰੋਜ਼ਪੁਰ ਦੇ ਸਰਹੱਦੀ ਖੇਤਰ ਦੇ ਕਿਸਾਨਾਂ ਦੀਆਂ ਜ਼ਮੀਨਾਂ ਦੇ ਮਾਲਕੀ ਹੱਕਾਂ ਤੇ ਉਹਨਾਂ ਨੂੰ ਹੋਰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਦੀ ਅਵਾਜ਼ ਅੰਤਰਰਾਸ਼ਟਰੀ ਮੰਚ 'ਤੇ ਬੁਲੰਦ ਕਰੇਗੀ।



# ਗਰੇਵਾਲ ਵੱਲੋਂ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)** : ਵਿਧਾਨ ਸਭਾ ਹਲਕਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਸੈਕਟਰ 32 ਤੇ 39 ਤੋਂ ਇਲਾਵਾ ਤਾਜਪੁਰ ਰੋਡ, ਮੋਤੀ ਨਗਰ ਤੇ ਹੋਰਨਾਂ ਇਲਾਕਿਆਂ 'ਚ 4.5 ਕਰੋੜ ਦੀ ਲਾਗਤ ਨਾਲ ਨਵੀਂ ਪੈਣ ਜਾ ਰਹੀ ਸੀਵਰੇਜ ਲਾਈਨ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗਰੇਵਾਲ ਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਨੇ ਕਿਹਾ ਕਿ 32 ਤੇ 39 ਸੈਕਟਰ ਤੋਂ ਇਲਾਵਾ ਤਾਜਪੁਰ ਰੋਡ ਦੇ ਇਲਾਕਾ ਵਾਸੀਆਂ ਦੀ ਮੰਗ ਨੂੰ ਦੇਖਦੇ ਹੋਏ ਅੱਜ ਕਰੀਬ 4.5 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਸੀਵਰੇਜ ਲਾਈਨ ਵਿਛਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ ਹੈ ਤੇ ਆਉਣ ਵਾਲੇ ਦਿਨਾਂ 'ਚ ਜਲਦ ਹੀ ਇਸ ਕੰਮ ਨੂੰ ਮੁਕੰਮਲ ਕਰ ਲਿਆ ਜਾਵੇਗਾ।ਇਸ ਮੌਕੇ ਹਾਜ਼ਰ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿਛਲੇ ਕਰੀਬ 25 ਸਾਲਾਂ ਤੋਂ ਸੰਤਾਪ ਭੋਗ ਰਹੇ ਸਨ, ਸੋ ਵਿਧਾਇਕ ਗਰੇਵਾਲ ਨੇ ਸਾਡੀ ਇਸ ਜ਼ਰੂਰੀ ਮੰਗ ਨੂੰ ਅੱਜ ਪੂਰਾ ਕੀਤਾ ਹੈ, ਅਸੀਂ ਤੇ ਸਮੂਹ ਇਲਾਕਾ ਨਿਵਾਸੀ ਇਹਨਾਂ ਦੇ ਧੰਨਵਾਦੀ ਹਾਂ। ਇਸ ਮੌਕੇ ਵਾਰਡ ਨੰਬਰ 20 ਇੰਚਾਰਜ ਅੰਕੁਰ ਗੁਲਾਟੀ, ਕੌਂਸਲਰ ਲਵਲੀ ਮਨੋਚਾ, ਸਾਬਕਾ ਕੌਂਸਲਰ ਬਲਵਿੰਦਰ ਸ਼ਿੰਕੀ, ਲਖਵਿੰਦਰ ਸਿੰਘ ਲੱਖਾ, ਮਨਜੀਤ ਸਿੰਘ, ਮਹਾਵੀਰ ਕੁਮਾਰ, ਗੋਬਿੰਦ ਕੁਮਾਰ ਆਦਿ ਇਲਾਕਾ ਨਿਵਾਸੀ ਸ਼ਾਮਲ ਹੋਏ।

# ਸੀ ਐੱਨ ਆਈ ਚਰਚ 'ਚ ਨਵੇਂ ਨਿਯੁਕਤ ਪਾਦਰੀ ਰੈਵਰੈਂਡ ਡਾ. ਮਸੀਹ ਦਾ ਸ਼ਾਨਦਾਰ ਸਵਾਗਤ

**ਫਰੀਦਕੋਟ (ਅਲੈਗਜ਼ੈਂਡਰ ਡਿਸੂਜ਼ਾ)** : ਸੀਐੱਨਆਈ (ਚਰਚ ਆਫ਼ ਨੌਰਥ ਇੰਡੀਆ) ਫਿਰੋਜ਼ਪੁਰ ਸਿਟੀ ਚਰਚ ਵਿਖੇ ਇੱਕ ਵਿਸ਼ੇਸ਼ ਸਵਾਗਤ ਸਮਾਰੋਹ ਕੀਤਾ ਗਿਆ।ਚਰਚ ਦੀਆਂ ਵੱਖ-ਵੱਖ ਕਮੇਟੀਆਂ ਤੇ ਸਮੁੱਚੇ ਈਸਾਈ ਭਾਈਚਾਰੇ ਨੇ ਨਵੇਂ ਨਿਯੁਕਤ ਪ੍ਰੈਸਬੀਟਰ-ਇਨ-ਚਾਰਜ, ਰੈਵਰੈਂਡ ਡਾ. ਸਰਵਨ ਮਸੀਹ ਦਾ ਬਹੁਤ ਗਰਮਜੋਸ਼ੀ ਤੇ ਉਤਸ਼ਾਹ ਨਾਲ ਸਵਾਗਤ ਕੀਤਾ।ਸਮਾਗਮ ਦੀ ਸ਼ੁਰੂਆਤ ਪਵਿੱਤਰ ਬਾਈਬਲ ਦੀਆਂ ਆਇਤਾਂ ਨਾਲ ਹੋਈ।ਸਮਾਗਮ ਦੌਰਾਨ, ਪਾਸਟੋਰੇਟ ਕਮੇਟੀ, ਡਬਲਯੂ ਐੱਫ ਐੱਸ ਸੀ, ਸੰਡੇ ਸਕੂਲ, ਯੂਥ ਵਿੰਗ ਤੇ ਸਮੁੱਚੀ ਚਰਚ ਦੀ ਸੰਗਤ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਨ ਤੇ ਨਵੇਂ ਪਾਦਰੀ ਨੂੰ ਸ਼ਾਲ ਨਾਲ ਸਨਮਾਨਤ ਕਰਨ ਲਈ ਇੱਕਜੁੱਟ ਹੋ ਕੇ ਸਵਾਗਤੀ ਗੀਤ ਗਾਏ।ਚਰਚ ਦੇ ਨੌਜਵਾਨਾਂ ਤੇ ਬੱਚਿਆਂ ਨੇ ਖੁਸ਼ੀ ਦੇ ਮਾਹੌਲ ਨੂੰ ਹੋਰ ਵੀ ਵਧਾ ਦਿੱਤਾ।ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਨਵ-ਨਿਯੁਕਤ ਪ੍ਰੈਸਬੀਟਰ-ਇਨ-ਚਾਰਜ ਰੈਵਰੈਂਡ ਡਾ. ਸਰਵਨ ਮਸੀਹ ਨੇ ਸ਼ਾਨਦਾਰ ਸਵਾਗਤ ਲਈ ਸਾਰੀਆਂ ਚਰਚ ਕਮੇਟੀਆਂ ਤੇ ਕਲੀਸਿਯਾ ਦਾ ਦਿਲੋਂ ਧੰਨਵਾਦ ਕੀਤਾ।ਸਮਾਰੋਹ ਦੇ ਅੰਤ 'ਤੇ ਚਰਚ ਦੀ ਪਾਸਟੋਰੇਟ ਕਮੇਟੀ ਤੇ ਹੋਰ ਵਿੰਗਾਂ ਦੇ ਅਧਿਕਾਰੀਆਂ ਨੇ ਰੈਵਰੈਂਡ ਡਾ. ਸਰਵਨ ਮਸੀਹ ਨੂੰ ਭਰੋਸਾ ਦਿਵਾਇਆ ਕਿ ਸਾਰੀ ਸੰਗਤ ਚਰਚ ਦੇ ਸਾਰੇ ਕੰਮਾਂ ਤੇ ਸਮਾਜ ਭਲਾਈ ਮਿਸ਼ਨਾਂ ਵਿੱਚ ਉਨ੍ਹਾਂ ਦਾ ਦਿਲੋਂ ਸਮਰਥਨ ਕਰੇਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਈਸਾਈ ਭਾਈਚਾਰੇ ਦੇ ਮੈਂਬਰ ਤੇ ਪਤਵੰਤੇ ਮੌਜੂਦ ਸਨ।ਸਾਰਿਆਂ ਨੇ ਨਵੇਂ ਪਾਦਰੀ ਦੇ ਸਫਲ ਕਾਰਜਕਾਲ ਲਈ ਪ੍ਰਾਰਥਨਾ ਕੀਤੀ।



# ਆਕਸਫੋਰਡ ਦੇ ਐੱਨ ਸੀ ਸੀ ਦੇ 27 ਕੈਡਿਟ ਕੈਂਪ ਲਈ ਰਵਾਨਾ

**ਬਠਿੰਡਾ (ਰਾਜੀਵ ਗੋਇਲ)** : ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ ਦੇ ਐੱਨ.ਸੀ.ਸੀ. ਆਰਮੀ ਦੇ 27 ਕੈਡਿਟਾਂ ਨੂੰ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਵੱਲੋਂ ਸ਼ੁੱਭਇਛਾਵਾਂ ਦੇ ਕੇ ਕੈਂਪ ਲਈ ਰਵਾਨਾ ਕੀਤਾ ਗਿਆ।ਇਨ੍ਹਾਂ ਵਿੱਚ 10 ਲੜਕੀਆਂ ਤੇ 17 ਲੜਕੇ ਸ਼ਾਮਲ ਹਨ।ਐਨੱ.ਸੀ.ਸੀ. ਦੇ ਸੀ.ਟੀ.ਓ. ਤੇਜਿੰਦਰ ਸਿੰਘ ਦੀ ਅਗਵਾਈ ਵਿੱਚ ਗਏ ਕੈਡਿਟ ਐੱਨ.ਸੀ.ਸੀ. ਅਕੈਡਮੀ ਮਲੋਟ ਵਿਖੇ ਲੱਗਣ ਵਾਲੇ 10 ਰੋਜ਼ਾ ਕੈਂਪ ਦਾ ਹਿੱਸਾ ਬਣਨਗੇ।ਇਸ ਕੈਂਪ ਦੌਰਾਨ ਇਹ ਕੈਡਿਟ ਵੱਖ-ਵੱਖ ਗਤੀਵਿਧੀਆਂ ਜਿਵੇਂ ਮੁਹਾਰਤ ਹਾਸਲ ਕਰਨਗੇ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿਬਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਸ਼ੁੱਭਇਛਾਵਾਂ ਦਿੱਤੀਆਂ।



# ਸੇਵਾ ਭਾਰਤੀ ਵੱਲੋਂ ਮੈਰਿਟ 'ਚ ਆਈ ਲਖਵਿੰਦਰ ਕੌਰ ਦਾ ਸਨਮਾਨ

**ਬੁਢਲਾਡਾ (ਅਸ਼ੋਕ ਲਾਕੜਾ)** : ਸੇਵਾ ਭਾਰਤੀ ਸੰਸਥਾ ਬਰਾਂਚ ਬੁਢਲਾਡਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਕੰਨਿਆ ਸਕੂਲ ਬੁਢਲਾਡਾ ਵਿਖੇ ਪਹੁੰਚ ਕੇ ਬਾਰਵੀਂ ਕਲਾਸ ਦੀ ਹੋਣਹਾਰ ਵਿਦਿਆਰਥਣ ਲਖਵਿੰਦਰ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਜਿਸ ਨੇ ਪੰਜਾਬ ਦੀ ਮੈਰਿਟ ਲਿਸਟ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਗੁਰਮੀਤ ਸਿੰਘ ਨੇ ਕਿਹਾ ਕਿ ਸੇਵਾ ਭਾਰਤੀ ਸੰਸਥਾ ਇੱਕ ਅਜਿਹੀ ਸਮਾਜਿਕ ਸੰਸਥਾ ਹੈ, ਜੋ ਸਕੂਲਾਂ ਵਿੱਚ ਆ ਕੇ ਬੱਚਿਆਂ ਦਾ ਸਨਮਾਨ ਕਰਦੀ ਹੈ ਤੇ ਉਨ੍ਹਾਂ ਨੂੰ ਪੜ੍ਹਾਈ ਲਈ ਪ੍ਰੇਰਿਤ ਕਰਦੀ ਹੈ।ਇਸ ਮੌਕੇ ਸੰਸਥਾ ਦੇ ਪ੍ਰਧਾਨ ਅਮਿਤ ਜਿੰਦਲ, ਹੇਮਰਾਜ ਸ਼ਰਮਾ, ਅਮਰਨਾਥ ਸਿੰਗਲਾ, ਰਘੂਨਾਥ, ਮੈਨੇਜਰ ਸੰਜੀਵ ਸਿੰਗਲਾ, ਸ਼ਿਵ ਮਿੱਤਲ, ਰਜਿੰਦਰ ਗੋਇਲ, ਰਾਮ ਗੋਪਾਲ ਆਦਿ ਹਾਜ਼ਰ ਸਨ।



# ਜਗਰਾਓਂ ਵਿਖੇ ਅਕਾਲੀ ਦਲ ਨੇ 23 ਵਾਰਡਾਂ 'ਚ ਉਮੀਦਵਾਰ ਉਤਾਰੇ

**ਜਗਰਾਓਂ (ਨਛੱਤਰ ਸੰਧੂ)**- ਅਕਾਲੀ ਦਲ ਨ ਵੱਲੋਂ ਨਵੀਂ ਚੋਣ ਰਣਨੀਤੀ ਅਪਣਾਉਂਦੇ ਹੋਏ ਕੁੱਲ 23 ਵਾਰਡਾਂ ਵਿੱਚ ਆਪਣੇ ਸਮਰਥਿਤ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਗਏ ਹਨ, ਜਿਨ੍ਹਾਂ ਵਿੱਚੋਂ 20 ਉਮੀਦਵਾਰ ਪਾਰਟੀ ਦੇ ਚੋਣ ਨਿਸ਼ਾਨ 'ਤੱਕੜੀ' 'ਤੇ ਚੋਣ ਲੜਨਗੇ, ਜਦਕਿ 3 ਆਜ਼ਾਦ ਉਮੀਦਵਾਰਾਂ ਨੂੰ ਸਮਰਥਨ ਦਿੱਤਾ ਗਿਆ ਹੈ।ਅੱਜ ਹਲਕਾ ਇੰਚਾਰਜ ਐੱਸ. ਆਰ. ਕਲੇਰ ਦੀ ਅਗਵਾਈ ਹੇਠ ਪਾਰਟੀ ਦੇ ਸਾਰੇ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ।ਇਸ ਮੌਕੇ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਵੱਡੀ ਗਿਣਤੀ ਵਿੱਚ ਅਕਾਲੀ ਆਗੂ, ਵਰਕਰ ਤੇ ਹਮਾਇਤੀ ਨਾਮਜ਼ਦਗੀ ਦੌਰਾਨ ਮੌਜੂਦ ਰਹੇ, ਜਿਨ੍ਹਾਂ ਨੇ ਨਾਅਰੇਬਾਜ਼ੀ ਕਰਦਿਆਂ ਉਮੀਦਵਾਰਾਂ ਦਾ ਹੌਸਲਾ ਵਧਾਇਆ। ਨਾਮਜ਼ਦਗੀ ਪ੍ਰਕਿਰਿਆ ਦੌਰਾਨ ਪੂਰਾ ਮਾਹੌਲ ਚੋਣੀ ਰੰਗ ਵਿੱਚ ਰੰਗਿਆ ਹੋਇਆ ਦਿਖਾਈ ਦਿੱਤਾ ਤੇ ਪਾਰਟੀ ਵੱਲੋਂ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਨ ਲਈ ਸਮੱਰਥਕ ਵੱਡੀ ਗਿਣਤੀ ਵਿਚ ਪੁੱਜੇ ਅਤੇ ਆਪਣੀ ਤਾਕਤ ਦਾ ਪ੍ਰਦਰਸ਼ਨ ਵੀ ਕੀਤਾ ਗਿਆ।ਇਸ ਮੌਕੇ ਪਾਰਟੀ ਆਗੂਆਂ ਨੇ ਦਾਅਵਾ ਕੀਤਾ ਕਿ ਅਕਾਲੀ ਦਲ ਦੀਆਂ ਨੀਤੀਆਂ ਤੇ ਲੋਕਾਂ ਨਾਲ ਜੁੜੇ ਮੁੱਦਿਆਂ ਕਾਰਨ ਪਾਰਟੀ ਪ੍ਰਤੀ ਲੋਕਾਂ ਦਾ ਵਿਸ਼ਵਾਸ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਇਸ ਮੌਕੇ ਐਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ 3 ਆਜ਼ਾਦ ਉਮੀਦਵਾਰਾਂ ਨੂੰ ਦਿੱਤਾ ਗਿਆ ਸਮਰਥਨ ਪਾਰਟੀ ਦੀ ਮਜ਼ਬੂਤ ਸਥਿਤੀ ਅਤੇ ਜਨ ਸਮਰਥਨ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਚੱਲ ਰਹੀ ਹੈ।ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਨੇ ਕਿਹਾ ਕਿ ਸ਼ਹਿਰ ਦੇ ਪਛੜੇ ਵਿਕਾਸ ਲਈ ਕਾਂਗਰਸ ਤੇ ਆਦਮੀ ਪਾਰਟੀ ਦੋਵੇਂ ਜ਼ਿੰਮੇਵਾਰ ਹਨ।ਉਨ੍ਹਾਂ ਆਖਿਆ ਕਿ ਸ਼ਹਿਰ ਅੰਦਰ ਕੂੜੇ ਦੇ ਢੇਰਾਂ ਦੇ ਨਾਲ-ਨਾਲ ਲੋਕਾਂ ਦੀਆਂ ਅਹਿਮ ਲੋੜਾਂ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।ਕਲੇਰ ਨੇ ਆਖਿਆ ਕਿ ਸ਼ਹਿਰ ਦੇ ਲੋਕ ਸ਼੍ਰੋਮਣੀ ਅਕਾਲੀ ਦਲ 'ਤੇ ਭਰੋਸਾ ਬਣਾਈ ਬੈਠੇ ਹਨ ਤੇ ਉਹ ਲੋਕਾਂ ਦੇ ਭਰੋਸੇ ਤਹਿਤ ਨਗਰ ਕੌਂਸਲ ਦੇ ਪ੍ਰਧਾਨਗੀ ਪਦ 'ਤੇ ਕਾਬਜ਼ ਹੋਣਗੇ।ਇਸ ਮੌਕੇ 3 ਅਜ਼ਾਦ ਉਮੀਦਵਾਰਾਂ ਨੂੰ ਸਮੱਰਥਨ ਦੇਣ ਸਬੰਧੀ ਕਲੇਰ ਨੇ ਆਖਿਆ ਕਿ ਇਹ ਉਨ੍ਹਾਂ ਦੀ ਨਿੱਜੀ ਚੋਣ ਰਣਨੀਤੀ ਹੈ।ਉਨ੍ਹਾਂ ਆਖਿਆ ਕਿ ਰਸਤੇ ਨੂੰ ਮੰਜ਼ਿਲ-ਏ-ਮੁਕਾਮ ਦੀ ਗੱਲ ਕਰਨੀ ਚਾਹੀਦੀ ਹੈ।



# ਪੰਜਾਬ ਕਾਨਵੈਂਟ ਸਕੂਲ ਦਾ ਦਸਵੀਂ ਤੇ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਪੰਜਾਬ ਕਾਨਵੈਂਟ ਸਕੂਲ ਦੇ ਦਸਵੀਂ ਤੇ ਬਾਰਵੀਂ ਕਲਾਸ ਦੇ ਬੱਚਿਆਂ ਨੇ ਬੜੇ ਹੀ ਸ਼ਾਨਦਾਰ ਅੰਕ ਪ੍ਰਾਪਤ ਕਰਦੇ ਹੋਏ ਇਲਾਕੇ ਵਿੱਚ ਆਪਣੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਵਿੱਚ ਨਤੀਜਿਆਂ ਦੇ ਅਧਾਰ 'ਤੇ ਇਨਾਮ ਵੰਡ ਸਮਾਰੋਹ ਰੱਖਿਆ ਗਿਆ, ਜਿਸ ਵਿੱਚ ਬਾਘਾ ਪੁਰਾਣਾ ਦੇ ਐੱਸ.ਐੱਚ.ਓ. ਜਨਕ ਰਾਜ ਸ਼ਰਮਾ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ।ਉਨ੍ਹਾ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਤੇ ਉੱਚੇ ਮੁਕਾਮ ਹਾਸਲ ਕਰਨ ਦੀ ਪ੍ਰੇਰਣਾ ਦਿੱਤੀ।ਇਸ ਸਮੇਂ ਪ੍ਰਿੰਸੀਪਲ ਨੀਲਿਮਾ ਅਰੋੜਾ, ਸਕੂਲ ਦੀ ਮੈਨੇਜਮੈਂਟ ਕਮੇਟੀ ਚੇਅਰਮੈਨ ਆਰ ਕੇ ਗੁਪਤਾ, ਡਾਇਰੈਕਟਰ ਅਜੇਪਾਲ ਸਿੰਘ, ਵਾਈਸ ਚੇਅਰਮੈਨ ਰਮਨ ਮਿੱਤਲ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਮੈਡਮ ਰਚਨਾ ਮਿੱਤਲ ਤੇ ਡਾਇਰੈਕਟਰ ਮੈਡਮ ਰਜਨੀਸ਼ ਕੌਰ ਨੇ ਮੈਰਿਟ 'ਚ ਆਉਣ ਵਾਲੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਅਤੇ ਅਧਿਆਪਕਾਂ ਦੀ ਵਧੀਆ ਕਾਰਗੁਜ਼ਾਰੀ ਕਰਕੇ ਉਨ੍ਹਾਂ ਨੂੰ ਵੀ ਸਨਮਾਨਤ ਕੀਤਾ ਗਿਆ।ਦਸਵੀਂ ਦੇ 46 ਬੱਚੇ ਤੇ ਬਾਰਵੀਂ ਦੇ 47 ਬੱਚੇ ਮੈਰਿਟ ਵਿੱਚ ਆਏ।ਸੈਸ਼ਨ 2025-26 ਦੇ ਸੀ.ਬੀ.ਐੱਸ.ਈ. ਵੱਲੋਂ ਐਲਾਨੇ ਨਤੀਜੇ ਵਿੱਚ ਦਸਵੀਂ ਜਮਾਤ 'ਚੋਂ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਹਰਸਿਮਰਨ ਕੌਰ 98.4%, ਜੈਸਮੀਨ ਕੌਰ 96.8%, ਗੁਰਸਿਮਰਨ ਕੌਰ ਨੇ 96.6% ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਕਾਮਰਸ ਸਟਰੀਮ 'ਚੋਂ ਰਮਨਜੀਤ ਕੌਰ ਨੇ 96%, ਜਗਰੂਪ ਸਿੰਘ ਬਰਾੜ ਨੇ 95.2%, ਕਰਨਦੀਪ ਕੁਮਾਰ ਨੇ 94% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਮੈਡੀਕਲ ਸਟਰੀਮ 'ਚੋਂ ਅਨੰਨਿਆ ਨੇ 92.2% ਅੰਕ ਲੈ ਕੇ ਪਹਿਲਾ, ਅਰਸ਼ਪ੍ਰੀਤ ਕੌਰ ਨੇ 91.2% ਅੰਕ ਲੈ ਕੇ ਦੂਜਾ ਤੇ ਜਸਪ੍ਰੀਤ ਕੌਰ ਦਿਓਲ ਨੇ 90.2% ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਨਾਨ-ਮੈਡੀਕਲ ਦੀ ਜੈਸਮੀਨ ਕੌਰ ਨੇ 98% ਅੰਕ ਹਾਸਲ ਕਰਕੇ ਮੋਗਾ ਜ਼ਿਲ੍ਹੇ ਤੇ ਸਕੂਲ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਅਤੇ ਮੁਸਕਾਨਪ੍ਰੀਤ ਕੌਰ ਨੇ 93% ਅੰਕ ਲੈ ਕੇ ਦੂਜਾ ਤੇ ਅਨੁਰਾਗ ਬੇਰੀ ਨੇ 90.4% ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ ਅਤੇ ਆਰਟਸ ਸਟਰੀਮ 'ਚੋਂ ਅਰਸ਼ਪ੍ਰੀਤ ਕੌਰ ਨੇ 90% ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ।



# ਸਨਮਤੀ ਵਿਮਲ ਜੈਨ ਸਕੂਲ ਦਾ ਨਤੀਜਾ ਸ਼ਾਨਦਾਰ

**ਜਗਰਾਓਂ (ਅਮਿਤ ਖੰਨਾ)**- ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨਿਆ ਦਸਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਖੁਸ਼ੀ ਜ਼ਾਹਰ ਕਰਦੇ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਤਨਵੀਰ ਸਿੰਘ ਨੇ 96 ਫੀਸਦੀ ਅੰਕ ਹਾਸਲ ਕਰਕੇ ਆਪਣਾ ਨਾਂ ਪੰਜਾਬ ਦੀ ਮੈਰਿਟ ਲਿਸਟ ਵਿੱਚ 21ਵਾਂ ਰੈਂਕ, ਜਗਰਾਉਂ ਤੇ ਸਕੂਲ ਵਿੱਚ ਪਹਿਲੇ ਸਥਾਨ 'ਤੇ ਦਰਜ ਕਰਵਾ ਕੇ ਸਕੂਲ ਦਾ ਮਾਣ ਵਧਾਇਆ ਹੈ। ਇਸੇ ਤਰ੍ਹਾਂ ਅਵਨੀਤ ਕੌਰ ਕੈਂਥ ਨੇ 95.23 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਦੂਸਰਾ ਸਥਾਨ, ਜਸਲੀਨ ਕੌਰ ਨੇ 92 ਫੀਸਦੀ ਅੰਕ ਲੈ ਕੇ ਸਕੂਲ ਵਿੱਚੋਂ ਤੀਸਰਾ ਸਥਾਨ ਗੁਰਲੀਨ ਕੌਰ ਨੇ 91.38 ਫੀਸਦੀ ਅੰਕ ਕਰਕੇ ਚੌਥਾ ਸਥਾਨ, ਸੁਨੇਹਾ ਕੁਮਾਰੀ ਨੇ 91.7 ਫੀਸਦੀ ਅੰਕ ਲੈ ਕੇ ਪੰਜਵਾਂ ਸਥਾਨ ਤੇ ਅਨਮੋਲਦੀਪ ਕੌਰ ਨੇ 90.76 ਫੀਸਦੀ ਹੱਕ ਹਾਸਲ ਕਰਕੇ ਛੇਵਾਂ ਸਥਾਨ ਪ੍ਰਾਪਤ ਕੀਤਾ।ਇਸ ਪ੍ਰੀਖਿਆ ਵਿੱਚ ਕੁੱਲ 120 ਵਿਦਿਆਰਥੀ ਬੈਠੇ, ਜਿਨ੍ਹਾਂ ਵਿੱਚ 29 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ ਅੰਕ ਲਏ, ਸਕੂਲ ਦਾ ਨਤੀਜਾ 100 ਫੀਸਦੀ ਰਿਹਾ।ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਜੈਨ, ਉਪ ਪ੍ਰਧਾਨ ਕਾਂਤਾ ਸਿੰਗਲਾ, ਸੈਕਟਰੀ ਮਹਾਂਵੀਰ ਜੈਨ ਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਅੰਜੂ ਕੌਸ਼ਲ, ਸਰਿਤਾ ਅਗਰਵਾਲ, ਰਿਸ਼ੂ ਬਾਂਸਲ, ਅੰਕਿਤਾ ਗੁਪਤਾ ਆਦਿ ਹਾਜ਼ਰ ਸਨ।



# ਸ਼ਹੀਦ ਊਧਮ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ

**ਗੁਰੂ ਹਰਸਹਾਏ** - ਇਲਾਕੇ ਦੀ ਪ੍ਰਮੁੱਖ ਵਿਦਿਅਕ ਸੰਸਥਾ ਸ਼ਹੀਦ ਊਧਮ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਗੋਲੂ ਕਾ ਮੋੜ ਦੇ ਵਿਦਿਆਰਥੀਆਂ ਸ਼ਾਨਦਾਰ ਨੰਬਰ ਲੈ ਕੇ ਦਸਵੀਂ ਜਮਾਤ ਦੀ ਪ੍ਰੀਖਿਆ ਪਾਸ ਕੀਤੀ। ਪੰਜਾਬ ਸਕੂਲ ਸਿਖਿਆ ਬੋਰਡ ਦੇ ਆਏ ਨਤੀਜੇ ਵਿੱਚ ਸਾਰੇ ਪ੍ਰੀਖਿਆਰਥੀ ਪਾਸ ਹੋਏ। ਸਾਇੰਸ ਗਰੁੱਪ ਵਿੱਚ ਵਿਦਿਆਰਥਣ ਬਾਣੀ ਨੇ 459 ਅੰਕ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸ ਤਰ੍ਹਾਂ ਸ੍ਰਿਸ਼ਟੀ ਨੇ 455 ਅੰਕ ਪ੍ਰਿਅਲ ਨੇ 452 ਅੰਕ ,ਮਾਨਿਕ ਨੇ 91 ਪ੍ਰਤੀਸ਼ਤ , ਜਿਯਾ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਚਮਕਾਇਆ। ਰੁਚਿਤ ਬਾਗਲਾ ਵੱਲੋਂ 88 ਪ੍ਰਤੀਸ਼ਤ , ਹਰਗੁਨ ਨੇ 89 ਪ੍ਰਤੀਸ਼ਤ , ਆਈਨਾ 88 ਪ੍ਰਤੀਸ਼ਤ, ਅਰਸ਼ਦੀਪ 87ਪ੍ਰਤੀਸ਼ਤ , ਸ਼ਬਦ ਗੱਖੜ 85 ਪ੍ਰਤੀਸ਼ਤ, ਪਰਮਵੀਰ ਪੁੱਗਲ 83 ਪ੍ਰਤੀਸ਼ਤ , ਗੇਵਿਸ਼ 84 ਪ੍ਰਤੀਸ਼ਤ , ਕਾਵਿਸ਼ ਨੇ 84 ਫੀਸਦੀ ਤੇ ਕਵਿਸ਼ ਕੰਬੋਜ ਨੇ 83 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਸਕੂਲ ਪ੍ਰਿੰਸੀਪਲ ਮੈਡਮ ਨੀਲਮ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਬੱਚਿਆਂ ਅਤੇ ਸਕੂਲ ਸਟਾਫ ਨੂੰ ਮੁਬਾਰਕਬਾਦ ਦਿੱਤੀ ਹੈ। ਸਕੂਲ ਮੈਨੇਜਰ ਬਲਦੇਵ ਰਾਜ ਥਿੰਦ ਨੇ ਕਿਹਾ ਕਿ ਇਕੱਲੇ ਵਿੱਦਿਅਕ ਖੇਤਰ ਹੀ ਨਹੀਂ ਬਲਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਵੀ ਪੂਰਾ ਧਿਆਨ ਦਿੱਤਾ ਜਾਂਦਾ ਹੈ। ਨੰਬਰਦਾਰ ਜਗਦੀਸ਼ ਥਿੰਦ ਅਨੁਸਾਰ ਸਰਹੱਦੀ ਖੇਤਰ ਦੇ ਚਾਨਣ ਮੁਨਾਰੇ ਸ਼ਹੀਦ ਊਧਮ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ ਜੱਜ , ਡਾਕਟਰ , ਤਹਿਸੀਲਦਾਰ , ਵੱਡੇ ਪੁਲਿਸ ਅਧਿਕਾਰੀ ਪੈਦਾ ਕੀਤੇ ਹਨ । ਇਸ ਸਕੂਲ ਦੇ ਪੜ੍ਹੇ ਬੱਚੇ ਵਿਦੇਸ਼ਾਂ ਵਿੱਚ ਨਰਸਿੰਗ ਖੇਤਰ ਵਿੱਚ ਵੱਡੀ ਸੇਵਾ ਦੇ ਰਹੇ ਹਨ ।

# ਗੁਰੂ ਨਾਨਕ ਕਾਲਜ ਵਿਖੇ ਪੁਰਾਣੇ ਵਿਦਿਆਰਥੀਆਂ ਦੀ ਮਿਲਣੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਰਜਿਸਟਰਡ ਐਲੂਮਨੀ ਐਸੋਸੀਏਸ਼ਨ ਵੱਲੋਂ ਪੁਰਾਣੇ ਵਿਦਿਆਰਥੀਆਂ ਧੀ ਮਿਲਣੀ ਆਯੋਜਿਤ ਕੀਤੀ ਗਈ।ਇਸ ਵਿੱਚ ਲਗਭਗ 200 ਪੁਰਾਣੇ ਵਿਦਿਆਰਥੀਆਂ ਤੇ 60 ਤੋਂ ਵੱਧ ਵੱਖ-ਵੱਖ ਖੇਤਰਾਂ ਵਿੱਚ ਸੇਵਾ ਨਿਭਾਅ ਰਹੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੇ ਸ਼ੁਰੂ ਵਿੱਚ ਆਏ ਹੋਏ ਮਹਿਮਾਨਾਂ ਨੂੰ ਐਲੂਮਨੀ ਐਸੋਸੀਏਸ਼ਨ ਦੇ ਪ੍ਰਧਾਨ ਤੇ ਕਾਲਜ ਪ੍ਰਿੰਸੀਪਲ ਪ੍ਰੋ. ਸਰਬਜੀਤ ਕੌਰ, ਵਾਈਸ ਪ੍ਰਧਾਨ ਡਾ. ਸਤਿੰਦਰਪਾਲ ਕੌਰ, ਸਕੱਤਰ ਡਾ. ਰੁਚੀ ਕਾਲੜਾ ਤੇ ਖਜ਼ਾਨਚੀ ਬਾਬੂ ਰਾਮ ਵੱਲੋਂ ਜੀ ਆਇਆਂ ਕਿਹਾ ਗਿਆ।ਇਸ ਪ੍ਰੋਗਰਾਮ ਵਿੱਚ ਡਾ. ਸੁਖਪਾਲ ਕੌਰ, ਸਾਬਕਾ ਵਾਈਸ ਪ੍ਰਿੰਸੀਪਲ ਬਾਵਾ ਨਿਹਾਲ ਸਿੰਘ ਕਾਲਜ ਮੁਕਤਸਰ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਮੈਡਮ ਹਰਜੀਤ ਕੌਰ ਤੇ ਵਿਦਿਆਰਥੀਆਂ ਵੱਲੋਂ ਕਾਲਜ ਸ਼ਬਦ ਦੇਹਿ ਸ਼ਿਵਾ ਬਰ ਮੋਹਿ ਦੇ ਉਚਾਰਨ ਰਾਹੀਂ ਕੀਤੀ ਗਈ।ਉਪਰੰਤ ਕਾਲਜ ਦੀ ਸਥਾਨਕੀ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਸਾਡੇ ਪੁਰਾਣੇ ਵਿਦਿਆਰਥੀਆਂ ਦੇ ਆਉਣ ਨਾਲ ਸੰਸਥਾ ਦੀ ਸ਼ਾਨ ਵਿੱਚ ਵਾਧਾ ਹੋਇਆ ਹੈ।ਡਾ. ਨੀਤਾ ਕੁਮਾਰੀ, ਮੁਖੀ ਅੰਗਰੇਜ਼ੀ ਵਿਭਾਗ ਜੋ ਕਿ ਕਾਲਜ ਦੇ ਐਲੂਮਨੀ ਵੀ ਹਨ, ਵੱਲੋਂ ਮੰਚ ਸੰਚਾਲਨ ਦੀ ਭੂਮਿਕਾ ਨਿਭਾਉਂਦੇ ਹੋਏ ਪੁਰਾਣੇ ਵਿਦਿਆਰਥੀਆਂ ਨਾਲ ਰੂ-ਬ-ਰੂ ਕਰਵਾਇਆ ਗਿਆ।ਉਪਰੰਤ ਕਾਲਜ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਨਾਚ ਭੰਗੜੇ ਰਾਹੀਂ ਰੰਗ ਬੰਨ੍ਹਿਆ।ਇਸ ਪ੍ਰੋਗਰਾਮ ਵਿੱਚ ਮੈਡਮ ਬਲਜੀਤ ਕੌਰ, ਸਾਬਕਾ ਸਰਕਲ ਐਜੂਕੇਸ਼ਨ ਅਫ਼ਸਰ, ਮੈਡਮ ਸਤਵਿੰਦਰ ਕੌਰ, ਰਿਟਾਇਰਡ ਲੈਕਚਰਾਰ, ਮੈਡਮ ਰਾਜ ਰਾਣੀ ਰਿਟਾਇਰਡ ਕਲਰਕ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ, ਮੈਡਮ ਅੰਜੂ, ਦਿਲਜੀਤ ਸਿੰਘ, ਮੈਡਮ ਸੁਖਵਿੰਦਰ ਕੌਰ, ਮੈਡਮ ਸਰਬਜੀਤ ਕੌਰ, ਸਰਕਾਰੀ ਅਧਿਆਪਕ, ਮੈਡਮ ਕਿਰਨਜੀਤ ਕੌਰ, ਸੁਪਰਵਾਈਜ਼ਰ-ਕਮ-ਪ੍ਰੋਟੈਕਸ਼ਨ ਅਫਸਰ, ਸ਼ਮਿੰਦਰ ਸਿੰਘ, ਐੱਸ ਬੀ ਆਈ ਕਲਰਕ, ਅਰਸ਼ ਨੂਰ ਸਿੰਘ ਪੰਜਾਬ ਪੁਲਸ, ਜੋਬਨਪ੍ਰੀਤ ਸਿੰਘ, ਮੈਨੇਜਰ ਇਨ ਜੀ ਓ ਆਦਿ ਸ਼ਿਰਕਤ ਕੀਤੀ।ਇਸ ਮੌਕੇ ਕਾਲਜ ਦੇ ਮੌਜੂਦਾ ਤੇ ਪੁਰਾਣੇ ਵਿਦਿਆਰਥੀਆਂ ਵੱਲੋਂ ਵੱਖ ਵੱਖ ਪੇਸ਼ਕਾਰੀਆਂ ਰਾਹੀਂ ਸਰੋਤਿਆਂ ਦਾ ਮਨੋਰੰਜਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਪ੍ਰੋ. ਸਰਬਜੀਤ ਕੌਰ ਤੇ ਐਲੂਮਨੀ ਐਸੋਸੀਏਸ਼ਨ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਸਨਮਾਨ ਭੇਟ ਕੀਤੇ ਗਏ।



# ਬਰੌਂਡਵੇ ਸਕੂਲ ਮਨਾਲ ਵਿਖੇ ਐਨੀਮੀਆ ਮੁਕਤ ਅਭਿਆਨ ਤਹਿਤ ਜਾਂਚ ਕੈਂਪ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਬਰੌਂਡਵੇ ਪਬਲਿਕ ਸਕੂਲ ਮਨਾਲ ਵਿੱਚ ਐਨੀਮੀਆ ਮੁਕਤ ਅਭਿਆਨ ਤਹਿਤ 10 ਤੋਂ 19 ਸਾਲ ਦੀਆਂ ਵਿਦਿਆਰਥਣਾਂ ਦੀ ਐਨੀਮੀਆ ਸਕ੍ਰੀਨਿੰਗ ਕੈਂਪ ਲਾਇਆ ਗਿਆ।ਇਹ ਸਿਹਤ ਜਾਂਚ ਕੈਂਪ ਸਕੂਲ ਸਿਹਤ ਵਿਭਾਗ ਵੱਲੋਂ ਸ੍ਰੀਮਤੀ ਗੁਰਪ੍ਰੀਤ ਕੌਰ ਦੀ ਅਗਵਾਈ ਵਿੱਚ ਲਗਵਾਇਆ ਗਿਆ, ਜਿਸ ਵਿੱਚ ਵਿਦਿਆਰਥਣਾਂ ਦੀ ਸਿਹਤ ਜਾਂਚ ਬੜੀ ਸਾਵਧਾਨੀ ਤੇ ਸੁਚੱਜੇ ਢੰਗ ਨਾਲ ਕੀਤੀ ਗਈ।ਇਸ ਕੈਂਪ ਦੀ ਅਗਵਾਈ ਡਾ. ਡੋਸਾਇਲ ਸਿੰਗਲਾ ਤੇ ਉਨ੍ਹਾਂ ਦੀ ਮੈਡੀਕਲ ਟੀਮ ਵੱਲੋਂ ਕੀਤੀ ਗਈ।ਡਾਕਟਰਾਂ ਨੇ ਵਿਦਿਆਰਥਣਾਂ ਨੂੰ ਖੂਨ ਦੀ ਕਮੀ ਤੋਂ ਬਚਾਅ, ਪੌਸ਼ਟਿਕ ਆਹਾਰ ਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਜਾਣਕਾਰੀ ਦਿੱਤੀ।ਸਕੂਲ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫੀ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਚੰਗੀ ਸਿਹਤ ਹੀ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਨੀਂਹ ਹੈ।ਉਨ੍ਹਾਂ ਵਿਦਿਆਰਥਣਾਂ ਨੂੰ ਸਿਹਤ ਪ੍ਰਤੀ ਜਾਗਰੂਕ ਰਹਿਣ ਤੇ ਸੰਤੁਲਿਤ ਆਹਾਰ ਅਪਣਾਉਣ ਲਈ ਪ੍ਰੇਰਿਤ ਕੀਤਾ।



# ਚਹਿਲ ਫਾਊਂਡੇਸ਼ਨ ਵੱਲੋਂ ਯੋਗਾ ਤੇ ਸਿਹਤ ਜਾਗਰੂਕਤਾ ਕੈਂਪ

**ਭੀਖੀ (ਧਰਮਵੀਰ ਸ਼ਰਮਾ)**- ਨਜ਼ਦੀਕੀ ਪਿੰਡ ਸਮਾਉਂ ਵਿਖੇ ਚਹਿਲ ਫਾਊਂਡੇਸ਼ਨ ਵੱਲੋਂ ਵਿਸ਼ੇਸ਼ ਯੋਗਾ ਤੇ ਸਿਹਤ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਦੀ ਅਗਵਾਈ ਪ੍ਰਸਿੱਧ ਯੋਗਾ ਪ੍ਰਸ਼ਿਕਸ਼ਕ ਤੇ ਅਖਿਲ ਭਾਰਤੀ ਗਊ ਕਥਾ ਦੇ ਪ੍ਰਚਾਰਕ ਚੰਦਰਕਾਂਤ ਵੱਲੋਂ ਕੀਤੀ ਗਈ।ਇਸ ਮੌਕੇ ਉਨ੍ਹਾਂ ਯੋਗਾ ਤੇ ਪ੍ਰਾਣਾਯਾਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਿਯਮਿਤ ਯੋਗਾ ਕਰਨ ਨਾਲ ਗੋਡਿਆਂ ਦੇ ਦਰਦ, ਜੋੜਾਂ ਦੇ ਦਰਦ, ਦਿਲ ਦੀਆਂ ਬਿਮਾਰੀਆਂ, ਲੀਵਰ ਦੀਆਂ ਸਮੱਸਿਆਵਾਂ, ਬਲੱਡ ਪ੍ਰੈਸ਼ਰ, ਸ਼ੂਗਰ ਵਰਗੀਆਂ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ।ਇਸ ਮੌਕੇ ਗਊ ਮਾਤਾ ਦੇ ਗੁਣਾਂ, ਦੇਸੀ ਗਊ ਦੇ ਦੁੱਧ ਦੇ ਫਾਇਦਿਆਂ ਤੇ ਗਊਆਂ ਦੀ ਸਾਂਭ-ਸੰਭਾਲ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਚਹਿਲ ਫਾਊਂਡੇਸ਼ਨ ਦੇ ਚੇਅਰਮੈਨ ਡਾ. ਗੁਰਤੇਜ ਸਿੰਘ ਚਹਿਲ ਨੇ ਕਿਹਾ ਕਿ ਅਜਿਹੇ ਕੈਂਪ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਬਹੁਤ ਲਾਭਦਾਇਕ ਸਾਬਿਤ ਹੋ ਰਹੇ ਹਨ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜ ਭਲਾਈ ਦੇ ਕਾਰਜ ਜਾਰੀ ਰਹਿਣਗੇ।ਕੈਂਪ ਦੌਰਾਨ ਲੋਕਾਂ ਨੇ ਯੋਗਾ ਅਭਿਆਸ ਵਿੱਚ ਵੱਧ ਚੜ੍ਹ ਕੇ ਭਾਗ ਲਿਆ।



# ਡੀ ਏ ਵੀ ਸਕੂਲ 'ਚ ਮਦਰਜ਼ ਡੇ ਧੂਮਧਾਮ ਨਾਲ ਮਨਾਇਆ

**ਰਾਜਪੁਰਾ (ਰਮੇਸ਼ ਕਟਾਰੀਆ)**- ਕਿੰਡਰਗਾਰਟਨ ਵਿੰਗ ਵੱਲੋਂ ਮਦਰਜ਼ ਡੇ ਬੜੇ ਹੀ ਉਤਸ਼ਾਹ, ਖੁਸ਼ੀ ਤੇ ਰੰਗ-ਬਰੰਗੀਆਂ ਸੱਭਿਆਚਾਰਕ ਗਤੀਵਿਧੀਆਂ ਨਾਲ ਮਨਾਇਆ ਗਿਆ।ਇਸ ਵਿਸ਼ੇਸ਼ ਸਮਾਗਮ ਵਿੱਚ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੀਆਂ ਸਤਿਕਾਰਯੋਗ ਮਾਤਾਵਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾ ਕੇ ਕੀਤੀ ਗਈ।ਪ੍ਰੋਗਰਾਮ ਕੋਆਰਡੀਨੇਟਰ ਸ਼੍ਰੀਮਤੀ ਸਰਿਤਾ ਤੇ ਕਿੰਡਰਗਾਰਟਨ ਕੋਆਰਡੀਨੇਟਰ ਸ਼੍ਰੀਮਤੀ ਸੋਨੀਆ ਗਰੋਵਰ ਨੇ ਸਾਰੀਆਂ ਮਾਤਾਵਾਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਮਦਰਜ਼ ਡੇ ਦੀਆਂ ਵਧਾਈਆਂ ਦਿੱਤੀਆਂ।ਸਕੂਲ ਪਰਵਾਰ ਵੱਲੋਂ ਮਾਵਾਂ ਨੂੰ ਸਵਾਗਤੀ ਟੈਗ ਵੀ ਭੇਟ ਕੀਤੇ ਗਏ। ਸਵੇਰ ਦੀ ਸਭਾ ਦੌਰਾਨ ਮਦਰਜ਼ ਡੇ ਦੇ ਮੌਕੇ 'ਤੇ ਬੱਚਿਆਂ ਨੇ ਬਹੁਤ ਹੀ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤੇ ਤੇ ਇੱਕ ਸੁੰਦਰ ਰੋਲ ਪਲੇ ਵੀ ਕੀਤਾ ਗਿਆ। ਪ੍ਰੋਗਰਾਮ ਵਿੱਚ ਰੈਂਪ ਵਾਕ, ਹੈਲਥੀ ਟਿਫਿਨ ਮੁਕਾਬਲਾ ਤੇ ਮਨੋਰੰਜਕ ਖੇਡਾਂ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਵਾਂ ਤੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਕੂਲ ਦੀ ਪ੍ਰਿੰਸੀਪਲ ਅਲਪਨਾ ਪਾਠਕ ਨੇ ਸਾਰਿਆਂ ਨੂੰ ਮਦਰਜ਼ ਡੇ ਦੀਆਂ ਸ਼ੁੱਭ-ਕਾਮਨਾਵਾਂ ਦਿੰਦਿਆਂ ਮਾਂ ਦੇ ਸਨੇਹ ਤੇ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਅੰਤ ਵਿੱਚ ਸਾਰੀਆਂ ਮਾਤਾਵਾਂ ਨੂੰ ਯਾਦਗਾਰੀ ਤੋਹਫ਼ੇ ਭੇਟ ਕਰਕੇ ਸਨਮਾਨਤ ਕੀਤਾ ਗਿਆ।



# ਔਰਤ ਦੀ ਕੁੱਟਮਾਰ ਕਰਨ ਦੇ ਦੋਸ਼ 'ਚ 4 ਨਾਮਜ਼ਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਮੱਲਾਂਵਾਲਾ ਅਧੀਨ ਆਉਂਦੇ ਪਿੰਡ ਭੜਾਣਾ ਵਿਖੇ ਇੱਕ ਔਰਤ ਦੀ ਕੁੱਟਮਾਰ ਕਰਕੇ ਉਸ ਦੇ ਕੱਪੜੇ ਪਾੜਨ ਤੇ ਉਸ ਦੀ ਜਾਤ ਪ੍ਰਤੀ ਬੇਇੱਜ਼ਤੀ ਕਰਨ ਦੇ ਦੋਸ਼ ਵਿੱਚ ਪੁਲਸ ਨੇ 4 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮਨਜੀਤ ਕੌਰ ਪਤਨੀ ਹਰਨੇਕ ਸਿੰਘ ਵਾਸੀ ਪਿੰਡ ਭੜਾਣਾ ਨੇ ਦੱਸਿਆ ਕਿ ਦੋਸ਼ੀਆਨ ਜਗਦੇਵ ਸਿੰਘ, ਹਰਦੇਵ ਸਿੰਘ ਪੁੱਤਰਾਨ ਪ੍ਰੀਤਮ ਸਿੰਘ, ਮਨਦੀਪ ਸਿੰਘ ਪੁੱਤਰ ਜਗਦੇਵ ਸਿੰਘ, ਰਾਣੀ ਪਤਨੀ ਹਰਦੇਵ ਸਿੰਘ ਵਾਸੀਅਨ ਪਿੰਡ ਭੜਾਣਾ ਨੇ ਉਸ ਦੀ ਕੁੱਟਮਾਰ ਕੀਤੀ ਤੇ ਉਸ ਦੇ ਕੱਪੜੇ ਪਾੜ ਕੇ ਉਸ ਦੀ ਔਰਤ ਜਾਤ ਦੀ ਬੇਇੱਜ਼ਤੀ ਕੀਤੀ ਹੈ। ਮਨਜੀਤ ਕੌਰ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਜ਼ੀਰਾ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦਰਸ਼ਨ ਲਾਲ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਸ਼ਹੀਦ ਸੁਖਦੇਵ ਦੇ ਜਨਮ ਦਿਨ 'ਤੇ ਅਕੀਦਤ ਸਮਾਗਮ

**ਲੁਧਿਆਣਾ (ਸਤੀਸ਼ ਸਚਦੇਵਾ)**- ਅੰਗਰੇਜ਼ੀ ਰਾਜ ਦੇ ਖ਼ਾਤਮੇ ਲਈ ਆਪਣੀ ਜਵਾਨੀ ਦੇਸ਼ ਦੇ ਲੇਖੇ ਲਾ ਗਏ ਸ਼ਹੀਦ ਭਗਤ ਸਿੰਘ ਤੇ ਰਾਜਗੁਰੂ ਨਾਲ ਫਾਂਸੀ ਦਾ ਰੱਸਾ ਚੁੰਮਣ ਵਾਲੇ ਯੋਧੇ ਸ਼ਹੀਦ ਸੁਖਦੇਵ ਦਾ ਜਨਮ ਦਿਨ

**● ਸ਼ਹੀਦ ਦੇ ਘਰ ਨੂੰ ਮਿਊਜ਼ਮ ਤੇ ਲਾਇਬਰੇਰੀ ਬਣਾਉਣ ਦੀ ਮੰਗ**

ਸ਼ਹੀਦ ਦੀ ਜਨਮ ਸਥਲੀ ਮੁੱਹਲਾ ਨੌਘਰਾ ਵਿਖੇ ਇਨਕਲਾਬੀ ਕੇਂਦਰ ਪੰਜਾਬ ਤੇ ਲੋਕ ਮੋਰਚਾ ਪੰਜਾਬ ਨੇ ਹੋਰ ਜਨਤਕ ਜਮਹੂਰੀ, ਤਰਕਸ਼ੀਲ ਜਥੇਬੰਦੀਆਂ ਦੇ ਸਹਿਯੋਗ ਨਾਲ ਮਨਾਇਆ। ਕਾਰਪੋਰੇਸ਼ਨ ਦੀ ਪਾਰਕਿੰਗ ਨੇੜੇ ਇਕੱਤਰ ਹੋ ਕੇ ਜਥੇਬੰਦੀਆਂ ਦੇ ਕਾਰਕੁਨਾਂ ਨੇ ਵਾਇਆ ਚੌੜਾ ਬਾਜ਼ਾਰ, ਮੁੱਹਲਾ ਨੌਘਰਾ ਤੱਕ ਝੰਡਿਆਂ/ਬੈਨਰਾਂ ਨਾਲ ਲੈਸ ਹੋ ਕੇ ਮਾਰਚ ਕੀਤਾ।ਇਸ ਮੌਕੇ ਸ਼ਹੀਦ ਨੂੰ ਸਿਜਦਾ ਕਰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਜਰਨਲ ਸਕੱਤਰ ਕੰਵਲਜੀਤ ਖੰਨਾ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਦੇ ਆਗੂ ਹਰਜਿੰਦਰ ਸਿੰਘ, ਉੱਘੇ ਸਮਾਜ ਚਿੰਤਕ ਬਲਕੌਰ ਸਿੰਘ ਨੇ ਵੀ ਸੰਬੋਧਨ ਕੀਤਾ।ਇਸ ਸਮੇਂ ਪ੍ਰਸਿੱਧ ਰੰਗਕਰਮੀ ਤਰਲੋਚਨ ਸਿੰਘ ਦੀ ਨਿਰਦੇਸ਼ਨਾ ਹੇਠ ਡਾ. ਸਵਰਾਜਬੀਰ ਦਾ ਸੋਲੋ ਨਾਟਕ ਖੇਡਿਆ ਗਿਆ।ਇਸ ਸਮੇਂ ਪਲਸ ਮੰਚ ਦੇ ਆਗੂ ਕਸਤੂਰੀ ਲਾਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸ਼ਹੀਦ ਸੁਖਦੇਵ ਦੀ ਜਨਮ ਸਥਲੀ ਨੂੰ ਰਾਸ਼ਟਰੀ ਧਰੋਹਰ ਵਜੋਂ ਮਿਊਜ਼ਮ ਤੇ ਲਾਇਬਰੇਰੀ ਦਾ ਰੁਤਬਾ ਤੇ ਰੂਪ ਦਿੱਤਾ ਜਾਵੇ।ਇਸ ਸਮੇਂ ਰਬਿਤਾ ਨੇ ਕਵਿਤਾ ਕਹੀ।ਸਮਾਗਮ 'ਚ ਮੁਹੱਲਾ ਵਾਸੀਆਂ ਨੇ ਬਲਵੀਰ ਚੰਦ ਪਰਵਾਰ ਵੱਲੋਂ ਮਨੀਸ਼ਾ, ਰਾਜ ਰਾਣੀ ਨੇ ਭਾਗ ਲਿਆ ਅਤੇ ਪਾਣੀ ਤੇ ਲੱਡੂਆਂ ਦੀ ਸੇਵਾ ਕੀਤੀ।ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਜਸਵੰਤ ਜੀਰਖ ਨੇ ਸਟੇਜ ਸੰਚਾਲਨ ਕਰਦਿਆਂ ਮੰਗ ਕੀਤੀ ਕਿ ਜਨਮ ਦਿਨ 'ਤੇ ਇਹ ਘਰ ਚੌਵੀ ਘੰਟੇ ਖੁੱਲ੍ਹਾ ਰੱਖਿਆ ਜਾਵੇ।ਉਨ੍ਹਾਂ ਅੱਜ ਵਿਸ਼ੇਸ਼ ਦਿਨ 'ਤੇ ਵੀ ਸ਼ਹੀਦ ਦੇ ਘਰ ਨੂੰ ਤਾਲਾ ਲੱਗਾ ਹੋਣ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਡਿਪਟੀ ਕਮਿਸ਼ਨਰ ਲੁਧਿਆਣਾ ਤੋਂ ਮਾਮਲੇ ਦਾ ਸਖ਼ਤ ਨੋਟਿਸ ਲੈਣ ਦੀ ਮੰਗ ਕੀਤੀ। ਇਸ ਸਮੇਂ ਤਰਕਸ਼ੀਲ ਸੁਸਾਇਟੀ, ਜਮਹੂਰੀ ਅਧਿਕਾਰ ਸਭਾ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਮਹਾਂ ਸਭਾ ਲੁਧਿਆਣਾ ਵੱਲੋਂ ਬਲਵਿੰਦਰ ਸਿੰਘ, ਸਤੀਸ਼ ਸੱਚਦੇਵਾ, ਅਰੁਣ ਕੁਮਾਰ, ਰਾਕੇਸ਼ ਆਜ਼ਾਦ, ਜਗਜੀਤ ਸਿੰਘ, ਅਜਮੇਰ ਦਾਖਾ, ਕਲਪਨਾ ਸਮੇਤ ਮਜ਼ਦੂਰ ਆਗੂ ਵਿਜੈ ਨਾਰਾਇਣ, ਡੀ ਟੀ ਐੱਫ ਆਗੂ ਬਲਬੀਰ ਬਾਸੀ, ਹਰਦੇਵ ਮੁੱਲਾਂਪੁਰ, ਮਦਨ ਸਿੰਘ, ਸਤਪਾਲ ਸਿੰਘ, ਡਾ. ਸੁਰਜੀਤ ਸਿੰਘ, ਹਰਜਿੰਦਰ ਕੌਰ, ਹਰਸਾ ਸਿੰਘ, ਹਿੰਮਤ ਸਿੰਘ, ਹਰਮਨ ਆਦਿ ਹਾਜ਼ਰ ਸਨ।



# ਵਿਦਿਆਰਥਣ ਐਸ਼ਪ੍ਰੀਤ ਕੌਰ ਵਜੀਦਕੇ ਦਾ ਸਨਮਾਨ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਜੀ ਹੋਲੀ ਹਾਰਟ ਪਬਲਿਕ ਸਕੂਲ ਦੀ ਵਿਦਿਆਰਥਣ ਐਸ਼ਪ੍ਰੀਤ ਕੌਰ ਸਪੁੱਤਰੀ ਸੁਖਦਰਸ਼ਨ ਸਿੰਘ ਵਾਸੀ ਵਜੀਦਕੇ ਕਲਾਂ (ਬਰਨਾਲਾ) ਜਿਸ ਨੇ ਬਾਰ੍ਹਵੀਂ ਸ਼੍ਰੇਣੀ ਦੇ ਨਤੀਜੇ 'ਚ 98 ਫ਼ੀਸਦੀ ਅੰਕ ਪ੍ਰਾਪਤ ਕਰਕੇ ਜ਼ਿਲਾ ਬਰਨਾਲਾ ਦਾ ਟਾਪਰ ਹੋਣ ਦਾ ਮਾਣ ਪ੍ਰਾਪਤ ਕੀਤਾ ਹੈ।ਇਸ ਮਾਣਮੱਤੀ ਪ੍ਰਾਪਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆ ਪਿੰਡ ਵਜੀਦਕੇ ਕਲਾਂ ਵਾਸੀਆਂ ਵੱਲੋਂ ਵਿਸ਼ੇਸ਼ ਸਨਮਾਨ ਸਮਾਗਮ ਕਰਾਇਆ ਗਿਆ। ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ , ਸ਼ਹੀਦ ਰਹਿਮਤ ਅਲੀ ਵਜੀਦਕੇ ਤੇ ਸਮੂਹ ਨਗਰ ਪੰਚਾਇਤ ਵੱਲੋਂ ਹੋਣਹਾਰ ਵਿਦਿਆਰਥਣ ਐਸ਼ਪਰੀਤ ਕੌਰ ਵਜੀਦਕੇ ਨੂੰ ਵਧਾਈ ਦਿੰਦਿਆ ਯਾਦਗਾਰੀ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।



# 28 ਨੂੰ ਡੀ ਸੀ ਦਫ਼ਤਰ ਅੱਗੇ ਧਰਨਾ ਮੁਜ਼ਾਹਰਾ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)** ਸਤਿਗੁਰ ਰਵਿਦਾਸ ਸ਼ਹੀਦ ਬਾਬਾ ਜੀਵਨ ਸਿੰਘ ਗੁਰਸੰਗਤ ਪਿੰਡ ਬੇਨੜਾ ਦੀ ਮੀਟਿੰਗ ਪ੍ਰਧਾਨ ਸੇਵਾਮੁਕਤ ਪ੍ਰਿੰਸੀਪਲ ਰਾਮ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ 'ਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪਿੰਡ ਬੇਨੜਾ 'ਚ ਸਰਕਾਰੀ ਪ੍ਰਾਇਮਰੀ ਸਕੂਲ ਦੀ ਨਵੀਂ ਇਮਾਰਤ, ਅੰਬੇਡਕਰ ਭਵਨ ਦੀ ਉਸਾਰੀ ਤੇ ਪਾਰਕ ਬਣਾਉਣ ਦੀ ਮੰਗ ਨੂੰ ਲੈ ਕੇ 28 ਮਈ ਨੂੰ ਡੀ ਸੀ ਦਫ਼ਤਰ ਸੰਗਰੂਰ ਅੱਗੇ ਵਿਸ਼ਾਲ ਧਰਨਾ ਤੇ ਮੁਜਾਹਰਾ ਕੀਤਾ ਜਾਵੇਗਾ।ਰਾਮ ਸਿੰਘ ਨੇ ਦੱਸਿਆ ਕਿ ਪਿੰਡ ਦੇ ਦਲਿਤ ਮਜ਼ਦੂਰਾਂ ਵੱਲੋਂ ਪਿਛਲੇ 48 ਦਿਨਾਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸ਼ਾਂਤਮਈ ਭੁੱਖ ਹੜਤਾਲ ਤੇ ਸ਼ੰਘਰਸ਼ ਕਰ ਰਹੇ ਹਨ, ਪਰ ਸਰਕਾਰ ਤੇ ਪ੍ਰਸ਼ਾਸਨ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਦੀ ਥਾਂ ਸਗੋਂ ਡੰਗ ਟਪਾਊ ਨੀਤੀ ਅਖਤਿਆਰ ਕਰ ਰਿਹਾ ਹੈ।



## ਆਨਲਾਈਨ ਦਵਾਈਆਂ ਦੀ ਵਿਕਰੀ ਵਿਰੁੱਧ ਕੈਮਿਸਟਾਂ ਵੱਲੋਂ ਦੇਸ਼ ਵਿਆਪੀ ਹੜਤਾਲ ਦਾ ਐਲਾਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਕੈਮਿਸਟ ਐਸੋਸੀਏਸ਼ਨ ਦੀ ਇੱਕ ਵਿਸ਼ੇਸ਼ ਮੀਟਿੰਗ ਡੇਰਾ ਬਾਬਾ ਨਾਨਕ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾਕਟਰ ਅਸ਼ੋਕ ਸੋਨੀ ਦੀ ਅਗਵਾਈ ਹੇਠ ਸੋਨੀ ਫਾਰਮੇਸੀ ਵਿਖੇ ਹੋਈ। ਇਸ ਮੀਟਿੰਗ ਵਿੱਚ ਡੇਰਾ ਬਾਬਾ ਨਾਨਕ ਦੇ ਸਮੂਹ ਕੈਮਿਸਟਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੀਟਿੰਗ ਦੌਰਾਨ ਡਾਕਟਰ ਅਸ਼ੋਕ ਸੋਨੀ ਨੇ ਕਿਹਾ ਕਿ ਏ. ਆਈ. ਓ. ਡੀ. ਸੀ. ਅਤੇ ਪੀ. ਸੀ. ਏ. ਦੇ ਨਿਰਦੇਸ਼ਾਂ ਤੇ ਸਮੂਹ ਕੈਮਿਸਟ ਭਾਈਚਾਰਾ 20 ਮਈ ਨੂੰ ਦੇਸ਼ ਵਿਆਪੀ ਹੜਤਾਲ ਕਰ ਰਿਹਾ ਹੈ।ਇਹ ਹੜਤਾਲ ਮੁੱਖ ਤੌਰ ਤੇ ਆਨਲਾਈਨ ਦਵਾਈਆਂ ਦੀ ਵਿਕਰੀ ਦੇ ਵਿਰੁੱਧ ਵਿੱਚ ਕੀਤੀ ਜਾ ਰਹੀ ਹੈ, ਜਿਸ ਨਾਲ ਰਵਾਇਤੀ ਕੈਮਿਸਟਾਂ ਦੇ ਕਾਰੋਬਾਰ 'ਤੇ ਮਾਰੂ ਅਸਰ ਪੈ ਰਿਹਾ ਹੈ।ਉਨ੍ਹਾਂ ਡੇਰਾ ਬਾਬਾ ਨਾਨਕ ਸਮੇਤ ਆਲੇ ਦੁਆਲੇ ਦੇ ਸਾਰੇ ਪਿੰਡਾਂ ਦੇ ਕੈਮਿਸਟਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ 20 ਮਈ ਨੂੰ ਆਪਣੇ ਮੈਡੀਕਲ ਸਟੋਰ ਮੁਕੰਮਲ ਤੌਰ ਤੇ ਬੰਦ ਰੱਖ ਕੇ ਇਸ ਹੜਤਾਲ ਵਿੱਚ ਸ਼ਾਮਲ ਹੋਣ।ਉਨਾਂ ਕਿਹਾ ਕਿ ਆਨਲਾਈਨ ਦਵਾਈਆਂ ਦੀ ਵਿਕਰੀ ਨੂੰ ਰੋਕਣ ਲਈ ਸਾਂਝਾ ਸੰਘਰਸ਼ ਬਹੁਤ ਜ਼ਰੂਰੀ ਹੈ।ਇਸ ਮੌਕੇ ਕੈਮਿਸਟ ਐਸੋਸੀਏਸ਼ਨ ਡੇਰਾ ਬਾਬਾ ਨਾਨਕ ਦੇ ਮੈਂਬਰਾਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਇਸ ਪਾਸੇ ਧਿਆਨ ਨਾ ਦਿੱਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਗੁਰਦੇਵ ਸਿੰਘ ਹੈਪੀ ਮੈਡੀਕਲ ਸਟੋਰ, ਕੁਲਵਿੰਦਰ ਸਿੰਘ ਸੋਖੀ ਮੈਡੀਕਲ ਸਟੋਰ, ਮਨਮੋਹਨ ਸਿੰਘ ਭੱਟੀ ਮੈਡੀਕਲ ਸਟੋਰ, ਪ੍ਰਗਟ ਮਸੀਹ ਸਿੱਧੂ ਮੈਡੀਕਲ ਸਟੋਰ, ਜਸਪਾਲ ਸਿੰਘ ਗੁਰੂ ਨਾਨਕ ਮੈਡੀਕਲ ਸਟੋਰ, ਮਨਦੀਪ ਸਿੰਘ ਗੁਰੂ ਰਾਮਦਾਸ ਮੈਡੀਕਲ ਸਟੋਰ ਅਤੇ ਬਾਬਾ ਜਗਤਾਰ ਸਿੰਘ ਆਦਿ ਕੈਮਿਸਟ ਹਾਜ਼ਰ ਸਨ ।

## ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਟਰਾਇਲ ਭਲਕੇ



ਪਠਾਨਕੋਟ (ਦਵਿੰਦਰ ਸਿੰਘ)-ਕ੍ਰਿਕਟ ਐਸੋਸੀਏਸ਼ਨ ਪਠਾਨਕੋਟ (ਰਜਿ.) ਵੱਲੋਂ ਸੀਨੀਅਰ ਪੁਰਸ਼ ਮਲਟੀ-ਡੇ ਟੂਰਨਾਮੈਂਟ ਲਈ ਟਰਾਇਲਾਂ ਦਾ ਐਲਾਨ ਕੀਤਾ ਗਿਆ ਹੈ, ਜੋ 19 ਮਈ ਨੂੰ ਕੁਠੇਰ ਕ੍ਰਿਕਟ ਗਰਾਊਂਡ, ਪਠਾਨਕੋਟ ਵਿੱਚ ਕਰਵਾਏ ਜਾਣਗੇ।ਸਾਰੇ ਖਿਡਾਰੀਆਂ ਦੀ ਰਿਪੋਰਟਿੰਗ ਦਾ ਸਮਾਂ ਸਵੇਰੇ 10:00 ਵਜੇ ਨਿਰਧਾਰਤ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸੰਨੀ ਮਹਾਜਨ ਨੇ ਕਿਹਾ ਕਿ ਐਸੋਸੀਏਸ਼ਨ ਇਲਾਕੇ ਦੇ ਪ੍ਰਤਿਭਾਸ਼ਾਲੀ ਕ੍ਰਿਕਟ ਖਿਡਾਰੀਆਂ ਨੂੰ ਆਪਣੀ ਕਾਬਲਿਯਤ ਦਿਖਾਉਣ ਅਤੇ ਜ਼ਿਲ੍ਹਾ ਪੱਧਰ ਤੋਂ ਅੱਗੇ ਮੁਕਾਬਲਾਤੀ ਕ੍ਰਿਕਟ ਵਿੱਚ ਨੁਮਾਇੰਦਗੀ ਕਰਨ ਲਈ ਮਜ਼ਬੂਤ ਮੰਚ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਹੋਰ ਦੱਸਿਆ ਕਿ ਚੋਣ ਪ੍ਰਕਿਰਿਆ ਦੌਰਾਨ ਸਥਾਨਕ ਖਿਡਾਰੀਆਂ ਨੂੰ ਪਹਿਲ ਦਿੱਤੀ ਜਾਵੇਗੀ।ਮਹਾਜਨ ਨੇ ਜ਼ਿਲ੍ਹੇ ਦੇ ਸਾਰੇ ਉਭਰਦੇ ਹੋਏ ਸੀਨੀਅਰ ਕ੍ਰਿਕਟ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਿਆਰੀ ਅਤੇ ਖੇਡ ਭਾਵਨਾ ਨਾਲ ਟਰਾਇਲਾਂ ਵਿੱਚ ਹਿੱਸਾ ਲੈਣ।ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਪਠਾਨਕੋਟ ਵਿੱਚ ਕ੍ਰਿਕਟ ਦੇ ਵਿਕਾਸ ਅਤੇ ਪ੍ਰੋਤਸਾਹਨ ਲਈ ਲਗਾਤਾਰ ਪ੍ਰੋਫੈਸ਼ਨਲ ਟੂਰਨਾਮੈਂਟ, ਕੋਚਿੰਗ ਮੌਕੇ ਅਤੇ ਚੋਣ ਕੈਂਪ ਆਯੋਜਿਤ ਕਰ ਰਹੀ ਹੈ।ਚੁਣੇ ਗਏ ਖਿਡਾਰੀਆਂ ਨੂੰ ਆਉਣ ਵਾਲੇ ਸੀਨੀਅਰ ਮਲਟੀ-ਡੇ ਕ੍ਰਿਕਟ ਟੂਰਨਾਮੈਂਟਾਂ ਵਿੱਚ ਪਠਾਨਕੋਟ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲੇਗਾ ਅਤੇ ਪੰਜਾਬ ਕ੍ਰਿਕਟ ਵਿੱਚ ਜ਼ਿਲ੍ਹੇ ਦੀ ਮਜ਼ਬੂਤ ਹਾਜ਼ਰੀ ਨੂੰ ਹੋਰ ਮਜ਼ਬੂਤ ਕਰਨ ਦਾ ਮੌਕਾ ਪ੍ਰਾਪਤ ਹੋਵੇਗਾ।

## ਫ਼ਸਲਾਂ ਦੀਆਂ ਕੀਮਤਾਂ 'ਚ ਨਿਗੂਣਾ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ: ਧਰਦਿਉ



ਬਿਆਸ, (ਪਰਮਜੀਤ ਸਿੰਘ ਰੱਖੜਾ)-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਓਮਰਾਜ ਸਿੰਘ ਧਰਦਿਉ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ।ਪ੍ਰਧਾਨ ਵੱਲੋਂ ਮੀਟਿੰਗ 'ਚ ਕੇਂਦਰ ਸਰਕਾਰ ਵੱਲੋਂ ਕਮਿਸ਼ਨ ਦੀਆਂ ਸਿਫਾਰਸ਼ਾਂ ਤੇ ਝੋਨੇ ਤੇ ਹੋਰ ਫ਼ਸਲਾਂ ਦੀਆਂ ਕੀਮਤਾਂ ਵਿੱਚ ਕੀਤੇ ਮਾਮੂਲੀ ਵਾਧੇ ਦੀ ਸਖਤ ਨਿੰਦਾ ਕੀਤੀ ਗਈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਲੱਕ ਤੋੜ ਮਹਿਗਾਈ ਵਿੱਚ ਫਸਲਾਂ ਦੇ ਭਾਅ 'ਚ ਮਾਮੂਲੀ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਫਸਲਾਂ ਦਾ ਭਾਅ ਡਾਕਟਰ ਸਵਾਮੀ ਨਾਥਨ ਦੀ ਰਿਪੋਰਟ ਅਨੁਸਾਰ ਕੀਤਾ ਜਾਵੇ ਕਿਉਂਕਿ ਲੇਬਰ ਦੀ ਦਿਹਾੜੀ ਡੀਜ਼ਲ ਖਾਦਾਂ ਕੀੜੇਮਾਰ ਦਵਾਈਆਂ ਦੇ ਭਾਅ ਤਾਂ ਅਸਮਾਨ ਨੂੰ ਛੂ ਰਹੇ ਹਨ ਪਰ ਸਰਕਾਰ ਨੇ ਝੋਨੇ ਦੀ ਫ਼ਸਲ ਵਿੱਚ ਸਿਰਫ 72 ਰੁਪਏ ਪ੍ਰਤੀ ਕੁਇੰਟਲ ਵਾਧਾ ਕਰਕੇ ਕਿਸਾਨਾਂ ਦਾ ਭਰੋਸਾ ਤੋੜਿਆ ਹੈ।ਧਰਦਿਉ ਨੇ ਕਿਹਾ ਕਿ ਸਰਕਾਰ ਨੇ ਜਿਹੜਾ 12 ,13 ਹੋਰ ਫ਼ਸਲਾਂ ਦੀ ਐਮਐਸਪੀ ਵਿੱਚ ਵਾਧਾ ਕੀਤਾ ਹੈ ਉਹ ਵਾਧਾ ਕਦੇ ਜ਼ਮੀਨੀ ਪੱਧਰ 'ਤੇ ਦਿਖਾਈ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਮੱਕੀ ਦੇ ਭਾਅ 'ਚੋਂ ਸਿਰਫ 10 ਰੁਪਏ ਦਾ ਮਾਮੂਲੀ ਵਾਧਾ ਤਾਂ ਕਿਸਾਨਾਂ ਨਾਲ ਮਜ਼ਾਕ ਤੋਂ ਵੀ ਕਿਤੇ ਘਟੀਆ ਹੈ।ਕਿਸਾਨ ਇਹ ਕਦੀ ਵੀ ਸਵੀਕਾਰ ਨਹੀਂ ਕਰਨਗੇ।ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਜੋ ਫਸਲਾਂ ਦੇ ਮੁੱਲ ਵਿੱਚ ਮਾਮੂਲੀ ਵਾਧਾ ਕੀਤਾ ਗਿਆ ਹੈ, ਇਸ ਨੂੰ ਦੁਬਾਰਾ ਸੋਧ ਕੇ ਵਧ ਰਹੀ ਮਹਿਗਾਈ ਦੇ ਹਿਸਾਬ ਨਾਲ ਕੀਤਾ ਜਾਵੇ।ਇਸ ਸਮੇਂ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਦੇਸ਼ਾ ਧਿਆਨਪੁਰ, ਸੁਖਰਾਮ ਬੀਰ ਸਿੰਘ ਲੋਹਾਰਕਾ, ਕੁਲਵਿੰਦਰ ਸਿੰਘ ਮਾਨ, ਅਨੋਖ ਸਿੰਘ ਹਸਨਪੁਰ, ਸੁਰਜੀਤ ਸਿੰਘ ਬੋਹੜਵਾਲ, ਸੁਖਵਿੰਦਰ ਸਿੰਘ ਚਾਹਲ ਰਈਆ, ਜਥੇਦਾਰ ਧਰਮ ਸਿੰਘ ਗਗੜਭਾਣਾ, ਜਸਵੰਤ ਸਿੰਘ ਕਾਲੇਕੇ, ਸੂਬੇਦਾਰ ਲਾਲਦੀਨ, ਰਈਆ, ਹਰਦੀਪ ਸਿੰਘ, ਨਿਸ਼ਾਨ ਸਿੰਘ (ਰਈਆ ਖ਼ੁਰਦ), ਹਰਵਿੰਦਰ ਸਿੰਘ ਬੁੱਟਰ, ਚਰਨਜੀਤ ਸਿੰਘ ਢਿੱਲੋਂ ਆਦਿ ਕਿਸਾਨ ਹਾਜ਼ਰ ਸਨ।

## ਕੇਂਦਰੀ ਤੇ ਆਰਮੀ ਸਕੂਲਾਂ 'ਚ ਪੰਜਾਬੀ ਨੂੰ ਹਾਸ਼ੀਏ 'ਤੇ ਧੱਕਣ ਦੇ ਵਿਰੋਧ 'ਚ ਰੋਸ ਮੁਜ਼ਾਹਰਾ 22 ਨੂੰ



ਦਰਸ਼ਨ ਬੁੱਟਰ, ਮੱਖਣ ਕੁਹਾੜ, ਸੁਸ਼ੀਲ ਦੁਸਾਂਝ, ਸ਼ੇਲਿੰਦਰਜੀਤ ਸਿੰਘ ਰਾਜਨ, ਦੀਪਦਵਿੰਦਰ ਸਿੰਘ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਪੰਜਾਬ ਵਿਚਲੇ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਨੂੰ ਹਾਸ਼ੀਏ ਤੇ ਧੱਕਣ ਦੇ ਫੈਸਲੇ ਖਿਲਾਫ਼ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਤਿੱਖਾ ਵਿਰੋਧ ਜਤਾਉਂਦਿਆਂ ਰੋਸ ਮੁਜ਼ਾਹਰਾ ਕਰਨ ਦਾ ਫੈਸਲਾ ਕੀਤਾ ਹੈ ।

ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਪੰਜਾਬ ਵਿੱਚ ਪੰਜਾਬੀ ਭਾਸ਼ਾ ਨਾਲ ਹੋ ਰਹੇ ਇਸ ਵਿਵਹਾਰ 'ਤੇ ਚਿੰਤਾ ਜਤਾਉਂਦਿਆਂ ਕਿਹਾ ਕਿ ਬੱਚਿਆਂ ਨੂੰ ਪੰਜਾਬੀ ਭਾਸ਼ਾ ਤੋਂ ਵਾਂਝਾ ਕਰਨਾ ਬਹੁਤ ਮੰਦਭਾਗਾ ਅਤੇ ਚਿੰਤਾਜਨਕ ਹੈ ।ਉਨ੍ਹਾਂ ਕਿਹਾ ਕਿ ਆਰਮੀ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਨੂੰ ਸਕੂਲਾਂ ਵਿਚ ਭੇਜਿਆ ਸਰਕੂਲਰ ਵਾਪਸ ਕਰਵਾਉਣ ਹਿੱਤ ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ 22 ਮਈ, ਦਿਨ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿਖੇ ਪੰਜਾਬ ਦੀਆਂ ਸਮੁੱਚੀਆਂ ਸਾਹਿਤ ਸਭਾਵਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬੀ ਵਿਰੋਧੀ ਇਸ ਫੈਸਲੇ ਖਿਲਾਫ਼ ਰੋਸ ਮੁਜ਼ਾਹਰਾ ਕੀਤਾ ਜਾਵੇਗਾ ਜਿਸ ਵਿਚ ਸਾਜ਼ਿਸ਼ ਤਹਿਤ ਪੰਜਾਬੀ ਨੂੰ ਵਾਧੂ ਵਿਸ਼ੇ ਵਜੋਂ ਰੱਖ ਕੇ ਸੰਸਕ੍ਰਿਤ ਨੂੰ ਲਾਜ਼ਮੀ ਤੌਰ 'ਤੇ ਪੜ੍ਹਾਉਣ ਲਈ ਕਿਹਾ ਗਿਆ ਹੈ ।ਇਸ ਦੌਰਾਨ ਕੇਂਦਰੀ ਸਭਾ ਦੇ ਅਹੁਦੇਦਾਰ ਡਾ: ਸਿੰਦਰਪਾਲ ਸਿੰਘ, ਦਲਜੀਤ ਸਿੰਘ ਸਾਹੀ, ਸੁਰਿੰਦਰਪ੍ਰੀਤ ਘਣੀਆ, ਬਲਵਿੰਦਰ ਸੰਧੂ, ਮੂਲ ਚੰਦ ਸ਼ਰਮਾ, ਰਾਜਿੰਦਰ ਰਾਜਨ, ਮਨਜੀਤ ਇੰਦਰਾ, ਭੁਪਿੰਦਰ ਪ੍ਰੀਤ ਕੌਰ, ਯਤਿੰਦਰ ਮਾਹਲ, ਡਾ: ਕਰਮਜੀਤ ਸਿੰਘ, ਮਾ: ਮਨਜੀਤ ਸਿੰਘ ਵੱਸੀ ਅਤੇ ਡਾ: ਪਰਮਜੀਤ ਸਿੰਘ ਬਾਠ ਨੇ ਕਿਹਾ ਕਿ ਜੇ ਫੈਸਲਾ ਵਾਪਸ ਨਾ ਹੋਇਆ ਤਾਂ ਸੂਬੇ ਭਰ ਵਿੱਚ ਇਸੇ ਤਰਜ਼ 'ਤੇ ਵਿਆਪਕ ਵਿਰੋਧ ਕੀਤਾ ਜਾਵੇਗਾ।

## ਕੁੱਲ ਹਿੰਦ ਕਿਸਾਨ ਸਭਾ ਵੱਲੋਂ ਰੋਸ ਮੁਜ਼ਾਹਰਾ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-15 ਨੂੰ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਹੋਏ ਮਾਰਚ 'ਤੇ ਚੰਡੀਗੜ੍ਹ ਪੁਲਸ ਵੱਲੋਂ ਅੰਨ੍ਹੇ ਲਾਠੀਚਾਰਜ, ਗੈਸ ਦੇ ਗੋਲੇ ਤੇ ਪਾਣੀ ਦੀਆਂ ਬੁਛਾਰਾਂ ਸੁੱਟੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦੇ ਹੋਏ ਕੁੱਲ ਹਿੰਦ ਕਿਸਾਨ ਸਭਾ ਨੇ ਐਤਵਾਰ ਨੂੰ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਮੁਜ਼ਾਹਰਾ ਕੀਤਾ। ਇਸ ਦੀ ਅਗਵਾਈ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦੇ ਹੋਏ ਜਨਰਲ ਸਕੱਤਰ ਸਾਥੀ ਸਵਿੰਦਰ ਸਿੰਘ ਮੀਰਾਂਕੋਟ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਦਿਨੋਂ-ਦਿਨ ਡਿੱਗਦਾ ਜਾ ਰਿਹਾ ਹੈ। ਸਰਕਾਰ ਵੱਲੋਂ ਬਿਜਲੀ ਬਿੱਲ ਤੇ ਬੀਜ ਬਿੱਲ ਲਿਆ ਕੇ ਕਿਸਾਨੀ ਧੰਦੇ ਨੂੰ ਖ਼ਤਮ ਕੀਤਾ ਰਿਹਾ ਹੈ। ਕੁਦਰਤੀ ਕਰੋਪੀ ਕਰਕੇ ਹੋਏ ਨੁਕਸਾਨ ਦੀ ਭਰਪਾਈ ਨਹੀਂ ਕੀਤੀ ਜਾ ਰਹੀ, ਸਗੋਂ ਪੈਟਰੋਲ, ਡੀਜ਼ਲ, ਰਸੋਈ ਗੈਸ ਦੀਆਂ ਕੀਮਤਾਂ ਵਿਚ ਵਾਧਾ ਕਰਕੇ ਗਰੀਬ ਲੋਕਾਂ ਦੇ ਚੁੱਲ੍ਹੇ ਠੰਢੇ ਕਰ ਦਿੱਤੇ ਗਏ ਹਨ। ਇਸ ਮੌਕੇ ਸੂਬਾ ਕਮੇਟੀ ਮੈਂਬਰ ਕੰਵਲਜੀਤ ਕੌਰ, ਜ਼ਿਲ੍ਹਾ ਮੀਤ ਪ੍ਰਧਾਨ ਭੁਪਿੰਦਰਜੀਤ ਛੀਨਾ, ਸਵਿੰਦਰ ਸਿੰਘ ਸਿੱਧੂ, ਬਖਤਾਵਰ ਸਿੰਘ, ਵਿਜੈ, ਰਾਜੂ, ਪਿਆਰਾ ਸਿੰਘ ਜੌਂਸ ਆਦਿ ਸਾਥੀਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਬਾਰੇ ਦੱਸਦਿਆਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿਚ ਇਨ੍ਹਾਂ ਨੂੰ ਸਬਕ ਸਿਖਾਇਆ ਜਾਵੇਗਾ।

## ਅਗਰਵਾਲ ਸਭਾ ਪਠਾਨਕੋਟ ਨੇ ਦਿੱਤਾ ਬਜ਼ੁਰਗਾਂ ਦੀ ਸੇਵਾ 'ਚ ਵੱਡਾ ਯੋਗਦਾਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਅਗਰਵਾਲ ਸਭਾ ਪਠਾਨਕੋਟ ਵੱਲੋਂ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਵਿਖੇ ਬਜ਼ੁਰਗਾਂ ਦੀ ਸੇਵਾ ਵਿੱਚ ਆਪਣਾ ਸਭ ਤੋਂ ਵੱਡਾ ਯੋਗਦਾਨ ਦਿੱਤਾ ਗਿਆ। ਅਗਰਵਾਲ ਸਭਾ ਦੇ ਪ੍ਰਧਾਨ ਪ੍ਰੇਮ ਗਰਗ ਅਤੇ ਉਨ੍ਹਾਂ ਦੀ ਪੂਰੀ ਟੀਮ ਦੇ ਸਹਿਯੋਗ ਨਾਲ ਬਿਰਧ ਘਰ ਵਿਚ ਰਹਿ ਰਹੇ ਬਜ਼ੁਰਗਾਂ ਦੀਆਂ ਅੱਖਾਂ ਦੇ ਓਪਰੇਸ਼ਨ ਕਰਵਾਏ ਗਏ।ਆਸ਼ਰਮ ਨੂੰ ਲੋੜੀਂਦਾ ਰਾਸ਼ਨ ਵੀ ਦਿੱਤਾ ਗਿਆ।ਆਸ਼ਰਮ ਪ੍ਰਬੰਧਕਾਂ ਵੱਲੋਂ ਅਤੇ ਆਸ਼ਰਮ ਸਮੂਹ ਪਰਿਵਾਰ ਵੱਲੋਂ ਅਗਰਵਾਲ ਸਭਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਆਸ਼ਰਮ ਦੇ ਪ੍ਰਧਾਨ ਸਤਨਾਮ ਸਿੰਘ ਨੇ ਕਿਹਾ ਕਿ ਤੁਹਾਡੀ ਇਸ ਸੇਵਾ ਨੂੰ ਅਸੀਂ ਕੋਟਿ ਕੋਟਿ ਪ੍ਰਣਾਮ ਕਰਦੇ ਹਾਂ।ਇਸ ਮੌਕੇ ਆਸ਼ਰਮ ਸੁਪਰਡੈਂਟ ਅੰਜਲੀ ਸ਼ਰਮਾ ਅਤੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਵੱਲੋਂ ਆਏ ਹੋਏ ਸਾਰੇ ਹੀ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਅਗਰਵਾਲ ਸਭਾ ਦੇ ਪ੍ਰਧਾਨ ਪ੍ਰੇਮ ਗਰਗ, ਪ੍ਰਸ਼ਾਂਤ ਮਿੱਤਲ, ਪਰਦੀਪ ਅਗਰਵਾਲ, ਅਸ਼ਵਨੀ ਸਿੰਗਲਾ, ਸੰਜੀਵ ਗੁਪਤਾ, ਸੰਜੇ ਅਗਰਵਾਲ, ਨਵਲ ਕਿਸ਼ੋਰ ਅਤੇ ਆਸ਼ਰਮ ਸਮੂਹ ਸਟਾਫ ਸਵਿਤਾ, ਮਮਤਾ, ਆਸ਼ਾ ਰਾਣੀ, ਸੁਰਜੀਤ ਕੌਰ, ਵਿਜੈ ਕੁਮਾਰੀ, ਪ੍ਰੀਆ ਚੰਨਦੇਵ, ਵਿਪਨ ਕੁਮਾਰ ਅਤੇ ਰਮੇਸ਼ ਚੰਦਰ ਆਦਿ ਵੀ ਮੌਜੂਦ ਸਨ।

## ਵਿਸ਼ਵ ਮਲੇਰੀਆ ਜਾਗਰੂਕਤਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਆਯੋਜਿਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਵਿਸ਼ਵ ਮਲੇਰੀਆ ਜਾਗਰੂਕਤਾ ਦਿਵਸ ਨੂੰ ਸਮਰਪਿਤ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ, ਨਰਾਇਣਗੜ੍ਹ ਵਿਖੇ ਬੀ. ਐਸ. ਸੀ. ਨਰਸਿੰਗ ਸਮੈਸਟਰ 5ਵਾਂ ਦੇ ਵਿਦਿਆਰਥੀਆਂ ਵੱਲੋਂ ਉਲੀਕੇ ਗਏ ਉਕਤ ਪ੍ਰੋਗਰਾਮ ਦੌਰਾਨ ਮਲੇਰੀਆ ਸਬੰਧੀ ਆਸਪਾਸ ਦੇ ਲੋਕਾਂ ਨੂੰ ਜਾਗ੍ਰਿਤ ਕੀਤਾ ਗਿਆ।ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਕੈਂਪ ਦੌਰਾਨ ਵਿਦਿਆਰਥੀਆਂ ਨੇ ਮਲੇਰੀਆ ਖਤਮ ਕਰਨ ਲਈ ਜਾਗਰੂਕਤਾ ਪੈਦਾ ਕਰਦਿਆਂ ਕਿਹਾ ਕਿ ਸਾਡੇ ਕੋਲ ਹੁਣ ਇਸ ਬਿਮਾਰੀ ਨੂੰ ਖਤਮ ਕਰਨ ਲਈ ਸਮਰੱਥਾ ਹੈ, ਇਸ ਲਈ ਸਾਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਕੈਂਪ ਮੌਕੇ ਵਿਦਿਆਰਥੀਆਂ ਨੇ ਲੋਕਾਂ ਨੂੰ ਮਲੇਰੀਆ ਦੇ ਚਿੰਨ੍ਹ ਤੇ ਲੱਛਣ ਅਤੇ ਰੋਕਥਾਮ ਸਬੰਧੀ ਵੱਖ—ਵੱਖ ਵਿਸ਼ਿਆਂ 'ਤੇ ਲੋਕਾਂ ਨੂੰ ਪੋਸਟਰਾਂ ਰਾਹੀਂ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਸੈਂਟਰ ਅਤੇ ਆਸ ਪਾਸ ਦੇ ਲੋਕਾਂ ਨੂੰ ਆਲਾ–ਦੁਆਲਾ ਸਾਫ਼ ਸੁਥਰਾ ਰੱਖਣ, ਖੜ੍ਹੇ ਪਾਣੀ ਦਾ ਉਚਿਤ ਨਿਕਾਸ ਯੋਗ ਪ੍ਰਬੰਧ ਕਰਨ ਆਦਿ ਸਬੰਧੀ ਸੁਚੇਤ ਕੀਤਾ ਤਾਂ ਜੋ ਮਲੇਰੀਆ ਤੋਂ ਬਚਾਅ ਹੋ ਸਕੇ।ਉਨ੍ਹਾਂ ਕਿਹਾ ਕਿ ਕੈਂਪ ਮੌਕੇ ਉਕਤ ਸੈਂਟਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਜਸਨਜੋਤ ਕੌਰ ਨੇ ਮਲੇਰੀਆ ਬਿਮਾਰੀ ਬਾਰੇ ਵਿਦਿਆਰਥੀਆਂ ਨੂੰ ਵੀ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਪ੍ਰੋਗਰਾਮ ਦੀ ਦੇਖ ਰੇਖ ਅਨੁਕਿਰਨਜੀਤ ਕੌਰ ਅਤੇ ਕਾਜਲ ਮੌਜੂਦ ਸਨ।

## ਆਪਣੇ ਜਨਮ ਦਿਨ 'ਤੇ ਅੰਮ੍ਰਿਤ ਕੌਰ ਨੇ ਚੌਂਕਾ ਬੀਬੀ ਰਜਨੀ ਜੀ ਨੂੰ ਦਿੱਤਾ ਆਰਥਿਕ ਸਹਿਯੋਗ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸਥਾਨਕ ਸ਼ਹਿਰ ਅੰਦਰ ਚੌਂਕਾ ਬੀਬੀ ਰਜਨੀ ਵੱਲੋਂ ਲੋੜਵੰਦਾਂ ਨੂੰ ਦਸ ਰੁਪਏ ਵਿੱਚ ਪ੍ਰਸ਼ਾਦਾ ਛਕਾਉਣ ਦੀਆਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਤੋਂ ਪ੍ਰਭਾਵਿਤ ਹੋ ਕੇ ਅੰਮ੍ਰਿਤ ਕੌਰ ਸਪੁੱਤਰੀ ਐਡਵੋਕੇਟ ਗੁਰਵਿੰਦਰ ਸਿੰਘ ਨੇ ਆਪਣੀ ਮਾਤਾ ਗਗਨਦੀਪ ਕੌਰ ਨੂੰ ਨਾਲ ਲੈ ਕੇ ਚੌਂਕਾ ਬੀਬੀ ਰਜਨੀ ਜੀ ਵਿਖੇ ਆਪਣੇ ਤੇਰਵੇਂ ਜਨਮ ਦਿਨ ਮੌਕੇ ਤਿੰਨ ਹਜ਼ਾਰ ਦਾ ਚੌਂਕੇ ਵਿੱਚ ਸਹਿਯੋਗ ਪਾਇਆ ।ਇਸ ਮੌਕੇ ਅੰਮ੍ਰਿਤ ਕੌਰ ਨੇ ਦੱਸਿਆ ਕਿ ਮੈਂ ਪਿਛਲੇ ਸਾਲ ਆਪਣੇ ਪਿਤਾ ਨਾਲ ਚੌਂਕਾ ਵਿਖੇ ਬਾਰ੍ਹਵਾਂ ਜਨਮ ਦਿਨ ਮਨਾਉਣ ਪਹੁੰਚੀ ਸੀ। ਮੈਂ ਉਦੋਂ ਆਪਣੇ ਮਨ ਵਿੱਚ ਧਾਰਿਆ ਸੀ ਕਿ ਜਿਹੜਾ ਮੈਨੂੰ ਘਰੋਂ ਖਰਚਾ ਮਿਲਦਾ ਹੈ ਉਸ ਵਿੱਚੋਂ ਬੱਚਤ ਕਰਕੇ ਮੈਂ ਆਪਣੇ ਤੇਰਵੇਂ ਜਨਮ ਦਿਨ ਮੌਕੇ ਯੋਗਦਾਨ ਪਾਉਣਾ ਹੈ। ਉਹ ਸੇਵਾ ਮੈਂ ਅੱਜ ਚੌਂਕਾ ਦੇ ਪ੍ਰਧਾਨ ਜਤਿਨ ਕੁਮਾਰ ਸ਼ਰਮਾ ਪਟਵਾਰੀ ਦੇ ਸਪੁਰਦ ਕੀਤੀ ਹੈ।ਚੌਂਕਾ ਦੇ ਪ੍ਰਬੰਧਕ ਭਵਨ ਕੁਮਾਰ ਟਾਹ ਨੇ ਅੰਮ੍ਰਿਤ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਪੈਸੇ ਦੀ ਕਦਰ ਕਰਨੀ ਸਿੱਖਣੀ ਹੋਵੇ ਤਾਂ ਬੇਟੀ ਅੰਮ੍ਰਿਤ ਤੋਂ ਸਿੱਖੋ, ਜਿਨ੍ਹਾਂ ਖਰਚੇ ਵਾਸਤੇ ਘਰੋਂ ਮਿਲਦੀ ਰਾਸ਼ੀ ਵਿੱਚੋਂ ਬੱਚਤ ਕਰਕੇ ਅੱਜ ਚੌਂਕਾਂ ਨੂੰ ਸਹਿਯੋਗ ਦਿੱਤਾ।ਇਸ ਮੌਕੇ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਮੁਕੇਸ਼ ਕੁਮਾਰ ਜੋਸ਼ੀ, ਕੁਲਦੀਪ ਰਾਏ ਸ਼ਰਮਾ, ਸਾਬਕਾ ਪ੍ਰਿੰਸੀਪਲ ਮੰਗਤ ਰਾਮ, ਵਿਪਨ ਘਰਿਆਲਾ ਆਦਿ ਹਾਜ਼ਰ ਸਨ।

## ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਵੱਲੋਂ ਧਰਨਾ ਮੁਲਤਵੀ



ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਵੱਲੋਂ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਾਮਰੇਡ ਮਨਜੀਤ ਰਾਜ ਬਟਾਲਾ ਮਾਝਾ ਜ਼ੋਨ ਸਕੱਤਰ ਨੇ ਦੱਸਿਆ ਕਿ ਜੋ ਪਿਛਲੇ ਦਿਨੀਂ ਥਾਣਾ ਰੰਗੜ ਨੰਗਲ ਦੀ ਪੰਜਾਬ ਪੁਲਸ ਦੇ ਕੁਝ ਅਧਿਕਾਰੀਆਂ ਵੱਲੋਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਜ਼ਿਲ੍ਹਾ ਪ੍ਰਧਾਨ ਸਰੂਪ ਸਿੰਘ ਚਾਹਲ ਕਲਾਂ ਨਾਲ ਪੁਲਸ ਅਧਿਕਾਰੀ ਵੱਲੋਂ ਦੁਰਵਿਹਾਰ ਕੀਤਾ ਅਤੇ ਜਥੇਬੰਦੀ ਦੇ ਝੰਡੇ ਬਾਰੇ ਗਲਤ ਸ਼ਬਦ ਕਹੇ ਗਏ ਸਨ ਜਿਸ 'ਤੇ ਜਥੇਬੰਦੀ ਨੇ ਸਖਤ ਨੋਟਿਸ ਲੈਂਦਿਆਂ ਪੁਲਸ ਦੇ ਖਿਲਾਫ ਸੰਘਰਸ਼ ਵਿੱਢਿਆ ਅਤੇ ਥਾਣਾ ਰੰਗੜ ਨੰਗਲ ਦੀ ਪੁਲਸ ਨਾਲ ਕੁਝ ਮੱਤਭੇਦ ਹੋਏ ਸਨ, ਦੇ ਚਲਦਿਆਂ ਐਸਐਚਓ ਇਕਬਾਲ ਸਿੰਘ ਅਤੇ ਉੱਚ ਅਧਿਕਾਰੀਆਂ ਦੇ ਸਹਿਯੋਗ ਨਾਲ ਜਥੇਬੰਦੀ ਦਾ ਸਮਝੌਤਾ ਹੋ ਗਿਆ। ਇਸ ਲਈ ਜਥੇਬੰਦੀ ਨੇ ਜੋ ਧਰਨਾ ਐਸਐਸਪੀ ਦਫਤਰ ਬਟਾਲਾ ਦੇ ਅੱਗੇ ਲਾਉਣਾ ਸੀ ਉਸ ਨੂੰ ਮੁਲਤਵੀ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਅਧਿਕਾਰੀਆਂ ਨੇ ਦੁਰਵਿਹਾਰ ਕੀਤਾ ਸੀ ਉਨ੍ਹਾਂ ਨੇ ਆਪਣੀ ਗਲਤੀ ਨੂੰ ਮੰਨ ਕੇ ਅੱਗੇ ਤੋਂ ਕਿਸੇ ਦੀ ਸ਼ਾਨ ਖਿਲਾਫ ਨਾ ਬੋਲਣ ਲਈ ਵਚਨ ਦਿੱਤਾ।

ਇਸ ਸਮੇਂ ਜ਼ਿਲ੍ਹਾ ਜੁਆਇੰਟ ਸੈਕਟਰੀ ਰਕੇਸ਼ ਕੁਮਾਰ ਗੋਪੀ, ਸੂਬਾ ਆਗੂ ਦਲਬੀਰ ਸਿੰਘ, ਪੰਜਾਬ ਭੱਟੀ, ਸੰਦੀਪ ਸਿੰਘ ਖਾਲਸਾ, ਪ੍ਰਧਾਨ ਸਵਿੰਦਰ ਸਿੰਘ, ਗੁਰਜੀਤ ਸਿੰਘ, ਜਨਰਲ ਸੈਕਟਰੀ ਦਰਬਾਰਾ ਸਿੰਘ, ਕਾਮਰੇਡ ਬਚਨ ਮਸੀਹ, ਜ਼ਿਲਾ ਮੀਤ ਪ੍ਰਧਾਨ ਰਸ਼ਪਾਲ ਸਿੰਘ, ਬਲਾਕ ਸੈਕਟਰੀ ਕਰਨ ਕਾਲਾ ਅਤੇ ਸੋਨੂੰ ਆਦਿ ਮੈਂਬਰ ਹਾਜ਼ਰ ਸਨ।

## ਦੇਸ਼ ਭਗਤ ਯੂਨੀਵਰਸਿਟੀ ਵੱਲੋਂ 'ਕੈਂਪਸ ਟੂ ਕਰੀਅਰ' ਵਿਜ਼ਨ ਰਾਹੀਂ ਨਿਵੇਕਲੀ ਪਹਿਲਕਦਮੀ



ਗੁਰਦਾਸਪੁਰ, (ਜਨਕ ਮਹਾਜਨ)-ਗੁਣਵੱਤਾ ਵਾਲੀ ਉੱਚ ਸਿੱਖਿਆ ਤੱਕ ਪਹੁੰਚ ਵਧਾਉਣ ਵੱਲ ਇੱਕ ਵੱਡਾ ਕਦਮ ਚੁੱਕਦੇ ਹੋਏ ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਪੰਜਾਬ ਨੇ ਪਲੇਸਮੈਂਟ, ਹੁਨਰ ਏਕੀਕਰਨ, ਸੈਂਟਰ ਆਫ਼ ਐਕਸੀਲੈਂਸ (ਸੀਓਈ) ਅਤੇ ਮਜ਼ਬੂਤ ਉਦਯੋਗਿਕ ਸਹਿਯੋਗ 'ਤੇ ਕੇਂਦ੍ਰਿਤ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ।ਇਸ ਪਹਿਲਕਦਮੀ ਦਾ ਉਦੇਸ਼ ਯੂਨੀਵਰਸਿਟੀ ਨੂੰ ਲਚਕਦਾਰ, ਵਿਸ਼ਵ ਪੱਧਰ 'ਤੇ ਸੰਬੰਧਿਤ ਅਕਾਦਮਿਕ ਮਾਰਗਾਂ ਦੀ ਭਾਲ ਕਰਨ ਵਾਲੇ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਲਈ ਇੱਕ ਕੇਂਦਰੀਕ੍ਰਿਤ ਹੱਬ ਵਜੋਂ ਸਥਾਪਤ ਕਰਨਾ ਹੈ।ਮੀਡੀਆ ਨਾਲ ਗੱਲਬਾਤ ਦੌਰਾਨ ਯੂਨੀਵਰਸਿਟੀ ਦੇ ਡਿਪਟੀ ਡਾਇਰੈਕਟਰ ਡਾ. ਪ੍ਰਭਜੋਤ ਸਿੰਘ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਯੂਨੀਵਰਸਿਟੀ ਆਪਣੀਆਂ ਅਕਾਦਮਿਕ ਪੇਸ਼ਕਸ਼ਾਂ ਦਾ ਵਿਸਤਾਰ ਕਰ ਰਹੀ ਹੈ ਜਿਸ ਵਿੱਚ ਰੈਗੂਲਰ ਡਿਗਰੀ ਪ੍ਰੋਗਰਾਮ, ਔਨਲਾਈਨ ਲਰਨਿੰਗ ਕੋਰਸ, ਓਪਨ ਐਂਡ ਡਿਸਟੈਂਸ ਲਰਨਿੰਗ (ਓਡੀਐੱਲ) ਅਤੇ ਡੀਬੀਯੂ ਅਮਰੀਕਾਜ਼ ਇੰਟਰਨੈਸ਼ਨਲ ਐਜੂਕੇਸ਼ਨ ਟਰੈਕ ਸ਼ਾਮਲ ਹਨ।ਇਹ ਵਿਭਿੰਨ ਵਿਕਲਪ ਵਿਕਸਤ ਹੋ ਰਹੀਆਂ ਸਿਖਿਆਰਥੀਆਂ ਦੀਆਂ ਜ਼ਰੂਰਤਾਂ ਅਤੇ ਵਿਸ਼ਵਵਿਆਪੀ ਕਰੀਅਰ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੇ ਗਏ ਹਨ।ਸਮਾਵੇਸ਼ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਦੇ ਹੋਏ ਡੀਬੀਯੂ ਸਕਾਲਰਸ਼ਿਪ ਪ੍ਰੋਗਰਾਮਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਪੇਸ਼ ਕਰਦਾ ਹੈ ਜੋ ਹੋਣਹਾਰ ਵਿਦਿਆਰਥੀਆਂ, ਖਿਡਾਰੀਆਂ, ਅਪਾਹਜ ਵਿਦਿਆਰਥੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲੋਕਾਂ ਦਾ ਸਮਰਥਨ ਕਰਦੇ ਹਨ। ਭਵਿੱਖ ਲਈ ਤਿਆਰ ਹੁਨਰਾਂ 'ਤੇ ਜ਼ੋਰ ਦਿੰਦੇ ਹੋਏ ਡੀਬੀਯੂ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ ਵਿਹਾਰਕ ਗਿਆਨ ਨਾਲ ਲੈਸ ਕਰ ਰਿਹਾ ਹੈ। ਡਾ.ਪ੍ਰਭਜੋਤ ਸਿੰਘ ਨੇ ਕਿਹਾ ਕਿ ਸਾਡਾ ਟੀਚਾ ਖੇਤਰ ਦੇ ਹਰੇਕ ਸਿਖਿਆਰਥੀ ਨੂੰ ਸਹੀ ਸਾਧਨਾਂ ਅਤੇ ਦਿਸ਼ਾ-ਨਿਰਦੇਸ਼ ਨਾਲ ਸਸ਼ਕਤ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਮਾਨਤਾ ਪ੍ਰਾਪਤ ਯੂਨੀਵਰਸਿਟੀ ਸੇਂਟ ਵਿਨਸੈਂਟ ਅਤੇ ਗ੍ਰੇਨਾਡਾਈਨਜ਼ ਵਿੱਚ ਦੇਸ਼ ਭਗਤ ਯੂਨੀਵਰਸਿਟੀ ਅਮਰੀਕਾਜ਼ ਸਕੂਲ ਆਫ਼ ਮੈਡੀਸਨ ਦੀ ਸਥਾਪਨਾ ਨਾਲ ਵਿਸ਼ਵ ਪੱਧਰ 'ਤੇ ਫੈਲ ਗਈ ਹੈ।ਉਨ੍ਹਾਂ ਕਿਹਾ ਕਿ ਅਤਿ-ਆਧੁਨਿਕ ਬੁਨਿਆਦੀ ਢਾਂਚੇ, ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਉਨਤ ਸਿਖਲਾਈ ਸਹੂਲਤਾਂ ਦੇ ਨਾਲ, ਡੀਬੀਯੂ ਉੱਤਰੀ ਭਾਰਤ ਵਿੱਚ ਇੱਕ ਮੋਹਰੀ ਸੰਸਥਾ ਵਜੋਂ ਆਪਣੀ ਸਾਖ ਨੂੰ ਮਜ਼ਬੂਤ ਕਰਨ ਵਿੱਚ ਸਫਲ ਰਿਹਾ ਹੈ।

## ਨਰਸਿੰਗ (ਐੱਮ ਐੱਸ ਸੀ) ਦੇ ਪਹਿਲੇ ਤੇ ਦੂਜੇ ਸਾਲ ਦੇ ਨਤੀਜਿਆਂ 'ਚ ਸ਼ਾਨਦਾਰ ਕਾਰਗੁਜ਼ਾਰੀ



ਫ਼ਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਰਾਮ ਦਾਸ ਨਰਸਿੰਗ ਇੰਸਟੀਟਿਊਟ ਪੰਧੇਰ, ਅੰਮ੍ਰਿਤਸਰ ਦੇ ਵਿਦਿਆਰਥੀਆ ਨੇ ਬੀ. ਐੱਸ. ਸੀ. ਨਰਸਿੰਗ ਅਤੇ ਪੋਸਟ ਬੇਸਿਕ ਦੇ ਨਤੀਜਿਆ ਤੋਂ ਬਾਅਦ ਹੁਣ ਐੱਮ.ਐੱਸ.ਸੀ. ਨਰਸਿੰਗ ਪਹਿਲੇ ਸਾਲ ਅਤੇ ਦੂਜੇ ਸਾਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸੰਸਥਾ ਦੀ ਅਕਾਦਮਿਕ ਗੁਣਵਤਾ ਨੂੰ ਕਾਇਮ ਰੱਖਿਆ ਅਤੇ 100 ਫੀਸਦੀ ਨਤੀਜਾ ਹਾਸਿਲ ਕੀਤਾ ਹੈ।ਨਰਸਿੰਗ ਦੂਜੇ ਸਾਲ ਦੀ ਵਿਦਿਆਰਥਣ ਸਿਮਰਨ ਰੰਧਾਵਾ ਨੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਸੰਸਥਾ ਦਾ ਮਾਣ ਵਧਾਇਆ।ਇਸਦੇ ਨਾਲ ਹੀ ਪਹਿਲੇ ਸਾਲ ਦੇ ਸਾਰੇ ਵਿਦਿਆਰਥੀਆਂ ਨੇ ਵੀ ਆਪਣੀਆਂ-ਆਪਣੀਆਂ ਸਪੈਸ਼ਲਿਟੀਆਂ ਵਿੱਚ ਬਿਹਤਰੀਨ ਅੰਕ ਹਾਸਲ ਕੀਤੇ।ਪ੍ਰਿੰਸੀਪਲ ਡਾ. ਹਰਜਿੰਦਰਪਾਲ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਲਗਨ ਅਤੇ ਨਰਸਿੰਗ ਪੇਸ਼ੇ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ।ਸਾਨੂੰ ਆਪਣੇ ਵਿਦਿਆਰਥੀਆਂ 'ਤੇ ਮਾਣ ਹੈ ਅਤੇ ਅਸੀਂ ਉਨ੍ਹਾਂ ਦੇ ਉੱਜਲ ਭਵਿੱਖ ਦੀ ਕਾਮਨਾ ਕਰਦੇ ਹਾਂ। ਡਾਇਰੈਕਟਰ ਡਾ. ਗੁਲਵਤਨ ਸਿੰਘ ਕੰਗ ਨੇ ਵੀ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਫੈਕਲਟੀ ਮੈਂਬਰਾਂ ਦੀ ਮਿਹਨਤ ਦੀ ਸਰਾਹਨਾ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਮਾਜ ਦੀ ਸੇਵਾ ਸਮਰਪਣ ਅਤੇ ਇਮਾਨਦਾਰੀ ਨਾਲ ਸੇਵਾ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਐੱਮ ਐੱਸ ਸੀ ਨਰਸਿੰਗ ਪਹਿਲੇ ਸਾਲ 'ਚ ਅਮਨਦੀਪ ਕੌਰ ਨੇ ਮਾਰੀ ਬਾਜ਼ੀ



ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਰਾਮ ਦਾਸ ਨਰਸਿੰਗ ਇੰਸਟੀਚਿਊਟ ਪੰਧੇਰ, ਅੰਮ੍ਰਿਤਸਰ ਦੇ ਵਿਦਿਆਰਥੀਆਂ ਨੇ ਐੱਮਐੱਸਸੀ ਨਰਸਿੰਗ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੌਸ਼ਨ ਕੀਤਾ।ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸਪੈਸ਼ਲਿਟੀਆਂ ਵਿੱਚ ਉਚ ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ।ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਨਤੀਜਿਆਂ ਵਿੱਚ ਅਮਨਦੀਪ ਕੌਰ ਨੇ ਐੱਮਐੱਸਸੀ ਨਰਸਿੰਗ ਪਹਿਲੇ ਸਾਲ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਵਿਸ਼ੇਸ਼ ਉਪਲਬਧੀ ਹਾਸਿਲ ਕੀਤੀ ਹੈ।ਉਸਦੀ ਇਸ ਕਾਮਯਾਬੀ 'ਤੇ ਕਾਲਜ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆ ਵੱਲੋਂ ਖੁਸ਼ੀ ਪ੍ਰਗਟਾਈ ਗਈ।ਪ੍ਰਿੰਸੀਪਲ ਡਾ. ਹਰਜਿੰਦਰਪਾਲ ਕੌਰ ਨੇ ਕਿਹਾ ਕਿ ਅਮਨਦੀਪ ਕੌਰ ਦੀ ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਹੈ।ਮਿਹਨਤ ਅਤੇ ਅਨੁਸ਼ਾਸਨ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਡਾਇਰੈਕਟਰ ਡਾ. ਗੁਲਵਤਨ ਸਿੰਘ ਕੰਗ ਨੇ ਕਿਹਾ ਕਿ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਅਤੇ ਪ੍ਰੈਕਟੀਕਲ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਜਿਸਦੇ ਨਤੀਜੇ ਵਜੋਂ ਵਿਦਿਆਰਥੀ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ।ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਸਥਾ ਭਵਿੱਖ ਵਿੱਚ ਵੀ ਸਿੱਖਿਆ ਦੇ ਖੇਤਰ ਵਿੱਚ ਪਰਦਰਸ਼ਨ ਨੂੰ ਕਾਇਮ ਰੱਖੇਗੀ।

## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਫੀਸਦੀ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਨੇ ਸੀਬੀਐੱਸਈ ਬੋਰਡ ਦੀ ਪ੍ਰੀਖਿਆ ਵਿੱਚੋਂ ਸ਼ਾਨਦਾਰ ਨਤੀਜੇ ਹਾਸਿਲ ਕੀਤੇ।ਕਾਮਰਸ ਸੈਕਸ਼ਨ ਵਿੱਚ ਪ੍ਰਭਰੀਤ ਕੌਰ ਨੇ 95.2%, ਜਸਪਿੰਦਰ ਕੌਰ ਨੇ 94.6% ਅਤੇ ਅਮਿਤ ਵੀਰ ਨੇ 92% ਨੰਬਰ ਹਾਸਲ ਕੀਤੇ ।ਇਸੇ ਤਰ੍ਹਾਂ ਸਾਇੰਸ ਸਟਰੀਮ ਵਿੱਚ ਪ੍ਰਸ਼ਾਂਤ ਕੁਮਾਰ ਨੇ 92.4%, ਅਵਨੀਤ ਕੌਰ ਨੇ 92% ਅਤੇ ਸਮਰਬੀਰ ਸਿੰਘ ਨੇ 88.6% ਅੰਕ ਹਾਸਲ ਕਰਕੇ ਆਪਣੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।

ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਆਪਣੀ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਵਿਦਿਆਰਥੀਆਂ ਦੀ ਲਗਨ ਅਤੇ ਮਿਹਨਤ ਅਤੇ ਸਮਰਪਿਤ ਅਧਿਆਪਕਾਂ ਦੀ ਮਿਹਨਤ ਦੀ ਗਵਾਹੀ ਭਰਦੇ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਦੇ ਹਰ ਪੜਾਅ ਤੇ ਵਿਸ਼ਵਾਸ ਅਤੇ ਦ੍ਰਿੜਤਾ ਨਾਲ ਸਖਤ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਕਿਹਾ ਕਿ ਅਜਿਹੇ ਨਤੀਜੇ ਸਕੂਲ ਦੁਆਰਾ ਵਿਦਿਆਰਥੀਆਂ ਦਾ ਸਹੀ ਮਾਰਗਦਰਸ਼ਨ ਅਤੇ ਨਿਰੰਤਰ ਸਖਤ ਮਿਹਨਤ ਦਾ ਨਤੀਜਾ ਹਨ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖਤ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।ਪੂਰੇ ਸਕੂਲ ਅਤੇ ਮਾਪਿਆਂ ਨੇ ਇਸ ਮਾਣਮੱਤੀ ਪ੍ਰਾਪਤੀ ਦਾ ਜਸ਼ਨ ਬਹੁਤ ਉਤਸ਼ਾਹ ਨਾਲ ਮਨਾਇਆ ਅਤੇ ਸਾਰੇ ਵਿਦਿਆਰਥੀਆਂ ਦੇ ਉਜਵਲ ਅਤੇ ਸਫਲ ਭਵਿੱਖ ਦੀ ਕਾਮਨਾ ਕੀਤੀ।ਇਸ ਖੁਸ਼ੀ ਵਿੱਚ ਸਕੂਲ ਵੱਲੋਂ ਵਿਦਿਆਰਥੀਆਂ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਲਈ ਚਾਹ ਪਾਰਟੀ ਵੀ ਰੱਖੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਨਿਲਾਕਸੀ ਗੁਪਤਾ ਕੋਆਰਡੀਨੇਟਰ ਅਤੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਸੰਤ ਬਾਬਾ ਖੜਕ ਸਿੰਘ ਤੇ ਸੰਤ ਬਾਬਾ ਦਰਸ਼ਨ ਸਿੰਘ ਦੀ ਸਾਲਾਨਾ ਬਰਸੀ 31 ਨੂੰ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸੇਵਾ ਦੇ ਪੁੰਜ ਸੰਤ ਬਾਬਾ ਖੜਕ ਸਿੰਘ ਬੀੜ ਸਾਹਿਬ ਵਾਲਿਆਂ ਅਤੇ ਸੰਤ ਬਾਬਾ ਦਰਸ਼ਨ ਸਿੰਘ ਦੀ ਸਾਲਾਨਾ ਬਰਸੀ 31 ਮਈ ਦਿਨ ਐਤਵਾਰ ਨੂੰ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਬਾਬਾ ਸੰਤੋਖ ਸਿੰਘ ਦੀ ਦੇਖ-ਰੇਖ ਹੇਠ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪੂਰੀ ਸ਼ਰਧਾ ਤੇ ਭਾਵਨਾ ਨਾਲ ਮਨਾਈ ਜਾ ਰਹੀ ਹੈ।ਬਰਸੀ ਦੀਆਂ ਤਿਆਰੀਆਂ ਸਬੰਧੀ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਬਾਬਾ ਸੰਤੋਖ ਸਿੰਘ ਦੀ ਅਗਵਾਈ ਹੇਠ ਇਲਾਕੇ ਦੇ ਪਤਵੰਤੇ ਸੱਜਣਾਂ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਦੌਰਾਨ ਬਾਬਾ ਜੀ ਵੱਲੋਂ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੰਗਤਾਂ ਨੂੰ ਲੰਗਰ, ਟ੍ਰੈਫਿਕ, ਪਾਰਕਿੰਗ ਤੇ ਰਿਹਾਇਸ਼ ਸਮੇਤ ਵੱਖ-ਵੱਖ ਸੇਵਾਵਾਂ ਦੀਆਂ ਡਿਊਟੀਆਂ ਸੌਂਪੀਆਂ ਗਈਆਂ।ਬਾਬਾ ਸੰਤੋਖ ਸਿੰਘ ਤੇ ਬਾਬਾ ਭੋਲਾ ਸਿੰਘ ਨੇ ਦੱਸਿਆ ਕਿ 31 ਮਈ ਨੂੰ ਸਵੇਰੇ 21 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਗੁਰਬਾਣੀ ਕੀਰਤਨ ਕੀਤਾ ਜਾਵੇਗਾ।ਉਪਰੰਤ ਸਾਰਾ ਦਿਨ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਨਗੇ।ਸੰਗਤਾਂ ਦੀ ਸਹੂਲਤ ਲਈ ਰਿਹਾਇਸ਼, ਵਾਹਨ ਪਾਰਕਿੰਗ, ਟ੍ਰੈਫਿਕ ਕੰਟਰੋਲ, ਗੁਰੂ ਕੇ ਲੰਗਰ, ਠੰਢੇ ਮਿੱਠੇ ਜਲ ਦੀਆਂ ਛਬੀਲਾਂ ਤੇ ਚਾਹ ਦੇ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।

## ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ ਡੇਂਗੂ ਸਬੰਧੀ ਜਾਗਰੂਕਤਾ ਕੈਂਪ ਲਗਾਇਆ



ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਮਲੇਰੀਆ ਅਫਸਰ ਡਾਕਟਰ ਰਾਘਵ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸੀਐੱਚਸੀ ਸਰਹਾਲੀ ਕਲਾਂ ਵਿਖੇ ਡੇਂਗੂ ਜਾਗਰੂਕਤਾ ਸਬੰਧੀ ਕੈਂਪ ਲਗਾਇਆ ਗਿਆ ਹੈ। ਸੀਨੀਅਰ ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਸਾਨੂੰ ਆਪਣੇ ਕੋਠੇ 'ਤੇ ਪਏ ਟੁੱਟੇ ਗਮਲਿਆਂ ਅਤੇ ਟਾਇਰਾਂ ਵਿੱਚਪਾਣੀ ਇੱਕਠਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਕੂਲਰਾਂ ਦੀ ਹਫਤੇ ਵਿੱਚ ਇੱਕ ਵਾਰ ਸਫਾਈ ਕਰਨੀ ਚਾਹੀਦੀ ਹੈ ਤਾਂ ਜੋ ਡੇਂਗੂ ਵਰਗੀ ਬਿਮਾਰੀ ਨਾ ਫੈਲ ਸਕੇ। ਇਸ ਸਮੇਂ ਐੱਸ ਆਈ ਬਿਕਰਮਜੀਤ ਸਿੰਘ ਅਤੇ ਐੱਸ ਆਈ ਜਸਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਰਾਤ ਨੂੰ ਸੌਣ ਸਮੇਂ ਪੂਰਾ ਤਨ ਢੱਕਣ ਵਾਲੇ ਕੱਪੜੇ ਪਾਉਣੇ ਚਾਹੀਦੇ ਹਨ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲਾਂ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਡੇਂਗੂ ਤੋਂ ਬਚਾਅ ਹੋ ਸਕੇ।

ਉਨ੍ਹਾਂ ਕਿਹਾ ਕਿ ਜੇਕਰ ਤੁਹਾਨੂੰ ਤੇਜ਼ ਸਿਰ ਦਰਦ ਜਾਂ ਤੇਜ਼ ਬੁਖ਼ਾਰ ਹੈ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾ ਕੇ ਆਪਣੀ ਤੁਰੰਤ ਜਾਂਚ ਕਰਵਾਓ। ਇਸ ਸਮੇਂ ਡਾਕਟਰ ਕਵਰਪੁਨੀਤ ਸਿੰਘ, ਅਪਥਾਲਮਿਕ ਅਫਸਰ ਜਸਵਿੰਦਰ ਸਿੰਘ, ਜਤਿੰਦਰ ਕੌਰ ਐਲਟੀ, ਜਸਵਿੰਦਰ ਕੌਰ, ਗੁਰਪਵਿੱਤਰ ਸਿੰਘ, ਤੇਜਿੰਦਰ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

## 4 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਕਾਬੂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਆਉਂਦੀ ਪੁਲਸ ਚੌਕੀ ਧਰਮਕੋਟ ਰੰਧਾਵਾ ਵੱਲੋਂ 4 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਧਰਮਕੋਟ ਰੰਧਾਵਾ ਪੁਲਸ ਚੌਕੀ ਦੇ ਇੰਚਾਰਜ ਏਐੱਸਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪੁਲਸ ਪਾਰਟੀ ਸਮੇਤ ਸ਼ਹਿਜ਼ਾਦਾ ਮੋੜ ਤੇ ਨਾਕਾ ਲਗਾਇਆ ਹੋਇਆ ਸੀ ਕਿ ਸ਼ਹਿਜ਼ਾਦਾ ਮੋੜ ਟੀ ਪੁਆਇੰਟ ਨੇੜੇ ਇੱਕ ਸ਼ੱਕੀ ਨੌਜਵਾਨ ਦਿਖਾਈ ਦਿੱਤਾ ਜੋ ਪੁਲਸ ਪਾਰਟੀ ਨੂੰ ਵੇਖ ਕੇ ਭੱਜਣ ਲੱਗਾ। ਪੁਲਸ ਪਾਰਟੀ ਨੇ ਤੁਰੰਤ ਉਸ ਨੌਜਵਾਨ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕੀਤਾ। ਤਲਾਸ਼ੀ ਲਈ ਗਈ ਤਾਂ ਉਸ ਨੌਜਵਾਨ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ।ਪੁੱਛਗਿੱਛ ਦੌਰਾਨ ਉਸ ਨੌਜਵਾਨ ਨੇ ਆਪਣਾ ਨਾਂਅ ਰਸ਼ਪਾਲ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਸ਼ਹਿਜ਼ਾਦਾ ਕਲਾਂ ਦੱਸਿਆ ਹੈ।ਉਨ੍ਹਾਂ ਦੱਸਿਆ ਕਿ ਉਕਤ ਨੌਜਵਾਨ ਖਿਲਾਫ ਐੱਫਆਈਆਰ ਨੰਬਰ 98/2026 ਐੱਨ ਡੀ ਪੀ ਐੱਸ ਐਕਟ ਅਧੀਨ ਪੁਲਸ ਚੌਕੀ ਧਰਮਕੋਟ ਰੰਧਾਵਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ ।

## ਭਾਜਪਾ ਦੇ ਟਕਸਾਲੀ ਆਗੂ ਅਸ਼ੋਕ ਕੁਮਾਰ ਦਰਜਨਾਂ ਸਾਥੀਆਂ ਸਮੇਤ ਆਪ 'ਚ ਸ਼ਾਮਲ



ਪਠਾਨਕੋਟ (ਦਵਿੰਦਰ ਸਿੰਘ)-ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਵਿਧਾਨ ਸਭਾ ਹਲਕਾ ਭੋਆ ਅਧੀਨ ਆਉਂਦੇ ਕਾਰਪੋਰੇਸ਼ਨ ਖੇਤਰ ਦੇ ਵਾਰਡ ਨੰਬਰ 43 ਅਤੇ 44 ਵਿੱਚ ਇੱਕ ਵਿਸ਼ੇਸ਼ ਦੌਰੇ ਦੌਰਾਨ ਭਾਜਪਾ ਦੇ ਟਕਸਾਲੀ ਆਗੂ ਅਸ਼ੋਕ ਕੁਮਾਰ ਆਪਣੇ ਦਰਜਨਾਂ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਉਨ੍ਹਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜ ਰਹੇ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਭਰ ਵਿੱਚ ਹੋ ਰਹੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੌਰਾਨ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਕੀਤੇ ਵਿਕਾਸ ਕਾਰਜਾਂ ਅਤੇ ਲੋਕ-ਹਿੱਤ ਫੈਸਲਿਆਂ ਕਾਰਨ ਪਾਰਟੀ ਦੇ ਉਮੀਦਵਾਰ ਚੋਣਾਂ ਵਿੱਚ ਵੱਡੇ ਬਹੁਮਤ ਨਾਲ ਜਿੱਤ ਦਰਜ ਕਰਨਗੇ।ਉਨ੍ਹਾਂ ਕਿਹਾ ਕਿ ਵਾਰਡ ਨੰਬਰ 43 ਅਤੇ 44 ਵਿੱਚ ਲੰਮੇ ਸਮੇਂ ਤੋਂ ਬੁਨਿਆਦੀ ਸਹੂਲਤਾਂ ਦੀ ਘਾਟ ਰਹੀ ਸੀ ਅਤੇ ਕਈ ਗਲੀਆਂ ਅਤੇ ਨਾਲੀਆਂ ਦਾ ਨਿਰਮਾਣ ਸਾਲਾਂ ਤੋਂ ਲਟਕਿਆ ਹੋਇਆ ਸੀ ਜਿਸ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਤਰਜੀਹ ਦੇ ਕੇ ਹੱਲ ਕਰਨ ਦੀ ਕੋਸ਼ਿਸ਼ ਕੀਤੀ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੀਆਂ ਕਾਰਪੋਰੇਸ਼ਨ ਅਤੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੀ ਜਿੱਤ ਦਰਜ ਕਰਦੇ ਹੋਏ ਵਿਰੋਧੀ ਪਾਰਟੀਆਂ ਨੂੰ ਕੜੀ ਟੱਕਰ ਦੇਣਗੇ।ਇਸ ਮੌਕੇ ਨਰੇਸ਼ ਕੁਮਾਰ ਸੈਣੀ ਸਕੱਤਰ ਮਾਝਾ ਜ਼ੋਨ ਪੰਜਾਬ, ਪਵਨ ਕੁਮਾਰ ਫੌਜੀ ਚੇਅਰਮੈਨ ਬਲਾਕ ਸੰਮਤੀ ਘਰੋਟਾ, ਬਲਜਿੰਦਰ ਕੌਰ ਹਲਕਾ ਇੰਚਾਰਜ ਮਹਿਲਾ ਵਿੰਗ, ਖੁਸ਼ਬੀਰ ਕਾਟਲ, ਰਵੀ ਸਰਪੰਚ ਨਵੀਂ ਜਸਵਾਲੀ, ਅਮਿਤ ਕੁਮਾਰ ਮਹਿਰਾ, ਸੁਨੀਤਾ ਕੁਮਾਰੀ, ਮਧੂ ਬਾਲਾ ਘਰੋਟਾ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।

## 9ਵੇਂ ਪਾਤਸ਼ਾਹ ਦੇ ਸਾਢੇ ਤਿੰਨ ਸੌ ਸਾਲਾਂ ਨੂੰ ਸਮਰਪਿਤ ਨੈਤਿਕ ਸਿੱਖਿਆ ਪ੍ਰੋਗਰਾਮ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਗੁਰੂ ਤੇਗ ਬਹਾਦਰ ਦੇ ਸਾਢੇ ਤਿੰਨ ਸੌ ਸਾਲਾਂ ਨੂੰ ਸਮਰਪਿਤ ਨੈਤਿਕ ਸਿੱਖਿਆ ਪ੍ਰੋਗਰਾਮ ਤਹਿਤ ਸਹਿਜ ਪਾਠ ਸੁਸਾਇਟੀ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ, ਜਿਸ ਵਿੱਚ ਬੱਚਿਆਂ ਕੋਲੋਂ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਨੂੰ ਸੁੰਦਰ ਲਿਖਾਈ ਰਾਹੀਂ ਕਾਪੀਆਂ ਉਤੇ ਲਿਖਵਾਇਆ ਗਿਆ।ਜਿਨ੍ਹਾਂ ਵਿਦਿਆਰਥੀਆਂ ਨੇ ਇਹ ਕੰਮ ਬਹੁਤ ਵਧੀਆ ਢੰਗ ਨਾਲ ਕੀਤਾ, ਉਨ੍ਹਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਅੱਠਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਵਿਦਿਆਰਥਣਾਂ ਵੱਲੋਂ ਸਹਿਜ ਪਾਠ ਕੀਤਾ ।ਚੁਣੀਆਂ ਗਈਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਗੁਰਬਾਣੀ ਨਾਲ ਜੁੜਨ ਲਈ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਇਨਾਮ ਵੰਡ ਸਮਾਗਮ ਦੌਰਾਨ ਸਕੂਲ ਦੀ ਪ੍ਰਬੰਧਕ ਸੰਤੋਸ਼ ਬਜਾਜ ਅਤੇ ਮੁਖੀ ਅਧਿਆਪਕ ਗੁਰਦਰਸ਼ਨ ਲਾਲ ਬਜਾਜ ਨੇ ਵਿਦਿਆਰਥੀਆਂ ਨੂੰ ਨੈਤਿਕ ਸਿੱਖਿਆ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਦੇ ਅਧਿਆਪਕ ਰੇਨੂ ਸ਼ਰਮਾ, ਦਿਲਪ੍ਰੀਤ ਕੌਰ, ਮਾਨਪ੍ਰੀਤ ਕੌਰ, ਜਸਦੀਪ ਕੌਰ, ਰਜਿੰਦਰ ਕੌਰ, ਰਜਿੰਦਰ ਕੌਰ, ਸਿਮਰਜੀਤ ਕੌਰ, ਗੁਰਜਿੰਦਰ ਸਿੰਘ ਅਤੇ ਯੂਸਫ਼ ਆਦਿ ਹਾਜ਼ਰ ਸਨ।

## ਮਹਿੰਦਰ ਸਿੰਘ ਮਲਹੋਤਰਾ ਦੀ ਅੰਤਿਮ ਅਰਦਾਸ ਮੌਕੇ ਭਾਵ-ਭਿੰਨੀ ਸ਼ਰਧਾਂਜਲੀ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):ਸਾਬਕਾ ਪ੍ਰਧਾਨ ਨਗਰ ਕੌਂਸਲ ਸਵ: ਅਜੀਤ ਸਿੰਘ ਮਲਹੋਤਰਾ ਦੇ ਵੱਡੇ ਭਰਾ ਸਵ. ਭਾਪਾ ਮਹਿੰਦਰ ਸਿੰਘ ਮਲਹੋਤਰਾ ਵਾਸੀ ਜੰਡਿਆਲਾ ਗੁਰੂ ਦੀ ਆਤਮਿਕ ਸ਼ਾਂਤੀ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਤਿੰਨ ਰੋਜ਼ ਤੋਂ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਹੈੱਡ ਗ੍ਰੰਥੀ ਗਿਆਨੀ ਹਰੀ ਸਿੰਘ ਖਾਲਸਾ ਵੱਲੋਂ ਅਰਦਾਸ ਬੇਨਤੀ ਕੀਤੀ ਗਈ ਅਤੇ ਬਾਬਾ ਕਸ਼ਮੀਰਾ ਸਿੰਘ ਦੇ ਸਪੁੱਤਰ ਮਨਿੰਦਰ ਸਿੰਘ ਰਿਆੜ ਆਦਿ ਨੇ ਸ਼ਰਧਾਂਜਲੀ ਦਿੱਤੀ।ਇਸ ਮੌਕੇ ਸਰਤਾਜ ਸਿੰਘ ਰਿਆੜ, ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਾਬਕਾ ਵਿਧਾਇਕ, ਰਵਿੰਦਰਪਾਲ ਕੁੱਕੂ ਸਾਬਕਾ ਪ੍ਰਧਾਨ ਨਗਰ ਕੌਂਸਲ, ਰਣਧੀਰ ਸਿੰਘ ਮਲਹੋਤਰਾ ਸਾਬਕਾ ਮੀਤ ਪ੍ਰਧਾਨ, ਰਵਿੰਦਰ ਸਿੰਘ ਯੂ ਕੇ, ਜਤਿੰਦਰ ਸਿੰਘ ਨਾਟੀ ਪ੍ਰਧਾਨ ਕਾਂਗਰਸ ਸ਼ਹਿਰੀ, ਐਡਵੋਕੇਟ ਅਮਰੀਕ ਸਿੰਘ ਮਲਹੋਤਰਾ, ਕੁਲਵੰਤ ਸਿੰਘ ਮਲਹੋਤਰਾ ਸਾਬਕਾ ਕੌਂਸਲਰ, ਦਾਨਿਸ਼ ਧਾਮੀ, ਹਰਦੇਵ ਸਿੰਘ ਰਿੰਕੂ, ਗੋਲਡੀ, ਸੁਰਿੰਦਰ ਸੇਠ, ਨਰੇਸ਼ ਪਾਠਕ, ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਐਡਵੋਕੇਟ ਅਮਿਤ ਅਰੋੜਾ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈੱਸ ਕਲੱਬ, ਲਖਵਿੰਦਰ ਸਿੰਘ, ਅਵਤਾਰ ਸਿੰਘ ਟੱਕਰ, ਐਡਵੋਕੇਟ ਬਿਕਰਮ ਸਿੰਘ, ਹਰਦੇਵ ਸਿੰਘ, ਗੁਰਬਚਨ ਸਿੰਘ, ਜੋਗਿੰਦਰ ਸਿੰਘ, ਪਰਤਾਪ ਸਿੰਘ, ਜਰਨੈਲ ਸਿੰਘ, ਗੁਨੀਤ ਸਿੰਘ, ਗੁਰਮੀਤ ਸਿੰਘ, ਇੰਦਰ ਸਿੰਘ, ਹਰਭਜਨ ਸਿੰਘ, ਅਰਨਿੰਦਰ ਸਿੰਘ, ਪਰਮਜੀਤ ਸਿੰਘ, ਨਿਰਮਲ ਸਿੰਘ ਨਿੰਮਾ, ਪੱਤਰਕਾਰ ਗੁਰਦੇਵ ਸਿੰਘ ਮੱਲ੍ਹੀ, ਪੱਤਰਕਾਰ ਕੁਲਵੰਤ ਸਿੰਘ ਵਿਰਦੀ, ਚਰਨਜੀਤ ਸਿੰਘ ਟੀਟੋ, ਦੀਪ ਸਿੰਘ ਆਦਿ ਵੱਖ-ਵੱਖ ਰਾਜਨੀਤਿਕ, ਧਾਰਮਿਕ ਸ਼ਖ਼ਸੀਅਤਾਂ, ਪੱਤਰਕਾਰ ਭਾਈਚਾਰਾ ਅਤੇ ਸਾਕ ਸਬੰਧੀਆਂ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ!

## ਗੰਡੀਵਿੰਡ ਕਲੀਨੀਕਲ ਲੈਬੋਰਟਰੀ ਦੀ ਤੀਜੀ ਵਰ੍ਹੇਗੰਢ ਮਨਾਈ



ਝਬਾਲ (ਹਰਜਿੰਦਰ ਸਿੰਘ ਸੋਨੀ)-ਗੰਡੀਵਿੰਡ ਕਲੀਨੀਕਲ ਲੈਬੋਰਟਰੀ ਦੀ ਤੀਜੀ ਵਰ੍ਹੇਗੰਢ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਕੀਰਤਨ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ਗਿਆ।ਇਸ ਮੌਕੇ ਪਹੁੰਚੇ ਸੰਤ ਬਾਬਾ ਗੁਰਬਚਨ ਸਿੰਘ (ਬਿਧੀਚੰਦੀਏ) ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਦਾ ਸੰਦੇਸ਼ ਦਿੱਤਾ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਲੈਬੋਰਟਰੀ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਰਾਹਨਾ ਕੀਤੀ।

ਲੈਬੋਰਟਰੀ ਦੇ ਸੰਚਾਲਕ ਪਿਊਸ਼ ਧਵਨ ਅਤੇ ਉਨ੍ਹਾਂ ਦੇ ਪਿਤਾ ਰਾਮ ਰਸ਼ਪਾਲ ਧਵਨ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਲੋਕਾਂ ਦੇ ਭਰੋਸੇ ਅਤੇ ਪਿਆਰ ਨਾਲ ਹੀ ਲੈਬੋਰਟਰੀ ਨੇ ਤਿੰਨ ਸਾਲ ਸਫਲਤਾਪੂਰਵਕ ਪੂਰੇ ਕੀਤੇ ਹਨ।ਇਸ ਮੌਕੇ ਵੱਖ-ਵੱਖ ਤਰ੍ਹਾਂ ਦੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਇਸ ਮੌਕੇ ਅਕਾਸ਼ ਚੋਪੜਾ, ਰਵਿੰਦਰ ਝਬਾਲ, ਨੀਤੀ ਰਾਜਨ ਧਵਨ, ਅਵਿਸ਼ ਧਵਨ, ਅਸ਼ਵਨੀ ਕੁਮਾਰ, ਹਰਜੋਤ ਸਿੰਘ ਛਾਪਾ, ਜਾਤਿਸ਼ ਸ਼ਰਮਾ, ਮੰਨੂ ਸੁਨਿਆਰਾ, ਅਭੈ ਰੰਧਾਵਾ, ਬਾਬਾ ਵਰਿਆਮ ਸਿੰਘ ਬਰਤਨ ਸਟੋਰ ਝਬਾਲ, ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਰਬਿੰਦਰ ਸਿੰਘ ਭੋਜੀਆਂ, ਗੁਰਬੀਰ ਸਿੰਘ, ਨਕੁਲ, ਬਿੱਟੂ ਹਲਵਾਈ, ਰਾਜੂ ਕੱਪੜੇ ਵਾਲਾ ਅਤੇ ਹੋਰ ਇਲਾਕੇ ਬਹੁਤ ਸਾਰੇ ਪਤਵੰਤੇ ਸੱਜਣ ਹਾਜ਼ਰ ਸਨ।

## ਸਵੈ-ਰਚਿਤ ਕਾਵਿ ਉਚਾਰਨ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਦੁਆਰਾ ਸਫ਼ਾਈ ਮੁਹਿੰਮ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਤਹਿਤ ਕਰਵਾਏ ਗਏ ਸਵੈ-ਰਚਿਤ ਕਾਵਿ ਉਚਾਰਨ ਮੁਕਾਬਲੇ 'ਚ ਹਿੱਸਾ ਲੈਂਦਿਆਂ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ 'ਚ ਜ਼ਿਲ੍ਹੇ ਦੇ ਕਰੀਬ 70 ਸਕੂਲਾਂ ਨੇ ਭਾਗ ਲਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਨਿਰਮਲਜੀਤ ਕੌਰ ਗਿੱਲ ਨੇ ਜੇਤੂ ਆਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਅਰਮਾਨਪ੍ਰੀਤ ਕੌਰ, ਰਾਜਵੀਰ ਸਿੰਘ ਨੇ ਕੰਸੋਲੇਸ਼ਨ ਇਨਾਮ ਜਿੱਤ ਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਸ੍ਰੀ ਸੁੱਖੀ ਬਾਠ ਦੇ 'ਨਵੀਆਂ ਕਲਮਾਂ ਨਵੀਂ ਉਡਾਨ' ਪ੍ਰੋਜੈਕਟ ਅਧੀਨ ਸਕੂਲ ਦੇ ਹੋਣਹਾਰ ਬਾਲ ਲੇਖਕਾਂ ਦੀਆਂ ਰਚਨਾਵਾਂ ਕਿਤਾਬ 'ਚ ਸ਼ਾਮਿਲ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ ਰਾਜ, ਰਾਜਵੀਰ ਸਿੰਘ, ਜੈਸ਼ਦੀਪ ਕੌਰ, ਗੁਰਲੀਨ ਕੌਰ, ਗੁਰਅਸੀਸ ਸਿੰਘ ਦੀਆਂ ਰਚਨਾਵਾਂ ਨੂੰ 'ਉਕਤ ਪ੍ਰੋਜੈਕਟ ਦੇ ਭਾਗ-77' 'ਚ ਸ਼ਾਮਿਲ ਕੀਤਾ ਗਿਆ।ਉਨ੍ਹਾਂ ਕਿਹਾ ਕਿ ਚੁਣੇ ਹੋਏ ਬਾਲ ਲੇਖਕਾਂ ਨੂੰ ਮੈਡਲ ਅਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਿੰ: ਗਿੱਲ ਵੱਲੋਂ ਅਧਿਆਪਕ ਡਾ. ਰਾਜਬੀਰ ਗਰੇਵਾਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ, ਜਿਨ੍ਹਾਂ ਨੂੰ ਇਸ ਕਿਤਾਬ ਦੇ ਸੰਪਾਦਕ ਬਣਨ ਦਾ ਮੌਕਾ ਮਿਲਿਆ।ਉਨ੍ਹਾਂ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਕਰਵਾਏ ਗਏ ਕਾਵਿ ਉਚਾਰਨ ਮੁਕਾਬਲਿਆਂ 'ਚ ਦਸਵੀਂ ਜਮਾਤ ਦੇ ਰਾਜਵੀਰ ਸਿੰਘ ਨੇ ਕੰਸੋਲਸ਼ਨ ਇਨਾਮ ਹਾਸਲ ਕੀਤਾ।ਇਸ ਤੋਂ ਇਲਾਵਾ ਆਨਲਾਈਨ ਕਾਵਿ-ਉਚਾਰਨ ਮੁਕਾਬਲੇ 'ਚ ਪਹਿਲਾ ਸਥਾਨ ਹਾਸਲ ਕਰਦਿਆਂ ਹਜ਼ਾਰ ਦਾ ਕੈਸ਼ ਇਨਾਮ ਜਿੱਤਿਆ।ਉਨ੍ਹਾਂ ਕਿਹਾ ਕਿ ਸਕੂਲ ਵਿਖੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਕਾਦਮਿਕ ਖੇਤਰ ਦੇ ਨਾਲ-ਨਾਲ ਕਿਰਿਆਤਮਕ ਗਤੀਵਿਧੀਆਂ ਵੱਲ ਵੀ ਵਿਸ਼ੇਸ਼ ਤੌਰ 'ਤੇ ਧਿਆਨ ਦਿੱਤਾ ਜਾਂਦਾ ਹੈ।ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

**ਜਨਮ ਦਿਨ ਮੁਬਾਰਕ**



ਤਨਵੀਰ ਕੌਰ
ਮੋਗਾ



ਮਹਿਤਾਬ ਸਿੰਘ ਬੱਲ
ਰਸੂਲਪੁਰ

# ਮਨਰੇਗਾ ਬਹਾਲ ਕਰਵਾ ਕੇ ਰਹਾਂਗੇ : ਦੇਵੀ ਕੁਮਾਰੀ



**ਤਰਨ ਤਾਰਨ :** ਕੇਂਦਰ ਦੀਆਂ ਖੇਤ ਮਜ਼ਦੂਰ ਜਥੇਬੰਦੀਆ ਦੇ ਸਾਂਝੇ ਮੰਚ ਅਤੇ ਨਰੇਗਾ ਸੰਘਰਸ਼ ਵੱਲੋ 15 ਮਈ ਨੂੰ ਦੇਸ਼ ਵਿਆਪੀ ਹੜਤਾਲ ਦੇ ਸੱਦੇ ਤਹਿਤ ਕਾਮਰੇਡ ਸਰਬਜੀਤ ਕੌਰ, ਕਾਮਰੇਡ ਸਰਵਨ ਸਿੰਘ ਕਿਰਤੋਵਾਲ ਕਲਾਂ ਦੀ ਅਗਵਾਈ ਵਿਚ ਪਿੰਡ ਕਿਰਤੋਵਾਲ ਕਲਾਂ ਵਿਖੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਰਨਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਵਿਕਸਤ ਭਾਰਤ ਗਰੰਟੀ ਫਾਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਨੂੰ ਵਾਪਸ ਕਰਵਾਉਣ ਲਈ ਸ਼ੁਰੂ ਕੀਤੇ ਗਏ ਸ਼ੰਘਰਸ਼ ਨੂੰ ਪ੍ਰਚੰਡ ਰੂਪ ਦੇਣ ਲਈ ਦਿੱਲੀ ਦੇ ਕੰਸਟੀ ਚਿਊਸ਼ਨਲ ਕਲੱਬ ਆਫ ਇੰਡੀਆ ਵਿੱਚ ਕੀਤੀ ਗਈ ਕਨਵੈਨਸ਼ਨ ਦਾ ਹਵਾਲਾ ਦਿੰਦਿਆ ਕਿਹਾ ਕਿ ਸੀ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਡੀ ਰਾਜਾ ਨੇ ਉੱਥੇ ਇਹ ਗੱਲ ਜ਼ੋਰ ਨਾਲ ਆਖੀ ਸੀ ਕਿ ਮਨਰੇਗਾ ਸਨਮਾਨ ਅਤੇ ਨਿਆ ਦੀ ਲੜਾਈ ਹੈ। ਕਾਮਰੇਡ ਸਰਹਾਲੀ ਕਲਾਂ ਨੇ ਕਿਹਾ ਕਿ ਦਿੱਲੀ ਕਨਵੈਨਸ਼ਨ ਵਿੱਚ ਦਿੱਤੇ ਗਏ ਸੁਨੇਹੇ ਨੂੰ ਅਸੀਂ ਘਰ-ਘਰ ਪਹੁੰਚਾਉਣਾ ਹੈ। ਉਨ੍ਹਾ ਕਿਹਾ ਕਿ ਮੋਦੀ ਸਰਕਾਰ ਦੇ ਆਉਂਦਿਆ ਹੀ ਮਨਰੇਗਾ ਨੂੰ ਕਮਜ਼ੋਰ ਕਰਨ ਦੀਆਂ ਕਾਰਵਾਈਆਂ ਸ਼ੁਰੂ ਹੋ ਗਈਆ ਸਨ। ਹੁਣ ਮਨਰੇਗਾ ਨੂੰ ਖ਼ਤਮ ਕਰਕੇ ਵੀ ਬੀ ਜੀ ਰਾਮ ਨੂੰ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਮਨਰੇਗਾ ਦੀ ਥਾਂ ਲਿਆਦੇ ਜਾ ਰਹੇ ਨਵੇ ਕਾਨੂੰਨ ਨੇ ਮਜ਼ਦੂਰ ਵਰਗ ਨੂੰ ਮਿਲ ਰਹੀ ਨਿਗੂਣੀ ਜਹੀ ਰਾਹਤ ਨੂੰ ਵੀ ਖ਼ਤਮ ਕਰ ਦੇਣਾ ਹੈ। ਅੱਜ ਵੀ ਪ੍ਰਣ ਕਰਨ ਦਾ ਵੇਲਾ ਹੈ ਕਿ ਵੀ ਬੀ ਜੀ ਰਾਮ ਜੀ ਨੂੰ ਲਾਗੂ ਨਹੀ ਹੋਣ ਦਿੱਤਾ ਜਾਵੇਗਾ। ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਨਰੇਗਾ ਕਾਨੂੰਨ ਕੰਮ ਦੀ ਕੁੱਝ ਗਰੰਟੀ ਦਿੰਦਾ ਸੀ। ਮੋਦੀ ਸਰਕਾਰ ਇਸ ਨੂੰ ਖ਼ਤਮ ਕਰਨ ਤੇ ਤੁਲੀ ਹੋਈ ਹੈ। ਉਨਾ ਪੰਜਾਬ ਸਰਕਾਰ ਦੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਆਪਣੀਆ ਕੀਤੀਆ ਗਰੰਟੀਆਂ ਪੂਰੀਆ ਕਰੇ। ਸਮਾਜਿਕ ਸੁਰੱਖਿਆ ਅਧੀਨ ਪੈਨਸ਼ਨ ਵਿੱਚ ਵਾਧਾ, ਗਰੀਬ ਲੋਕਾਂ ਦੇ ਕੱਟੇ ਹੋਏ ਰਾਸ਼ਨ ਕਾਰਡ ਬਹਾਲ ਕਰਨ, ਬੇਘਰੇ ਅਤੇ ਲੋੜਵੰਦ ਲੋਕਾ ਨੂੰ ਦਸ ਦਸ ਮਰਲਿਆ ਦੇ ਪਲਾਟ ਦੇਣ ਤੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਜੋ ਵਾਅਦੇ ਕੀਤੇ ਸੀ ਉਸ ਨੂੰ ਪੂਰਾ ਕਰਾਉਣ ਵਾਸਤੇ 25 ਮਈ ਨੂੰ ਰਾਮਗੜ੍ਹੀਆ ਬੁੰਗਾ ਵਿਖੇ ਵਿਸ਼ਾਲ ਕਨਵੈਨਸ਼ਨ ਕੀਤੀ ਜਾ ਰਹੀ ਹੈ। ਉਨ੍ਹਾ ਪਿੰਡਾ ਦੇ ਕਿਰਤੀ ਲੋਕਾ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਹਾਜ਼ਰ ਆਗੂ ਕਾਮਰੇਡ ਨਛੱਤਰ ਸਿੰਘ, ਕਾਮਰੇਡ ਸੁਖਦੇਵ ਸਿੰਘ, ਕਾਮਰੇਡ ਨਵਜੋਤ ਸਿੰਘ, ਕਾਮਰੇਡ ਮੰਗਾ ਸਿੰਘ, ਕਾਮਰੇਡ ਰਾਣੀ, ਸੋਮਾ ਆਦਿ ਹਾਜ਼ਰ ਸਨ।

# 'ਸਰਕਾਰ ਹਾਈਪਰਟੈਂਸ਼ਨ ਨਾਲ ਜੁੜੀ ਬੀਮਾਰੀਆਂ ਲਈ ਕੈਸ਼ਲੈੱਸ ਇਲਾਜ ਕਰਵਾ ਰਹੀ'

**ਚੰਡੀਗੜ੍ਹ (ਗੁਰਜੀਤ ਬਿੱਲਾ)**-ਜਦੋਂ ਸੰਸਾਰ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾ ਰਿਹਾ ਹੈ, ਉਸ ਵੇਲੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਹਾਈਪਰਟੈਂਸ਼ਨ ਤੇ ਇਸ ਨਾਲ ਜੁੜੀਆਂ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਸਸਤੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾ ਕੇ ਵੱਡੀ ਰਾਹਤ ਦੇ ਰਹੀ ਹੈ।ਹਾਈਪਰਟੈਂਸ਼ਨ ਜਿਸ ਨੂੰ ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਕਿਹਾ ਜਾਂਦਾ ਹੈ, ਨੂੰ ਡਾਕਟਰ ਅਕਸਰ 'ਸਾਇਲੈਂਟ ਕਿਲਰ' ਕਹਿੰਦੇ ਹਨ। ਇਹ ਬਿਨਾਂ ਕਿਸੇ ਸਪੱਸ਼ਟ ਚੇਤਾਵਨੀ ਦੇ ਸਟ੍ਰੋਕ, ਹਾਰਟ ਫੇਲਿਅਰ ਜਾਂ ਕਿਡਨੀ ਰੋਗ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ। ਇਹ ਬੀਮਾਰੀ ਲਗਭਗ ਹਰ ਉਮਰ ਵਰਗ ਵਿੱਚ ਦੇਖੀ ਜਾ ਰਹੀ ਹੈ।

ਸਭ ਉਮਰ ਵਰਗਾਂ ਵਿੱਚ ਵਧ ਰਹੇ ਹਾਈਪਰਟੈਂਸ਼ਨ ਦੇ ਮਾਮਲਿਆਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਰੋਕਥਾਮ, ਜਲਦੀ ਪਛਾਣ ਅਤੇ ਇਲਾਜ 'ਤੇ ਖਾਸ ਧਿਆਨ ਦੇ ਰਹੀ ਹੈ। ਜਿੱਥੇ ਸੀ ਐੱਮ ਦੀ ਯੋਗਸ਼ਾਲਾ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰ ਰਹੀ ਹੈ, ਉੱਥੇ ਆਮ ਆਦਮੀ ਕਲੀਨਿਕ ਜਲਦੀ ਸਕ੍ਰੀਨਿੰਗ ਯਕੀਨੀ ਬਣਾ ਰਹੇ ਹਨ (1 ਕਰੋੜ ਲੋਕਾਂ ਦੀ ਜਾਂਚ, 24 ਲੱਖ ਇਲਾਜ ਅਧੀਨ), ਅਤੇ ਮੁੱਖ ਮੰਤਰੀ ਸਿਹਤ ਯੋਜਨਾ ਕੈਸ਼ਲੈੱਸ ਇਲਾਜ ਪ੍ਰਦਾਨ ਕਰਕੇ ਸਟ੍ਰੋਕ ਤੇ ਦਿਲ ਦੀਆਂ ਬੀਮਾਰੀਆਂ ਵਰਗੀਆਂ ਗੰਭੀਰ ਜਟਿਲਤਾਵਾਂ ਤੋਂ ਬਚਾਅ ਵਿੱਚ ਮਦਦ ਕਰ ਰਹੀ ਹੈ।

# ਨਿਤਿਨ ਕੋਹਲੀ ਵੱਲੋਂ ਵਾਰਡ ਨੰਬਰ 12 'ਚ ਟਿਊਬਵੈੱਲ ਦਾ ਉਦਘਾਟਨ

**ਜਲੰਧਰ :** ਵਾਰਡ ਨੰਬਰ 12 ਵਿੱਚ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਆ ਰਹੀ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਨਵੇਂ ਟਿਊਬਵੈੱਲ ਦਾ ਉਦਘਾਟਨ ਜਲੰਧਰ ਸੈਂਟਰਲ ਦੇ ਹਲਕਾ ਇੰਚਾਰਜ ਨਿਤਿਨ ਕੋਹਲੀ ਵੱਲੋਂ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਕੌਂਸਲਰ ਸ਼ਿਵਮ ਸ਼ਰਮਾ, ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਦੀ ਹਾਜ਼ਰੀ ਰਹੀ। ਟਿਊਬਵੈੱਲ ਦੇ ਸ਼ੁਰੂ ਹੋਣ ਨਾਲ ਇਲਾਕੇ ਦੇ ਲੋਕਾਂ ਵਿੱਚ ਖ਼ੁਸ਼ੀ ਦਾ ਮਾਹੌਲ ਵੇਖਣ ਨੂੰ ਮਿਲਿਆ ਅਤੇ ਲੋਕਾਂ ਨੇ ਇਸ ਕੰਮ ਨੂੰ ਸਮੇਂ ਦੀ ਲੋੜ ਦੱਸਿਆ।ਇਸ ਮੌਕੇ ਕੌਂਸਲਰ ਸ਼ਿਵਮ ਸ਼ਰਮਾ ਨੇ ਨਿਤਿਨ ਕੋਹਲੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਵਾਰਡ ਨੰਬਰ 12 ਵਿੱਚ ਪਾਣੀ ਦੀ ਕਿਲਤ ਇੱਕ ਵੱਡੀ ਸਮੱਸਿਆ ਬਣੀ ਹੋਈ ਸੀ। ਕਈ ਇਲਾਕਿਆਂ ਵਿੱਚ ਲੋਕਾਂ ਨੂੰ ਘੰਟਿਆਂ ਤੱਕ ਪਾਣੀ ਦੀ ਉਡੀਕ ਕਰਨੀ ਪੈਂਦੀ ਸੀ, ਜਿਸ ਕਾਰਨ ਘਰੇਲੂ ਕੰਮਾਂ ਦੇ ਨਾਲ ਨਾਲ ਰੋਜ਼ਾਨਾ ਜੀਵਨ ਵੀ ਪ੍ਰਭਾਵਿਤ ਹੋ ਰਿਹਾ ਸੀ। ਉਨ੍ਹਾਂ ਕਿਹਾ ਕਿ ਨਿਤਿਨ ਕੋਹਲੀ ਨੇ ਲੋਕਾਂ ਦੀ ਇਸ ਮੁਸ਼ਕਲ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਕਾਰਵਾਈ ਕੀਤੀ ਅਤੇ ਨਵੇਂ ਟਿਊਬਵੈੱਲ ਦੀ ਮਨਜ਼ੂਰੀ ਦਿਵਾ ਕੇ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਦਿੱਤੀ ਹੈ।ਨਿਤਿਨ ਕੋਹਲੀ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨੂੰ ਪੂਰਾ ਕਰਨਾ ਉਨ੍ਹਾਂ ਦੀ ਪਹਿਲ ਹੈ ਅਤੇ ਹਲਕੇ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਪਾਰਟੀ ਵਰਕਰ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ, ਜਿਨ੍ਹਾਂ ਵਿੱਚ ਜਨਰਲ ਏ ਐੱਸ ਬਾਹੀਆ, ਜਨਰਲ ਐੱਨ ਐੱਸ ਬਾਵਾ, ਕਰਨਲ ਕੇ ਐੱਸ ਪੁਰੀ, ਜੇ ਪੀ ਗੁਪਤਾ, ਐੱਸ ਕੇ ਵਸ਼ਿਸ਼ਟ ਤੇ ਅਸ਼ਵਨੀ ਸ਼ਰਮਾ ਸ਼ਾਮਲ ਸਨ।



# ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ 'ਚ ਵਾਧਾ ਮੰਦਭਾਗਾ : ਰਾਜਿੰਦਰ ਸਿੰਘ ਬਡਹੇੜੀ

**ਚੰਡੀਗੜ੍ਹ (ਸੁਰਜੀਤ ਸੁਮਨ)**-ਆਲ ਇੰਡੀਆ ਜੱਟ ਮਹਾਂ ਸਭਾ ਚੰਡੀਗੜ੍ਹ ਕੇਂਦਰੀ ਸ਼ਾਸ਼ਤ ਪ੍ਰਦੇਸ਼ ਦੇ ਪ੍ਰਧਾਨ, ਸਾਬਕਾ ਡਾਇਰੈਕਟਰ ਪੰਜਾਬ ਮੰਡੀ ਬੋਰਡ ਤੇ ਪ੍ਰਮੁੱਖ ਕਿਸਾਨ ਆਗੂ ਰਾਜਿੰਦਰ ਸਿੰਘ ਬਡਹੇੜੀ ਵੱਲੋਂ ਜਾਰੀ ਕੀਤੇ ਗਏ ਬਿਆਨ ਵਿੱਚ ਪੈਟਰੌਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕਰਨ ਦੇ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਮੇਂ ਅੰਦਰ ਡੀਜ਼ਲ ਦੀਆਂ ਕੀਮਤਾਂ ਵਿੱਚ ਚਾਰ ਵਾਰ ਅਤੇ ਪੈਟਰੌਲ ਦੀਆਂ ਕੀਮਤਾਂ ਵਿੱਚ ਕਈ ਵਾਰ ਵਾਧਾ ਹੋਇਆ ਹੈ, ਜਦਕਿ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਕਮੀ ਆਈ ਹੈ, ਫਿਰ ਵੀ ਤੇਲ ਦੀਆਂ ਕੀਮਤਾਂ ਬਹੁਤ ਵਧੀਆਂ ਹਨ।ਉਨ੍ਹਾਂ ਕਿਹਾ ਕਿ ਜਿਸ ਅਨੁਪਾਤ ਵਿੱਚ ਇਹ ਕੀਮਤਾਂ ਵਧੀਆਂ ਹਨ, ਉਸ ਅਨੁਪਾਤ ਵਿੱਚ ਘਟਾਈਆਂ ਨਹੀਂ ਗਈਆਂ ਜੋ ਕਿ ਜੋ ਲੋਕ ਵਿਰੋਧੀ ਹੈ। ਕਿਸਾਨਾਂ ਅਤੇ ਗਰੀਬ ਦੁਪਹੀਆ ਵਾਹਨ ਮਾਲਕਾਂ ਨੂੰ ਮਹਿੰਗਾਈ ਨੇ ਪਹਿਲਾਂ ਹੀ ਮੋਦੀ ਸਰਕਾਰ ਦੀ ਨੋਟਬੰਦੀ ਦੇ ਫੈਸਲੇ ਦੀ ਮਾਰ ਝੱਲਣੀ ਪਈ ਸੀ।ਉਨ੍ਹਾਂ ਕਿਹਾ ਕਿ ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ਵਿੱਚ ਕੀਤੇ ਗਏ ਵਾਧੇ ਦਾ ਫੈਸਲਾ ਤੁਰੰਤ ਵਾਪਸ ਲਿਆ ਜਾਵੇ।



# ਏ ਜੀ ਆਈ ਕ੍ਰਿਕਟ ਐਕਸੀਲੈਂਸ ਸੈਂਟਰ ਆਧੁਨਿਕ ਸਹੂਲਤਾਂ ਨਾਲ ਖਿਡਾਰੀਆਂ ਲਈ ਤਿਆਰ

**ਜਲੰਧਰ (ਰਾਜੇਸ਼ ਥਾਪਾ)**

ਏ ਜੀ ਆਈ ਕ੍ਰਿਕਟ ਐਕਸੀਲੈਂਸ ਸੈਂਟਰ ਹੁਣ ਪੂਰੀ ਤਰ੍ਹਾਂ ਤਿਆਰ ਹੈ ਅਤੇ 18 ਮਈ ਤੋਂ ਆਪਣਾ ਕੰਮ ਸ਼ੁਰੂ ਕਰਨ ਜਾ ਰਿਹਾ ਹੈ। ਇਹ ਸੈਂਟਰ ਏ ਜੀ ਆਈ ਗਲੋਬਲ ਸਕੂਲ, ਜਲੰਧਰ ਹਾਈਟਸ-2, ਅਰਬਾਨਾ, 66 ਫੁੱਟ ਰੋਡ, ਜਲੰਧਰ ਦੇ ਖੇਡ ਮੈਦਾਨ ਵਿੱਚ ਸ਼ੁਰੂ ਹੋਵੇਗਾ। ਇਸ ਸੈਂਟਰ ਦਾ ਮੁੱਖ ਮਕਸਦ ਇਲਾਕੇ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਧੁਨਿਕ ਢੰਗ ਨਾਲ ਕ੍ਰਿਕਟ ਦੀ ਟ੍ਰੇਨਿੰਗ ਦੇਣਾ ਹੈ ਤਾਂ ਜੋ ਉਹ ਭਵਿੱਖ ਵਿੱਚ ਵਧੀਆ ਖਿਡਾਰੀ ਬਣ ਸਕਣ।ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਲਾਈਫ ਮੈਂਬਰ ਅਤੇ ਏ ਜੀ ਆਈ ਮੈਜੈਸਟਿਕ ਲਿਵਿੰਗ ਪ੍ਰਾਈਵੇਟ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਅਭਿਜੀਤ ਸਿੰਘ ਨੇ ਦੱਸਿਆ ਕਿ ਸੈਂਟਰ ਵਿੱਚ ਖਿਡਾਰੀਆਂ ਲਈ ਆਧੁਨਿਕ ਕ੍ਰਿਕਟ ਸਹੂਲਤਾਂ ਤਿਆਰ ਕੀਤੀਆਂ ਗਈਆਂ ਹਨ। ਇੱਥੇ ਦੋ ਮਿੱਟੀ ਦੀਆਂ ਟਰਫ ਪਿੱਚਾਂ, ਇੱਕ ਕਾਂਕਰੀਟ ਪਿੱਚ ਅਤੇ ਇੱਕ ਸਿੰਥੈਟਿਕ ਪਿੱਚ ਬਣਾਈ ਗਈ ਹੈ ਤਾਂ ਜੋ ਖਿਡਾਰੀ ਹਰ ਕਿਸਮ ਦੀ ਪਿੱਚ 'ਤੇ ਅਭਿਆਸ ਕਰ ਸਕਣ। ਇਸ ਤੋਂ ਇਲਾਵਾ ਆਧੁਨਿਕ ਫਲੱਡਲਾਈਟਾਂ ਨਾਲ ਵੱਡਾ ਬਾਕਸ ਕ੍ਰਿਕਟ ਅਰੀਨਾ ਵੀ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਖਿਡਾਰੀ ਦਿਨ ਅਤੇ ਰਾਤ ਦੋਵੇਂ ਸਮਿਆਂ ਵਿੱਚ ਅਭਿਆਸ ਕਰ ਸਕਣਗੇ।ਜਲੰਧਰ ਹਾਈਟਸ ਕ੍ਰਿਕਟ ਕਲੱਬ ਰਜਿਸਟਰਡ ਜਿਸਦੇ ਥੱਲੇ ਇਹ ਸੈਂਟਰ ਚਲਾਇਆ ਜਾਵੇਗਾ ਦੇ ਸਕੱਤਰ ਅਰੁਣ ਭਾਂਬਰੀ ਨੇ ਕਿਹਾ ਕਿ ਖਿਡਾਰੀਆਂ ਨੂੰ ਟ੍ਰੇਨਿੰਗ ਦੇਣ ਲਈ ਤਜਰਬੇਕਾਰ ਅਤੇ ਯੋਗ ਕੋਚ ਨਿਯੁਕਤ ਕੀਤੇ ਗਏ ਹਨ। ਇੱਥੇ ਖਿਡਾਰੀਆਂ ਨੂੰ ਬੇਸਿਕ ਤੋਂ ਲੈ ਕੇ ਐਡਵਾਂਸ ਲੈਵਲ ਤੱਕ ਦੀ ਕ੍ਰਿਕਟ ਟ੍ਰੇਨਿੰਗ ਦਿੱਤੀ ਜਾਵੇਗੀ।



# ਸਫ਼ਾਈ ਸੇਵਕਾਂ ਤੇ ਕਰਮਚਾਰੀ ਯੂਨੀਅਨ ਨੇ ਸਰਕਾਰ ਖਿਲਾਫ਼ ਕੀਤੀ ਨਾਅਰੇਬਾਜ਼ੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਮਿਉਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵੱਲੋਂ ਦਿੱਤੇ ਗਏ ਸੱਦੇ ਤੇ ਹੜਤਾਲ ਦੇ 12ਵੇਂ ਦਿਨ ਸਫ਼ਾਈ ਸੇਵਕ ਟਾਂਡਾ ਦੀ ਪ੍ਰਧਾਨ ਮਾਇਆ, ਚੇਅਰਮੈਨ ਜਸਪਾਲ ਅਤੇ ਵਾਈਸ ਪ੍ਰਧਾਨ ਜਤਿੰਦਰ ਹੰਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਮਚਾਰੀ ਯੂਨੀਅਨ ਟਾਂਡਾ ਉੜਮੁੜ ਦੇ ਪ੍ਰਧਾਨ ਤਰਸੇਮ ਲਾਲ ਦੀ ਅਗਵਾਈ ਵਿੱਚ ਸਫ਼ਾਈ ਸੇਵਕਾਂ ਤੇ ਕਰਮਚਾਰੀ ਯੂਨੀਅਨ ਦੇ ਮੈਂਬਰਾਂ ਨੇ ਹੱਥ ਵਿੱਚ ਝਾੜੂ ਚੁੱਕ ਕੇ ਸਰਕਾਰ ਖਿਲਾਫ਼ ਰੋਸ ਦਾ ਪ੍ਰਗਟਾਵਾ ਕਰਦੇ ਹੋਏ ਨਾਰੇਬਾਜ਼ੀ ਕੀਤੀ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਤਰਸੇਮ ਲਾਲ ਨੇ ਕਿਹਾ ਕਿ ਸ਼ਹਿਰ ਵਿੱਚ ਫੈਲੀ ਗੰਦਗੀ ਕਾਰਨ ਲੋਕਾਂ ਨੂੰ ਦਰਪੇਸ਼ ਹਾਰੀਆਂ ਔਕੜਾਂ ਨੂੰ ਸਾਡੀ ਯੂਨੀਅਨ ਮਹਿਸੂਸ ਤਾਂ ਕਰਦੀ ਹੈ ਪਰ ਸਾਡੀ ਵੀ ਮਜਬੂਰੀ ਹੈ, ਜਦ ਤੱਕ ਸਰਕਾਰ ਸਾਡੀਆਂ ਮੰਗਾਂ ਪ੍ਰਵਾਨ ਨਹੀਂ ਕਰਦੀ ਉਦੋਂ ਤੱਕ ਇਹ ਹੜਤਾਲ ਚਲਦੀ ਰਹੇਗੀ।ਤਰਸੇਮ ਲਾਲ ਨੇ ਮਾਨ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਉਨ੍ਹਾਂ ਨੇ ਆਪਣਾ ਤਾਨਾਸ਼ਾਹੀ ਰਵਈਆ ਛੱਡ ਕੇ ਯੂਨੀਅਨ ਦੀਆਂ ਜਾਇਜ਼ ਮੰਗਾਂ ਪ੍ਰਵਾਨ ਨਹੀਂ ਕੀਤੀਆਂ ਤਾਂ ਸ਼ਹਿਰਾਂ ਵਿੱਚ ਗੰਦਗੀ ਦੇ ਢੇਰਾਂ ਵਿੱਚ ਹੋਰ ਵਾਧਾ ਹੋ ਜਾਵੇਗਾ ਜਿਸ ਦਾ ਖਮਿਆਜਾ ਸ਼ਹਿਰ ਨਿਵਾਸੀਆਂ ਤੋਂ ਇਲਾਵਾ ਪੰਜਾਬ ਸਰਕਾਰ ਨੂੰ ਭੁਗਤਨਾ ਹੋਰ ਵੀ ਔਖਾ ਹੋ ਜਾਵੇਗਾ। ਇਸ ਮੌਕੇ ਤੇ ਹਾਜ਼ਰ ਨੀਰਜ ਭੱਟੀ, ਜਸਪਾਲ, ਪਾਂਡੀ, ਅਜੇ, ਵਿਜੇ, ਵਿਪਿਨ, ਨੀਰਜ ਮੱਟੂ, ਗੁਲਸ਼ਨ, ਦੀਪਕ ਹੰਸ, ਅਵਿਨਾਸ਼ ਹੰਸ, ਭੋਲੀ, ਪ੍ਰਵੀਨ, ਮਮਤਾ, ਸੁਖਵਿੰਦਰ ਕੌਰ, ਪਰਮਜੀਤ ਪੰਮਾ, ਅਵਿਨਾਸ਼, ਕਰਨ, ਸ਼ੇਖਰ, ਅਮਰਜੀਤ, ਸੰਦੀਪ, ਰੇਨੂ, ਸ਼ੀਤਲ ਕੁਮਾਰ, ਪਰਮਜੀਤ ਸਿੰਘ, ਰਵੀ ਪਾਲ, ਪੂਨਮ, ਜਾਨਵੀ, ਰਜਨੀ, ਪਿੰਕੀ, ਨਵਨੀਤ, ਵਿਜੇ, ਪੱਪੂ, ਰਾਧਾ ਰਾਣੀ, ਰਮਨ, ਨਿਸ਼ਾਨ ਬ੍ਰਿਜ, ਬੰਟੀ, ਰੌਕੀ ਅਤੇ ਮੰਜੂ ਤੋਂ ਇਲਾਵਾ ਹੋਰ ਮੁਲਾਜ਼ਮਾਂ ਨੇ ਸਰਕਾਰ ਖਿਲਾਫ ਰੋਸ ਦਾ ਪ੍ਰਗਟਾਵਾ ਕਰਦੇ ਹੋਏ ਨਾਅਰੇਬਾਜੀ ਕੀਤੀ।



# ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਮੁਹਾਲੀ (ਗੁਰਜੀਤ ਬਿੱਲਾ)**-ਇਲਾਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮੱਛਲੀ ਕਲਾਂ ਦਾ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਮੈਡਮ ਨਵੀਨ ਗੁਪਤਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਮਾਨਸੀ ਨੇ 92.4 ਪ੍ਰਤੀਸ਼ਤ ਅੰਕ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ, ਪ੍ਰਤਿਭਾ ਨੇ 89 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਸਥਾਨ ਤੇ ਤਲਵਿੰਦਰ ਕੌਰ ਨੇ 86.8 ਪ੍ਰਤੀਸ਼ਤ ਅੰਕ ਲੈਕੇ ਤੀਜਾ ਸਥਾਨ ਹਾਸਿਲ ਕੀਤਾ ਹੈ।ਇਸ ਮੌਕੇ ਤੇ ਪ੍ਰਿੰਸੀਪਲ ਮੈਡਮ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।ਇਸ ਮੌਕੇ ਤੇ ਜਮਾਤ ਇੰਚਾਰਜ ਸਰਬਜੀਤ ਕੌਰ, ਵਰਿੰਦਰ ਕੌਰ ਸੇਖੋਂ, ਰਵਿੰਦਰ ਸਿੰਘ ਗਿੱਲ, ਮਨਜੀਤ ਕੌਰ, ਮੁਕੇਸ਼ ਕੁਮਾਰ, ਕਰਨਪ੍ਰੀਤ ਸਿੰਘ ਗਰੇਵਾਲ, ਸੰਦੀਪ ਕੌਰ, ਆਤਮਾ ਸਿੰਘ, ਅਮਰੀਕ ਸਿੰਘ, ਕੰਪਿਊਟਰ ਅਧਿਆਪਕਾ ਕੰਚਨ ਤੇ ਸਾਰੇ ਅਧਿਆਪਕ ਵੀ ਹਾਜ਼ਰ ਸਨ।



# 'ਕੱਦੂ ਬਾਦਸ਼ਾਹ' ਤੇ 'ਮਾਣੋ ਬਿੱਲੀ' ਲੋਕਅਰਪਣ



**ਚੰਡੀਗੜ੍ਹ (ਸੁਰਜੀਤ ਸੁਮਨ)**

ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਦੀ ਵਿਸ਼ੇਸ਼ ਇਕੱਤਰਤਾ ਪੰਜਾਬ ਕਲਾ ਭਵਨ ਚੰਡੀਗੜ੍ਹ ਵਿਖੇ ਹੋਈ, ਜਿਸ ਵਿਚ ਡਾ. ਮਨਜੀਤ ਸਿੰਘ ਮਝੈਲ ਦੀਆਂ ਦੋ ਬਾਲ ਪੁਸਤਕਾਂ ਕੱਦੂ ਬਾਦਸ਼ਾਹ (ਬਾਲ ਕਹਾਣੀਆਂ) ਅਤੇ ਦੂਜੀ ਪੁਸਤਕ ਮਾਣੋ ਬਿੱਲੀ (ਕਵਿਤਾਵਾਂ/ ਗੀਤਾਂ) ਦੀ ਹੈ ਲੋਕ-ਅਰਪਣ ਕੀਤੀਆਂ ਗਈਆਂ। ਸ਼੍ਰੋਮਣੀ ਸਾਹਿਤਕਾਰ ਮਨਮੋਹਨ ਸਿੰਘ ਦਾਊਂ ਨੇ ਇਸ ਸਮਾਗਮ ਦੀ ਪ੍ਰਧਾਨਗੀ ਕੀਤੀ, ਜਦੋਂਕਿ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਸੁਭਾਸ਼ ਭਾਸਕਰ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰਧਾਨਗੀ ਮੰਡਲ ਵਿਚ ਬਾਲ ਲੇਖਕ ਡਾ. ਮਨਜੀਤ ਸਿੰਘ ਮਝੈਲ ਤੇ ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਵੀ ਸੁਸ਼ੋਭਿਤ ਸਨ। ਗੁਰਦਰਸ਼ਨ ਮਾਵੀ ਨੇ ਸਭ ਨੂੰ ਜੀ ਆਇਆਂ ਆਖਿਆ ਅਤੇ ਕਿਹਾ ਕਿ ਚੰਗਾ ਸਾਹਿਤਕਾਰ, ਚੰਗਾ ਮਨੁੱਖ ਹੋਣਾ ਵੀ ਬਹੁਤ ਜ਼ਰੂਰੀ ਹੈ।ਇਸ ਮੌਕੇ ਜਸਵਿੰਦਰ ਸਿੰਘ ਕਾਈਨੌਰ ਨੇ ਪੇਪਰ ਪੜ੍ਹਦੇ ਹੋਏ ਕਹਾਣੀਆਂ ਦੀ ਕਿਤਾਬ ਬਾਰੇ ਕਿਹਾ ਕਿ ਇਹ ਸਮਾਜਿਕ ਜਾਗਰੂਕਤਾ ਦਾ ਸੁਨੇਹਾ ਦਿੰਦੀਆਂ ਹਨ। ਰੰਗੀਨ ਤਸਵੀਰਾਂ ਕਿਤਾਬ ਨੂੰ ਦਿਲਕਸ਼ ਬਣਾ ਦਿੰਦੀਆਂ ਹਨ। ਪਿਆਰਾ ਸਿੰਘ ਰਾਹੀ ਨੇ ਕਿਹਾ ਕਿ ਕਵਿਤਾਵਾਂ ਦੇ ਵਿਸ਼ੇ ਮੌਲਿਕ ਹਨ। ਦ੍ਰਿਸ਼ ਚਿਤਰਣ ਬਹੁਤ ਖੂਬਸੂਰਤ ਹੈ। ਇਹਨਾਂ ਪੁਸਤਕਾਂ ਉਤੇ ਬਲਕਾਰ ਸਿੰਘ ਸਿੱਧੂ, ਬਹਾਦਰ ਸਿੰਘ ਗੋਸਲ, ਭੁਪਿੰਦਰ ਮਲਿਕ ਅਤੇ ਡਾ. ਅਵਤਾਰ ਸਿੰਘ ਪਤੰਗ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਗੁਰਨਾਜ ਸਿੰਘ, ਸੁਹਾਨਾ ਅਤੇ ਸ਼ਬੀਨਾਜ ਨੇ ਵੱਖੋ ਵੱਖ ਗੀਤ ਪੇਸ਼ ਕੀਤੇ। ਸ੍ਰੀਮਤੀ ਸੁਦਰਸ਼ਨ ਮਝੈਲ, ਪਰਤਾਪ ਪਾਰਸ, ਰਤਨ ਬਾਬਕਵਾਲਾ, ਬਲਜਿੰਦਰ ਕੌਰ ਸ਼ੇਰਗਿੱਲ ਅਤੇ ਭਰਪੂਰ ਸਿੰਘ ਨੇ ਵੀ ਕਿਤਾਬ ਵਿਚੋਂ ਗੀਤ ਸੁਣਾਏ।

# ਚੀਫ ਜਸਟਿਸ ਆਫ ਇੰਡੀਆ ਵੱਲੋਂ ਨੌਜਵਾਨਾਂ ਨੂੰ ਕਾਕਰੋਚ ਕਹਿਣਾ ਮੰਦਭਾਗਾ

**ਚੰਡੀਗੜ੍ਹ**-ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਮੰਗਾ ਆਜਾਦ, ਸੂਬਾ ਜਨਰਲ ਸਕੱਤਰ ਕਰਮਜੀਤ ਮਾਣੂੰਕੇ ਨੇ ਦੱਸਿਆ ਕਿ ਪਿਛਲੇ ਦਿਨੀ ਚੀਫ ਜਸਟਿਸ ਆਫ ਇੰਡੀਆ ਸੂਰਿਆ ਕਾਂਤ ਦਾ ਕਹਿਣਾ ਕਿ ਜਿੰਨਾਂ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲਦਾ, ਉਹ ਨੌਜਵਾਨ ਆਰ ਟੀ ਆਈ ਐਕਟਵਿਸਟ ਬਣ ਜਾਂਦੇ ਹਨ ਤੇ ਕਈ ਸੋਸ਼ਲ ਮੀਡੀਆ ਚਲਾਉਣ ਲੱਗ ਜਾਂਦੇ ਹਨ ਤੇ ਅਜਿਹੇ ਨੌਜਵਾਨ ਸਭ ਕਾਕਰੋਚ ਹਨ। ਇਹ ਬਿਆਨ ਪੂਰੇ ਰਾਜ ਪ੍ਰਬੰਧ ਦੀ ਨੌਜਵਾਨਾਂ ਪ੍ਰਤੀ ਨਫਰਤ ਨੂੰ ਉਜਾਗਰ ਕਰਦਾ ਹੈ। ਸੀ ਜੇ ਆਈ ਫੌਰੀ ਆਪਣਾ ਬਿਆਨ ਵਾਪਿਸ ਲੈ ਕੇ ਦੇਸ਼ ਦੇ ਨੌਜਵਾਨਾਂ ਤੋਂ ਮੁਆਫੀ ਮੰਗਣ।

ਉਹਨਾਂ ਕਿਹਾ ਕਿ ਇਸ ਰਾਜ ਪ੍ਰਬੰਧ ਦੀ ਪੈਦਾ ਕੀਤੀ ਹੋਈ ਬੇਰੁਜ਼ਗਾਰੀ ਦੀ ਸਮੱਸਿਆ ਦਾ ਹੱਲ ਕੱਢਣ ਦੀ ਬਜਾਇ ਜਿੱਥੇ ਵੋਟ ਬਟੋਰੂ ਸਿਆਸੀ ਪਾਰਟੀਆਂ ਬੇਰੁਜ਼ਗਾਰ ਨੌਜਵਾਨਾਂ ਨੂੰ ਨਸ਼ੇ, ਗੈਂਗਵਾਰ ਵਾਲੇ ਪਾਸੇ ਨੂੰ ਤੋਰਦੇ ਹਨ ਤਾਂ ਉਹ ਚੀਫ ਜਸਟਿਸ ਸਾਹਿਬ ਨੂੰ ਸ਼ਾਇਦ ਚੰਗੇ ਲੱਗਦੇ ਹੋਣ ਕਿਉਂਕਿ ਇਹਨਾਂ ਬਾਰੇ ਅੱਜ ਤੱਕ ਕੋਈ ਬਿਆਨ ਨਹੀਂ ਆਇਆ। ਪਰ ਆਰ ਟੀ ਆਈ ਐਕਟਵਿਸਟ ਬਣਨ ਵਾਲੇ, ਸੋਸ਼ਲ ਮੀਡੀਆ ਜਰੀਏ ਸਰਕਾਰ ਦੀ ਚਾਪਲੂਸੀ ਨਾ ਕਰਕੇ ਸਮਾਜ ਪ੍ਰਤੀ ਚੰਗੀ ਭਾਵਨਾ ਰੱਖਣ ਵਾਲੇ ਨੌਜਵਾਨ ਕਾਕਰੋਚ ਲੱਗਦੇ ਹਨ। ਇਹ ਨੌਜਵਾਨਾਂ ਦਾ ਘੋਰ ਅਪਮਾਨ ਹੈ, ਚੀਫ ਜਸਟਿਸ ਨੂੰ ਇਸ ਬਿਆਨ ਲਈ ਤੁਰੰਤ ਮੁਆਫੀ ਮੰਗਣੀ ਚਾਹੀਦੀ ਹੈ।

# ਮਾਲਵਿੰਦਰ ਸਿੰਘ ਕੰਗ ਨੇ ਐੱਸ ਆਈ ਆਰ ਨੂੰ ਲੈ ਕੇ ਜਤਾਈ ਚਿੰਤਾ

**ਚੋਣ ਕਮਿਸ਼ਨ ਨੂੰ ਪੱਤਰ ਲਿਖ ਕੇ ਅਸਲ ਪੰਜਾਬੀ ਵੋਟਰਾਂ ਦੀ ਸੁਰੱਖਿਆ ਦੀ ਕੀਤੀ ਮੰਗ**



**ਚੰਡੀਗੜ੍ਹ (ਗੁਰਜੀਤ ਬਿੱਲਾ)**-ਸ੍ਰੀ ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਭਾਰਤੀ ਚੋਣ ਕਮਿਸ਼ਨ ਨੂੰ ਇੱਕ ਵਿਸਤ੍ਰਿਤ ਪੱਤਰ ਲਿਖ ਕੇ ਚੱਲ ਰਹੇ ਵਿਸ਼ੇਸ਼ ਗੰਭੀਰ ਸੁਧਾਰ (ਐੱਸ ਆਈਆਰ) ਅਭਿਆਸ ਅਤੇ ਪੰਜਾਬ ਦੇ ਅਸਲ ਵੋਟਰਾਂ, ਖਾਸ ਕਰਕੇ ਵੱਡੀ ਗਿਣਤੀ ਵਿੱਚ ਪ੍ਰਵਾਸੀ ਭਾਰਤੀ (ਐੱਨ ਆਰ ਆਈ) ਪੰਜਾਬੀ ਭਾਈਚਾਰੇ 'ਤੇ ਇਸ ਦੇ ਸੰਭਾਵੀ ਪ੍ਰਭਾਵ ਨੂੰ ਲੈ ਕੇ ਡੂੰਘੀ ਚਿੰਤਾ ਪ੍ਰਗਟਾਈ ਹੈ।ਕੰਗ ਨੇ ਕਿਹਾ ਕਿ ਜਿਸ ਤਰੀਕੇ ਨਾਲ ਐੱਸ ਆਈ ਆਰ ਅਭਿਆਸ ਚਲਾਇਆ ਜਾ ਰਿਹਾ ਹੈ, ਉਹ ਇਸ ਦੀ ਪਾਰਦਰਸ਼ਤਾ ਅਤੇ ਨੀਅਤ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਅਜਿਹੇ ਹੀ ਅਭਿਆਸਾਂ ਦੌਰਾਨ ਬਿਹਾਰ ਅਤੇ ਪੱਛਮੀ ਬੰਗਾਲ ਵਰਗੇ ਰਾਜਾਂ ਵਿੱਚ ਵੱਡੇ ਪੱਧਰ 'ਤੇ ਵੋਟਰਾਂ ਦੇ ਨਾਮ ਕੱਟੇ ਜਾਣ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਚੇਤਾਵਨੀ ਦਿੱਤੀ ਕਿ ਪੰਜਾਬ ਨੂੰ ਵੋਟਰ ਹੇਰਾਫੇਰੀ ਦਾ ਅਗਲਾ ਨਿਸ਼ਾਨਾ ਨਹੀਂ ਬਣਨ ਦਿੱਤਾ ਜਾ ਸਕਦਾ।ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਨੇ ਵਾਰ-ਵਾਰ ਪੰਜਾਬ ਨੂੰ ਕਮਜ਼ੋਰ ਕਰਨ ਅਤੇ ਉਨ੍ਹਾਂ ਆਵਾਜ਼ਾਂ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਹੈ ਜੋ ਉਸ ਦੀ ਰਾਜਨੀਤੀ ਦਾ ਸਮਰਥਨ ਨਹੀਂ ਕਰਦੀਆਂ। ਕੰਗ ਨੇ ਕਿਹਾ ਕਿ ਪਹਿਲਾਂ ਪੰਜਾਬ ਅਤੇ ਕਿਸਾਨਾਂ ਨੂੰ ਜਾਣਬੁੱਝ ਕੇ ਬਦਨਾਮ ਕੀਤਾ ਗਿਆ। ਹੁਣ, ਵੋਟਰ ਵੈਰੀਫਿਕੇਸ਼ਨ ਦੀ ਆੜ ਵਿੱਚ, ਅਸਲ ਪੰਜਾਬੀ ਵੋਟਰਾਂ ਨੂੰ ਵੋਟਰ ਸੂਚੀਆਂ ਵਿੱਚੋਂ ਹਟਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

# ਨਗਰ ਕੌਂਸਲ ਖਰੜ ਦੀਆਂ ਚੋਣਾਂ ਮੁਲਤਵੀ

**ਖਰੜ (ਹਰਨਾਮ ਸਿੰਘ ਡੱਲਾ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਜਾਣਕਾਰੀ ਦਿੱਤੀ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਨਗਰ ਕੌਂਸਲ ਖਰੜ ਦੀਆਂ ਆਮ ਚੋਣਾਂ ਮੁਲਤਵੀ ਕਰਨ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਤੋਂ ਪ੍ਰਾਪਤ ਪੱਤਰ ਅਨੁਸਾਰ ਨਗਰ ਕੌਂਸਲ ਖਰੜ ਲਈ ਚੱਲ ਰਹੀ ਚੋਣ ਪ੍ਰਕਿਰਿਆ, ਜਿਸ ਵਿੱਚ ਨਾਮਜ਼ਦਗੀਆਂ ਪ੍ਰਾਪਤ ਕਰਨ ਦੀ ਪ੍ਰਕਿਰਿਆ ਵੀ ਸ਼ਾਮਲ ਹੈ, ਨੂੰ ਤੁਰੰਤ ਪ੍ਰਭਾਵ ਨਾਲ ਸਮਾਪਤ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਮਾਣਯੋਗ ਹਾਈ ਕੋਰਟ ਵੱਲੋਂ 15 ਮਈ ਨੂੰ ਸੀ ਡਬਲਿਊ ਪੀ ਨੰਬਰ 14752 ਆਫ਼ 2026 ਕੁਲਵੰਤ ਸਿੰਘ ਬਨਾਮ ਪੰਜਾਬ ਸਰਕਾਰ ਮਾਮਲੇ ਵਿੱਚ ਦਿੱਤੇ ਗਏ ਹੁਕਮਾਂ ਦੇ ਮੱਦੇਨਜ਼ਰ ਲਿਆ ਗਿਆ ਹੈ, ਜੋ ਕਿ ਨਗਰ ਕੌਂਸਲ ਖਰੜ ਨਾਲ ਸਬੰਧਤ ਨਾਲ ਲੱਗਦੇ ਨਿਰਧਾਰਿਤ ਖੇਤਰਾਂ ਦੇ ਵੋਟਰਾਂ ਨੂੰ ਸ਼ਾਮਲ ਕਰਨ ਨਾਲ ਸੰਬੰਧਿਤ ਹੈ।ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਚੋਣਾਂ ਮੁਲਤਵੀ ਕਰਨ ਸਬੰਧੀ ਜਨਤਕ ਨੋਟਿਸ ਰਿਟਰਨਿੰਗ ਅਫ਼ਸਰ, ਖਰੜ ਅਤੇ ਨਗਰ ਕੌਂਸਲ ਖਰੜ ਦੇ ਦਫ਼ਤਰਾਂ ਵਿੱਚ ਪ੍ਰਦਰਸ਼ਿਤ ਕਰ ਦਿੱਤਾ ਗਿਆ ਹੈ।

# ਨਗਰ ਕੌਂਸਲ ਚੋਣਾਂ ਲਈ 55 ਨਾਮਜ਼ਦਗੀਆਂ ਦਾਖ਼ਲ

**ਆਦਮਪੁਰ (ਪਰਮਜੀਤ ਸਿੰਘ)**

ਆਦਮਪੁਰ ਨਗਰ ਕੌਂਸਲ ਚੋਣਾਂ ਦੇ ਲਈ ਅਖੀਰਲੇ ਦਿਨ ਆਮ ਆਦਮੀ ਪਾਰਟੀ, ਭਾਜਪਾ ਪਾਰਟੀ ਅਤੇ ਆਜ਼ਾਦ ਉਮੀਦਵਾਰਾਂ ਨੇ ਨਾਮਜ਼ਦਗੀਆਂ ਪੱਤਰ ਦਾਖਲ ਕੀਤੇ। ਐੱਸ ਡੀ ਐੱਮ ਲਾਲ ਵਿਸ਼ਵਾਸ ਬੈਂਸ ਨੇ ਦੱਸਿਆ ਕਿ ਨਗਰ ਕੌਂਸਲ ਚੋਣਾਂ ਲਈ ਆਦਮਪੁਰ ਦੇ 13 ਵਾਰਡਾਂ ਲਈ ਕੁੱਲ 55 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ ਅਤੇ ਇਨ੍ਹਾਂ ਦੀ ਜਾਚ ਕੀਤੀ ਜਾਏਗੀ 19 ਮਈ ਦਿਨ ਮੰਗਲਵਾਰ ਨੂੰ ਉਮੀਦਵਾਰ ਆਪਣਾ ਨਾਮ ਵਾਪਸ ਲੈ ਸਕਦੇ ਹਨ। ਚੋਣਾਂ ਲਈ ਆਦਮਪੁਰ ਦੇ 13 ਵਾਰਡਾਂ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ 13 ਨਾਮਜ਼ਦਗੀ ਪੱਤਰ ਦਾਖਲ ਕੀਤੇ ਜਦ ਕਿ 37 ਆਜ਼ਾਦ ਉਮੀਦਵਾਰ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਭਾਜਪਾ ਨੇ ਵੀ 5 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਾਖਲ ਕੀਤੇ।

# ਜਨਗਣਨਾ ਦੇ ਕੰਮ 'ਚ ਤੇਜ਼ੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਵਿੱਚ ਚੱਲ ਰਹੀ ਜਨਗਣਨਾ 2027 ਤਹਿਤ ਮਕਾਨ ਸੂਚੀਕਰਨ ਅਤੇ ਰਿਹਾਇਸ਼ੀ ਗਣਨਾ ਦੇ ਕੰਮਾਂ ਵਿੱਚ ਸ਼ਲਾਘਾਯੋਗ ਪ੍ਰਗਤੀ ਦਰਜ ਕੀਤੀ ਗਈ ਹੈ।ਰਾਜ ਦੇ ਬਹੁਤੇ ਖੇਤਰਾਂ ਵਿੱਚ ਹਾਊਸ ਲਿਸਟਿੰਗ ਦੀਆਂ ਗਤੀਵਿਧੀਆਂ ਸ਼ੁਰੂ ਹੋ ਚੁੱਕੀਆਂ ਹਨ।ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਜੇਕਰ ਕੋਈ ਕਰਮਚਾਰੀ ਜਨਗਣਨਾ ਦੀ ਡਿਊਟੀ ਵਿੱਚ ਲਾਪਰਵਾਹੀ ਜਾਂ ਅਸਹਿਯੋਗ ਕਰਦਾ ਹੈ ਤਾਂ ਉਸ ਖ਼ਿਲਾਫ਼ ਸਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।ਹਰਿਆਣਾ ਦੀ ਜਨਗਣਨਾ ਸੰਚਾਲਨ ਨਿਰਦੇਸ਼ਕ ਡਾ. ਲਲਿਤ ਜੈਨ ਨੇ ਜਾਣਕਾਰੀ ਦਿੱਤੀ ਕਿ ਰਾਜ ਵਿੱਚ ਕੁੱਲ ਹਾਊਸ ਲਿਸਟਿੰਗ ਬਲਾਕਾਂ (ਐਚ.ਐਲ.ਬੀ.) ਵਿੱਚੋਂ 97 ਫੀਸਦੀ ਤੋਂ ਵੱਧ ਵਿੱਚ ਕੰਮ ਸ਼ੁਰੂ ਹੋ ਚੁੱਕਾ ਹੈ।

# ਸਾਬਕਾ ਸਰਪੰਚ ਗੁਰਦੀਪ ਸਿੰਘ ਸੰਘਵਾਲ ਨੂੰ ਅੰਤਿਮ ਵਿਦਾਇਗੀ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਉੱਘੇ ਕਾਂਗਰਸੀ ਆਗੂ ਤੇ ਸਾਬਕਾ ਸਰਪੰਚ ਗੁਰਦੀਪ ਸਿੰਘ ਸੰਘਵਾਲ ਜੋ ਪਿਛਲੇ ਦਿਨੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ ਉਹਨਾਂ ਦਾ ਅੰਤਿਮ ਸੰਸਕਾਰ ਉਹਨਾਂ ਦੇ ਜੱਦੀ ਪਿੰਡ ਸੰਘਵਾਲ ਵਿਖੇ ਧਾਰਮਿਕ ਰੀਤੀ ਰਿਵਾਜਾਂ ਨਾਲ ਕੀਤਾ ਗਿਆ। ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਅਗਨੀ ਭੇਟ ਉਹਨਾਂ ਦੇ ਵੱਡੇ ਸਪੁੱਤਰ ਤਰਲੋਕ ਸਿੰਘ, ਕੈਨੇਡਾ ਛੋਟੇ ਪੁੱਤਰ ਦਾਤਾਰ ਸਿੰਘ ਕੈਨੇਡਾ ਡਾ. ਗੁਰਬੀਰ ਸਿੰਘ ਗਿੱਲ ਤੇ ਗੁਰਜੀਤ ਸਿੰਘ ਯੂ ਐੱਸ ਏ ਨੇ ਸਾਂਝੇ ਤੌਰ ਤੇ ਕੀਤੀ। ਸੰਸਕਾਰ ਮੌਕੇ ਵੱਡੀ ਗਿਣਤੀ ਵਿੱਚ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਅਤੇ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਕਾਰਕੁਨ ਦੁਖੀ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਕਾਂਗਰਸ ਪਾਰਟੀ ਵੱਲੋਂ ਉਨ੍ਹਾਂ ਦੀ ਮ੍ਰਿਤਕ ਦੇਹ ਤੇ ਤਿਰੰਗਾ ਤੇ ਫੁੱਲ ਮਲਾਵਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਹਲਕਾ ਆਦਮਪੁਰ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਸਾਬਕਾ ਵਿਧਾਇਕ ਕੇਡੀ ਭੰਡਾਰੀ, ਸਾਬਕਾ ਮੈਂਬਰ ਪਾਰਲੀਮੈਂਟ ਮਹਿੰਦਰ ਸਿੰਘ ਕੇ ਪੀ, ਸਾਬਕਾ ਵਿਧਾਇਕ ਸੁਰਿੰਦਰ ਸਿੰਘ ਚੌਧਰੀ ਹਲਕਾ ਕਰਤਾਰਪੁਰ ਦੇ (ਕਾਂਗਰਸ) ਇੰਚਾਰਜ ਰਜਿੰਦਰ ਸਿੰਘ, ਐਡਵੋਕੇਟ ਰਜਿੰਦਰ ਸਿੰਘ ਮੰਡ, ਅਕਾਲੀ ਆਗੂ ਹਰਿੰਦਰ ਸਿੰਘ ਢੀਂਡਸਾ, ਪਰਮਿੰਦਰ ਸਿੰਘ ਮੱਲੀ, ਡਾ. ਜਸਬੀਰ ਕੌਰ ਗਿੱਲ ਡਾ. ਗੁਰਬੀਰ ਸਿੰਘ ਗਿੱਲ, ਮਲਕੀਅਤ ਸਿੰਘ ਦੌਲਤਪੁਰ, ਨੰਬਰਦਾਰ ਜ਼ੋਰਾਵਰ ਸਿੰਘ, ਜਸਕਰਨ ਸਿੰਘ ਸ਼ਾਲੂ, ਸੁੱਖਾ ਨਿਊਜ਼ੀਲੈਂਡ, ਹਰਮਨਦੀਪ ਸਿੰਘ ਕਿੰਮੀ, ਨੰਬਰਦਾਰ ਇੰਦਰਜੀਤ ਸਿੰਘ ਬਿੱਲੂ, ਇਕਬਾਲ ਸਿੰਘ ਖਾਲਸਾ, ਨਾਨਕ ਸਿੰਘ ਕਨੇਡਾ ਸਤਨਾਮ ਸਿੰਘ ਆਸਟਰੇਲੀਆ,ਪਹਿਲਵਾਨ ਹਰਭਜਨ ਸਿੰਘ, ਸੁਖਜਿੰਦਰ ਸਿੰਘ ਖਾਲਸਾ, ਸਾਬਕਾ ਸਰਪੰਚ ਬਲਵੀਰ ਸਿੰਘ ਉਕਾਰ ਸਿੰਘ ਦੌਲਤਪੁਰ, ਰਾਜੇਸ਼ ਕੁਮਾਰ ਸਰ ਮਸਤਪੁਰ, ਸਾਬਕਾ ਸਰਪੰਚ ਪ੍ਰਦੀਪ ਕੁਮਾਰ ਬੱਲਾਂ, ਗੁਰਬਖ਼ਸ਼ ਸਿੰਘ ਨੌ ਗੱਜਾ, ਸਾਬਕਾ ਸਰਪੰਚ ਕੁਲਵਿੰਦਰ ਸਿੰਘ ਕਿੰਦਾ ਮੰਡ, ਅਮਰਜੀਤ ਸਿੰਘ ਕੰਗ, ਮਨਦੀਪ ਸਿੰਘ ਮੰਨਾ, ਸਾਧੂ ਸਿੰਘ ਕੰਗ, ਇੰਸਪੈਕਟਰ ਸੁਖਜੀਤ ਸਿੰਘ ਬੈਂਸ, ਏ ਐੱਸ ਆਈ ਬਲਵੀਰ ਸਿੰਘ ਬੁੱਟਰ, ਸੇਵਾ ਮੁਕਤ ਇੰਸਪੈਕਟਰ ਅੰਗਰੇਜ਼ ਸਿੰਘ, ਸੇਵਾ ਮੁਕਤ ਡੀਐਸਪੀ ਸੁਰਿੰਦਰ ਪਾਲ ਧੋਗੜੀ, ਸਰਪੰਚ ਹਰਜਿੰਦਰ ਸਿੰਘ ਧੋਗੜੀ, ਭਾਜਪਾ ਆਗੂ ਰਾਜੀਵ ਪਾਂਜਾ, ਸਰਪੰਚ ਮੁਕੇਸ਼ ਚੰਦਰ ਰਾਣੀ ਭੱਟੀ, ਮਨੀ ਬਿਰਲਾ, ਦਵਿੰਦਰ ਸਿੰਘ ਮਿੰਟਾ, ਸਾਬਾ ਮੱਲੀ ਕਾਲਾ ਬੱਕਰਾ, ਬਲਵੀਰ ਸਿੰਘ ਸਿੰਘਾਪੁਰੀਆ, ਸੁਖਜਿੰਦਰ ਸਿੰਘ ਮੰਡ, ਰਾਜਪਾਲ ਸਿੰਘ ਚਕਰਾਲਾ, ਮਲਕੀਤ ਸਿੰਘ ਲਾਲੀ ਨਿਜ਼ਾਮਦੀਨਪੁਰ, ਸਰਪੰਚ ਗੁਰਬਖ਼ਸ਼ ਸਿੰਘ ਸਵਾਮੀ, ਸਾਬਕਾ ਸਰਪੰਚ ਭਾਗ ਰਾਮ ਸੰਘਵਾਲ, ਰਾਜ ਕੁਮਾਰ,ਵਿਜੇ ਕੁਮਾਰ ਪਠਾਨਕੋਟ, ਸੁਰਿੰਦਰ ਸਿੰਘ ਚਕਰਾਲਾ ਆਦੀ ਵਿਸ਼ੇਸ਼ ਤੌਰ ਤੇ ਪਹੁੰਚੇ।



# ਵਾਰਿਸ ਧੰਮੀ ਨੇ ਕੈਨੇਡਾ ਪੁਲਸ 'ਚ ਭਰਤੀ ਹੋ ਕੇ ਦੇਸ਼ ਦਾ ਨਾਂਅ ਰੌਸ਼ਨ ਕੀਤਾ




**ਜਲੰਧਰ (ਲਖਵਿੰਦਰ ਸਿੰਘ ਆਧੀ)**-ਪੰਜਾਬੀ ਗੀਤਾ ਦੇ ਪ੍ਰਸਿੱਧ ਗੀਤਕਾਰ ਵਿਜੈ ਧੰਮੀ, ਧੰਮੀ ਹੇਰਾਂ ਵਾਲੇ ਨੇ ਆਪਣੀ ਉੱਚੀ-ਸੁੱਚੀ ਗੀਤਕਾਰੀ ਨਾਲ਼ ਪੂਰੀ ਦੁਨੀਆਂ ਵਿੱਚ ਅਪਣੇ ਪਿੰਡ ਹੇਰਾਂ ਦਾ ਅਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਤੇ ਪੰਜਾਬੀ ਗੀਤਕਾਰੀ ਨੂੰ ਸਾਫ ਸੁਥਰੇ ਗੀਤਾਂ ਨਾਲ ਮਾਲੋਮਾਲ ਕੀਤਾ। ਜੋ ਕਿ ਇੱਕ ਮਾਣ ਗੱਲ ਹੈ। ਇਸੇ ਲੜੀ ਨੂੰ ਅੱਗੇ ਤੋਰਦਿਆਂ ਉਹਨਾਂ ਦੇ ਛੋਟੇ ਬੇਟਾ ਵਾਰਿਸ ਧੰਮੀ ਨੇ ਕੈਨੇਡਾ ਵਿੱਚ ਮੈਟਰੋ ਵੈਨਕੂਵਰ ਦੀ ਪੁਲਸ ਵਿੱਚ ਭਰਤੀ ਹੋ ਕੇ ਦੇਸ਼ ਦਾ ਨਾਮ ਰੁਸ਼ਨਾਇਆ ਹੈ। ਵਾਰਿਸ ਧੰਮੀ ਨੇ ਕੈਨੇਡਾ ਦੀ ਧਰਤੀ ਤੇ ਜਾ ਕੇ ਇਸ ਮਾਣਮੱਤੀ ਪ੍ਰਾਪਤੀ ਲਈ ਜਿੱਥੇ ਪਰਵਾਰ ਜਾਂ ਇਲਾਕੇ ਨੂੰ ਮਾਣ ਹੈ ਓਥੇ ਸਾਰੇ ਪੰਜਾਬੀਆਂ ਦਾ ਸਿਰ ਵੀ ਮਾਣ ਨਾਲ ਉੱਚਾ ਕੀਤਾ। ਇਸ ਮੁਬਾਰਕਬਾਦ ਮੌਕੇ ਧੰਮੀ ਪਵਿਾਰ ਨੂੰ ਪੰਜਾਬੀ ਸੰਗੀਤਕ ਖੇਤਰ ਅਤੇ ਵੱਖ ਵੱਖ ਰਾਜਨੀਤਿਕ ਅਤੇ ਧਾਰਮਿਕ ਸ਼ਖ਼ਸੀਅਤਾ ਵੱਲੋ ਮੁਬਾਰਕਬਾਦ ਦਿੱਤੀ ਤੇ ਆਖਿਆ ਕਿ ਪੰਜਾਬੀਆਂ ਨੇ ਵੱਖ ਵਿਦੇਸ਼ਾ ਦੀਆ ਧਰਤੀਆ ਉੱਪਰ ਪੁਹੰਚ ਕੇ ਅਪਣੀਆ ਬੁਲੰਦੀਆਂ ਦੇ ਝੰਡੇ ਗੱਡੇ ਹਨ ਜੋ ਕਿ ਇਤਿਹਾਸ ਵਿੱਚ ਅੱਜ ਵੀ ਬੋਲਦੇ ਹਨ।

# ਚੋਣ ਦਫ਼ਤਰ ਦਾ ਉਦਘਾਟਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਨਗਰ ਕੌਂਸਲ ਮੋਰਿੰਡਾ ਦੇ ਵਾਰਡ ਨੰਬਰ 7 ਰਿਜ਼ਰਵ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬੀਬੀ ਸਰਬਜੀਤ ਕੌਰ ਪਤਨੀ ਸਤਵਿੰਦਰ ਸਿੰਘ ਸੱਤੀ ਨੇ ਅਪਣੇ ਚੋਣ ਦਫ਼ਤਰ ਦਾ ਉਦਘਾਟਨ ਕਰਕੇ ਚੋਣ ਸਰਗਰਮੀਆਂ ਤੇਜ਼ ਕਰ ਦਿਤੀਆਂ ਹਨ। ਇਸ ਮੌਕੇ ਹਾਜ਼ਰ ਸੀਨੀਅਰ ਆਗੂ ਜਗਤਾਰ ਸਿੰਘ ਘੋਲਾ ਨੇ ਦੱਸਿਆ ਕਿ ਬੀਬੀ ਸਰਬਜੀਤ ਕੌਰ ਵੱਲੋਂ ਚੋਣ ਮੁਹਿੰਮ ਸ਼ੁਰੂ ਕਰਨ ਤੋਂ ਪਹਿਲਾਂ ਆਪਣੇ ਚੋਣ ਦਫ਼ਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾ ਕੇ ਗੁਰੂ ਸਾਹਿਬ ਜੀ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਉਪਰੰਤ ਸਰਬਜੀਤ ਕੌਰ ਦੇ ਚੋਣ ਦਫ਼ਤਰ ਦਾ ਉਦਘਾਟਨ ਹਲਕਾ ਵਿਧਾਇਕ ਚਰਨਜੀਤ ਸਿੰਘ ਨੇ ਕਰਦਿਆਂ ਪੂਰਨ ਹਮਾਇਤ ਦਾ ਐਲਾਨ ਕੀਤਾ। ਇਸੇ ਸਮੇਂ ਇਸ ਹੀ ਵਾਰਡ ਤੋਂ ਜੇਤੂ ਰਹੇ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਸਾਬਕਾ ਕੌਂਸਲਰ ਬੀਬੀ ਚਰਨਜੀਤ ਕੌਰ ਅਤੇ ਬੀਬੀ ਸਤਵੰਤ ਕੌਰ ਸਾਬਕਾ ਐੱਮ ਸੀ ਨੇ 'ਆਪ' ਦੀ ਉਮੀਦਵਾਰ ਸਰਬਜੀਤ ਕੌਰ ਦੀ ਹਰ ਪ੍ਰਕਾਰ ਦੀ ਮਦਦ ਕਰਨ ਦਾ ਐਲਾਨ ਕੀਤਾ। ਉਪਰੋਕਤ ਆਗੂਆਂ ਨੇ ਸਮੂਹ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਬਜੀਤ ਕੌਰ ਨੂੰ ਜਿਤਾ ਕੇ ਹਲਕਾ ਵਿਧਾਇਕ ਡਾਕਟਰ ਚਰਨਜੀਤ ਦੇ ਹੱਥ ਮਜ਼ਬੂਤ ਕਰਨ ਤਾਂ ਜੋ ਹਲਕੇ ਅਤੇ ਵਾਰਡ ਦਾ ਸਰਬਪੱਖੀ ਵਿਕਾਸ ਯਕੀਨੀ ਹੋ ਸਕੇ ।ਹੋਰਨਾਂ ਤੋਂ ਇਲਾਵਾ ਸੀਨੀਅਰ 'ਆਪ' ਆਗੂ ਬੀਰ ਦਵਿੰਦਰ ਸਿੰਘ ਬੱਲਾਂ, ਨੰਬਰਦਾਰ ਅਮਰਜੀਤ ਸਿੰਘ, ਜਗਜੀਵਨ ਸਿੰਘ, ਦਸਮੇਸ਼ ਸਪੋਰਟਸ ਕਲੱਬ ਮੋਰਿੰਡਾ ਦੇ ਮੀਤ ਪ੍ਰਧਾਨ ਕ੍ਰਿਸਨ ਸਿੰਘ ਰਾਣਾ, ਸੁਖਵਿੰਦਰ ਸਿੰਘ, ਪਤਵੰਤੇ ਸੱਜਣ ਅਤੇ ਅਨੇਕਾਂ ਵਾਰਡ ਨਿਵਾਸੀ ਹਾਜ਼ਰ ਸਨ।



# ਸਫ਼ਾਈ ਕਰਮਚਾਰੀਆਂ ਵੱਲੋਂ ਹੜਤਾਲ ਜਾਰੀ



**ਅਲਾਵਲਪੁਰ (ਮਦਨ ਬੰਗੜ)**

ਸਫ਼ਾਈ ਕਰਮਚਾਰੀਆਂ ਵੱਲੋਂ ਪੰਜਾਬ ਭਰ 'ਚ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੜਤਾਲ ਲਗਾਤਾਰ ਜਾਰੀ ਹੈ। ਇਸ ਸੰਬੰਧ ਵਿੱਚ ਹੀ ਨਗਰ ਕੌਂਸਲ ਅਲਾਵਲਪੁਰ ਦੇ ਸਫਾਈ ਕਰਮਚਾਰੀਆਂ ਵੱਲੋਂ ਵੀ ਪਿਛਲੇ ਕਈ ਦਿਨਾਂ ਤੋਂ ਹੜਤਾਲ ਕੀਤੀ ਹੋਈ ਹੈ ਅਤੇ ਸਫਾਈ ਕਰਮਚਾਰੀ ਨਗਰ ਕੌਂਸਲ ਦੇ ਵਿਹੜੇ ਵਿੱਚ ਬੈਠ ਕੇ ਧਰਨਾ ਦਿੰਦੇ ਹਨ। ਸਫ਼ਾਈ ਕਰਮਚਾਰੀਆਂ ਨੇ ਦੋਸ਼ ਲਗਾਇਆ ਕਿ ਹੁਣ ਤੱਕ ਕੋਈ ਵੀ ਸਰਕਾਰੀ ਅਧਿਕਾਰੀ ਉਨ੍ਹਾਂ ਦੀ ਸਾਰ ਲੈਣ ਲਈ ਨਹੀਂ ਪਹੁੰਚਾ।ਕਰਮਚਾਰੀਆਂ ਨੇ ਕਿਹਾ ਕਿ ਉਹ ਪਿਛਲੇ ਕਈ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਨੂੰ ਨਗਰ ਕੌਂਸਲ ਪ੍ਰਸ਼ਾਸਨ ਅੱਗੇ ਰੱਖ ਰਹੇ ਹਨ ਪਰ ਪ੍ਰਸ਼ਾਸਨ ਵੱਲੋਂ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ। ਹੜਤਾਲ ਕਾਰਨ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਕੂੜਾ-ਕਰਕਟ ਦੇ ਢੇਰ ਲੱਗ ਗਏ ਹਨ ਜੋ ਬਿਮਾਰੀਆਂ ਦੇ ਫੈਲਾਅ ਦਾ ਕਾਰਨ ਬਣ ਸਕਦੇ ਹਨ। ਇਸ ਮੌਕੇ ਹੜਤਾਲ 'ਤੇ ਬੈਠੇ ਸਫਾਈ ਕਰਮਚਾਰੀਆਂ ਵੱਲੋਂ ਪੰਜਾਬ ਸਰਕਾਰ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ। ਕਰਮਚਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਹੀ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਗਈਆਂ ਤਾਂ ਹੜਤਾਲ ਹੋਰ ਤੇਜ਼ ਕੀਤੀ ਜਾਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਅਤੇ ਸਰਕਾਰ ਦੀ ਹੋਵੇਗੀ।ਇਸ ਮੌਕੇ ਦੇਸ ਰਾਜ, ਜਾਫਰ, ਭੁਪਿੰਦਰ, ਪ੍ਰਸ਼ਾਂਤ, ਹਨੀ ਕੁਮਾਰ, ਵਿਨੋਦ ਕੁਮਾਰ, ਸੁਰਜੀਤ, ਹਰਵਿੰਦਰ ਕੁਮਾਰ, ਰਵੀ, ਰਜਿੰਦਰ ਕੁਮਾਰ, ਮੌਂਟੀ, ਸੋਨੂੰ, ਬਿੰਦੂ, ਸਤਿੰਦਰ ਕੁਮਾਰ, ਜੋਗਿੰਦਰ ਪਾਲ, ਸੰਜੂ ਰਾਣੀ, ਮੰਜੂ, ਪੂਨਮ, ਸੀਮਾ, ਸਿਮਰਨ, ਜੋਤੀ, ਰਿੰਕੂ, ਮਧੂ ਅਤੇ ਗੀਤਾ ਹਾਜ਼ਰ ਸਨ।

# ਹਰਪ੍ਰੀਤ ਸਿੰਘ ਕਤਲ ਕਾਂਡ ਦੇ ਦੋਸ਼ੀ ਨੇ ਕੀਤਾ ਆਤਮ-ਸਮਰਪਣ : ਡੀ ਐੱਸ ਪੀ

**ਕਪੂਰਥਲਾ (ਮਨਜੀਤ ਮਾਨ)**-ਬੀਤੇ ਦਿਨੀ ਕਸਬਾ ਬੇਗੋਵਾਲ ਵਿਖੇ ਇੱਕ ਨੌਜਵਾਨ ਹਰਪ੍ਰੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਵਾਰਡ ਨੰਬਰ ਦੋ ਅੱਡਾ ਬਾਲਾ ਪੀਰ ਬੇਗੋਵਾਲ ਤੇ ਰਮਨਦੀਪ ਸਿੰਘ ਉਰਫ ਰਮਨ ਪੁੱਤਰ ਗੁਰਮੀਤ ਸਿੰਘ ਮੁਲਤਾਨੀ ਵਾਸੀ ਕਪਲ ਕਲੋਨੀ ਬੇਗੋਵਾਲ ਦਾ ਝਗੜਾ ਹੋਣ ਕਰਕੇ ਨੌਜਵਾਨ ਹਰਪ੍ਰੀਤ ਸਿੰਘ ਵੱਲੋਂ ਸ੍ਰੀ ਸਾਹਿਬ ਨਾਲ ਵਾਰ ਕਰਕੇ ਰਮਨਦੀਪ ਸਿੰਘ ਦਾ ਕਤਲ ਕਰ ਦਿੱਤਾ ਗਿਆ ਸੀ, ਜਿਸਨੇ ਆਪਣੇ ਆਪ ਨੂੰ ਅਦਾਲਤ ਵਿੱਚ ਸਮਰਪਣ ਕਰ ਦਿੱਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਪ੍ਰੈੱਸ ਕਾਨਫਰੰਸ ਦੌਰਾਨ ਡੀ ਐਸ ਪੀ ਗਗਨਦੀਪ ਸਿੰਘ ਨੇ ਦੱਸਿਆ ਕਿ ਬੇਗੋਵਾਲ ਵਿਖੇ ਗੁਰਦੁਆਰਾ ਸਾਹਿਬ ਮੀਖੋਵਾਲ ਪੱਤੀ ਸਾਹਮਣੇ ਪਾਰਕਿੰਗ ਅੱਗੇ ਦੋਹਾਂ ਨੌਜਵਾਨਾਂ ਵਿਚਕਾਰ ਹੋਏ ਝਗੜੇ ਦੌਰਾਨ ਇਹ ਕਤਲ ਕਾਂਡ ਵਾਪਰਿਆ ਸੀ, ਜਿਸ ਕਰਕੇ ਰਮਨਦੀਪ ਸਿੰਘ ਕੁਝ ਦਿਨਾਂ ਤੋਂ ਫਰਾਰ ਸੀ , ਜਿਸ ਦੇ ਰਿਸ਼ਤੇਦਾਰਾਂ ਤੇ ਹੋਰ ਟਿਕਾਣਿਆਂ ਤੇ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਸੀ, ਤੇ ਟੈਕਨੀਕਲ ਸੈਲ ਦੀ ਸਹਾਇਤਾ ਨਾਲ ਇਸ ਦਾ ਪਿੱਛਾ ਕੀਤਾ ਜਾ ਰਿਹਾ ਸੀ, ਜਿਸ ਕਰਕੇ ਹੋਰ ਕੋਈ ਚਾਰਾ ਨਾ ਚਲਦਾ ਦੇਖ ਕੇ ਰਮਨਦੀਪ ਸਿੰਘ ਵੱਲੋਂ ਮਾਨਯੋਗ ਅਦਾਲਤ ਵਿੱਚ ਆਪਣੇ ਆਪ ਨੂੰ ਸਮਰਪਣ ਕੀਤਾ ਗਿਆ, ਜਿਸ ਕਰਕੇ ਮਾਨਯੋਗ ਅਦਾਲਤ ਪਾਸੋਂ ਹੋਰ ਤਫਤੀਸ਼ ਸਬੰਧੀ ਦੋ ਦਿਨ ਦਾ ਪੁਲਿਸ ਰਿਮਾਂਡ ਲਿਆ ਗਿਆ ਹੈ, ਤੇ ਇਸ ਸਬੰਧੀ ਤਫਤੀਸ਼ ਜਾਰੀ ਹੈ। ਨੌਜਵਾਨ ਦੇ ਕਤਲ ਸਬੰਧੀ ਥਾਣਾ ਬੇਗੋਵਾਲ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ, ਪ੍ਰੈਸ ਕਾਨਫਰੰਸ ਦੌਰਾਨ ਐਸ ਐਚ ਓ ਥਾਣਾ ਬੇਗੋਵਾਲ ਮੌਜੂਦ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸਨਰਜ਼ ਸਾਂਝਾ ਫਰੰਟ ਵੱਲੋਂ ਸਰਕਾਰ ਖਿਲਾਫ ਸੰਘਰਸ਼ ਦਾ ਐਲਾਨ



**ਜਲੰਧਰ (ਰਾਜੇਸ਼ ਥਾਪਾ, ਲਖਵਿੰਦਰ ਸਿੰਘ ਆਧੀ)**

ਪੰਜਾਬ ਦੇ ਵਿੱਚ ਕੰਮ ਕਰਦੀਆਂ ਵੱਡੀਆਂ ਮੁਲਾਜ਼ਮ ਅਤੇ ਪੈਨਸ਼ਨਰ ਧਿਰਾਂ ਤੇ ਅਧਾਰਤ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮੁਲਾਜ਼ਮਾ ਅਤੇ ਪੈਨਸ਼ਨਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਇਥੇ ਵਿਸ਼ਾਲ ਕਨਵੈਂਸ਼ਨ ਕੀਤੀ ਗਈ ਜੋ ਰੈਲੀ ਦਾ ਰੂਪ ਧਾਰਨ ਕਰ ਗਈ। ਕਨਵੈਂਸ਼ਨ ਉਪਰੰਤ ਦੇਸ਼ ਭਗਤ ਯਾਦਗਾਰ ਹਾਲ ਤੋਂ ਲੈ ਕੇ ਪ੍ਰੈਸ ਕਲੱਬ ਅਤੇ ਵਾਪਸੀ ਬੀਐਮਸੀ ਚੌਂਕ ਤੱਕ ਉਸ ਮਾਰਚ ਕੀਤਾ ਗਿਆ। ਪੂਰੇ ਪੰਜਾਬ ਵਿੱਚੋਂ ਸਰਕਾਰ ਦੇ ਮੁਲਾਜ਼ਮ ਮਾਰੂ ਵਾਰਾਂ ਦੇ ਖਿਲਾਫ ਮੁਲਾਜ਼ਮ ਤੇ ਪੈਨਸ਼ਨਰਜ਼ ਜੋਸ਼ੀਲੇ ਨਾਅਰੇ ਮਾਰਦੇ ਹੋਏ ਸ਼ਾਮਲ ਹੋਏ। ਮੁਲਾਜ਼ਮਾਂ ਅਤੇ ਪੈਨਸ਼ਨਰ ਦੇ ਜੋਸੀਲੇ ਨਾਅਰਿਆ ਤੋਂ ਅਤੇ ਅੱਜ ਦੀ ਇੱਕਤਰਤਾ ਤੋਂ ਦੇਖ ਕੇ ਲੱਗ ਰਿਹਾ ਸੀ ਕਿ ਅੱਜ ਦੀ ਕਨਵੈਸਨ ਨੇ ਫੈਸਲਾ ਕਰਨਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਪੰਜਾਬ ਦੀਆਂ ਚੋਣਾਂ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰ ਦੀਆਂ ਵੋਟਾਂ ਰਾਜਨੀਤਿਕ ਪਾਰਟੀਆਂ ਤੇ ਵੱਡਾ ਪ੍ਰਭਾਵ ਪਾਉਣਗੀਆਂ। ਐਲਾਨਨਾਮੇ ਦੀ ਪਰੋੜਤਾ ਵਿੱਚ ਬੋਲਦਿਆਂ ਸਾਂਝਾ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਧਨਵੰਤ ਸਿੰਘ ਭੱਠਲ ,ਜਰਮਨਜੀਤ ਸਿੰਘ ,ਭਜਨ ਸਿੰਘ ਗਿੱਲ, ਸੁਖਦੇਵ ਸਿੰਘ ਸੈਣੀ, ਕਰਮ ਸਿੰਘ ਧਨੋਆ, ਕੁਲਵਿੰਦਰ ਸਿੰਘ ਢਿੱਲੋਂ, ਮਨਜੀਤ ਸਿੰਘ ਬਾਸਰਕੇ ਅਮਰੀਕ ਸਿੰਘ ਕੰਗ , ਐਨ.ਡੀ.ਤਿਵਾੜੀ, ਕੋ-ਕਨਵੀਨਰਜ਼ ਰਾਧੇ ਸ਼ਾਮ, ਜਸਵੀਰ ਸਿੰਘ ਤਲਵਾੜਾ, ਹਰਪ੍ਰੀਤ ਸਿੰਘ, ਜਗਦੀਸ਼ ਸਿੰਘ ਚਾਹਲ, ਸੁਰਜੀਤ ਗਗੜਾ ਅਤੇ ਆਜ਼ਾਦ ਧਿਰਾਂ ਦੇ ਆਗੂ ਕਰਮਜੀਤ ਸਿੰਘ ਬੀਹਲਾ, ਲਖਵਿੰਦਰ ਪਾਲ ਪੱਟੀ ਅਤੇ ਕਨਵੈਨਸ਼ਨ ਵਿੱਚ ਆਪਣੀਆਂ ਮੁੱਖ ਮੰਗਾਂ ਵਿੱਚ ਵੱਖ ਵੱਖ ਸਕੀਮਾਂ ਵਿੱਚ ਕੰਮ ਕਰਦੇ ਕੱਚੇ ਆਊਟਸੋਰਸ ਆਦਿ ਕਾਮਿਆਂ ਨੂੰ ਪੱਕੇ ਕੀਤਾ ਜਾਵੇ, ਰੋਕਿਆ 18% ਭੱਤਾ ਲਾਗੂ ਕੀਤਾ ਜਾਵੇ ਅਤੇ ਇਸ ਦਾ ਬਕਾਇਆ ਦਿੱਤਾ ਜਾਵੇ, ਅਦਾਲਤਾਂ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਕੀਤੇ ਫੈਸਲੇ ਸਮੁੱਚੇ ਮੁਲਾਜ਼ਮਾਂ ਲਾਗੂ ਕੀਤੇ ਜਾਣ, ਇੱਕ ਅਪ੍ਰੈਲ 2004 ਦੀ ਸਥਿਤੀ ਬਹਾਲ ਕਰਦੇ ਹੋਏ ਪੁਰਾਣੀ ਪੈਨਸ਼ਨ ਅਤੇ ਗ੍ਰੇਡ ਭੱਤੇ ਲਾਗੂ ਕੀਤੇ ਜਾਣ, ਪੈਨਸ਼ਨਰਾ ਤੇ 2.59 ਦਾ ਗੁਣਾਕ ਦੇਕੇ ਪੈਨਸ਼ਨ ਸੋਧ ਕੇ ਨੋਸ਼ਨਲ ਤੌਰ ਤੇ ਲਾਗੂ ਕੀਤੀ ਜਾਵੇ। ਇਸ ਮੌਕੇ ਤੀਰਥ ਸਿੰਘ ਬਾਸੀ, ਕੁਲਵਰਨ ਸਿੰਘ, ਸੁਰਿੰਦਰ ਰਾਮ ਕੁੱਸਾ, ਮੁਕੇਸ਼ ਗੁਜਰਾਤੀ, ਸ਼ੀਸ਼ਨ ਕੁਮਾਰ, ਅਵਿਨਾਸ਼ ਸ਼ਰਮਾ, ਸੁਰਿੰਦਰ ਪਾਲ ਲੋਹੋਰੀਆ ਆਦਿ ਆਗੂ ਵੀ ਹਾਜ਼ਰ ਸਨ। ਇਸ ਮੌਕੇ ਸਟੇਜ ਸਕੱਤਰ ਦੀ ਕਾਰਵਾਈ ਸਾਥੀ ਗਗਨਦੀਪ ਸਿੰਘ ਭੁੱਲਰ ਨੇ ਨਿਭਾਈ।

# ਕੁਰੂਕਸ਼ੇਤਰ 'ਵਰਸਿਟੀ 'ਚ ਮਹਾਰਾਣਾ ਪ੍ਰਤਾਪ ਦੇ ਨਾਂਅ 'ਤੇ ਚੇਅਰ ਤੇ ਅਧਿਐਨ ਕੇਂਦਰ ਦੀ ਸਥਾਪਨਾ ਹੋਵੇਗੀ : ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਕਿ ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਮਹਾਰਾਣਾ ਪ੍ਰਤਾਪ ਦੇ ਨਾਂਅ 'ਤੇ ਅਧਿਐਨ ਕੇਂਦਰ ਅਤੇ ਇੱਕ ਚੇਅਰ ਦੀ ਸਥਾਪਨਾ ਕੀਤੀ ਜਾਵੇਗੀ। ਇਸ ਤੋਂ ਇਲਾਵਾ ਸ਼ਹਿਜ਼ਾਦਪੁਰ ਦੇ ਬੜਾਗੜ੍ਹ ਵਿੱਚ ਸਥਿਤ ਸਰਕਾਰੀ ਮਹਿਲਾ ਕਾਲਜ ਦਾ ਨਾਂਅ ਬਦਲ ਕੇ ਮਹਾਰਾਣੀ ਪਦਮਾਵਤੀ ਸਰਕਾਰੀ ਕਾਲਜ ਕੀਤਾ ਜਾਵੇਗਾ।ਮੁੱਖ ਮੰਤਰੀ ਨੇ ਇਹ ਐਲਾਨ ਅੰਬਾਲਾ ਦੇ ਸ਼ਹਿਜ਼ਾਦਪੁਰ ਵਿੱਚ 'ਸੰਤ-ਮਹਾਂਪੁਰਸ਼ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ' ਦੇ ਤਹਿਤ ਆਯੋਜਿਤ ਮਹਾਰਾਣਾ ਪ੍ਰਤਾਪ ਜਯੰਤੀ ਦੇ ਰਾਜ ਪੱਧਰੀ ਸਮਾਰੋਹ ਵਿੱਚ ਕੀਤੇ। ਉਨ੍ਹਾਂ ਨੇ ਨਾਰਾਇਣਗੜ੍ਹ ਵਿਧਾਨ ਸਭਾ ਹਲਕੇ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਲਈ 5 ਕਰੋੜ ਰੁਪਏ, ਰਾਜਪੂਤ ਹੋਸਟਲ ਦੇ ਨਿਰਮਾਣ ਕਾਰਜ ਲਈ 31 ਲੱਖ ਰੁਪਏ ਦੇਣ ਅਤੇ ਸ਼ਹਿਜ਼ਾਦਪੁਰ ਦੇ ਕੱਚੇ ਨਾਲੇ ਨੂੰ ਪੱਕਾ ਕਰਵਾਏ ਜਾਣ ਦਾ ਵੀ ਐਲਾਨ ਕੀਤਾ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਮਹਾਰਾਣਾ ਪ੍ਰਤਾਪ ਦੇ ਨਵੀਨੀਕਰਨ ਕੀਤੇ ਬੁੱਤ ਦਾ ਉਦਘਾਟਨ ਵੀ ਕੀਤਾ। ਸਮਾਰੋਹ ਵਿੱਚ ਮਿਜ਼ੋਰਮ ਦੇ ਰਾਜਪਾਲ ਜਨਰਲ (ਡਾ.) ਵਿਜੇ ਕੁਮਾਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।